ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 75
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 18 March, 2026) ਬੁੱਧਵਾਰ, 18 ਮਾਰਚ, 2026, 5 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਅਮਰੀਕਾ-ਇਜ਼ਰਾਈਲ ਨਾਲ ਹਿਸਾਬ ਤੋਂ ਬਾਅਦ ਹੀ ਕਰਾਂਗੇ ਸ਼ਾਂਤੀ ਬਾਰੇ ਗੱਲ: ਮੁਜਤਬਾ

ਤਹਿਰਾਨ, 17 ਮਾਰਚ (ਚ.ਨ.ਸ.):ਈਰਾਨ ਦੇ ਨਵੇਂ ਸੁਪਰੀਮ ਲੀਡਰ ਮੁਜਤਬਾ ਖਮੇਨੇਈ ਨੇ ਫਿਲਹਾਲ ਸ਼ਾਂਤੀ ਦੀਆਂ ਕੋਸ਼ਿਸ਼ਾਂ ਬਾਰੇ ਸਾਫ਼ ਤੌਰ 'ਤੇ ਇਨਕਾਰ ਕਰ ਦਿੱਤਾ ਹੈ। ਰਿਪੋਰਟਾਂ ਮੁਤਾਬਕ ਦੋ ਦੇਸ਼ਾਂ ਰਾਹੀਂ ਵਿਦੇਸ਼ ਮੰਤਰਾਲੇ ਤੱਕ ਪਹੁੰਚਾਏ ਗਏ ਸ਼ਾਂਤੀ ਦੇ ਪ੍ਰਸਤਾਵਾਂ ਨੂੰ ਉਨ੍ਹਾਂ ਨੇ ਖਾਰਜ ਕਰ ਦਿੱਤਾ ਹੈ। ਵਿਦੇਸ਼ ਨੀਤੀ ਨਾਲ ਜੁੜੀ ਇੱਕ ਮੀਟਿੰਗ ਵਿੱਚ ਉਨ੍ਹਾਂ ਨੇ ਦੋ ਟੁੱਕ ਸ਼ਬਦਾਂ ਵਿੱਚ ਕਿਹਾ ਕਿ ਹਾਲੇ ਸ਼ਾਂਤੀ ਦਾ ਸਹੀ ਸਮਾਂ ਨਹੀਂ ਹੈ। ਇਜ਼ਰਾਈਲ ਦੇ ਰੱਖਿਆ ਮੰਤਰੀ ਨੇ ਮੰਗਲਵਾਰ ਨੂੰ ਕਿਹਾ ਕਿ ਫੌਜ ਨੇ ਰਾਤੋ-ਰਾਤ ਕੀਤੇ ਗਏ ਹਮਲੇ ਵਿੱਚ ਈਰਾਨ ਦੇ ਚੋਟੀ ਦੇ ਸੁਰੱਖਿਆ (ਬਾਕੀ ਸਫਾ 2 'ਤੇ)






*ਹਾਈ ਕੋਰਟ ਦੇ ਹੁਕਮ ਦੀ ਗ਼ਲਤ ਵਰਤੋਂ ਦਾ ਦੋਸ਼ !*

## ਪੰਜਾਬ ਪੁਲਿਸ ਆਨਲਾਈਨ ਟਿੱਪਣੀਆਂ ਹਟਾਉਣ ਦੀ ਕਰ ਰਹੀ ਹੈ ਕੋਸ਼ਿਸ਼: ਟਵਿੱਟਰ

**ਚੜ੍ਹਦੀਕਲਾ ਬਿਊਰੋ**




ਚੰਡੀਗੜ੍ਹ, 17 ਮਾਰਚ:ਪੰਜਾਬ ਪੁਲਿਸ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇੰਟਰਨੈੱਟ ਮੀਡੀਆ 'ਤੇ ਅਪਰਾਧ ਦੀ ਵਡਿਆਈ 'ਤੇ ਪਾਬੰਦੀ ਲਗਾਉਣ ਦੇ ਹੁਕਮ ਦੀ ਦੁਰਵਰਤੋਂ ਕਰਨ ਦਾ ਦੋਸ਼ ਲਗਾਇਆ ਗਿਆ ਸੀ। ਮੰਗਲਵਾਰ ਨੂੰ, ਟਵਿੱਟਰ ਦੇ ਵਕੀਲ ਨੇ ਦੋਸ਼ ਲਗਾਇਆ ਕਿ ਪੰਜਾਬ ਪੁਲਿਸ ਹੁਣ ਅਦਾਲਤ ਦੇ ਪਹਿਲੇ ਹੁਕਮ ਦੀ ਦੁਰਵਰਤੋਂ ਕਰ ਰਹੀ ਹੈ ਅਤੇ ਔਨਲਾਈਨ ਆਲੋਚਨਾ ਨੂੰ ਵੀ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਚੀਫ਼ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਬੈਂਚ ਦੇ ਸਾਹਮਣੇ 28 ਜਨਵਰੀ ਦੇ ਹੁਕਮ ਦਾ ਹਵਾਲਾ ਦਿੰਦੇ ਹੋਏ, ਟਵਿੱਟਰ ਨੇ ਦਲੀਲ ਦਿੱਤੀ ਕਿ ਅਦਾਲਤ ਨੇ ਸਿਰਫ਼ ਪੰਜਾਬ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਨੂੰ ਉਨ੍ਹਾਂ ਵੈੱਬਸਾਈਟਾਂ ਅਤੇ ਇੰਟਰਨੈੱਟ ਮੀਡੀਆ ਪਲੇਟਫਾਰਮਾਂ ਦੀ ਪਛਾਣ ਕਰਨ ਦਾ ਨਿਰਦੇਸ਼ ਦਿੱਤਾ ਹੈ ਜਿੱਥੇ ਵੀਡੀਓ ਪੋਸਟਾਂ ਅਪਰਾਧ ਅਤੇ ਅਪਰਾਧੀਆਂ ਦੀ ਵਡਿਆਈ ਕਰਦੀਆਂ ਹਨ ਤਾਂ ਜੋ ਅਜਿਹੀ ਸਮੱਗਰੀ ਨੂੰ ਤੁਰੰਤ ਹਟਾਇਆ ਜਾ ਸਕੇ। ਟਵਿੱਟਰ ਦੇ ਵਕੀਲ ਨੇ ਦੋਸ਼ ਲਗਾਇਆ ਕਿ ਹੁਕਮ ਨੂੰ ਇਸ ਦੀ ਅਸਲ ਭਾਵਨਾ ਤੋਂ ਪਰੇ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਹੁਣ ਇਸ ਹੁਕਮ ਦੇ ਆਧਾਰ 'ਤੇ ਨਾ ਸਿਰਫ਼ ਇਤਰਾਜ਼ਯੋਗ ਸਮੱਗਰੀ ਨੂੰ ਹਟਾ ਰਹੀ ਹੈ, ਸਗੋਂ ਇਸ ਵਿਰੁੱਧ ਟਿੱਪਣੀਆਂ ਨੂੰ ਵੀ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਤੋਂ ਇਲਾਵਾ, ਇਸ ਸਬੰਧ ਵਿੱਚ ਇੱਕ ਐਫਆਈਆਰ ਵੀ ਦਰਜ ਕੀਤੀ ਗਈ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹੁਕਮ ਦਾਇਰੇ ਵਿੱਚ ਸੀਮਤ ਹੈ ਅਤੇ ਇਸ ਨੂੰ ਮਨਮਾਨੇ ਢੰਗ ਨਾਲ ਵਧਾਇਆ ਨਹੀਂ ਜਾ ਸਕਦਾ। ਉਨ੍ਹਾਂ ਅਦਾਲਤ ਨੂੰ ਇਸ ਮਾਮਲੇ 'ਤੇ ਸਪੱਸ਼ਟੀਕਰਨ ਮੰਗਣ ਦੀ ਵੀ ਅਪੀਲ ਕੀਤੀ।

ਹਾਲਾਂਕਿ, ਬੈਂਚ ਨੇ ਟਵਿੱਟਰ ਦੇ ਵਕੀਲ ਨੂੰ ਇਸ ਮੁੱਦੇ ਨੂੰ ਢੁਕਵੇਂ ਮੰਚ 'ਤੇ ਚੁਣੌਤੀ ਦੇਣ ਅਤੇ ਲੋੜੀਂਦੀ ਅਰਜ਼ੀ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। ਰਾਜ ਨੇ (ਬਾਕੀ ਸਫਾ 2 'ਤੇ)

## ਜੇਕਰ ਭਗਤ ਸਿੰਘ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਭਾਰਤ ਦਾ ਨਕਸ਼ਾ ਕੁਝ ਹੋਰ ਹੁੰਦਾ: ਮਾਨ

### 'ਚਾਰ ਸਾਲਾਂ 'ਚ ਸਾਰੇ ਵਾਅਦੇ ਪੂਰੇ ਹੋਣ ਨਾਲ ਵਿਰੋਧੀ ਬੁਖਲਾਏ'

**ਚੜ੍ਹਦੀਕਲਾ ਬਿਊਰੋ**



ਧੂਰੀ, 17 ਮਾਰਚ: ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਜੇਕਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਅੱਜ ਦੇਸ਼ ਦਾ ਨਕਸ਼ਾ ਬਿਲਕੁਲ ਵੱਖਰਾ ਹੁੰਦਾ। ਉਨ੍ਹਾਂ ਨੇ ਸਵਾਲ ਕਰਦਿਆਂ ਕਿਹਾ ਕਿ ਆਜ਼ਾਦੀ ਦੇ ਦਹਾਕਿਆਂ ਬਾਅਦ ਵੀ ਦੇਸ਼ ਵੇਲਾ ਵਿਹਾਅ ਚੁੱਕੇ ਸਿਸਟਮ ਦੇ ਜਾਲ ਵਿੱਚ ਕਿਉਂ ਉਲਝਿਆ ਹੋਇਆ ਹੈ ਜਦਕਿ ਇਸੇ ਸਿਸਟਮ ਤੋਂ ਨਿਜਾਤ ਪਾਉਣ ਲਈ ਭਗਤ ਸਿੰਘ ਅਤੇ ਕਰਤਾਰ ਸਿੰਘ ਸਰਾਭਾ ਵਰਗੇ ਇਨਕਲਾਬੀਆਂ ਨੇ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਸਨ। ਉਨ੍ਹਾਂ ਕਿਹਾ ਕਿ ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਸਾਲ 2027 ਵਿੱਚ ਵੀ ਆਮ ਆਦਮੀ ਪਾਰਟੀ ਹੀ ਸੱਤਾ ਵਿੱਚ ਆਵੇਗੀ ਕਿਉਂਕਿ ਚਾਰ ਸਾਲਾਂ ਵਿੱਚ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ ਅਤੇ ਵਿਰੋਧੀਆਂ ਕੋਲ ਲੋਕਾਂ ਅੱਗੇ ਜਾਣ ਲਈ ਕੋਈ ਮੁੱਦਾ ਨਹੀਂ ਬਚਿਆ। ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਵਾਰੋ-ਵਾਰੀ ਪੰਜਾਬ ਨੂੰ ਲੁੱਟਣ ਤੋਂ ਬਾਅਦ ਹੁਣ ਫੇਰ ਸੱਤਾ ਵਿੱਚ ਆਉਣ ਲਈ ਆਪਸ ਵਿੱਚ ਕਾਟੋ-ਕਲੇਸ਼ ਕਰ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਕਾਲੇ ਤਿੰਨ ਖੇਤੀ ਕਾਨੂੰਨਾਂ ਖਿਲਾਫ (ਬਾਕੀ ਸਫਾ 2 'ਤੇ)

## 'ਪੰਜਾਬ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਇਤਿਹਾਸਕ ਮਿਸ਼ਨ ਦੀ ਸ਼ੁਰੂਆਤ'

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 17 ਮਾਰਚ:ਪੰਜਾਬ ਦੇ ਸਿੱਖਿਆ ਖੇਤਰ ਵਿੱਚ ਮੀਲ ਪੱਥਰ ਕਾਇਮ ਕਰਦਿਆਂ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ-2.0 ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਅਗਲੇ ਛੇ ਸਾਲਾਂ ਵਿੱਚ 3,500 ਕਰੋੜ ਰੁਪਏ ਦੇ ਨਿਵੇਸ਼ ਨਾਲ ਸਕੂਲ ਸਿੱਖਿਆ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਜਾਣਗੇ। ਇਸ ਪਹਿਲਕਦਮੀ ਦਾ ਉਦੇਸ਼ ਸਰਕਾਰੀ ਸਕੂਲਾਂ ਵਿੱਚ ਢਾਂਚਾਗਤ ਸੁਧਾਰਾਂ ਨੂੰ ਤੇਜ਼ ਕਰਨਾ ਅਤੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਵਿਸ਼ਵ ਪੱਧਰ ਦੇ ਮਿਆਰਾਂ ਦਾ ਹਾਣੀ ਬਣਾਉਣਾ ਹੈ। ਇਸ ਮਿਸ਼ਨ ਦੇ ਹਿੱਸੇ ਵਜੋਂ ਪੰਜਾਬ ਸਰਕਾਰ ਵੱਲੋਂ ਇਸ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਵਿਸ਼ਵ ਬੈਂਕ ਨਾਲ ਭਾਈਵਾਲੀ ਵੀ ਕੀਤੀ ਗਈ ਹੈ। ਇਹ ਭਾਈਵਾਲੀ ਪੰਜਾਬ ਵੱਲੋਂ ਪਹਿਲਾਂ ਹੀ ਜਨਤਕ ਸਿੱਖਿਆ ਵਿੱਚ ਕੀਤੇ ਅਹਿਮ ਸੁਧਾਰਾਂ ਦੀ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਨੂੰ ਦਰਸਾਉਂਦੀ ਹੈ। ਇਸ ਪ੍ਰੋਗਰਾਮ ਲਈ ਖਰਚੇ ਜਾਣ ਵਾਲੇ 3,500 ਕਰੋੜ ਰੁਪਏ ਵਿੱਚ ਵਿਸ਼ਵ ਬੈਂਕ ਵੱਲੋਂ 2,500 ਕਰੋੜ ਰੁਪਏ ਦੀ ਕਰਜ਼ਾ ਸਹਾਇਤਾ ਅਤੇ ਪੰਜਾਬ ਸਰਕਾਰ ਵੱਲੋਂ 1,000 ਕਰੋੜ ਰੁਪਏ ਦਾ ਯੋਗਦਾਨ ਸ਼ਾਮਲ ਹੈ, ਜੋ ਇਸ ਨੂੰ ਸੂਬੇ ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਸਿੱਖਿਆ ਸੁਧਾਰ ਨਿਵੇਸ਼ਾਂ ਵਿੱਚੋਂ ਇੱਕ ਬਣਾਉਂਦਾ ਹੈ। ਪੰਜਾਬ ਸਿੱਖਿਆ ਕ੍ਰਾਂਤੀ 2.0 ਦੀ ਸ਼ੁਰੂਆਤ ਪੰਜਾਬ ਸਿੱਖਿਆ ਕ੍ਰਾਂਤੀ ਦੇ ਪਹਿਲੇ ਪੜਾਅ ਅਧੀਨ ਪ੍ਰਾਪਤ ਕੀਤੀ ਗਈ ਸ਼ਾਨਦਾਰ ਪ੍ਰਗਤੀ ਨੂੰ ਵੇਖਦਿਆਂ ਕੀਤੀ ਗਈ ਹੈ। ਪੰਜਾਬ ਸਿੱਖਿਆ ਕ੍ਰਾਂਤੀ ਦੇ ਪਹਿਲੇ ਪੜਾਅ ਅਧੀਨ (ਬਾਕੀ ਸਫਾ 2 'ਤੇ)

## ਬਲਵਿੰਦਰ ਸਿੰਘ ਕਾਹਲਵਾਂ ਨੂੰ ਸ਼੍ਰੋਮਣੀ ਕਮੇਟੀ ਦੇ ਸਕੱਤਰ ਦਾ ਵਾਧੂ ਕਾਰਜ ਸੌਂਪਿਆ



ਅੰਮ੍ਰਿਤਸਰ, 17 ਮਾਰਚ (ਬਬਲੂ ਮਹਾਜਨ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੂੰ ਪਿਛਲੇ ਦਿਨੀਂ ਮੁਅੱਤਲ ਕਰਨ ਤੋਂ ਬਾਅਦ ਮੰਗਲਵਾਰ ਨੂੰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੂੰ ਸ਼੍ਰੋਮਣੀ ਕਮੇਟੀ ਦੇ ਬਤੌਰ ਸਕੱਤਰ ਦੀਆਂ ਸੇਵਾਵਾਂ ਵੀ ਸੌਂਪ ਦਿੱਤੀਆਂ ਹਨ। ਬਲਵਿੰਦਰ ਸਿੰਘ ਕਾਹਲਵਾਂ ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਦੀ ਗੈਰ ਹਾਜਰੀ ਵਿਚ ਸਕੱਤਰ ਦੇ ਕੰਮ ਨੂੰ ਦੇਖਦੇ ਸਨ। ਦਸਣਯੋਗ ਹੈ ਕਿ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਐਮਏ ਸਿੱਖ ਸਟੱਡੀ ਤੋਂ ਪਹਿਲਾਂ ਤਿੰਨ ਸਾਲ ਗੁਰੂ ਕਾਸ਼ੀ ਤਲਵੰਡੀ ਸਾਬੋ ਤੋਂ ਗੁਰਮਤਿ (ਬਾਕੀ ਸਫਾ 2 'ਤੇ)

## ਲੋਕ ਸਭਾ 'ਚ 8 ਵਿਰੋਧੀ ਧਿਰ ਦੇ ਮੈਂਬਰਾਂ ਦੀ ਮੁਅੱਤਲੀ ਰੱਦ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 17 ਮਾਰਚ: ਲੋਕ ਸਭਾ ਨੇ ਮੰਗਲਵਾਰ ਨੂੰ ਉਨ੍ਹਾਂ 8 ਵਿਰੋਧੀ ਮੈਂਬਰਾਂ ਦੀ ਮੁਅੱਤਲੀ ਰੱਦ ਕਰ ਦਿੱਤੀ ਹੈ, ਜਿਨ੍ਹਾਂ ਨੂੰ ਸੰਸਦ ਦੇ ਬਜਟ ਸੈਸ਼ਨ ਦੇ ਪਹਿਲੇ ਪੜਾਅ 'ਚ ਸਦਨ ਦੀ ਮਾਣਹਾਨੀ ਦੇ ਮਾਮਲੇ 'ਚ ਮੁਅੱਤਲ ਕੀਤਾ ਗਿਆ ਸੀ।

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸੋਮਵਾਰ ਨੂੰ ਸਾਰੇ ਦਲਾਂ ਦੇ ਨੇਤਾਵਾਂ ਦੀ ਇਕ ਬੈਠਕ ਬੁਲਾਈ ਸੀ, ਜਿਸ 'ਚ 8 ਵਿਰੋਧੀ ਮੈਂਬਰਾਂ ਦੀ ਮੁਅੱਤਲੀ ਵਾਪਸ ਲੈਣ 'ਤੇ ਸਹਿਮਤੀ ਬਣੀ ਸੀ। ਸਦਨ 'ਚ ਕਾਂਗਰਸ ਦੇ ਮੁੱਖ ਸਚੇਤਕ ਕੋਡਿਕੁਨਿਲ ਸੁਰੇਸ਼ ਨੇ ਆਸਨ ਤੋਂ ਮੁਅੱਤਲੀ ਰੱਦ ਕਰਨ ਦੀ ਅਪੀਲ ਕੀਤੀ ਅਤੇ ਵਿਰੋਧੀ ਮੈਂਬਰਾਂ ਦੇ ਵਿਵਹਾਰ 'ਤੇ ਅਫਸੋਸ ਪ੍ਰਗਟ ਕੀਤਾ। ਇਸ ਤੋਂ ਬਾਅਦ ਸੰਸਦੀ ਕਾਰਜ ਮੰਤਰੀ ਕਿਰਨ ਰਿਜਿਜੂ ਨੇ ਮੁਅੱਤਲੀ ਰੱਦ ਕਰਨ ਦਾ ਪ੍ਰਸਤਾਵ ਸਦਨ 'ਚ ਰੱਖਿਆ, ਜਿਸ ਨੂੰ ਸਦਨ ਨੇ ਆਵਾਜ਼ ਵੋਟ ਨਾਲ ਮਨਜ਼ੂਰੀ ਦਿੱਤੀ। ਬਜਟ ਸੈਸ਼ਨ ਦੇ ਪਹਿਲੇ ਪੜਾਅ ਦੌਰਾਨ ਤਿੰਨ ਫਰਵਰੀ ਨੂੰ ਆਸਨ ਵੱਲ ਕਾਗਜ਼ ਸੁੱਟਣ ਤੋਂ (ਬਾਕੀ ਸਫਾ 2 'ਤੇ)

## ਬੱਚਾ ਗੋਦ ਲੈਣ ਦੇ ਮਾਮਲੇ 'ਚ ਔਰਤਾਂ ਨੂੰ ਮਿਲੇਗੀ 3 ਮਹੀਨੇ ਦੀ ਛੁੱਟੀ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 17 ਮਾਰਚ: ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਇਕ ਕਾਨੂੰਨ ਨੂੰ ਰੱਦ ਕਰ ਦਿੱਤਾ ਹੈ ਕਿ ਜੇਕਰ ਕੋਈ ਔਰਤ ਸਿਰਫ਼ ਤਿੰਨ ਮਹੀਨੇ ਤੋਂ ਘੱਟ ਉਮਰ ਦੇ ਬੱਚੇ ਨੂੰ ਕਾਨੂੰਨੀ ਤੌਰ 'ਤੇ ਗੋਦ ਲੈਣ 'ਤੇ ਹੀ ਜਣੇਪਾ ਛੁੱਟੀ ਦੇ ਯੋਗ ਹੋਵੇਗੀ। ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਜਸਟਿਸ ਆਰ. ਮਹਾਦੇਵਨ ਦੀ ਬੈਂਚ ਨੇ ਕਿਹਾ ਕਿ ਗੋਦ ਲੈਣ ਵਾਲੀ ਮਾਂ ਨੂੰ 12 ਹਫ਼ਤਿਆਂ ਦੀ ਜਣੇਪਾ ਛੁੱਟੀ ਮਿਲਣੀ ਚਾਹੀਦੀ ਹੈ, ਚਾਹੇ ਗੋਦ ਲਏ ਬੱਚੇ ਦੀ ਉਮਰ ਕੋਈ ਵੀ ਹੋਵੇ।

ਬੈਂਚ ਨੇ ਕਿਹਾ, "2020 ਕੋਡ ਦੀ ਧਾਰਾ 60 (4) ਵਿੱਚ ਗੋਦ ਲੈਣ ਵਾਲੀ ਮਾਂ ਲਈ ਜਣੇਪਾ ਲਾਭ ਲੈਣ ਲਈ ਗੋਦ ਲੈਣ ਵਾਲੇ ਬੱਚੇ ਦੀ ਉਮਰ 'ਤੇ ਤਿੰਨ ਮਹੀਨਿਆਂ ਦੀ ਉਮਰ ਸੀਮਾ ਨਿਰਧਾਰਤ ਕੀਤੀ ਗਈ ਹੈ, ਸੰਵਿਧਾਨ ਦੀ ਧਾਰਾ 14 ਅਤੇ 21 ਦੀ ਉਲੰਘਣਾ ਹੈ।" ਸੁਪਰੀਮ ਕੋਰਟ ਦਾ ਇਹ ਫੈਸਲਾ ਐਡਵੋਕੇਟ ਹਮਸਾਨੰਦਿਨੀ ਨੰਦੂਰੀ ਵੱਲੋਂ ਦਾਇਰ ਪਟੀਸ਼ਨ 'ਤੇ ਆਇਆ ਹੈ, ਜਿਸ ਵਿੱਚ ਸਮਾਜਿਕ ਸੁਰੱਖਿਆ ਕੋਡ ਦੀ ਧਾਰਾ 60 (4) ਨੂੰ ਚੁਣੌਤੀ ਦਿੱਤੀ ਗਈ ਹੈ, ਜਿਸ ਵਿੱਚ 12 ਹਫ਼ਤਿਆਂ ਦੀ ਜਣੇਪਾ ਛੁੱਟੀ ਸਿਰਫ ਤਾਂ ਹੀ ਦਿੱਤੀ ਗਈ ਹੈ ਜਦੋਂ ਇੱਕ ਗੋਦ ਲੈਣ ਵਾਲੀ ਮਾਂ ਤਿੰਨ ਮਹੀਨਿਆਂ ਤੋਂ ਘੱਟ ਉਮਰ ਦੇ ਬੱਚੇ ਨੂੰ ਗੋਦ ਲੈਂਦੀ ਹੈ। ਪਿਤਾ ਬਣਨ 'ਤੇ ਵੀ ਛੁੱਟੀ ਬਾਰੇ ਕਾਨੂੰਨ ਲਿਆਉਣ ਲਈ ਕੇਂਦਰ ਸਰਕਾਰ ਨੂੰ ਮੰਗ ਕੀਤੀ। ਕਿਹਾ, ਮਾਤਾ-ਪਿਤਾ (ਬਾਕੀ ਸਫਾ 2 'ਤੇ)

### 'ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਰਾਸ਼ਟਰੀ ਛੁੱਟੀ ਸਬੰਧੀ ਪਟੀਸ਼ਨ ਰੱਦ'

ਨਵੀਂ ਦਿੱਲੀ, 17 ਮਾਰਚ (ਚ.ਨ.ਸ.): ਸੁਪਰੀਮ ਕੋਰਟ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਰਾਸ਼ਟਰੀ ਛੁੱਟੀ ਸਬੰਧੀ ਪਟੀਸ਼ਨ ਮੰਗਲਵਾਰ ਨੂੰ ਖਾਰਜ ਕਰ ਦਿੱਤੀ। ਜੱਜ ਵਿਕਰਮ ਨਾਥ ਅਤੇ ਸੰਦੀਪ ਮੇਹਤਾ ਦੀ ਇਕ ਬੈਂਚ ਨੇ ਕਿਹਾ ਕਿ ਉਹ ਅਖਿਲ ਭਾਰਤੀ ਸ਼੍ਰੋਮਣੀ ਸਿੰਘ ਸਭਾ ਦੀ ਪਟੀਸ਼ਨ 'ਤੇ ਵਿਚਾਰ ਕਰਨ ਦੀ ਇੱਛੁਕ ਨਹੀਂ ਹੈ। ਪਟੀਸ਼ਨਕਰਤਾ ਨੇ ਦੇਸ਼ 'ਚ 'ਜਨਤਕ ਜਾਂ ਗਜ਼ਟਿਡ ਛੁੱਟੀ ਐਲਾਨ ਕਰਨ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਰੀ ਕਰਨ' ਦੀ ਵੀ ਮੰਗ ਕੀਤੀ ਸੀ। ਬੈਂਚ ਨੇ ਕਿਹਾ, "ਖਾਰਜ। ਵਿਸਤ੍ਰਿਤ ਆਦੇਸ਼ ਬਾਅਦ 'ਚ ਆਵੇਗਾ।" ਪਟੀਸ਼ਨਕਰਤਾ ਸੰਗਠਨ ਵਲੋਂ ਪੇਸ਼ ਸੀਨੀਅਰ ਐਡਵੋਕੇਟ (ਬਾਕੀ ਸਫਾ 2 'ਤੇ)

## ਪਾਕਿਸਤਾਨ ਵੱਲੋਂ ਅਫ਼ਗਾਨਿਸਤਾਨ ਦੇ ਹਸਪਤਾਲ 'ਤੇ ਹਵਾਈ ਹਮਲਾ, 400 ਦੀ ਮੌਤ, 250 ਜ਼ਖ਼ਮੀ

**ਚੜ੍ਹਦੀਕਲਾ ਬਿਊਰੋ**



ਕਾਬੁਲ,17 ਮਾਰਚ: ਪਾਕਿਸਤਾਨ ਨੇ ਐਤਵਾਰ ਅੱਧੀ ਰਾਤ ਨੂੰ ਅਫਗਾਨਿਸਤਾਨ 'ਤੇ ਇੱਕ ਹੋਰ ਹਵਾਈ ਹਮਲਾ ਕੀਤਾ। ਸਥਾਨਕ ਮੀਡੀਆ ਦੇ ਅਨੁਸਾਰ, ਪਾਕਿਸਤਾਨੀ ਹਵਾਈ ਸੈਨਾ ਦੇ ਲੜਾਕੂ ਜਹਾਜ਼ਾਂ ਨੇ ਰਾਜਧਾਨੀ ਕਾਬੁਲ ਦੇ ਕਈ ਇਲਾਕਿਆਂ ਨੂੰ ਨਿਸ਼ਾਨਾ ਬਣਾਇਆ, ਜਿਸ ਵਿੱਚ ਇੱਕ ਹਸਪਤਾਲ ਵੀ ਸ਼ਾਮਲ ਹੈ। ਇਸ ਹਮਲੇ ਵਿੱਚ 400 ਲੋਕ ਮਾਰੇ ਗਏ ਅਤੇ 250 ਤੋਂ ਵੱਧ ਜ਼ਖ਼ਮੀ ਹੋ ਗਏ।

ਰਿਪੋਰਟਾਂ ਅਨੁਸਾਰ ਦਾਰੁਲ ਅਮਾਨ, ਅਰਜਾਨ ਕੀਮਤ, ਖੈਰਖਾਨਾ ਅਤੇ ਕਾਬੁਲ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਆਲੇ-ਦੁਆਲੇ ਕਈ ਥਾਵਾਂ 'ਤੇ ਧਮਾਕਿਆਂ ਅਤੇ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਸੁਣੀਆਂ ਗਈਆਂ। ਤਾਲਿਬਾਨ ਸਰਕਾਰ ਦੇ ਬੁਲਾਰੇ ਜ਼ਬੀਹੁੱਲਾ ਮੁਜਾਹਿਦ ਨੇ ਦੋਸ਼ ਲਗਾਇਆ ਹੈ ਕਿ ਪਾਕਿਸਤਾਨੀ ਫ਼ੌਜਾਂ ਨੇ ਕਾਬੁਲ ਵਿੱਚ ਇੱਕ ਨਸ਼ਾ ਛੁਡਾਊ ਹਸਪਤਾਲ 'ਤੇ ਬੰਬਾਰੀ ਕੀਤੀ।ਤਾਲਿਬਾਨ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕੀਤੀ, ਇਸ ਨੂੰ ਮਨੁੱਖਤਾ ਵਿਰੁੱਧ ਅਪਰਾਧ ਦੱਸਿਆ ਅਤੇ ਕਿਹਾ ਕਿ ਪਾਕਿਸਤਾਨ ਨੇ ਅਫ਼ਗਾਨਿਸਤਾਨ ਦੇ ਹਵਾਈ ਖੇਤਰ ਦੀ ਉਲੰਘਣਾ (ਬਾਕੀ ਸਫਾ 2 'ਤੇ)

## ਪੰਜਾਬ 'ਚ ਪਏ ਮੀਂਹ ਨੇ ਵਧਾਈ ਠੰਢ

### ਅੱਜ ਤੋਂ ਫਿਰ ਬਦਲੇਗਾ ਮੌਸਮ

ਚੰਡੀਗੜ੍ਹ, 17 ਮਾਰਚ (ਚ.ਨ.ਸ.): ਪੰਜਾਬ ਅਤੇ ਚੰਡੀਗੜ੍ਹ ਵਿੱਚ ਹਾਲ ਹੀ ਵਿੱਚ ਪਏ ਮੀਂਹ, ਗੜ੍ਹੇਮਾਰੀ ਅਤੇ ਪਹਾੜੀ ਇਲਾਕਿਆਂ ਵਿੱਚ ਹੋਏ ਬਰਫ਼ਬਾਰੀ ਨਾਲ-ਨਾਲ, ਠੰਢ ਵਾਪਸ ਆ ਗਈ ਹੈ। ਤਾਪਮਾਨ ਵਿੱਚ ਗਿਰਾਵਟ ਜਾਰੀ ਹੈ। ਪਿਛਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 1.4 ਡਿਗਰੀ ਸੈਲਸੀਅਸ ਘਟਿਆ ਹੈ। ਹੁਣ ਇਹ ਆਮ ਨਾਲੋਂ 3.7 ਡਿਗਰੀ ਸੈਲਸੀਅਸ ਘੱਟ ਹੈ। ਦੋ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ 7.6 ਡਿਗਰੀ ਘੱਟ ਗਿਆ ਹੈ। ਮੌਸਮ ਵਿਭਾਗ ਨੇ 17 ਮਾਰਚ ਲਈ ਕੋਈ ਅਲਰਟ ਜਾਰੀ ਨਹੀਂ ਕੀਤਾ ਸੀ। ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ। 18 ਮਾਰਚ ਤੋਂ ਮੌਸਮ ਫਿਰ ਬਦਲ ਜਾਵੇਗਾ। ਫ਼ਰੀਦਕੋਟ ਵਿੱਚ ਤਾਪਮਾਨ 26.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਚੰਡੀਗੜ੍ਹ (ਬਾਕੀ ਸਫਾ 2 'ਤੇ)

## ਸਾਹਿਤ ਅਕਾਦਮੀ ਪੁਰਸਕਾਰਾਂ ਦੇ ਐਲਾਨ ਤੇ ਗੁਣਵੱਤਾ ਦਾ ਸਵਾਲ ?

### ਖੇਮੇਬਾਜ਼ੀ, ਜਾਤੀ, ਖੇਤਰੀ ਗਠਜੋੜ, ਗਰੁੱਪਬੰਦੀ ਜਾਂ ਨਿੱਜੀ ਸਬੰਧ ਵੀ ਇਸ ਫ਼ੈਸਲੇ 'ਚ ਆਪਣਾ ਪ੍ਰਭਾਵ ਛੱਡਦੇ ਨੇ

### ਡੋਗਰੀ, ਪੰਜਾਬੀ, ਸਿੰਧੀ, ਨੇਪਾਲੀ ਤੇ ਰਾਜਸਥਾਨੀ ਭਾਸ਼ਾਵਾਂ ਦੇ ਨਾਲ ਮਰਾਠੀ ਤੱਕ ਬਹਿਸ

**ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਭਾਰਤੀ ਸਾਹਿਤ ਅਕਾਡਮੀ ਵੱਲੋਂ ਸਾਹਿਤ ਲਈ ਪੁਰਸਕਾਰਾਂ ਦੇ ਐਲਾਨ ਦੇ ਨਾਲ ਹੀ ਕਈ ਭਾਸ਼ਾਵਾਂ ਵਿੱਚ ਅਤੇ ਸਾਹਿਤ ਅਕਾਡਮੀ ਦੇ ਪਰਖ ਕਰਨ ਵਾਲੇ ਵਿਦਵਾਨਾਂ ਤੇ ਵੀ ਸਵਾਲ ਉੱਠੇ ਹਨ।

ਪੰਜਾਬੀ ਵਿੱਚ ਇਹ ਪੁਰਸਕਾਰ ਜਿੰਦਰ ਨੂੰ ਦਿੱਤਾ ਗਿਆ ਹੈ ਹਾਲਾਂਕਿ ਇਸ ਪੁਰਸਕਾਰ ਵਾਸਤੇ ਕਈ ਵਿਸ਼ੇਸ਼ ਨਾਮ ਸਾਹਮਣੇ ਹਨ। ਸਾਹਿਤ ਅਕਾਦਮੀ ਦੇ ਅੰਦਰਲੀ ਖ਼ਬਰ ਅਨੁਸਾਰ ਇਸ ਵਿੱਚ ਇਸ ਵਾਰ ਬਲਵੀਰ ਮਾਧੋਪੁਰੀ ਵਰਗੇ ਚਰਚਿਤ ਲੇਖਕ ਅਤੇ ਜੰਗ ਬਹਾਦਰ ਗੋਇਲ ,ਲਖਵਿੰਦਰ ਸਿੰਘ ਜੌਹਲ ਸਰਬਜੀਤ ਸੋਹਲ ਗੁਰਮੀਤ ਕੜਿਆਲਵੀ ਵਰਗੇ ਨਾਮ ਸਨ ।ਭੋਲਾ ਸਿੰਘ ਸੰਘੇੜਾ ਆਗਾਜਬੀਰ ਬਲਵਿੰਦਰ ਸੰਧੂ ,ਸਰੂਪ ਸਿਆਲਵੀ ਸੰਤੋਖ ਸੁਖ ਆਦਿ ਹਨ।

ਹੁਣ ਸਵਾਲ ਪੈਦਾ ਹੁੰਦਾ ਹੈ ਕਿ ਉਪਰਲੇ ਕੁੱਝ ਨਾਵਾਂ ਨੂੰ ਛੱਡ ਕੇ ਬਾਕੀ ਅਖੀਰਲੇ ਨਾਵਾਂ ਤੱਕ ਕਿੰਨੇ ਪ੍ਰਤੀਸ਼ਤ ਇਨ੍ਹਾਂ ਕਵੀਆਂ ਨੂੰ ਪੰਜਾਬੀ ਪਾਠਕ ਤੇ ਸਮਕਾਲੀ ਲੇਖਕ ਜਾਣਦੇ ਸਮਝਦੇ ਹਨ ਇਸੇ ਤਰਾਂ ਦੂਜੀਆਂ ਭਾਸ਼ਾਵਾਂ ਦਾ ਹਾਲ ਹੈ ਜਿਸ ਬਾਰੇ ਕੰਟਰੋਵਰਸੀ ਛਿੜ ਗਈ ਹੈ। ਇਥੇ ਇਹ ਵਰਨਣਯੋਗ ਹੈ ਕਿ ਭਾਰਤ ਵਿੱਚ ਸਾਹਿਤਕ ਇਨਾਮ ਸਿਰਫ਼ ਸਨਮਾਨ ਨਹੀਂ ਹੁੰਦੇ, ਉਹ ਕਿਸੇ ਭਾਸ਼ਾ ਦੀ ਰੂਹ, ਉਸਦੀ ਸਿਰਜਣਾਤਮਕ ਤਾਕਤ ਅਤੇ ਉਸਦੀ ਸਾਂਝੀ ਸੱਭਿਆਚਾਰਕ ਯਾਦ ਨੂੰ ਮਾਨਤਾ ਦੇਣ ਵਾਲੇ ਮਾਪਦੰਡ ਵੀ ਬਣਦੇ ਹਨ। ਇਸ ਲਈ ਜਦੋਂ ਸਹਿਤ ਅਕਾਦਮੀ ਵੱਲੋਂ ਵੱਖ-ਵੱਖ ਭਾਰਤੀ ਭਾਸ਼ਾਵਾਂ ਲਈ ਸਾਲਾਨਾ ਪੁਰਸਕਾਰਾਂ ਦਾ ਐਲਾਨ ਹੁੰਦਾ ਹੈ ਤਾਂ ਉਹ ਸਿਰਫ਼ ਇਕ ਰਸਮੀ ਘੋਸ਼ਣਾ ਨਹੀਂ ਹੁੰਦੀ, ਬਲਕਿ ਸਾਹਿਤਕ ਜਗਤ ਵਿੱਚ ਇਕ ਵੱਡੀ ਚਰਚਾ ਅਤੇ ਕਈ ਵਾਰ ਵਿਵਾਦ ਦੀ ਸ਼ੁਰੂਆਤ ਵੀ ਬਣ ਜਾਂਦੀ ਹੈ। ਇਸ ਸਾਲ ਦੇ ਐਲਾਨ ਨਾਲ ਵੀ ਕੁਝ ਇਹੀ ਦ੍ਰਿਸ਼ ਦੁਹਰਾਇਆ ਗਿਆ ਹੈ। ਪੰਜਾਬੀ ਤੋਂ ਲੈ ਕੇ ਡੋਗਰੀ, ਸਿੰਧੀ, ਪਾਲੀ ਅਤੇ ਹੋਰ ਕਈ ਭਾਸ਼ਾਵਾਂ ਦੇ ਸਾਹਿਤਕ ਮੰਡਲਾਂ ਵਿੱਚ ਇਹ ਸਵਾਲ ਮੁੜ ਉਠ ਖੜ੍ਹਾ ਹੋਇਆ ਹੈ ਕਿ ਅਸਲ ਵਿੱਚ ਉਹ ਕੌਣ ਲੋਕ ਹਨ ਜੋ ਇਨ੍ਹਾਂ ਪੁਰਸਕਾਰਾਂ ਲਈ ਪੈਨਲ ਬਣਾਉਂਦੇ ਹਨ, ਜੂਰੀ ਚੁਣਦੇ ਹਨ ਅਤੇ ਅੰਤ ਵਿੱਚ ਇਹ ਫੈਸਲਾ ਕਰਦੇ ਹਨ ਕਿ ਕਿਹੜੀ ਰਚਨਾ ਨੂੰ ਸਾਲ ਦਾ ਸਰਵੋਤਮ ਸਾਹਿਤ ਕਿਹਾ ਜਾਵੇ। ਇਹ ਸਵਾਲ ਨਵਾਂ ਨਹੀਂ ਹੈ, ਪਰ ਹਰ ਸਾਲ ਇਹ ਹੋਰ ਤੇਜ਼ ਅਤੇ ਹੋਰ ਤਿੱਖਾ ਹੋ ਕੇ ਸਾਹਮਣੇ ਆਉਂਦਾ ਹੈ।

ਸਾਹਿਤਕ ਵਰਗਾਂ ਵਿੱਚ ਲੰਮੇ ਸਮੇਂ ਤੋਂ ਇਹ ਇਲਜ਼ਾਮ ਲਗਦੇ ਆ ਰਹੇ ਹਨ ਕਿ ਕਈ ਵਾਰ ਇਨਾਮਾਂ ਦੀ ਚੋਣ ਵਿਚ (ਬਾਕੀ ਸਫਾ 2 'ਤੇ)

## ਬਜ਼ੁਰਗ ਔਰਤ ਨੂੰ ਡਰਾਉਣ 'ਤੇ ਰੋਬੋਟ 'ਗ੍ਰਿਫ਼ਤਾਰ'

ਮਕਾਊ, 17 ਮਾਰਚ (ਚ.ਨ.ਸ.): ਚੀਨ ਦੇ ਮਕਾਊ ਵਿੱਚ ਇੱਕ 70 ਸਾਲ ਔਰਤ ਨੂੰ ਕਥਿਤ ਤੌਰ 'ਤੇ ਡਰਾਉਣ ਤੋਂ ਬਾਅਦ ਇੱਕ ਰੋਬੋਟ ਨੂੰ 'ਗ੍ਰਿਫ਼ਤਾਰ' ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਬਾਬਤ ਸੋਸ਼ਲ ਮੀਡੀਆ 'ਤੇ ਵੀਡੀਓ ਵੀ ਖੂਬ ਵਾਇਰਲ ਹੋ ਰਹੀ ਹੈ। ਸਾਊਥ ਚਾਈਨਾ ਮਾਰਨਿੰਗ ਪੋਸਟ ਦੇ ਅਨੁਸਾਰ, ਉਹ ਔਰਤ ਪਿਛਲੇ ਵੀਰਵਾਰ ਨੂੰ ਪਾਟਨੇ ਵਿੱਚ ਲੋਕ ਯੇਂਗ ਫਾ ਯੂਏਨ ਰਿਹਾਇਸ਼ੀ ਕੰਪਲੈਕਸ ਦੇ ਨੇੜੇ ਪੈਦਲ ਜਾ ਰਹੀ ਸੀ ਜਦੋਂ ਯੂਨੀਟ੍ਰੀ ਜੀ1 ਮਾਡਲ ਦਾ ਰੋਬੋਟ ਅਚਾਨਕ ਉਸ ਦੇ ਪਿੱਛੇ ਰੁਕ ਗਿਆ। ਰੋਬੋਟ ਨੂੰ ਦੇਖ ਕੇ ਮਹਿਲਾ ਘਬਰਾ ਗਈ ਅਤੇ ਉਸ 'ਤੇ ਚੀਕਣ ਲੱਗੀ। ਉਸਨੇ ਕੈਂਟੋਨੀਜ਼ ਭਾਸ਼ਾ ਵਿੱਚ ਕਿਹਾ, 'ਤੁਸੀਂ ਮੇਰੀ ਦਿਲ ਦੀ ਧੜਕਣ ਵਧਾ ਰਹੇ ਹੋ। ਤੁਸੀਂ ਬਹੁਤ ਕੁਝ ਕਰ ਸਕਦੇ ਹੋ, ਪਰ ਤੁਸੀਂ ਇਹ ਹੰਗਾਮਾ ਖੜ੍ਹਾ ਕਰਨਾ ਚਾਹੁੰਦੇ ਹੋ ? ਤੁਸੀਂ ਪਾਗਲ ਹੋ।' ਭਾਵੇਂ ਔਰਤ ਨੂੰ ਕੋਈ ਸਰੀਰਕ ਨੁਕਸਾਨ ਨਹੀਂ ਹੋਇਆ ਸੀ, ਫਿਰ ਵੀ (ਬਾਕੀ ਸਫਾ 2 'ਤੇ)

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

**ਪਾਠ ਦਾ ਭੋਗ ਤੇ ਅੰਤਿਮ ਅਰਦਾਸ**



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

**ਸ. ਹਰਦੇਵ ਸਿੰਘ ਗਿੱਲ** (ਸਾਬਕਾ ਸਰਪੰਚ)

ਜੋ ਕਿ ਬੀਤੇ ਦਿਨੀ ਸੋਮਵਾਰ, 9 ਮਾਰਚ, 2026 ਨੂੰ ਵਾਹਿਗੁਰੂ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਪੂਰੀ ਕਰਦਿਆਂ ਅਕਾਲ ਪੁਰਖ ਦੇ ਚਰਨਾਂ ਵਿਚ ਜਾ ਵਿਰਾਜੇ ਹਨ । ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਜੀ ਦੇ ਭੋਗ 18 ਮਾਰਚ, ਦਿਨ ਬੁੱਧਵਾਰ 2026 ਨੂੰ ਗੁਰਦੁਆਰਾ ਸਾਹਿਬ, ਪਿੰਡ ਬੁੱਢੇਵਾਲ (ਲੁਧਿ:) ਵਿਖੇ ਦੁਪਿਹਰ 1:00 ਤੋਂ 2:00 ਵਜੇ ਤੱਕ ਹੋਵੇਗੀ ।ਆਪ ਜੀ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ ।

**ਵਾਹਿਗੁਰੂ ਦੇ ਭਾਣੇ ਵਿਚ :-**

| | |
|---|---|
| ਬਲਵੀਰ ਸਿੰਘ ਬੁੱਢੇਵਾਲ (ਪ੍ਰਧਾਨ ਬਲਾਕ ਕਾਂਗਰਸ ਸਾਹਨੇਵਾਲ, ਸਾਬਕਾ ਚੇਅਰਮੈਨ ਬਲਾਕ ਸੰਮਤੀ) | (ਭਰਾ) |
| ਸਿਮਰਨਜੀਤ ਕੌਰ ਗਿੱਲ | (ਪਤਨੀ) |
| ਸੁਖਵੀਰ ਸਿੰਘ ਗਿੱਲ ਕੈਨੇਡਾ | (ਭਰਾ) |
| ਰੁਪਿੰਦਰ ਕੌਰ ਗਿੱਲ ਕੈਨੇਡਾ | (ਭਰਜਾਈ) |
| ਗੁਰਪਿੰਦਰ ਕੌਰ ਗਿੱਲ | (ਭਰਜਾਈ) |
| ਡਾ: ਹਰਪ੍ਰੀਤ ਸਿੰਘ ਛੋਕਰ ਅਮਰੀਕਾ | (ਜੀਜਾ) |
| ਕੁਲਵੰਤ ਕੌਰ ਛੋਕਰ ਅਮਰੀਕਾ | (ਭੈਣ) |
| ਗੋਬਿੰਦ ਸਿੰਘ | (ਸਪੁੱਤਰ) |
| ਗੁਰਬਾਜ ਕੌਰ | (ਸਪੁੱਤਰੀ) |

ਨੋਟ: ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ । (M) 98554-34030

ਵਲੋਂ: ਕੁਲਜਿੰਦਰ ਸਿੰਘ ਘੁਲਾਲ, ਕੁਲਵਿੰਦਰ ਸਿੰਘ ਕਿੰਦਾ ਕਟਾਣੀ ਖੁਰਦ

# ਕੁਲਦੀਪ ਧਾਲੀਵਾਲ ਦਾ ਸੁਖਬੀਰ ਬਾਦਲ 'ਤੇ ਤਿੱਖਾ ਹਮਲਾ, ਕਿਹਾ- ਗੈਂਗਸਟਰ ਭਜਾਉਣ ਦੀਆਂ ਗੱਲਾਂ ਕਰਨ ਵਾਲੇ ਖ਼ੁਦ 'ਗੈਂਗਸਟਰ ਲਿਆਓ ਮੁਹਿੰਮ' ਚਲਾ ਰਹੇ ਨੇ

ਚੰਡੀਗੜ੍ਹ 17 ਮਾਰਚ, (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ @ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਤਰਨਤਾਰਨ ਤੋਂ ਕੰਚਨਪ੍ਰੀਤ ਕੌਰ ਨੂੰ ਹਲਕਾ ਇੰਚਾਰਜ ਲਗਾ ਕੇ ਬਾਦਲ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ 2027 ਵਿੱਚ ਪੰਜਾਬ ਅੰਦਰ ਕਿਸ ਤਰ੍ਹਾਂ ਦਾ ਮਾਡਲ ਲਿਆਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਗੁਜਰਾਤ ਮਾਡਲ ਜਾਂ ਹਰਿਆਣਾ ਸਰਕਾਰ ਹਰਿਆਣਾ ਮਾਡਲ ਦੀ ਗੱਲ ਕਰਦੀ ਹੈ, ਉਸੇ ਤਰ੍ਹਾਂ ਹੁਣ ਸੁਖਬੀਰ ਬਾਦਲ ਪੰਜਾਬ ਵਿੱਚ ਆਪਣਾ @ਸੁਖਬੀਰ ਮਾਡਲ@ ਪੇਸ਼ ਕਰ ਰਹੇ ਹਨ, ਜੋ ਕਿ ਸਿਰਫ਼ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਨੂੰ ਉਤਸ਼ਾਹਿਤ ਕਰਨ ਵਾਲਾ ਹੈ।

ਮੰਗਲਵਾਰ ਨੂੰ ਪਾਰਟੀ ਦਫਤਰ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਆਪਣੀ @ਗੈਂਗਸਟਰ ਲਿਆਓ ਮੁਹਿੰਮ@ ਤਹਿਤ ਅਜਿਹਾ ਮਾਡਲ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉਨ੍ਹਾਂ ਨੂੰ ਹੁਣੇ ਹੀ ਸਾਰੇ 117 ਹਲਕਿਆਂ ਵਿੱਚ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦੇਣਾ ਚਾਹੀਦਾ ਹੈ ਤਾਂ ਜੋ ਲੋਕਾਂ ਨੂੰ ਉਨ੍ਹਾਂ ਦੀ ਅਸਲ ਸੋਚ ਦਾ ਪਤਾ ਲੱਗ ਸਕੇ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਨੂੰ ਹੁਣ ਅਬੋਹਰ ਤੋਂ ਜਗਦੀਸ਼ ਭੋਲੇ ਵਰਗੇ ਲੋਕਾਂ ਨੂੰ ਵੀ ਟਿਕਟ ਦੇਣ ਦਾ ਐਲਾਨ ਕਰ ਦੇਣਾ ਚਾਹੀਦਾ ਹੈ। ਉਨ੍ਹਾਂ ਸੁਖਬੀਰ ਬਾਦਲ ਨੂੰ ਸਵਾਲ ਕਰਦਿਆਂ ਪੁਛਿਆ ਕਿ ਉਹ ਡੇਰਾ ਬਾਬਾ ਨਾਨਕ ਤੋਂ ਅਲਗੋ ਵਰਗਿਆਂ ਦੇ ਨਾਮ ਐਲਾਨਣ ਵਿੱਚ ਦੇਰੀ ਕਿਉਂ ਕਰ ਰਹੇ ਹਨ?



ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਨੇ ਪੰਜਾਬ ਦੇ ਜ਼ਖ਼ਮਾਂ @ਤੇ ਲੂਣ ਹੀ ਛਿੜਕਣਾ ਹੈ, ਤਾਂ ਸੁਖਬੀਰ ਬਾਦਲ ਬਰਗਾੜੀ, ਬਹਿਬਲ ਕਲਾਂ ਅਤੇ ਕੋਟਕਪੂਰਾ ਵਿੱਚ ਨਿਹੱਥੇ ਸਿੱਖਾਂ @ਤੇ ਗੋਲੀਆਂ ਚਲਾਉਣ ਵਾਲੇ ਸੁਮੇਧ ਸੈਣੀ ਅਤੇ ਉਮਰਾਨੰਗਲ ਵਰਗੇ ਵਿਵਾਦਤ ਅਧਿਕਾਰੀਆਂ ਨੂੰ ਵੀ ਚੋਣ ਮੈਦਾਨ ਵਿੱਚ ਉਤਾਰਨ ਦਾ ਐਲਾਨ ਕਰ ਦੇਣ।ਧਾਲੀਵਾਲ ਨੇ ਕਿਹਾ ਕਿ ਸੁਖਬੀਰ ਬਾਦਲ ਨੂੰ ਤਾਂ ਹੁਣ ਗੁਰਮੀਤ ਰਾਮ ਰਹੀਮ ਕੋਲੋਂ ਵੀ ਸੂਚੀ ਮੰਗਵਾ ਲੈਣੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਦੇ @ਗੈਂਗਸਟਰ ਅਤੇ ਗੁਨਾਹਗਾਰ@ ਮਾਡਲ ਦੀ ਤਸਵੀਰ ਪੂਰੀ ਤਰ੍ਹਾਂ ਸਾਫ਼ ਹੋ ਸਕੇ।

ਧਾਲੀਵਾਲ ਨੇ ਸੁਖਬੀਰ ਬਾਦਲ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਉਹ ਉਨ੍ਹਾਂ @ਕਮਾਊ ਪੁੱਤਾਂ@ ਨੂੰ ਟਿਕਟਾਂ ਦੇਣ ਜਿੰਨਾਂ ਨੇ ਦਰਬਾਰ ਸਾਹਿਬ ਦੀ ਲੰਗਰ ਦੀਆਂ ਸੁੱਕੀਆਂ ਰੋਟੀਆਂ ਦੇ ਸਕੈਂਡਲ ਕਰਕੇ ਬਾਦਲਾਂ ਦੇ ਘਰ ਪੈਸੇ ਭੇਜੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਜੀ, ਉਨ੍ਹਾਂ ਲੋਕਾਂ ਨੂੰ ਵੀ ਟਿਕਟ ਦਿਓ ਜਿੰਨਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪ ਚੋਰੀ ਕੀਤੇ ਅਤੇ ਆਪਣੇ ਉਸ ਚਾਰਟਰਡ ਅਕਾਊਂਟੈਂਟ ਕੋਹਲੀ ਨੂੰ ਵੀ ਮੈਦਾਨ ਵਿੱਚ ਉਤਾਰੋ ਜੋ ਤੁਹਾਡੇ ਪੈਸਿਆਂ ਦਾ ਹਿਸਾਬ ਰੱਖਦਾ ਹੈ। ਇੱਥੋਂ ਤੱਕ ਕਿ ਉਨ੍ਹਾਂ ਸਾਬਕਾ ਜਥੇਦਾਰਾਂ ਨੂੰ ਵੀ ਟਿਕਟਾਂ ਦੇ ਦਿਓ ਜਿੰਨਾਂ ਨੇ ਤੁਹਾਡੇ ਕਹਿਣ @ਤੇ ਰਾਮ ਰਹੀਮ ਨੂੰ ਮੁਆਫ਼ੀ ਦਿੱਤੀ ਸੀ, ਤਾਂ ਜੋ ਪੰਜਾਬ ਦੇ ਲੋਕਾਂ ਨੂੰ ਪਤਾ ਲੱਗੇ ਕਿ ਤੁਹਾਡੀ ਟੋਲੀ ਵਿੱਚ ਕਿਸ ਤਰ੍ਹਾਂ ਦੇ ਲੋਕ ਸ਼ਾਮਲ ਹਨ।

ਆਪ ਵਿਧਾਇਕ ਨੇ ਗੁਰੂ ਘਰਾਂ ਦੀਆਂ ਜ਼ਮੀਨਾਂ ਹੜੱਪਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਸੁਖਬੀਰ ਬਾਦਲ ਉਨ੍ਹਾਂ ਚੇਲਿਆਂ ਨੂੰ ਵੀ ਟਿਕਟਾਂ ਦੇਣ ਜਿੰਨਾਂ ਨੇ ਪੰਜਾਬ ਦੇ ਗੁਰੂ ਘਰਾਂ ਦੀਆਂ ਜ਼ਮੀਨਾਂ ਦੱਬੀਆਂ ਜਾਂ ਵੇਚੀਆਂ ਹਨ। ਉਨ੍ਹਾਂ ਕਿਹਾ ਕਿ ਅੰਬ ਸਾਹਿਬ ਅਤੇ ਅਨੰਦਪੁਰ ਸਾਹਿਬ ਦੀਆਂ ਜ਼ਮੀਨਾਂ ਵੇਚ ਕੇ ਬਾਦਲਾਂ ਤੱਕ ਪੈਸਾ ਪਹੁੰਚਾਉਣ ਵਾਲੇ ਮੈਨੇਜਰਾਂ ਨੂੰ ਵੀ ਉਮੀਦਵਾਰ ਬਣਾਇਆ ਜਾਵੇ।

ਧਾਲੀਵਾਲ ਨੇ ਕਿਹਾ ਕਿ ਸੁਖਬੀਰ ਬਾਦਲ ਇੱਕ ਪਾਸੇ ਗੈਂਗਸਟਰ ਭਜਾਉਣ ਦੀਆਂ ਗੱਲਾਂ ਕਰਦੇ ਹਨ, ਪਰ ਦੂਜੇ ਪਾਸੇ ਉਨ੍ਹਾਂ ਨੇ ਖੁਦ @ਗੈਂਗਸਟਰ ਲਿਆਓ ਮੁਹਿੰਮ@ ਸ਼ੁਰੂ ਕੀਤੀ ਹੋਈ ਹੈ।

ਧਾਲੀਵਾਲ ਨੇ ਅੱਗੇ ਕਿਹਾ ਕਿ ਐਸਜੀਪੀਸੀ ਅਤੇ ਗੁਰੂ ਰਾਮਦਾਸ ਹਸਪਤਾਲ ਵਿੱਚ ਲੁੱਟ-ਖਸੁੱਟ ਕਰਨ ਵਾਲੇ ਡਾਕਟਰਾਂ ਅਤੇ ਲੀਡਰਾਂ ਨੂੰ ਟਿਕਟਾਂ ਦੇ ਕੇ ਸੁਖਬੀਰ ਆਪਣਾ ਮਨ ਖੁਸ਼ ਕਰ ਲੈਣ, ਕਿਉਂਕਿ ਪੰਜਾਬ ਦੇ ਲੋਕ ਹੁਣ ਇਨ੍ਹਾਂ ਨੂੰ ਵੋਟਾਂ ਨਹੀਂ ਪਾਉਣਗੇ।

ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਅਸਲੀ ਵਰਕਰ ਪਾਰਟੀ ਛੱਡ ਕੇ ਭੱਜ ਚੁੱਕੇ ਹਨ ਅਤੇ ਹੁਣ ਸੁਖਬੀਰ ਕੋਲ ਸਿਰਫ਼ ਪੈਸੇ ਇਕੱਠੇ ਕਰਨ ਵਾਲਿਆਂ ਦੀ ਫੌਜ ਰਹਿ ਗਈ ਹੈ। ਧਾਲੀਵਾਲ ਨੇ ਤੰਜ਼ ਕਸਦਿਆਂ ਕਿਹਾ ਕਿ ਸੁਖਬੀਰ ਬਾਦਲ ਦੇ ਸੱਤਾ ਵਿੱਚ ਆਉਣ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ, ਪਰ 117 ਉਮੀਦਵਾਰਾਂ ਦਾ ਐਲਾਨ ਕਰਨ ਨਾਲ ਉਨ੍ਹਾਂ ਦੀ ਅਸਲੀਅਤ ਅਤੇ ਉਨ੍ਹਾਂ ਦੇ @ਜੋੜੀਦਾਰਾਂ@ ਦਾ ਚਿਹਰਾ ਪੂਰੇ ਪੰਜਾਬ ਸਾਹਮਣੇ ਜ਼ਰੂਰ ਨੰਗਾ ਹੋ ਜਾਵੇਗਾ।

# ਮਾਲਵਿੰਦਰ ਸਿੰਘ ਕੰਗ ਵੱਲੋਂ ਲੋਕ ਸਭਾ ਵਿੱਚ ਸ੍ਰੀ ਚਮਕੌਰ ਸਾਹਿਬ ਅਤੇ ਬਲਾਚੌਰ ਲਈ ਰੇਲਵੇ ਸੰਪਰਕ ਦੀ ਮੰਗ

ਨਵੀਂ ਦਿੱਲੀ/ਚੰਡੀਗੜ੍ਹ, 17 ਮਾਰਚ, (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮਾਲਵਿੰਦਰ ਸਿੰਘ ਕੰਗ ਨੇ ਲੋਕ ਸਭਾ ਵਿੱਚ ਰੇਲਵੇ ਲਈ ਗ੍ਰਾਂਟਾਂ ਦੀ ਮੰਗ @ਤੇ ਚਰਚਾ ਦੌਰਾਨ ਬੋਲਦਿਆਂ ਪੰਜਾਬ ਵਿੱਚ ਰੇਲਵੇ ਸੰਪਰਕ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨਾਲ ਸਬੰਧਤ ਕਈ ਅਹਿਮ ਮੁੱਦੇ ਉਠਾਏ।

ਕੰਗ ਨੇ ਅੰਮ੍ਰਿਤ ਭਾਰਤ ਸਟੇਸ਼ਨ ਸਕੀਮ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਵਿਕਸਤ ਕਰਨ ਲਈ ਕੇਂਦਰੀ ਰੇਲ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿਉਂਕਿ ਇਹ ਖਾਲਸੇ ਦੀ ਜਨਮ ਭੂਮੀ ਹੈ। ਉਨ੍ਹਾਂ ਇਸ ਲਈ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਮੋਹਾਲੀ ਵਿੱਚ ਸੈਮੀਕੰਡਕਟਰ ਲੈਬ ਲਈ 900 ਕਰੋੜ ਰੁਪਏ ਮਨਜ਼ੂਰ ਕਰਨ ਲਈ ਕੇਂਦਰ ਸਰਕਾਰ ਦੀ ਸ਼ਲਾਘਾ ਵੀ ਕੀਤੀ।

ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕੰਗ ਨੇ ਕਿਹਾ ਕਿ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਅਧੀਨ ਆਉਂਦੇ ਦੋ ਮਹੱਤਵਪੂਰਨ ਵਿਧਾਨ ਸਭਾ ਹਲਕੇ, ਸ੍ਰੀ ਚਮਕੌਰ ਸਾਹਿਬ ਅਤੇ ਬਲਾਚੌਰ ਅਜੇ ਵੀ ਰੇਲਵੇ ਨੈੱਟਵਰਕ ਨਾਲ ਨਹੀਂ ਜੁੜੇ ਹੋਏ ਹਨ। ਉਨ੍ਹਾਂ ਇਸ ਗੱਲ @ਤੇ ਜ਼ੋਰ ਦਿੱਤਾ ਕਿ ਸ੍ਰੀ ਚਮਕੌਰ ਸਾਹਿਬ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਦੀ ਬੇਮਿਸਾਲ ਕੁਰਬਾਨੀ ਨਾਲ ਜੁੜੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਮੁਗਲ ਫੌਜਾਂ ਵਿਰੁੱਧ ਬਹਾਦਰੀ ਨਾਲ ਲੜਾਈ ਲੜੀ ਸੀ। ਉਨ੍ਹਾਂ ਰੇਲ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਪਵਿੱਤਰ ਸ਼ਹਿਰ ਨੂੰ ਜਲਦੀ ਤੋਂ ਜਲਦੀ ਰੇਲਵੇ ਨਾਲ ਜੋੜਿਆ ਜਾਵੇ, ਕਿਉਂਕਿ ਇੱਥੇ ਹਰ ਸਾਲ ਦੁਨੀਆ ਭਰ ਤੋਂ ਲੱਖਾਂ ਸ਼ਰਧਾਲੂ ਨਤਮਸਤਕ ਹੋਣ ਆਉਂਦੇ ਹਨ।



ਕਾਂਗ ਨੇ ਬਲਾਚੌਰ ਲਈ ਵੀ ਰੇਲਵੇ ਸੰਪਰਕ ਦੀ ਮੰਗ ਕਰਦਿਆਂ ਕਿਹਾ ਕਿ ਇਹ ਖੇਤਰ ਲੰਬੇ ਸਮੇਂ ਤੋਂ ਅਣਗੌਲਿਆ ਰਿਹਾ ਹੈ ਅਤੇ ਇਹ ਰਾਸ਼ਟਰੀ ਰੇਲ ਨੈੱਟਵਰਕ ਨਾਲ ਜੁੜਨ ਦਾ ਹੱਕਦਾਰ ਹੈ।

ਇੱਕ ਹੋਰ ਅਹਿਮ ਮੁੱਦਾ ਉਠਾਉਂਦਿਆਂ ਕੰਗ ਨੇ ਸਰਕਾਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਅਤੇ ਤਖ਼ਤ ਪਟਨਾ ਸਾਹਿਬ ਲਈ ਰੋਜ਼ਾਨਾ ਸੁਪਰਫਾਸਟ ਰੇਲ ਸੇਵਾਵਾਂ ਸ਼ੁਰੂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਖੇਤਰ ਤੋਂ ਸਿੱਧੀ ਹਵਾਈ ਸੇਵਾ ਬੰਦ ਕਰ ਦਿੱਤੀ ਗਈ ਹੈ, ਜਿਸ ਕਾਰਨ ਸ਼ਰਧਾਲੂਆਂ ਲਈ ਭਰੋਸੇਯੋਗ ਰੇਲ ਸੰਪਰਕ ਮੁਹੱਈਆ ਕਰਵਾਉਣਾ ਜ਼ਰੂਰੀ ਹੋ ਗਿਆ ਹੈ।

ਸੰਸਦ ਮੈਂਬਰ ਨੇ ਮੋਹਾਲੀ ਜ਼ਿਲ੍ਹੇ ਦੇ ਚਟੌਲੀ ਰੇਲਵੇ ਸਟੇਸ਼ਨ ਨੂੰ ਮੁੜ ਚਾਲੂ ਕਰਨ ਦੀ ਮੰਗ ਵੀ ਕੀਤੀ, ਜੋ ਕੋਵਿਡ-19 ਮਹਾਮਾਰੀ ਦੌਰਾਨ ਬੰਦ ਕਰ ਦਿੱਤਾ ਗਿਆ ਸੀ ਅਤੇ ਉੱਥੇ ਰੇਲ ਗੱਡੀਆਂ ਦੇ ਠਹਿਰਾਅ ਨੂੰ ਮੁੜ ਬਹਾਲ ਕਰਨ ਦੀ ਗੱਲ ਕਹੀ।

ਇਸ ਤੋਂ ਇਲਾਵਾ ਕੰਗ ਨੇ ਰੋਪੜ ਜ਼ਿਲ੍ਹੇ ਵਿੱਚ ਚਾਰ ਰੇਲਵੇ ਓਵਰਬ੍ਰਿਜਾਂ ਦੇ ਨਿਰਮਾਣ ਦੀ ਮੱਠੀ ਰਫ਼ਤਾਰ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਰੇਲ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੰਮਾਂ ਵਿੱਚ ਤੇਜ਼ੀ ਲਿਆਉਣ ਤਾਂ ਜੋ ਨਿਰਮਾਣ ਸਮੇਂ ਸਿਰ ਮੁਕੰਮਲ ਹੋ ਸਕੇ ਅਤੇ ਰਾਹਗੀਰਾਂ ਨੂੰ ਰਾਹਤ ਮਿਲ ਸਕੇ।

ਕੰਗ ਨੇ ਆਪਣੀਆਂ ਮੰਗਾਂ ਨੂੰ ਦੁਹਰਾਉਂਦੇ ਹੋਏ ਅੰਤ ਵਿੱਚ ਉਮੀਦ ਪ੍ਰਗਟਾਈ ਕਿ ਕੇਂਦਰ ਪੰਜਾਬ ਦੇ ਸੰਪਰਕ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਇਨ੍ਹਾਂ ਅਹਿਮ ਮੁੱਦਿਆਂ ਨੂੰ ਹੱਲ ਕਰਨ ਲਈ ਤੁਰੰਤ ਕਾਰਵਾਈ ਕਰੇਗਾ।

# ਗੈਂਗਸਟਰਾਂ 'ਤੇ ਵਾਰ ਦਾ 56ਵਾਂ ਦਿਨ : 587 ਥਾਵਾਂ ਉੱਤੇ ਛਾਪੇਮਾਰੀ; 178 ਗ੍ਰਿਫ਼ਤਾਰ

ਚੰਡੀਗੜ੍ਹ, 17 ਮਾਰਚ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 56ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੀ ਪਛਾਣੇ ਗਏ ਅਤੇ ਮੈਪ ਕੀਤੇ 587 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ ÷ਗੈਂਗਸਟਰਾਂ ਤੇ ਵਾਰ÷- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

56ਵੇਂ ਦਿਨ, ਪੁਲਿਸ ਟੀਮਾਂ ਨੇ 178 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3 ਨਜਾਇਜ਼ ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 15,072 ਹੋ ਗਈ ਹੈ।

ਇਸ ਤੋਂ ਇਲਾਵਾ 99 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 59 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ 9

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ 381ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 69 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 547 ਗ੍ਰਾਮ ਹੈਰੋਇਨ, 550 ਗ੍ਰਾਮ ਅਫੀਮ, 918 ਕਿਲੋ ਭੁੱਕੀ, 544 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1300 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਨਾਲ ਸਿਰਫ 381 ਦਿਨਾਂ 'ਚ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ 53,965 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 58 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਐਸ.ਸੀ. ਕਮਿਸ਼ਨ ਵੱਲੋਂ ਐਸ.ਐਸ.ਪੀ. ਫ਼ਰੀਦਕੋਟ ਤੋਂ ਰਿਪੋਰਟ ਤਲਬ

ਚੰਡੀਗੜ੍ਹ,17 ਮਾਰਚ, (ਚ.ਨ.ਸ.) : ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵਲੋਂ ਸੀਨੀਅਰ ਪੁਲਿਸ ਕਪਤਾਨ ਫਰੀਦਕੋਟ ਤੋਂ ਕੁਲਦੀਪ ਸਿੰਘ ਅਤੇ ਹੋਰ ਬਨਾਮ ਪੰਜਾਬ ਰਾਜ ਅਤੇ ਹੋਰ ਮਾਮਲੇ ਵਿਚ ਹੁਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਤਲਬ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਜਸਵੀਰ ਕੌਰ, ਪੰਚ ਬੰਸਾ ਸਿੰਘ ਪੰਚ ਅਮਰੀਕ ਸਿੰਘ ਅਤੇ ਹੋਰਨਾਂ ਖਿਲਾਫ ਐਸ.ਸੀ./ਐਸ.ਟੀ ਐਕਟ ਤਹਿਤ ਐਫ.ਆਈ.ਆਰ ਦਰਜ ਕਰਨ ਸੰਬੰਧੀ ਮਾਮਲੇ ਵਿਚ ਸ੍ਰੀਮਤੀ ਅਮਨਦੀਪ ਕੌਰ ਸਰਪੰਚ, ਪਤਨੀ ਸ੍ਰੀ ਕੁਲਦੀਪ ਸਿੰਘ, ਵਾਸੀ ਗ੍ਰਾਮ ਪੰਚਾਇਤ, ਚੰਦ ਭਾਨ ਬਲਾਕ ਜੈਤੋਂ, ਜਿਲ੍ਹਾ ਫਰੀਦਕੋਟ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਜਿਸ ਵਿੱਚ ਮਿਤੀ 25-03-2026 ਨਿਰਧਾਰਿਤ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਪੰਜਾਬ ਪੁਲਿਸ ਤੋਂ ਪ੍ਰਾਪਤ ਰਿਪੋਰਟ ਨੂੰ ਵਿਚਾਰਨ ਉਪਰੰਤ ਕਮਿਸ਼ਨ ਨੇ ਚਾਹਿਆ ਹੈ ਕਿ ਸੁਪਰੀਮ ਕੋਰਟ ਵਿੱਚ ਵਿਚਾਰ ਅਧੀਨ ਸਪੈਸ਼ਲ ਲੀਵ ਪਟੀਸ਼ਨ ਨੰਬਰ 13440 ਆਫ਼ 2025 ਨੂੰ ਮੁੱਖ ਰੱਖਦੇ ਹੋਏ ਦੋਸ਼ੀਆਂ ਦੀ ਗ੍ਰਿਫਤਾਰੀ ਰਿਪੋਰਟ ਤੇ ਹੋਰ ਕਾਨੂੰਨੀ ਕਾਰਵਾਈ ਬਾਰੇ ਮੁਕੰਮਲ ਰਿਪੋਰਟ ਡੀ.ਐਸ.ਪੀ. ਪੱਧਰ ਦੇ ਅਧਿਕਾਰੀ ਰਾਹੀਂ ਪੜਤਾਲ ਕਰਵਾ ਕੇ ਮਿਤੀ 25-03-2026 ਨੂੰ ਭੇਜੀ ਜਾਵੇ।

# "ਸਾਡੇ ਬਜ਼ੁਰਗ ਸਾਡਾ ਮਾਣ" ਤਹਿਤ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਸਰਕਾਰ ਦੀ ਵੱਡੀ ਪਹਿਲ

## ਸੂਬਾ ਪੱਧਰੀ ਸਿਹਤ ਕੈਂਪਾਂ ਹੇਠ 37 ਹਜ਼ਾਰ ਬਜ਼ੁਰਗਾਂ ਦੀ ਰਜਿਸਟਰੇਸ਼ਨ : ਡਾ. ਬਲਜੀਤ ਕੌਰ

ਚੰਡੀਗੜ੍ਹ, 17 ਮਾਰਚ, (ਚ.ਨ.ਸ.) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ "ਸਾਡੇ ਬਜ਼ੁਰਗ ਸਾਡਾ ਮਾਣ"ਮੁਹਿੰਮ ਤਹਿਤ ਲਗਾਏ ਗਏ ਸੂਬਾ ਪੱਧਰੀ ਸਿਹਤ ਚੈਕ-ਅੱਪ ਕੈਂਪਾਂ ਦੌਰਾਨ ਕਰੀਬ 37 ਹਜ਼ਾਰ ਬਜ਼ੁਰਗ ਨਾਗਰਿਕਾਂ ਦੀ ਰਜਿਸਟ ?ਰੇਸ਼ਨ ਕੀਤੀ ਗਈ ਹੈ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਨੂੰ ਆਪਣਾ ਅਨਮੋਲ ਸਰਮਾਇਆ ਮੰਨਦੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਤੇ ਸਨਮਾਨ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

ਡਾ. ਬਲਜੀਤ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਬਜ਼ੁਰਗ ਸਾਡੇ ਪਰਿਵਾਰਾਂ ਅਤੇ ਸਮਾਜ ਦੀ ਮਜ਼ਬੂਤ ਨੀਂਹ ਹਨ, ਜਿਨ੍ਹਾਂ ਦੇ ਤਜਰਬੇ ਭਵਿੱਖੀ ਪੀੜ੍ਹੀਆਂ ਲਈ ਰਾਹ ਦਿਖਾਉਂਦੇ ਹਨ। ਉਨ੍ਹਾਂ ਕਿਹਾ ਕਿ ਇਹ ਸਰਕਾਰ ਅਤੇ ਸਮਾਜ ਦੋਵਾਂ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਬਜ਼ੁਰਗਾਂ ਨੂੰ ਇਜ਼ਤ, ਦੇਖਭਾਲ ਅਤੇ ਆਪਣੇਪਣ ਨਾਲ ਜੀਵਨ ਬਤੀਤ ਕਰਨ ਲਈ ਉਚਿਤ ਮਾਹੌਲ ਪ੍ਰਦਾਨ ਕੀਤਾ ਜਾਵੇ। "ਅਜਿਹੀਆਂ ਪਹਿਲਕਦਮੀਆਂ ਰਾਹੀਂ ਅਸੀਂ ਬਜ਼ੁਰਗਾਂ ਦੇ ਨਾਲ ਹਰ ਪੜਾਅ 'ਤੇ ਖੜ੍ਹੇ ਰਹਿਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹਾਂ,"ਉਨ੍ਹਾਂ ਨੇ ਕਿਹਾ।

ਉਨ੍ਹਾਂ ਹੋਰ ਦੱਸਿਆ ਕਿ ਇਨ੍ਹਾਂ ਸਿਹਤ ਕੈਂਪਾਂ ਵਿੱਚ ਅੱਖਾਂ ਦੀ ਜਾਂਚ, ਕੈਂਸਰ ਸਕਰੀਨਿੰਗ, ਐਨ.ਸੀ.ਡੀ. ਸਕਰੀਨਿੰਗ, ਆਰਥੋਪੈਡਿਕ ਜਾਂਚ, ਈ.ਐਨ.ਟੀ. ਚੈਕ-ਅੱਪ, ਫਿਜ਼ੀਓਥਰੈਪੀ ਅਤੇ ਮਾਹਿਰਾਂ ਵੱਲੋਂ ਮਨੋਵਿਗਿਆਨਕ ਮੁਲਾਂਕਣ ਵਰਗੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮੋਤੀਆਬਿੰਦ ਸਰਜਰੀ ਲਈ 1756 ਰਜਿਸਟ ?ਰੇਸ਼ਨ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ 539 ਸਰਜਰੀਆਂ ਸਫਲਤਾਪੂਰਵਕ ਹੋ ਚੁੱਕੀਆਂ ਹਨ। ਇਸ ਤੋਂ ਇਲਾਵਾ 1274 ਕੈਂਸਰ ਸਕਰੀਨਿੰਗ, 4863 ਆਰਥੋਪੈਡਿਕ ਚੈਕ-ਅੱਪ, 6339 ਐਨ.ਸੀ.ਡੀ. ਸਕਰੀਨਿੰਗ, 9015 ਅੱਖਾਂ ਦੀ ਜਾਂਚ, 2593 ਈ.ਐਨ.ਟੀ. ਚੈਕ-ਅੱਪ ਅਤੇ 1621 ਫਿਜ਼ੀਓਥਰੈਪੀ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ।

ਉਨ੍ਹਾਂ ਕਿਹਾ ਕਿ ALIMCO ਰਾਹੀਂ 418 ਲਾਭਪਾਤਰੀਆਂ ਦੀ ਪਛਾਣ ਕਰਕੇ ਸਹਾਇਕ ਉਪਕਰਣ ਮੁਹੱਈਆ ਕਰਵਾਏ ਗਏ ਅਤੇ 3014 ਵਿਜ਼ਨ ਗਲਾਸਜ਼ ਵੀ ਵੰਡੇ ਗਏ ਹਨ।

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਵਿਭਾਗ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਪਹਿਲਕਦਮੀਆਂ ਜਾਰੀ ਰਹਿਣਗੀਆਂ।

# ਏ.ਆਈ. ਦੀ ਵਰਤੋਂ ਕਰਕੇ ਸ਼ਰਾਰਤੀ ਤੱਤਾਂ ਵੱਲੋਂ ਮੁੜ ਬੇਅਦਬੀ

ਨਵੀਂ ਦਿੱਲੀ 17 ਮਾਰਚ, (ਅੰਮ੍ਰਿਤਪਾਲ ਸਿੰਘ) : ਸ੍ਰੀ ਹਰਿਮੰਦਰ ਸਾਹਿਬ ਵਿਖ਼ੇ ਏਆਈ ਦੀ ਵਰਤੋਂ ਕਰਕੇ ਸ਼ਰਾਰਤੀ ਤੱਤਾਂ ਵਲੋਂ ਮੁੜ ਬੇਅਦਬੀ ਕੀਤੀ ਗਈ ਹੈ ਜਿਸ ਨਾਲ ਸਮੁੱਚੀ ਦੁਨੀਆਂ ਦੇ ਹਿਰਦੇ ਵਲੂੰਧਰੇ ਗਏ ਹਨ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਇੰਨ੍ਹਾ ਮਾਮਲਿਆਂ ਦੀ ਗਹਿਰੀ ਜਾਂਚ ਲਈ ਇਕ ਕਮੇਟੀ ਬਣਾਈ ਜਾਣੀ ਚਾਹੀਦੀ ਹੈ ਜੋ ਦੋਸ਼ੀਆਂ ਦੀ ਭਾਲ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਸਿਫਾਰਿਸ਼ ਕਰੇ। ਉਨ੍ਹਾਂ ਕਿਹਾ ਇੰਨ੍ਹਾ ਸ਼ਰਾਰਤੀ ਤੱਤਾਂ ਕਰਕੇ ਦੇਸ਼ ਅਤੇ ਵੱਖ ਵੱਖ ਭਾਈਚਾਰਿਆ ਦਾ ਆਪਸੀ ਮਾਹੌਲ ਵਿਗੜਦਾ ਹੈ ਜਿਸ ਨੂੰ ਸਮੇਂ ਸਿਰ ਰੋਕਣਾ ਰਾਜ ਸਰਕਾਰ ਦਾ ਫਰਜ਼ ਬਣਦਾ ਹੈ ਪਰ ਪੰਜਾਬ ਸਰਕਾਰ ਆਪਣੇ ਫਰਜ਼ ਅਦਾ ਕਰਣ ਵਿਚ ਨਾਕਾਮਯਾਬ ਸਾਬਿਤ ਹੋ ਰਹੀ ਹੈ। ਉਨ੍ਹਾਂ ਦਸਿਆ ਵਾਇਰਲ ਹੋ ਰਹੀ ਵੀਡੀਓ ਵਿਚ ਸ਼੍ਰੀ ਹਰਿ ਮੰਦਰ ਸਾਹਿਬ ਵਿੱਚ ਇੱਕ ਪਿੰਜਰ ਘੁੰਮਦਾ ਦਿਖਾਇਆ ਹੈ। ਇਹ ਪਿੰਜਰ ਪੱਗ ਅਤੇ ਜੁੱਤੀਆਂ ਪਹਿਨ ਕੇ ਸ਼੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਘੁੰਮ ਰਿਹਾ ਹੈ। ਪਿੰਜਰ ਨੂੰ ਜੁੱਤੀਆਂ ਪਹਿਨ ਕੇ ਲੰਗਰ ਵੀ ਛਕਦਾ ਦਿਖਾਇਆ ਗਿਆ ਹੈ ।



# ਈ.ਟੀ.ਓ. ਵੱਲੋਂ ਲੋਕ ਨਿਰਮਾਣ ਵਿਭਾਗ ਵੱਲੋਂ ਬਣਵਾਈਆਂ ਜਾ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਸਮੀਖਿਆ ਮੀਟਿੰਗ



ਚੰਡੀਗੜ੍ਹ, 17 ਮਾਰਚ, (ਚ.ਨ.ਸ.) : ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ ਸੂਬੇ ਵਿੱਚ ਬਣਵਾਈਆਂ ਜਾਂ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਸਮੀਖਿਆ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੋ ਸੂਬੇ ਦੀਆਂ ਸੜਕਾਂ ਦੇ ਨਿਰਮਾਣ ਸਬੰਧੀ ਟੀਚੇ ਮਿੱਥੇ ਗਏ ਹਨ ਉਨ੍ਹਾਂ ਨੂੰ ਹਰ ਹਾਲਤ ਵਿੱਚ ਹਾਸਲ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਸੜਕਾਂ ਦੇ ਨਿਰਮਾਣ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸੜਕ ਨਿਰਮਾਣ ਦਾ ਕੰਮ ਪੂਰੇ ਜੋਰ ਨਾਲ ਸ਼ੁਰੂ ਹੋ ਗਿਆ ਹੈ ਅਤੇ ਵਿਭਾਗ ਵੱਲੋਂ ਰੋਜ਼ਾਨਾ 60 ਕਿਲੋਮੀਟਰ ਤੋਂ ਜ਼ਿਆਦਾ ਸੜਕਾਂ ਦਾ ਨਵੀਨੀਕਰਨ ਅਤੇ ਮਜ਼ਬੂਤੀਕਰਨ ਕੀਤਾ ਜਾ ਰਿਹਾ ਹੈ।

ਸ.ਈ.ਟੀ.ਓ. ਨੇ ਦੱਸਿਆ ਕਿ ਸੂਬਾ ਵਿਚ ਹੌਟ ਮਿਕਸ ਪਲਾਂਟਾਂ ਨੇ ਆਪਣੀ ਪੂਰੀ ਸਮਰੱਥਾ ਅਨੁਸਾਰ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਜਿਸ ਸਦਕਾ ਸੂਬੇ ਵਿੱਚ ਰੋਜ਼ਾਨਾ 100 ਕਿਲੋਮੀਟਰ ਤੋਂ ਵੱਧ ਸੜਕ ਉਸਾਰੀ ਦਾ ਕੰਮ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ 30 ਜੂਨ, 2026 ਤੱਕ ਰਾਜ ਦੀਆਂ ਲਗਭਗ 20,500 ਕਿਲੋਮੀਟਰ ਸੜਕਾਂ ਦਾ ਨਿਰਮਾਣ ਦਾ ਟੀਚਾ ਮਿੱਥਿਆ ਹੈ।

ਉਨ੍ਹਾਂ ਦੱਸਿਆ ਕਿ ਖਾੜੀ ਦੇਸ਼ਾਂ ਵਿੱਚ ਚਲ ਰਹੀ ਜੰਗ ਕਾਰਨ ਬਿਟੂਮਨ ਦੀ ਕੁਝ ਘਾਟ ਪੈਦਾ ਹੋ ਰਹੀ ਹੈ ਪ੍ਰੰਤੂ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਸਮੱਸਿਆਂ ਨਾਲ ਨਜਿੱਠਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ। ਉਨ੍ਹਾ ਇਸ ਬਾਰੇ ਬਿਟੂਮਨ ਸਪਲਾਇਰ ਕੰਪਨੀਆਂ ਨਾਲ ਉੱਚ ਪੱਧਰੀ ਤਾਲਮੇਲ ਕਰਨ ਲਈ ਨਿਰਦੇਸ਼ ਦਿੱਤੇ।

ਸ.ਹਰਭਜਨ ਸਿੰਘ ਈ. ਟੀ. ਓ. ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਵਿੱਤੀ ਟੀਚੇ ਅਤੇ ਕੰਮ ਸਬੰਧੀ ਨੂੰ ਹਰ ਹਾਲਤ ਵਿੱਚ ਹਾਸਲ ਕਰਨ ਨੂੰ ਯਕੀਨੀ ਬਣਾਉਣ, ਤਾਂ ਹੋ ਆਮ ਲੋਕਾਂ ਨੂੰ ਚੰਗਾ ਸੜਕੀ ਨੈੱਟਵਰਕ ਮਿਲ ਸਕੇ।

# ਸਿੱਖਿਆ ਬੋਰਡ ਵੱਲੋਂ ਵਿਦੇਸ਼ੀ ਵਿਦਿਆਰਥੀਆਂ ਨੂੰ ਉਚੇਚਾ ਸਮਾਨਤਾ ਪੱਤਰ ਜਾਰੀ ਕਰਨੇ ਬੰਦ

ਐਸ ਏ ਐਸ ਨਗਰ 17 ਮਾਰਚ, (ਚ.ਨ.ਸ.) : ਪੰਜਾਬ ਸਕੂਲ ਸਿੱਖਿਆ ਬੋਰਡ ਨੇ ਵਿਦੇਸ਼ਾਂ ਤੋਂ ਵਿੱਦਿਆ ਪ੍ਰਾਪਤ ਵਿਦਿਆਰਥੀਆਂ ਨੂੰ ਬੋਰਡ ਅਧੀਨ ਅਗਲੇਰੀ ਵਿਦਿਆ ਲੈਣ ਲਈ ਉਚੇਚਾ ਸਮਾਨਤਾ ਪੱਤਰ ਜਾਰੀ ਕਰਨ ਦੀ ਪ੍ਰਕਿਰਿਆ ਅਪ੍ਰੈਲ, 2026 ਤੋਂ ਬੰਦ ਕਰਨ ਦਾ ਫੈਸਲਾ ਲਿਆ ਹੈ। ਬੋਰਡ ਦੇ ਇਸ ਕਦਮ ਨਾਲ ਵਿਦੇਸ਼ੀ ਧਰਤੀ ਤੋਂ ਪਰਤ ਕੇ ਪੰਜਾਬ ਵਿੱਚ ਅੱਗੋਂ ਪੜ੍ਹਨ ਦੇ ਚਾਹਵਾਨ ਵਿਦਿਆਰਥੀ ਹੁਣ UGC ਵੱਲੋਂ ਜਾਰੀ ਸਮਾਨਤਾ ਸਰਟੀਫਿਕੇਟ ਵਿਖਾ ਕੇ ਹੀ ਅਦਾਰਿਆਂ ਵਿੱਚ ਸਿੱਧਾ ਦਾਖਲਾ ਲੈ ਸਕਣਗੇ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ.ਅਮਰਪਾਲ ਸਿੰਘ, ਆਈ.ਏ.ਐਸ.(ਰਿਟਾ:) ਨੇ ਅੱਜ ਇਥੇ ਦੱਸਿਆ ਕਿ ਵਿਦਿਆਰਥੀਆਂ ਨੂੰ ਅਗਲੇਰੀ ਵਿੱਦਿਆ ਦੇਣ ਲਈ ਦਾਖਲਾ ਪ੍ਰਕਿਰਿਆ ਅਧੀਨ ਕੇਂਦਰ ਸਰਕਾਰ ਦੇ ਅਦਾਰਿਆਂ ਵੱਲੋਂ ਸਮਾਨਤਾ ਸਰਟੀਫਿਕੇਟ ਜਾਰੀ ਕਰਨ ਤੋਂ ਬਾਅਦ ਸੂਬਾਈ ਪੱਧਰ ਤੇ ਸਮਾਨਤਾ ਪੱਤਰ ਜਾਰੀ ਕਰਨ ਦੀ ਪ੍ਰਕਿਰਿਆ ਵਿਦਿਆਰਥੀ ਦੀ ਉਮੀਦਵਾਰੀ ਦੀ ਦੂਹਰੀ ਜਾਂਚ ਕਰਨ ਲਈ ਕੀਤੀ ਜਾਂਦੀ ਸੀ ਪਰ ਇਸ ਨਾਲ ਵਿਦਿਆਰਥੀ ਨੂੰ ਲੰਬੀ ਪ੍ਰਕਿਰਿਆ ਵਿੱਚੋਂ ਲੰਘਣਾ ਪੈਦਾ ਸੀ। ਬੋਰਡ ਵੱਲੋਂ ਫਰਵਰੀ, 2026 ਵਿੱਚ ਆਪਣੀ ਮੀਟਿੰਗ ਦੌਰਾਨ ਦੂਹਰੇ ਸਮਾਨਤਾ ਪੱਤਰ ਦੀ ਪ੍ਰਕਿਰਿਆ ਨਵੇਂ ਅਕਾਦਮਿਕ ਵਰ੍ਹੇ ਤੋਂ ਬੰਦ ਕਰਕੇ ਵਿਦਿਆਰਥੀਆਂ ਨੂੰ ਰਾਹਤ ਦਿੱਤੀ ਗਈ ਹੈ।

# ਮਲੋਟ ਨੂੰ ਵੱਡੀ ਰਾਹਤ : 12 ਕਰੋੜ ਦੀ ਲਾਗਤ ਨਾਲ ਬਣਿਆ ਅੰਡਰ ਬ੍ਰਿਜ ਲੋਕਾਂ ਨੂੰ ਸਮਰਪਿਤ

ਚੰਡੀਗੜ੍ਹ/ਮਲੋਟ/ਸ੍ਰੀ ਮੁਕਤਸਰ ਸਾਹਿਬ, 17 ਮਾਰਚ, (ਚ.ਨ.ਸ.) : ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਵਿਖੇ ਲਗਭਗ 12 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਅੰਡਰ ਬ੍ਰਿਜ ਦਾ ਉਦਘਾਟਨ ਕਰਦੇ ਹੋਏ ਇਸਨੂੰ ਇਲਾਕੇ ਦੇ ਲੋਕਾਂ ਨੂੰ ਸਮਰਪਿਤ ਕੀਤਾ। ਇਹ ਪ੍ਰੋਜੈਕਟ ਸੂਬਾ ਸਰਕਾਰ ਵੱਲੋਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੀਆਂ ਜਾ ਰਹੀਆਂ ਲਗਾਤਾਰ ਕੋਸ਼ਿਸ਼ਾਂ ਦਾ ਹਿੱਸਾ ਹੈ।



ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਅੰਡਰ ਬ੍ਰਿਜ ਮਲੋਟ ਸ਼ਹਿਰ ਵਾਸੀਆਂ ਲਈ ਇਕ ਵੱਡੀ ਸੌਗਾਤ ਹੈ, ਜੋ ਆਵਾਜਾਈ ਨੂੰ ਹੋਰ ਸੁਚਾਰੂ ਅਤੇ ਤੇਜ਼ ਬਣਾਉਂਦੇ ਹੋਏ ਰੋਜ਼ਾਨਾ ਆਉਣ-ਜਾਣ ਦੌਰਾਨ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਘੱਟ ਕਰੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਟ ?ਰੈਫਿਕ ਜਾਮ ਦੀ ਸਮੱਸਿਆ ਵਿੱਚ ਕਾਫੀ ਹੱਦ ਤੱਕ ਕਮੀ ਆਵੇਗੀ ਅਤੇ ਸੜਕ ਹਾਦਸਿਆਂ ਨੂੰ ਰੋਕਣ ਵਿੱਚ ਵੀ ਮਦਦ ਮਿਲੇਗੀ।

ਇਹ ਅੰਡਰ ਬ੍ਰਿਜ ਸਿਰਫ ਇੱਕ ਢਾਂਚਾਗਤ ਪ੍ਰੋਜੈਕਟ ਨਹੀਂ, ਸਗੋਂ ਮਲੋਟ ਦੇ ਲੋਕਾਂ ਦੇ ਸੁਪਨਿਆਂ ਦੀ ਪੂਰੀ ਹੋਈ ਤਸਵੀਰ ਹੈ। ਸਾਲਾਂ ਤੋਂ ਰੇਲਵੇ ਫਾਟਕਾਂ ਕਾਰਨ ਰੁਕਦੀ ਜ਼ਿੰਦਗੀ, ਦੇਰੀ ਨਾਲ ਪਹੁੰਚਦੇ ਵਿਦਿਆਰਥੀ ਅਤੇ ਐਮਰਜੈਂਸੀ ਸੇਵਾਵਾਂ ਨੂੰ ਆਉਂਦੀਆਂ ਰੁਕਾਵਟਾਂ ਹੁਣ ਬੀਤੇ ਸਮੇਂ ਦੀ ਗੱਲ ਬਣ ਜਾਣਗੀਆਂ। ਇਹ ਪ੍ਰੋਜੈਕਟ ਲੋਕਾਂ ਦੀ ਰੋਜ਼ਮਰਾ ਜ਼ਿੰਦਗੀ ਨੂੰ ਸੁਗਮ ਬਣਾਉਂਦੇ ਹੋਏ ਇਲਾਕੇ ਦੀ ਤਰੱਕੀ ਨੂੰ ਨਵੀਂ ਰਫ਼ਤਾਰ ਦੇਵੇਗਾ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਅੰਡਰ ਬ੍ਰਿਜ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਅੱਜ ਪੂਰੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਜੋ ਸ਼ਹਿਰ ਕਈ ਦਹਾਕਿਆਂ ਤੋਂ ਦੋ ਹਿੱਸਿਆਂ ਵਿੱਚ ਵੰਡਿਆ ਹੋਇਆ ਸੀ, ਹੁਣ ਇਸ ਅੰਡਰ ਬ੍ਰਿਜ ਨਾਲ ਸ਼ਹਿਰ ਦਾ ਸੁਮੇਲ ਸੰਭਵ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਵੇਗਾ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਪਹਿਲ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਸਰਬਪੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਦੀਆਂ ਹੋਰ ਸਮੱਸਿਆਵਾਂ ਵੀ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ।

# ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਸ਼ਰਧਾਲੂਆਂ ਲਈ ਵੱਡਾ ਤੋਹਫ਼ਾ

## 100 ਕਰੋੜ ਦੀ ਲਾਗਤ ਨਾਲ 6 ਮੰਜ਼ਿਲੀ ਮਲਟੀਲੇਬਲ ਪਾਰਕਿੰਗ ਆਰੰਭ



ਯਮੁਨਾਨਗਰ / ਪਟਨਾ, 17 ਮਾਰਚ (ਜਗਜੀਤ ਸਿੰਘ) : ਬਿਹਾਰ ਸਰਕਾਰ ਵੱਲੋਂ ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਆਉਣ ਵਾਲੀ ਵੱਡੀ ਗਿਣਤੀ ਵਿੱਚ ਸੰਗਤ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਸਰਕਾਰ ਨੇ ਕੰਗਣਘਾਟ ਗੁਰਦੁਆਰੇ ਦੇ ਸਾਹਮਣੇ ਲਗਭਗ 2 ਏਕੜ ਜ਼ਮੀਨ @ਤੇ 100 ਕਰੋੜ ਰੁਪਏ ਦੀ ਲਾਗਤ ਨਾਲ ਆਧੁਨਿਕ ਮਲਟੀਲੇਬਲ ਪਾਰਕਿੰਗ ਬਣਾਉਣ ਦੇ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਸ਼ਰਧਾਲੂਆਂ ਨੂੰ ਵੱਡੀ ਰਾਹਤ ਮਿਲੇਗੀ।

ਇਸ ਪ੍ਰੋਜੈਕਟ ਦਾ ਸ਼ੁਭ ਆਰੰਭ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਅਤੇ ਪੰਜ ਸਿੰਘ ਸਾਹਿਬਾਨਾਂ ਵੱਲੋਂ ਅਰਦਾਸ ਕਰਨ ਉਪਰੰਤ ਕੀਤਾ ਗਿਆ। ਇਸ ਮੌਕੇ ਕਾਰ ਸੇਵਾ ਭੂਰੀ ਦੇ ਬਾਬਾ ਗੁਰਵਿੰਦਰ ਸਿੰਘ ਅਤੇ ਕਾਰ ਸੇਵਾ ਦਿੱਲੀ ਦੇ ਬਾਬਾ ਗੁਰਨਾਮ ਸਿੰਘ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਰਹੀਆਂ।

ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਇਹ ਬਹੁ-ਪੱਧਰੀ ਪਾਰਕਿੰਗ ਛੇ ਮੰਜ਼ਿਲਾਂ ਵਿੱਚ ਤਿਆਰ ਕੀਤੀ ਜਾਵੇਗੀ। ਇਸ ਵਿੱਚ ਲਗਭਗ 500 ਕਾਰਾਂ ਅਤੇ 40 ਤੋਂ 50 ਬੱਸਾਂ ਅਤੇ ਟਰੱਕਾਂ ਦੀ ਪਾਰਕਿੰਗ ਦੀ ਵਿਵਸਥਾ ਹੋਵੇਗੀ। ਇਸ ਦੇ ਨਾਲ ਹੀ ਸੰਗਤ ਦੀ ਰਹਾਇਸ਼ ਲਈ ਦੋ ਮੰਜ਼ਿਲਾਂ @ਤੇ ਡੌਰਮਿਟਰੀ ਹਾਲ ਅਤੇ ਹੇਠਲੇ ਪੱਧਰ @ਤੇ ਬਾਥਰੂਮ ਆਦਿ ਦੀਆਂ ਸਹੂਲਤਾਂ ਵੀ ਉਪਲਬਧ ਕਰਵਾਈਆਂ ਜਾਣਗੀਆਂ।

ਉਨ੍ਹਾਂ ਹੋਰ ਦੱਸਿਆ ਕਿ ਇਹ ਪ੍ਰੋਜੈਕਟ ਕਲਸੀ ਬਿਟਕਨ ਨੂੰ ਸੌਂਪਿਆ ਗਿਆ ਹੈ, ਜੋ ਦੋ ਸਾਲਾਂ ਦੇ ਅੰਦਰ ਇਸ ਨੂੰ ਮੁਕੰਮਲ ਕਰੇਗੀ। ਪਾਰਕਿੰਗ ਦੀ ਵਿਵਸਥਾ ਇਸ ਤਰ੍ਹਾਂ ਤਿਆਰ ਕੀਤੀ ਜਾਵੇਗੀ ਕਿ ਮਰੀਨ ਡਰਾਈਵ ਤੋਂ ਆਉਣ ਵਾਲੇ ਵਾਹਨ ਸਿੱਧੇ ਪਾਰਕਿੰਗ ਵਿੱਚ ਦਾਖਲ ਹੋ ਸਕਣਗੇ ਅਤੇ ਉੱਥੋਂ ਬੈਟਰੀ ਨਾਲ ਚੱਲਣ ਵਾਲੇ ਰਿਕਸ਼ਿਆਂ ਰਾਹੀਂ ਸ਼ਰਧਾਲੂਆਂ ਨੂੰ ਤਖ਼ਤ ਸਾਹਿਬ ਤੱਕ ਪਹੁੰਚਾਇਆ ਜਾਵੇਗਾ।

ਇਸ ਮੌਕੇ ਕਮੇਟੀ ਦੇ ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਮੈਂਬਰ ਹਰਪਾਲ ਸਿੰਘ ਜੌਹਲ ਅਤੇ ਮੀਡੀਆ ਇੰਚਾਰਜ ਸੁਦੀਪ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

ਤਖ਼ਤ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਸਾਡੇ ਕਾਰਜਕਾਲ ਦੌਰਾਨ ਇੱਕ ਹੋਰ ਵੱਡਾ ਪ੍ਰੋਜੈਕਟ ਸ਼ੁਰੂ ਹੋਣਾ ਸਾਡੇ ਲਈ ਮਾਣ ਦੀ ਗੱਲ ਹੈ ਅਤੇ ਇਸ ਨਾਲ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਨੂੰ ਵੱਡੀ ਸੁਵਿਧਾ ਮਿਲੇਗੀ।

ਜਿਕਰਯੋਗ ਹੈ ਕਿ ਤਖ਼ਤ ਪਟਨਾ ਸਾਹਿਬ ਵਿਖੇ ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਦਰਸ਼ਨ ਕਰਨ ਆਉਂਦੇ ਹਨ, ਜਿਸ ਕਾਰਨ ਪਾਰਕਿੰਗ ਦੀ ਸਮੱਸਿਆ ਕਾਫ਼ੀ ਸਮੇਂ ਤੋਂ ਬਣੀ ਹੋਈ ਸੀ। ਨਵੇਂ ਬਹੁ-ਪੱਧਰੀ ਪਾਰਕਿੰਗ ਪ੍ਰੋਜੈਕਟ ਨਾਲ ਇਸ ਸਮੱਸਿਆ ਦਾ ਵੱਡੇ ਪੱਧਰ @ਤੇ ਹੱਲ ਹੋਣ ਦੀ ਉਮੀਦ ਹੈ।

# 8800 ਕਰੋੜ ਦੇ ਬਕਾਇਆ ਆਰ.ਡੀ.ਐਫ਼. ਨੂੰ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ : ਖੁੱਡੀਆਂ

ਚੰਡੀਗੜ੍ਹ, 17 ਮਾਰਚ, (ਚ.ਨ.ਸ.) : ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਕਿਹਾ ਕਿ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਰੋਕਣ ਵਿੱਚ ਪੰਜਾਬ ਦੀ ਸਫਲਤਾ ਨੂੰ ਸਿਰਫ਼ ਸਵੀਕਾਰ ਕਰਨਾ ਹੀ ਕਾਫ਼ੀ ਨਹੀਂ ਹੈ ਸਗੋਂ ਕੇਂਦਰ ਨੂੰ ਹੁਣ ਸੂਬੇ ਦੇ ਲੰਬਿਤ ਵਿੱਤੀ ਬਕਾਏ ਜਾਰੀ ਕਰਕੇ ਸੂਬੇ ਨਾਲ ਇਨਸਾਫ਼ ਕਰਨਾ ਚਾਹੀਦਾ ਹੈ।



ਕੇਂਦਰੀ ਵਾਤਾਵਰਣ ਰਾਜ ਮੰਤਰੀ ਸ੍ਰੀ ਕੀਰਤੀ ਵਰਧਨ ਸਿੰਘ ਵੱਲੋਂ ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਜਿਸ ਵਿੱਚ ਸਾਲ 2022 ਤੋਂ ਪੰਜਾਬ ਅਤੇ ਹਰਿਆਣਾ ਵਿੱਚ ਫਸਲੀ ਰਹਿੰਦ-ਖੂਹੰਦ ਸਾੜਨ ਦੀਆਂ ਘਟਨਾਵਾਂ ਵਿੱਚ 90 ਫੀਸਦ ਤੋਂ ਵੱਧ ਦੀ ਸਮੂਹਿਕ ਕਮੀ ਦੀ ਪੁਸ਼ਟੀ ਕੀਤੀ ਗਈ ਹੈ, ਬਾਰੇ ਬੋਲਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਆਖਰਕਾਰ ਸੱਚਾਈ ਨੂੰ ਸਵੀਕਾਰ ਕਰ ਲਿਆ ਹੈ ਪਰ ਉਹਨਾਂ ਵੱਲੋਂ ਪੇਂਡੂ ਵਿਕਾਸ ਫੰਡ (ਆਰਡੀਐਫ) ਦੇ 8800 ਕਰੋੜ ਰੁਪਏ ਦੇ ਬਕਾਏ ਨੂੰ ਰੋਕਣਾ ਗੈਰ-ਵਾਜ਼ਬ ਹੈ।

ਉਨ੍ਹਾਂ ਟਿੱਪਣੀ ਕੀਤੀ ਕਿ ਇਹ ਹਾਸੋਹੀਣਾ ਹੈ ਕਿ ਪੰਜਾਬ ਦੇ ਕਿਸਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਕੰਟਰੋਲ ਕਰਨ ਵਿੱਚ ਆਪਣਾ ਖੂਨ-ਪਸੀਨਾ ਵਹਾ ਰਹੇ ਹਨ ਅਤੇ ਦੇਸ਼ ਦਾ 'ਅੰਨਦਾਤਾ' ਹੋਣ ਦੇ ਨਾਤੇ ਵਜੋਂ ਦੇਸ਼ ਦਾ ਢਿੱਡ ਵੀ ਭਰ ਰਹੇ ਹਨ, ਪਰ ਕੇਂਦਰ ਸਰਕਾਰ ਵੱਲੋਂ ਸੂਬੇ ਨੂੰ ਇਸਦੇ ਜਾਇਜ਼ ਬਕਾਏ ਦਾ ਭੁਗਤਾਨ ਕਰਨ ਤੋਂ ਇਨਕਾਰ ਕੀਤਾ ਜਾ ਰਿਹਾ ਹੈ।

ਕੇਂਦਰ ਸਰਕਾਰ ਦੀ ਇਸ ਪੁਸ਼ਟੀ ਬਾਰੇ ਬੋਲਦਿਆਂ ਖੇਤੀਬਾੜੀ ਮੰਤਰੀ ਖੁੱਡੀਆਂ ਨੇ ਕਿਹਾ ਕਿ ਅੰਕੜਿਆਂ ਨੇ ਉਨ੍ਹਾਂ ਆਲੋਚਕਾਂ ਨੂੰ ਪੂਰੀ ਤਰ੍ਹਾਂ ਚੁੱਪ ਕਰਵਾ ਦਿੱਤਾ ਹੈ ਜੋ ਲਗਾਤਾਰ ਪੰਜਾਬ ਦੇ ਕਿਸਾਨਾਂ ਨੂੰ ਨਿਸ਼ਾਨਾ ਬਣਾਉਂਦੇ ਸਨ ਅਤੇ ਉੱਤਰੀ ਭਾਰਤ ਦੇ ਹਵਾ ਪ੍ਰਦੂਸ਼ਣ ਦੇ ਸੰਕਟ ਲਈ ਰਾਜ ਨੂੰ ਜ਼ਿੰਮੇਵਾਰ ਠਹਿਰਾਉਂਦੇ ਸਨ। ਜਿਨ੍ਹਾਂ ਲੋਕਾਂ ਨੇ ਪੰਜਾਬ ਵਿਰੁੱਧ ਬਦਨਾਮੀ ਮੁਹਿੰਮ ਚਲਾਈ ਅਤੇ ਦਾਅਵਾ ਕੀਤਾ ਕਿ ਪਰਾਲੀ ਸਾੜਨਾ ਕਦੇ ਖਤਮ ਨਹੀਂ ਹੋਵੇਗਾ, ਉਨ੍ਹਾਂ ਨੂੰ ਹੁਣ ਆਪਣੇ ਸ਼ਬਦ ਵਾਪਸ ਲੈ ਲੈਣੇ ਚਾਹੀਦੇ ਹਨ।

# ਦਿੱਲੀ ਦੇ ਨੌਜਵਾਨਾਂ ਦੀ ਆਵਾਜ਼ ਨੂੰ ਕਾਰਵਾਈ ਵਿੱਚ ਬਦਲਣਾ ਸਾਡੀ ਵਚਨਬੱਧਤਾ : ਹਰਮੀਤ ਸਿੰਘ ਕਾਲਕਾ

ਨਵੀਂ ਦਿੱਲੀ 17 ਮਾਰਚ, (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦਿੱਲੀ ਰਾਜ ਦੇ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਉਤਸ਼ਾਹੀ ਨੌਜਵਾਨਾਂ ਨਾਲ ਗੱਲਬਾਤ ਦੌਰਾਨ ਆਪਣੇ ਤਜਰਬੇ ਸਾਂਝੇ ਕਰਦੇ ਹੋਏ ਕਿਹਾ ਕਿ ਇਹ ਮੁਲਾਕਾਤ ਬਹੁਤ ਹੀ ਸਦਭਾਵਨਾ ਵਾਲੀ ਅਤੇ ਪ੍ਰੇਰਣਾਦਾਇਕ ਰਹੀ।




ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀਆਂ ਚੁਣੌਤੀਆਂ ਅਤੇ ਉਨ੍ਹਾਂ ਦੀਆਂ ਆਸਾਂ ਨੂੰ ਨਜ਼ਦੀਕ ਤੋਂ ਸੁਣਨਾ ਸਾਡੇ ਸਾਹਮਣੇ ਜ਼ਿੰਮੇਂਵਾਰੀਆਂ ਦਾ ਅਹਿਸਾਸ ਕਰਾਉਂਦਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਦਿੱਲੀ ਦੇ ਨੌਜਵਾਨਾਂ ਦੀ ਊਰਜਾ ਹੀ ਇਸ ਸ਼ਹਿਰ ਦੀ ਧੜਕਣ ਹੈ, ਜੋ ਸਮਾਜਿਕ ਅਤੇ ਰਾਜਨੀਤਿਕ ਬਦਲਾਅ ਲਈ ਇੱਕ ਮਜ਼ਬੂਤ ਤਾਕਤ ਵਜੋਂ ਸਾਹਮਣੇ ਆ ਰਹੀ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਉਹ ਨੌਜਵਾਨਾਂ ਦੇ ਫਿਕਰਾਂ ਨੂੰ ਕੇਵਲ ਸੁਣਨ ਤੱਕ ਸੀਮਿਤ ਨਹੀਂ ਰਹਿਣਗੇ, ਬਲਕਿ ਉਨ੍ਹਾਂ ਨੂੰ ਢੁੱਕਵੇਂ ਅਤੇ ਠੋਸ ਕਦਮਾਂ ਵਿੱਚ ਤਬਦੀਲ ਕਰਨ ਲਈ ਦ੍ਰਿੜ ਨਿਸ਼ਚੇ ਨਾਲ ਕੰਮ ਕਰਨਗੇ। ਉਨ੍ਹਾਂ ਨੇ ਦਾਅਵਾ ਕੀਤਾ ਕਿ ਨੌਜਵਾਨ ਸ਼ਕਤੀ ਨੂੰ ਸਹੀ ਦਿਸ਼ਾ ਵਿੱਚ ਲੈ ਕੇ ਜਾਣਾ ਹੀ ਸਮਾਜ ਦੇ ਉਜਵਲ ਭਵਿੱਖ ਦਾ ਕੇਂਦਰ ਬਿੰਦੂ ਹੈ।

ਉਨ੍ਹਾਂ ਕਿਹਾ ਕਿ ਸਾਂਝੀ ਸੋਚ ਅਤੇ ਮਿਲਜੁਲ ਕਰ ਕੀਤੇ ਯਤਨਾਂ ਨਾਲ ਹੀ ਅਸੀਂ ਇੱਕ ਮਜ਼ਬੂਤ, ਪ੍ਰਗਤੀਸ਼ੀਲ ਅਤੇ ਨੌਜਵਾਨ-ਕੇਂਦ੍ਰਿਤ ਦਿੱਲੀ ਦਾ ਨਿਰਮਾਣ ਕਰ ਸਕਦੇ ਹਾਂ।

## ਸੰਪਾਦਕੀ

# ਰੂਸੀ ਤੇਲ ਦੀ ਵਾਪਸੀ ਅਤੇ ਅਮਰੀਕੀ ਹਕੀਕਤਪਸੰਦ ਨੀਤੀ

ਵਿਸ਼ਵ ਰਾਜਨੀਤੀ ਦੇ ਇਤਿਹਾਸ ਵਿੱਚ ਇਹ ਗੱਲ ਵਾਰ-ਵਾਰ ਸਾਬਤ ਹੋਈ ਹੈ ਕਿ ਕੂਟਨੀਤੀ ਦੇ ਮੈਦਾਨ ਵਿੱਚ ਸਿਧਾਂਤਾਂ ਨਾਲੋਂ ਹਾਲਾਤ ਦੀ ਲੋੜ ਕਿਤੇ ਵੱਧ ਪ੍ਰਭਾਵਸ਼ਾਲੀ ਹੁੰਦੀ ਹੈ। ਅਮਰੀਕਾ ਦੇ ਡੋਨਾਲਡ ਟਰੰਪ ਪ੍ਰਸ਼ਾਸਨ ਵੱਲੋਂ ਰੂਸੀ ਤੇਲ ਉੱਤੇ ਲਗਾਈਆਂ ਗਈਆਂ ਪਾਬੰਦੀਆਂ ਨੂੰ 30 ਦਿਨਾਂ ਲਈ ਮੁਅੱਤਲ ਕਰਨ ਦਾ ਤਾਜ਼ਾ ਫੈਸਲਾ ਇਸੇ 'ਵਿਵਹਾਰਕਤਾ' ਜਾਂ ਹਕੀਕਤਪਸੰਦੀ ਦਾ ਇੱਕ ਜਿਉਂਦਾ-ਜਾਗਦਾ ਪ੍ਰਮਾਣ ਹੈ। ਇਹ ਕਦਮ ਸਿਰਫ਼ ਊਰਜਾ ਬਾਜ਼ਾਰ ਦੀਆਂ ਕੀਮਤਾਂ ਨੂੰ ਨਿਯੰਤਰਿਤ ਕਰਨ ਦੀ ਇੱਕ ਕੋਸ਼ਿਸ਼ ਮਾਤਰ ਨਹੀਂ ਹੈ ਸਗੋਂ ਇਹ ਵਾਸ਼ਿੰਗਟਨ ਅਤੇ ਮਾਸਕੋ ਦੇ ਵਿਚਕਾਰ ਇੱਕ ਨਵੀਂ ਸਿਆਸੀ ਸਮਝ ਪੈਦਾ ਹੋਣ ਦੇ ਸੰਕੇਤ ਵਜੋਂ ਵੀ ਦੇਖਿਆ ਜਾ ਰਿਹਾ ਹੈ। ਅਸਲ ਵਿੱਚ ਮੱਧ-ਪੂਰਬ ਵਿੱਚ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਵਿਰੁੱਧ ਵਿੱਢੀ ਗਈ ਫੌਜੀ ਮੁਹਿਮ ਨੇ ਖਾੜੀ ਖੇਤਰ ਵਿੱਚ ਅਸਥਿਰਤਾ ਦਾ ਜੋ ਮਾਹੌਲ ਪੈਦਾ ਕੀਤਾ ਹੈ, ਉਸ ਨੇ ਪੂਰੀ ਦੁਨੀਆ ਦੀ ਊਰਜਾ ਸਪਲਾਈ ਨੂੰ ਖ਼ਤਰੇ ਵਿੱਚ ਪਾ ਦਿੱਤਾ ਹੈ। ਈਰਾਨ ਵੱਲੋਂ ਵਿਸ਼ਵ ਦੇ ਸਭ ਤੋਂ ਮਹੱਤਵਪੂਰਨ ਤੇਲ ਰਸਤੇ 'ਹੋਰਮੁਜ਼ ਜਲਡਮਰੂ' ਨੂੰ ਪ੍ਰਭਾਵੀ ਰੂਪ ਵਿੱਚ ਬੰਦ ਕਰਨ ਦੀ ਕੋਸ਼ਿਸ਼ ਨੇ ਕੱਚੇ ਤੇਲ ਦੀਆਂ ਕੀਮਤਾਂ ਨੂੰ 70 ਡਾਲਰ ਤੋਂ ਵਧਾ ਕੇ 110 ਡਾਲਰ ਪ੍ਰਤੀ ਬੈਰਲ ਤੱਕ ਪਹੁੰਚਾ ਦਿੱਤਾ ਹੈ। ਅਜਿਹੇ ਗੰਭੀਰ ਆਰਥਿਕ ਝਟਕੇ ਨੇ ਅਮਰੀਕਾ ਨੂੰ ਇਹ ਸੋਚਣ 'ਤੇ ਮਜਬੂਰ ਕਰ ਦਿੱਤਾ ਕਿ ਵਿਸ਼ਵ ਅਰਥਚਾਰੇ ਨੂੰ ਬਚਾਉਣ ਲਈ ਰੂਸੀ ਤੇਲ ਦੀ ਵਾਪਸੀ ਲਾਜ਼ਮੀ ਹੈ।

ਇਸ ਫੈਸਲੇ ਦੀ ਡੂੰਘਾਈ ਨੂੰ ਸਮਝੀਏ ਤਾਂ ਇਹ ਸਪੱਸ਼ਟ ਹੁੰਦਾ ਹੈ ਕਿ ਅਮਰੀਕਾ ਨੇ ਯੂਕਰੇਨ ਜੰਗ ਕਾਰਨ ਰੂਸ 'ਤੇ ਲਗਾਈਆਂ ਸਖ਼ਤ ਪਾਬੰਦੀਆਂ ਨੂੰ ਪੂਰੀ ਤਰ੍ਹਾਂ ਖ਼ਤਮ ਕੀਤੇ ਬਿਨਾਂ ਇੱਕ ਵਿਚਕਾਰਲਾ ਰਸਤਾ ਲੱਭਣ ਦੀ ਕੋਸ਼ਿਸ਼ ਕੀਤੀ ਹੈ। ਊਰਜਾ ਸਪਲਾਈ ਵਿੱਚ ਆਈ ਕਮੀ ਨੂੰ ਪੂਰਾ ਕਰਨ ਲਈ ਰੂਸੀ ਤੇਲ ਦੇ ਪ੍ਰਵਾਹ ਦੀ ਇਜਾਜ਼ਤ ਦੇਣਾ ਮਾਰਕੀਟ ਵਿੱਚ ਕੀਮਤਾਂ ਨੂੰ ਸਥਿਰ ਕਰਨ ਦੀ ਇੱਕ ਰਣਨੀਤਕ ਚਾਲ ਹੈ। ਦਿਲਚਸਪ ਗੱਲ ਇਹ ਹੈ ਕਿ ਇਸ ਛੋਟ ਦੀ ਸ਼ੁਰੂਆਤ ਭਾਰਤ ਤੋਂ ਹੋਈ ਸੀ ਜੋ ਨਵੀਂ ਦਿੱਲੀ ਦੀ ਵਧਦੀ ਹੋਈ ਊਰਜਾ ਮੰਗ ਅਤੇ ਵਿਸ਼ਵ ਮੰਡੀ ਵਿੱਚ ਉਸ ਦੇ ਮਹੱਤਵਪੂਰਨ ਕੱਦ ਨੂੰ ਦਰਸਾਉਂਦੀ ਹੈ। ਬਾਅਦ ਵਿੱਚ ਇਸ ਨੂੰ ਸਾਰੇ ਖਰੀਦਦਾਰਾਂ ਲਈ ਵਧਾਉਣਾ ਇਸ ਗੱਲ ਦਾ ਇਕਬਾਲ ਹੈ ਕਿ ਤੇਜ਼ੀ ਨਾਲ ਬਦਲਦੇ ਭੂ-ਰਾਜਨੀਤਿਕ ਹਾਲਾਤ ਵਿੱਚ ਵਾਸ਼ਿੰਗਟਨ ਆਪਣੇ ਸਖ਼ਤ ਰੁਖ਼ ਵਿੱਚ ਲਚਕਤਾ ਲਿਆਉਣ ਲਈ ਤਿਆਰ ਹੈ। ਹਾਲਾਂਕਿ, ਇਸ ਲਚਕਤਾ ਨੇ ਯੂਰਪੀ ਦੇਸ਼ਾਂ ਵਿੱਚ ਚਿੰਤਾ ਦੀ ਲਹਿਰ ਪੈਦਾ ਕਰ ਦਿੱਤੀ ਹੈ। ਯੂਰਪੀ ਮੁਲਕਾਂ ਦਾ ਤਰਕ ਹੈ ਕਿ ਪਾਬੰਦੀਆਂ ਵਿੱਚ ਅਜਿਹੀ ਢਿੱਲ ਰੂਸ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰੇਗੀ ਅਤੇ ਯੂਕਰੇਨ ਜੰਗ ਨੂੰ ਖਤਮ ਕਰਨ ਲਈ ਮਾਸਕੋ 'ਤੇ ਪਾਇਆ ਜਾ ਰਿਹਾ ਦਬਾਅ ਕਮਜ਼ੋਰ ਪੈ ਜਾਵੇਗਾ।

ਇਹ ਸਥਿਤੀ ਉਸ ਕੌੜੀ ਸੱਚਾਈ ਨੂੰ ਵੀ ਉਜਾਗਰ ਕਰਦੀ ਹੈ, ਜਿਸ ਨੂੰ ਪੱਛਮੀ ਦੇਸ਼ ਲੰਬੇ ਸਮੇਂ ਤੋਂ ਨਜ਼ਰਅੰਦਾਜ਼ ਕਰਨ ਦੀ ਕੋਸ਼ਿਸ਼ ਕਰ ਰਹੇ ਸਨ ਕਿ ਵਿਸ਼ਵ ਊਰਜਾ ਪ੍ਰਣਾਲੀ ਅੱਜ ਵੀ ਰੂਸੀ ਹਾਈਡਰੋਕਾਰਬਨ 'ਤੇ ਬਹੁਤ ਜ਼ਿਆਦਾ ਨਿਰਭਰ ਹੈ। ਰੂਸ ਨਾ ਸਿਰਫ਼ ਤੇਲ ਦਾ ਇੱਕ ਵੱਡਾ ਸਰੋਤ ਹੈ ਸਗੋਂ ਉਹ ਮੱਧ-ਪੂਰਬ ਵਿੱਚ ਸਥਿਰਤਾ ਬਣਾਏ ਰੱਖਣ ਵਿੱਚ ਵੀ ਇੱਕ ਅਹਿਮ ਭੂਮਿਕਾ ਨਿਭਾ ਸਕਦਾ ਹੈ। ਟਰੰਪ ਪ੍ਰਸ਼ਾਸਨ ਦਾ ਇਹ 30 ਦਿਨਾਂ ਦਾ ਵੇਵਰ (ਛੋਟ) ਭਾਵੇਂ ਇੱਕ ਅਸਥਾਈ ਤਬਦੀਲੀ ਲੱਗਦੀ ਹੋਵੇ ਪਰ ਇਹ ਆਉਣ ਵਾਲੇ ਸਮੇਂ ਵਿੱਚ ਇੱਕ ਵੱਡੀ ਰਣਨੀਤਕ ਤਬਦੀਲੀ ਦਾ ਆਧਾਰ ਬਣ ਸਕਦੀ ਹੈ। ਯੂਕਰੇਨ ਦੇ ਮੁੱਦੇ 'ਤੇ ਰੂਸ ਨਾਲ ਕਿਸੇ ਤਰਕਪੂਰਨ ਸਮਝੌਤੇ 'ਤੇ ਪਹੁੰਚਣਾ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਡਿਪਲੋਮੈਟਿਕ ਚੁਣੌਤੀ ਹੈ। ਭਾਰਤ ਲਈ ਇਹ ਸਥਿਤੀ ਇੱਕ ਵੱਡਾ ਰਣਨੀਤਕ ਮੌਕਾ ਪੈਦਾ ਕਰਦੀ ਹੈ। ਨਵੀਂ ਦਿੱਲੀ ਨੂੰ ਚਾਹੀਦਾ ਹੈ ਕਿ ਉਹ ਵਾਸ਼ਿੰਗਟਨ ਅਤੇ ਮਾਸਕੋ ਦੇ ਵਿਚਕਾਰ ਬਣ ਰਹੇ ਇਸ ਨਵੇਂ ਸੰਤੁਲਨ ਦਾ ਫਾਇਦਾ ਉਠਾਉਂਦੇ ਹੋਏ ਆਪਣੀ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਏ ਅਤੇ ਵਿਸ਼ਵ ਮੰਚ 'ਤੇ ਆਪਣੀ ਭੂਮਿਕਾ ਨੂੰ ਹੋਰ ਮਜ਼ਬੂਤੀ ਨਾਲ ਪੇਸ਼ ਕਰੇ। ਇਹ ਕਦਮ ਸਾਬਤ ਕਰਦਾ ਹੈ ਕਿ ਜਦੋਂ ਗੱਲ ਆਰਥਿਕ ਹੋਂਦ ਦੀ ਆਉਂਦੀ ਹੈ ਤਾਂ ਵੱਡੀਆਂ ਸ਼ਕਤੀਆਂ ਵੀ ਆਪਣੇ ਵਿਰੋਧੀਆਂ ਨਾਲ ਸਮਝੌਤਾ ਕਰਨ ਤੋਂ ਗੁਰੇਜ਼ ਨਹੀਂ ਕਰਦੀਆਂ।

-ਜਗਜੀਤ ਸਿੰਘ ਦਰਦੀ

# ਕਰਜ਼ੇ ਵਿੱਚ ਡੁੱਬਦੇ ਰਾਜ ਲੋਕਤੰਤਰ ਦੇ ਲੋਕ ਕਲਿਆਣ ਨੈਰੇਟਿਵ ਲਈ ਖ਼ਤਰਾ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਕੈਗ ਰਿਪੋਰਟ: ਪ੍ਰਬੰਧਕੀ ਅਸਫਲਤਾ ਦਾ ਦਸਤਾਵੇਜ਼
### ਕਰਜ਼ੇ ਦੇ ਬੋਝ ਹੇਠਾਂ ਦਬਦਾ ਪੰਜਾਬ: ਮੁਫ਼ਤ ਦੀ ਰਾਜਨੀਤੀ ਤੋਂ ਵਿੱਤੀ ਸੰਜਮ ਤੱਕ ਦਾ ਸਫ਼ਰ

ਭਾਰਤੀ ਲੋਕਤੰਤਰ ਵਿੱਚ ਜ਼ਿਆਦਾ ਸਰਕਾਰਾਂ ਅੱਜ ਕਰਜ਼ੇ ਵਿੱਚ ਡੁੱਬੀਆਂ ਹੋਈਆਂ ਹਨ । ਇਹਨਾਂ ਦੇ ਪਿੱਛੇ ਇੱਕੋ ਇੱਕ ਵੱਡਾ ਕਾਰਨ ਹੈ ਲੋਕ ਲੁਭਾਵਣ ਮੁਫਤ ਦੀਆਂ ਯੋਜਨਾਵਾਂ ਤੇ ਵੋਟਾਂ ਦੀ ਰਾਜਨੀਤੀ। ਲੋਕਤੰਤਰ ਦਾ ਇਹ ਪਹਿਲੂ ਕਿੱਥੇ ਲੈ ਜਾਵੇਗਾ ਨਵੀਂ ਪੀੜ੍ਹੀ ਦੇ ਭਵਿੱਖ ਨੂੰ ।

ਇਹ ਸਵਾਲ ਅੱਜ ਸਭ ਤੋਂ ਪੰਜਾਬ ਦੀ ਆਰਥਿਕ ਹਾਲਤ ਅੱਜ ਸਿਰਫ਼ ਇੱਕ ਰਾਜ ਦੀ ਅੰਦਰੂਨੀ ਸਮੱਸਿਆ ਨਹੀਂ ਰਹੀ; ਇਹ ਭਾਰਤੀ ਸੰਘੀ ਢਾਂਚੇ ਲਈ ਵੀ ਇੱਕ ਗੰਭੀਰ ਚੇਤਾਵਨੀ ਹੈ। ਲਗਭਗ 5 ਲੱਖ ਕਰੋੜ ਰੁਪਏ ਦੇ ਕਰਜ਼ੇ ਦਾ ਬੋਝ—ਜੋ ਰਾਜ ਦੇ ਕੁੱਲ ਘਰੇਲੂ ਉਤਪਾਦ (GSDP) ਦੇ ਕਰੀਬ 45-50 ਫ਼ੀਸਦੀ ਦੇ ਆਸ-ਪਾਸ ਪਹੁੰਚਦਾ ਹੈ—ਇਸ ਗੱਲ ਦਾ ਸੰਕੇਤ ਹੈ ਕਿ ਪੰਜਾਬ ਦੀ ਅਰਥਵਿਵਸਥਾ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਛੋਟੇ-ਮੋਟੇ ਸੁਧਾਰ ਹੁਣ ਕਾਫ਼ੀ ਨਹੀਂ ਰਹੇ। Comptroller and Auditor General of India ਦੀ 2024-25 ਦੀ ਰਿਪੋਰਟ ਨੇ ਇਸ ਸੱਚਾਈ ਨੂੰ ਨਿਰਵਸਤ੍ਰ ਕਰ ਦਿੱਤਾ ਹੈ। ਇਹ ਰਿਪੋਰਟ ਸਿਰਫ਼ ਅੰਕੜਿਆਂ ਦਾ ਜੋੜ ਨਹੀਂ, ਸਗੋਂ ਉਹ ਦਰਪਣ ਹੈ, ਜਿਸ ਵਿੱਚ ਪੰਜਾਬ ਦੀਆਂ ਸਰਕਾਰਾਂ ਦੀ ਵਿੱਤੀ ਨੀਤੀ, ਰਾਜਨੀਤਿਕ ਪ੍ਰਾਥਮਿਕਤਾਵਾਂ ਅਤੇ ਪ੍ਰਬੰਧਕੀ ਕਮਜ਼ੋਰੀਆਂ ਸਾਫ਼ ਦਿਖਾਈ ਦਿੰਦੀਆਂ ਹਨ।

**ਅੱਜ ਕਰਜ਼ੇ ਦਾ ਵਧਦਾ ਪਹਾੜ ਜੇ ਅੰਕੜਿਆਂ ਦੀ ਭਾਸ਼ਾ ਵਿੱਚ ਸੰਕਟ ਵਿੱਚ ਹੈ। ਅੱਜ ਪੰਜਾਬ ਦਾ ਕੁੱਲ ਕਰਜ਼ਾ:**

2015-16: ਲਗਭਗ 1.8 ਲੱਖ ਕਰੋੜ
2020-21: 2.7 ਲੱਖ ਕਰੋੜ ਤੋਂ ਵੱਧ
2024-25: 5 ਲੱਖ ਕਰੋੜ ਦੇ ਨੇੜੇ ਹੈ।

ਅੱਜ ਇਹ ਵਾਧਾ ਸਿਰਫ਼ ਇੱਕ ਆਰਥਿਕ ਗਤੀਵਿਧੀ ਨਹੀਂ, ਸਗੋਂ ਇੱਕ ਸੰਰਚਨਾਤਮਕ ਖਾਮੀ ਨੂੰ ਦਰਸਾਉਂਦਾ ਹੈ। ਕਰਜ਼ਾ ਵਧਣ ਦੀ ਗਤੀ ਰਾਜ ਦੀ ਆਮਦਨ ਦੇ ਵਾਧੇ ਨਾਲੋਂ ਕਈ ਗੁਣਾ ਤੇਜ਼ ਹੈ।

ਅੱਜ ਵਿਆਜ ਭੁਗਤਾਨ ਸਾਲਾਨਾ ਲਗਭਗ 20,000-25,000 ਕਰੋੜ ਰੁਪਏ ਇਸਦਾ ਅਰਥ ਹੈ ਕਿ ਹਰ ਸਾਲ ਰਾਜ ਦੀ ਕਮਾਈ ਦਾ ਵੱਡਾ ਹਿੱਸਾ ਸਿਰਫ਼ ਪੁਰਾਣੇ ਕਰਜ਼ੇ ਦੀ ਸੇਵਾ ਵਿੱਚ ਹੀ ਖਰਚ ਹੋ ਜਾਂਦਾ ਹੈ।

ਅੱਜ ਰੇਵਨਿਊ ਘਾਟ 'ਚ ਲਗਾਤਾਰ ਵਧਦਾ ਹੋਇਆ ਹੈ। ਕਈ ਵਾਰ 20,000 ਕਰੋੜ ਰੁਪਏ ਤੋਂ ਉੱਪਰ ਇਹ ਦਰਸਾਉਂਦਾ ਹੈ ਕਿ ਰਾਜ ਆਪਣੀ ਰੋਜ਼ਾਨਾ ਦੀ ਖਰਚ ਲਈ ਵੀ ਕਰਜ਼ਾ ਲੈ ਰਿਹਾ ਹੈ—ਜੋ ਕਿ ਕਿਸੇ ਵੀ ਅਰਥਵਿਵਸਥਾ ਲਈ ਖਤਰਨਾਕ ਸੰਕੇਤ ਹੁੰਦਾ ਹੈ।

ਅੱਜ ਕੈਗ ਰਿਪੋਰਟ ਅਨੁਸਾਰ ਪ੍ਰਬੰਧਕੀ ਅਸਫਲਤਾ ਦਾ ਦਸਤਾਵੇਜ਼ Comptroller and Auditor General of India ਨੇ ਆਪਣੀ ਰਿਪੋਰਟ ਵਿੱਚ ਕੁਝ ਬਹੁਤ ਹੀ ਮਹੱਤਵਪੂਰਨ ਨੁਕਤੇ ਉਭਾਰੇ ਹਨ। ਅੱਜ ਵਿੱਤੀ ਅਨੁਸ਼ਾਸਨ ਦੀ ਉਲੰਘਣਾ ਫਿਸਕਲ ਡੈਫਿਸਿਟ ਕਈ ਵਾਰ ਨਿਰਧਾਰਿਤ ਸੀਮਾਵਾਂ ਤੋਂ ਵੱਧ ਗਿਆ—ਜੋ ਕਿ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ ਕਾਨੂੰਨ (FRBM) ਦੀ ਆਤਮਾ ਦੇ ਖਿਲਾਫ਼ ਹੈ। ਅੱਜ ਆਫ-ਬਜਟ ਲਾਇਬਿਲਿਟੀਆਂ ਬਿਜਲੀ ਬੋਰਡ ਅਤੇ ਹੋਰ ਨਿਗਮਾਂ ਰਾਹੀਂ ਲਿਆ ਗਿਆ ਕਰਜ਼ਾ ਅਕਸਰ ਸਿੱਧੇ ਬਜਟ ਵਿੱਚ ਦਰਸਾਇਆ ਨਹੀਂ ਗਿਆ—ਇਸ ਨਾਲ ਅਸਲੀ ਕਰਜ਼ਾ ਹੋਰ ਵੱਧ ਹੈ। ਰੇਵਨਿਊ ਖਰਚ ਦਾ ਬੇਕਾਬੂ ਵਾਧਾ ਤਨਖਾਹਾਂ, ਪੈਨਸ਼ਨਾਂ ਅਤੇ ਸਬਸਿਡੀਆਂ ਮਿਲਾ ਕੇ ਕੁੱਲ ਰੇਵਨਿਊ ਦਾ 60-70 ਫ਼ੀਸਦੀ ਖਰਚ ਹੁੰਦਾ ਹੈ।

ਅੱਜ ਪਬਲਿਸਿਟੀ 'ਤੇ ਵੱਡਾ ਖਰਚ ਸਰਕਾਰਾਂ ਨੇ ਸਾਲਾਨਾ ਸੈਂਕੜਿਆਂ ਕਰੋੜ ਰੁਪਏ ਪ੍ਰਚਾਰ 'ਤੇ ਖਰਚ ਕੀਤੇ—ਜੋ ਕਿ ਵਿਕਾਸ ਦੇ ਬਦਲੇ ਛਵੀ ਨਿਰਮਾਣ 'ਤੇ ਧਿਆਨ ਦਿੰਦਾ ਹੈ। ਅੱਜ ਮੁਫ਼ਤ ਦੀ ਰਾਜਨੀਤੀ: ਲੋਕਤੰਤਰ ਦਾ ਆਰਥਿਕ ਸੰਕਟ ਪੰਜਾਬ ਵਿੱਚ ਮੁਫ਼ਤ ਬਿਜਲੀ, ਪਾਣੀ, ਸਿਹਤ ਅਤੇ ਸਿੱਖਿਆ ਵਰਗੀਆਂ ਸਕੀਮਾਂ ਇੱਕ ਲੰਬੇ ਸਮੇਂ ਤੋਂ ਚੱਲ ਰਹੀ ਰਾਜਨੀਤਿਕ ਰਣਨੀਤੀ ਦਾ ਹਿੱਸਾ ਹਨ।

ਇਹ ਸਕੀਮਾਂ ਦੋਹਾਂ ਪੱਖਾਂ ਵਾਲੀ ਤਲਵਾਰ ਹਨ। ਅੱਜ ਸਕਾਰਾਤਮਕ ਪੱਖੋਂ ਗਰੀਬ ਅਤੇ ਮੱਧਵਰਗ ਨੂੰ ਤੁਰੰਤ ਰਾਹਤ ਸਮਾਜਿਕ ਅਤੇ ਅਸਮਾਨਤਾਵਾਂ ਵਿੱਚ ਘਾਟ ਅਤੇ ਨਕਾਰਾਤਮਕ ਪੱਖ ਸਾਲਾਨਾ ਹਜ਼ਾਰਾਂ ਕਰੋੜ ਰੁਪਏ ਦਾ ਬੋਝ ਬਿਜਲੀ ਸਬਸਿਡੀ ਹੀ ਕਈ ਵਾਰ 15,000-20,000 ਕਰੋੜ ਤੱਕ ਪਹੁੰਚ ਜਾਂਦੀ ਹੈ।

ਅੱਜ ਉਤਪਾਦਕ ਨਿਵੇਸ਼ (ਇੰਫਰਾਸਟਰਕਚਰ, ਉਦਯੋਗ) ਲਈ ਪੈਸਾ ਘੱਟ ਬਚਦਾ ਹੈ। ਇਸ ਸੰਦਰਭ ਵਿੱਚ ਸੁਪਰੀਮ ਕੋਰਟ ਦੀਆਂ ਟਿੱਪਣੀਆਂ ਵੀ ਮਹੱਤਵਪੂਰਨ ਹਨ, ਜਿੱਥੇ ਫ੍ਰੀਬੀ ਕਲਚਰ ਨੂੰ ਲੋਕਤੰਤਰ ਲਈ ਚੁਣੌਤੀ ਕਿਹਾ ਗਿਆ ਹੈ।

**ਰਾਜਨੀਤਿਕ ਦੋਸ਼ਾਰੋਪਣ ਵਿੱਚ ਹੱਲ ਜਾਂ ਹਥਿਆਰ ?**

ਪੰਜਾਬ ਦੀ ਰਾਜਨੀਤੀ ਵਿੱਚ ਕਰਜ਼ਾ ਇੱਕ ਨਵਾਂ ਹਥਿਆਰ ਬਣ ਗਿਆ ਹੈ। ਅੱਜ ਅਕਾਲੀ ਦਲ ਮੌਜੂਦਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਾ ਹੈ । ਕਾਂਗਰਸ ਵੀ ਇਸਨੂੰ ਆਰਥਿਕ ਬਰਬਾਦੀ ਕਰਾਰ ਦਿੰਦੀ ਹੈ। ਮੌਜੂਦਾ ਹਕੂਮਤ ਪਿਛਲੀਆਂ ਸਰਕਾਰਾਂ ਨੂੰ ਦੋਸ਼ ਦਿੰਦੀ ਹੈ । ਇਹ ਦੋਸ਼ਾਰੋਪਣ ਇੱਕ ਸੱਚਾਈ ਨੂੰ ਓਹਲੇ ਕਰਦਾ ਹੈ: ਕਰਜ਼ਾ ਕਿਸੇ ਇੱਕ ਸਰਕਾਰ ਦੀ ਨਹੀਂ, ਸਗੋਂ ਪਿਛਲੇ ਦੋ ਦਹਾਕਿਆਂ ਦੀ ਸਾਂਝੀ ਨੀਤੀ ਦਾ ਨਤੀਜਾ ਹੈ।

ਅੱਜ ਪਬਲਿਸਿਟੀ ਵਿਰੁੱਧ ਨਿਵੇਸ਼ ਤਰਜੀਹਾਂ ਦਾ ਸਵਾਲ ਜਦੋਂ ਇੱਕ ਰਾਜ ਕਰਜ਼ੇ ਵਿੱਚ ਡੁੱਬਿਆ ਹੋਵੇ, ਤਦੋਂ ਉਸ ਦੀ ਹਰ ਖਰਚ ਦੀ ਪ੍ਰਾਥਮਿਕਤਾ ਮਹੱਤਵਪੂਰਨ ਹੁੰਦੀ ਹੈ ਪਰ ਜਦੋਂ ਪ੍ਰਚਾਰ 'ਤੇ ਸੈਂਕੜਿਆਂ ਕਰੋੜ ਪਰ ਉਦਯੋਗੀ ਨਿਵੇਸ਼ ਵਿੱਚ ਠਹਿਰਾਅ 'ਤੇ ਹੈ ਤਾਂ ਇਹ ਸਵਾਲ ਉੱਠਦਾ ਹੈ:
ਕੀ ਸਰਕਾਰਾਂ ਵਿਕਾਸ ਕਰ ਰਹੀਆਂ ਹਨ ਜਾਂ ਸਿਰਫ਼ ਉਸਦਾ ਪ੍ਰਚਾਰ ?

2027 ਦੀਆਂ ਚੋਣਾਂ ਨੈਰੇਟਿਵ ਦਾ ਕੇਂਦਰ ਬਣਦਾ ਕਰਜ਼ਾ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਰਜ਼ਾ ਇੱਕ ਕੇਂਦਰੀ ਮੁੱਦਾ ਬਣ ਸਕਦਾ ਹੈ। ਸੰਭਾਵਿਤ ਚੋਣੀ ਨੈਰੇਟਿਵ ਮੁਫ਼ਤ ਵਿਰੁੱਧ ਵਿਕਾਸ ਕਰਜ਼ਾ ਮਾਫ਼ੀ ਵਿਰੁੱਧ ਆਰਥਿਕ ਸੁਧਾਰ ਰੋਜ਼ਗਾਰ ਵਿਰੁੱਧ ਸਬਸਿਡੀਅਤੇ ਨਵੀਂ ਪੀੜ੍ਹੀ—ਖ਼ਾਸ ਕਰਕੇ ਨੌਜਵਾਨ—ਹੁਣ ਵੱਧ ਜਾਗਰੂਕ ਹੈ।

ਉਹ ਪੁੱਛ ਰਹੀ ਹੈ ਅਤੇ ਨੌਕਰੀ ਕਿੱਥੇ ਹੈ ? ਉਦਯੋਗ ਕਿਉਂ ਨਹੀਂ ਆ ਰਹੇ ? ਕਰਜ਼ਾ ਕੌਣ ਚੁਕਾਵੇਗਾ ? ਅੱਜ ਸਮਾਜਿਕ ਪ੍ਰਭਾਵ ਇੱਕ ਚੁੱਪ ਸੰਕਟ ਹੁਣ ਕਰਜ਼ੇ ਦਾ ਪ੍ਰਭਾਵ ਸਿਰਫ਼ ਖਾਤਿਆਂ ਵਿੱਚ ਨਹੀਂ, ਜ਼ਿੰਦਗੀਆਂ ਵਿੱਚ ਵੀ ਦਿਖਦਾ ਹੈ।

ਨੌਜਵਾਨਾਂ ਦੀ ਵਿਦੇਸ਼ ਮਾਈਗ੍ਰੇਸ਼ਨ ਵਿੱਚ ਵਾਧਾ ਖੇਤੀਬਾੜੀ ਦੀ ਅਸਥਿਰਤਾ ਅਤੇ ਸਰਕਾਰੀ ਨੌਕਰੀਆਂ ਦੀ ਘਾਟ ਮੱਧਵਰਗ 'ਤੇ ਵਧਦਾ ਟੈਕਸ ਬੋਝ ਹੈ।

ਅੱਜ ਕੀ ਰਾਹ ਨਿਕਲ ਸਕਦਾ ਹੈ ? ਪੰਜਾਬ ਨੂੰ ਸਿਰਫ਼ ਕਰਜ਼ਾ ਘਟਾਉਣ ਦੀ ਨਹੀਂ, ਸਗੋਂ ਆਰਥਿਕ ਮਾਡਲ ਬਦਲਣ ਦੀ ਲੋੜ ਹੈ।

ਉਦਯੋਗੀਕਰਨ ਦਾ ਨਵਾਂ ਦੌਰ ਮੈਨੂਫੈਕਚਰਿੰਗ ਅਤੇ ਸੇਵਾ ਖੇਤਰ ਨੂੰ ਵਧਾਉਣਾ ਤੇ ਟੈਕਸ ਰਿਫਾਰਮ ਅਤੇ ਟੈਕਸ ਬੇਸ ਵਧਾਉਣਾ। ਲੀਕੇਜ ਰੋਕਣਾ। ਸਬਸਿਡੀ ਦਾ ਟਾਰਗੇਟਿੰਗ ਅਤੇ ਸਭ ਲਈ ਮੁਫ਼ਤ ਦੀ ਥਾਂ ਲੋੜਵੰਦਾਂ ਲਈ ਸਹਾਇਤਾ ਤੇ ਪਾਰਦਰਸ਼ਤਾ ਅਤੇ ਜਵਾਬਦੇਹੀ ਸਾਰੇ ਕਰਜ਼ੇ ਅਤੇ ਖਰਚ ਜਨਤਕ ਕਰਨੇ ਚਾਹੀਦੇ ਹਨ। ਅੱਜ ਲੋਕਤੰਤਰ ਅਤੇ ਕਰਜ਼ਾ ਇੱਕ ਵੱਡਾ ਸਵਾਲ ਲੋਕਤੰਤਰ ਵਿੱਚ ਸਰਕਾਰਾਂ ਅਕਸਰ ਛੋਟੇ ਸਮੇਂ ਦੀ ਸੋਚ ਨਾਲ ਫੈਸਲੇ ਕਰਦੀਆਂ ਹਨ—ਕਿਉਂਕਿ ਚੋਣਾਂ ਹਰ ਪੰਜ ਸਾਲ ਬਾਅਦ ਆਉਂਦੀਆਂ ਹਨ।

ਪਰ ਕਰਜ਼ਾ ਇੱਕ ਲੰਬੇ ਸਮੇਂ ਦਾ ਸੰਕਟ ਹੈ। ਇਹ ਟਕਰਾਅ ਹੀ ਪੰਜਾਬ ਦੀ ਮੌਜੂਦਾ ਹਾਲਤ ਨੂੰ ਸਮਝਾਉਂਦਾ ਹੈ। ਅੱਜ ਵੋਟਾਂ ਲਈ ਮੁਫ਼ਤ ਭਵਿੱਖ ਲਈ ਕਰਜ਼ਾ ਪੰਜਾਬ ਲਈ ਇਕ ਫ਼ੈਸਲਾ ਕਰਨ ਵਾਲਾ ਦੌਰ ਅਤੇ ਪੰਜਾਬ ਅੱਜ ਇੱਕ ਅਹਿਮ ਮੋੜ 'ਤੇ ਹੈ। ਇਹ ਮੋੜ ਸਿਰਫ਼ ਆਰਥਿਕ ਨਹੀਂ, ਸਗੋਂ ਰਾਜਨੀਤਿਕ ਅਤੇ ਨੈਤਿਕ ਵੀ ਹੈ।

**ਅੱਜ ਕੀ ਪੰਜਾਬ ਮੁਫ਼ਤ ਦੀ ਰਾਜਨੀਤੀ ਜਾਰੀ ਰੱਖੇਗਾ ?**

ਜਾਂ ਵਿੱਤੀ ਸੰਜਮ ਅਤੇ ਟਿਕਾਊ ਵਿਕਾਸ ਵੱਲ ਵਧੇਗਾ ? 2027 ਦੀਆਂ ਚੋਣਾਂ ਇਸਦਾ ਜਵਾਬ ਦੇ ਸਕਦੀਆਂ ਹਨ। ਪਰ ਅਸਲ ਫ਼ੈਸਲਾ ਵੋਟਰਾਂ ਦੇ ਹੱਥ ਵਿੱਚ ਹੈ। ਅੱਜ ਕਰਜ਼ਾ ਸਿਰਫ਼ ਸਰਕਾਰ ਦਾ ਨਹੀਂ ਹੁੰਦਾ—ਇਹ ਹਰ ਨਾਗਰਿਕ ਦਾ ਹੁੰਦਾ ਹੈ। ਜੇ ਅੱਜ ਇਸਨੂੰ ਗੰਭੀਰਤਾ ਨਾਲ ਨਾ ਲਿਆ ਗਿਆ, ਤਾਂ ਕੱਲ੍ਹ ਇਹ ਸਿਰਫ਼ ਅੰਕੜਾ ਨਹੀਂ ਰਹੇਗਾ—ਇਹ ਇੱਕ ਸੰਕਟ ਬਣ ਕੇ ਪੰਜਾਬ ਦੇ ਭਵਿੱਖ ਨੂੰ ਘੇਰ ਲਵੇਗਾ।

# ਬਰਬਾਦੀ ਦੀ ਇਬਾਰਤ ਲਿਖਦੀ ਜੰਗ

ਗੋਪਾਲ ਸਿੰਘ ਸਿੱਧੂ
99148-11835

ਜੰਗ ਸਿਰਫ਼ ਦੋ ਦੇਸ਼ਾਂ ਦੀ ਲੜਾਈ ਨਹੀਂ ਹੁੰਦੀ, ਇਹ ਮਨੁੱਖਤਾ ਦੇ ਵਿਨਾਸ਼ ਦਾ ਮੁੱਢ ਵੀ ਬੰਨ੍ਹ ਦਿੰਦੀ ਹੈ। ਪਹਿਲੇ ਵਿਸ਼ਵ ਯੁੱਧ ਤੋਂ ਲੈ ਕੇ ਹੁਣ ਅਮਰੀਕਾ-ਇਜ਼ਰਾਈਲ ਤੇ ਇਰਾਨ ਦਰਮਿਆਨ ਚੱਲ ਰਹੀ ਜੰਗ ਤੱਕ ਜਿੰਨੀਆਂ ਵੀ ਜੰਗਾਂ ਹੋਈਆਂ, ਸਭ ਨੇ ਮਨੁੱਖਤਾ ਨੂੰ ਜ਼ਖ਼ਮ ਹੀ ਦਿੱਤੇ ਹਨ। ਜੰਗ ਪਿੱਛੇ ਮਨੋਰਥ ਕੋਈ ਹੋਵੇ ਪਰ ਨਤੀਜਾ ਤਬਾਹੀ 'ਚ ਨਿਕਲਦਾ ਹੈ। ਆਮ ਇਨਸਾਨ ਜੋ ਮਿਹਨਤ ਕਰਕੇ ਦੋ ਵੇਲੇ ਦੀ ਰੋਟੀ ਕਮਾਉਂਦਾ ਹੈ ਉਹ ਕਦੇ ਜੰਗ ਨਹੀਂ ਚਾਹੁੰਦਾ ਹੁੰਦਾ। ਉਹ ਨਹੀਂ ਚਾਹੇਗਾ ਕਿ ਉਸ ਦੀ ਸ਼ਾਂਤਮਈ ਜ਼ਿੰਦਗੀ ਬਾਰੂਦ ਦੇ ਢੇਰ 'ਤੇ ਰੱਖ ਦਿੱਤੀ ਜਾਵੇ ਅਤੇ ਉਸ ਦੇ ਖ਼ੂਨ ਪਸੀਨੇ ਨਾਲ ਬਣਿਆ ਉਸ ਦਾ ਘਰ ਦੁਸ਼ਮਣ ਦੀ ਤੋਪ ਦਾ ਸ਼ਿਕਾਰ ਬਣੇ। ਉਸ ਦੇ ਮਾਸੂਮ ਧੀ-ਪੁੱਤ ਸਕੂਲ ਗਏ ਹੀ ਰਾਖ ਬਣ ਜਾਣ। ਅਮਰੀਕਾ-ਇਜ਼ਰਾਈਲ ਤੇ ਇਰਾਨ ਦਰਮਿਆਨ ਚੱਲ ਰਹੀ ਜੰਗ ਵਿੱਚ ਜਿਨ੍ਹਾਂ ਮਾਂਵਾਂ ਨੇ ਆਪਣੇ ਧੀ-ਪੁੱਤ ਗਵਾਏ ਹਨ, ਉਨ੍ਹਾਂ ਲਈ ਇਸ ਜੰਗ ਦਾ ਸੇਕ ਕਦੇ ਠੰਢਾ ਨਹੀਂ ਹੋਵੇਗਾ।

ਪਹਿਲਾ ਵਿਸ਼ਵ ਯੁੱਧ (1914-1918), ਦੂਜਾ ਵਿਸ਼ਵ ਯੁੱਧ (1939-1945), ਭਾਰਤ-ਪਾਕਿਸਤਾਨ ਜੰਗਾਂ (1947, 1965, 1971, 1999), ਵੀਅਤਨਾਮ ਜੰਗ (1955-1975), ਇਰਾਨ-ਇਰਾਕ ਜੰਗ (1980-1988), ਖਾੜੀ ਜੰਗ (1990-1991), ਅਫਗਾਨਿਸਤਾਨ ਜੰਗ (2001-2021), ਰੂਸ-ਯੂਕਰੇਨ ਜੰਗ (2022-ਮੌਜੂਦਾ), ਅਮਰੀਕਾ-ਇਜ਼ਰਾਈਲ ਤੇ ਇਰਾਨ ਦਰਮਿਆਨ ਜੰਗ (2023-ਮੌਜੂਦਾ)। ਇਨ੍ਹਾਂ ਜੰਗਾਂ ਨਾਲ ਮਨੁੱਖਤਾ ਦੀ ਭਿਆਨਕ ਤਬਾਹੀ ਹੋਈ। ਜਾਨੀ-ਮਾਲੀ ਨੁਕਸਾਨ ਨੇ ਸਮਾਜਿਕ ਤੇ ਆਰਥਿਕ ਵਿਵਸਥਾ ਤਹਿਤ ਨਹਿਸ ਕਰ ਦਿੱਤੀ। ਵਿਸ਼ਵਵਿਆਪੀ ਮਹਿੰਗਾਈ, ਤੇਲ, ਗੈਸ ਤੇ ਖਾਣ-ਪੀਣ ਦੀਆਂ ਚੀਜ਼ਾਂ ਦੀ ਸਪਲਾਈ ਰੁਕ ਜਾਣ ਕਾਰਨ ਭੁੱਖਮਰੀ ਪੈਦਾ ਹੋਈ। ਦੇਸ਼ਾਂ ਦਾ ਪੈਸਾ ਸਿਹਤ, ਸਿੱਖਿਆ ਤੇ ਮਨੁੱਖਤਾ ਦੇ ਭਲੇ ਦੀ ਥਾਂ ਬਾਰੂਦ ਤੇ ਹਥਿਆਰਾਂ 'ਤੇ ਖਰਚ ਹੋਣ ਲੱਗਾ। ਲੱਖਾਂ ਲੋਕ ਬੇਘਰ ਹੋਏ। ਸਦੀਆਂ ਵਿੱਚ ਬਣੇ ਸਕੂਲ, ਕਾਲਜ, ਹਸਪਤਾਲ, ਸਰਕਾਰੀ ਤੇ ਵਿਰਾਸਤੀ ਇਮਾਰਤਾਂ ਢਹਿ ਗਈਆਂ। ਜੰਗ ਦਾ ਕਹਿਰ ਦੇਖਣ ਵਾਲੀਆਂ ਪੀੜ੍ਹੀਆਂ ਦੇ ਮਨਾਂ ਵਿੱਚ ਡਰ ਤੇ ਸਦਮਾ ਬੈਠ ਗਿਆ। ਦੇਸ਼ਾਂ ਤੇ ਕੌਮਾਂ ਦਰਮਿਆਨ ਨਫ਼ਰਤ ਦਾ ਅਜਿਹਾ ਬੀਜ ਬੀਜਿਆ ਗਿਆ, ਜਿਸਦੀਆਂ ਜੜ੍ਹਾਂ ਦਿਲਾਂ ਵਿੱਚ ਡੂੰਘੀਆਂ ਉਤਰ ਗਈਆਂ। ਇਹ ਸਭ ਅਤੇ ਹੋਰ ਤ੍ਰਾਸਦੀਆਂ ਹੁਣ ਵੀ ਜਾਰੀ ਹਨ।

ਹੁਣ ਫਿਰ ਦੁਨੀਆ ਬਾਰੂਦ ਦੇ ਢੇਰ 'ਤੇ ਬੈਠੀ ਹੈ। ਅਮਰੀਕਾ ਤੇ ਇਜ਼ਰਾਈਲ ਨੇ ਮਿਲ ਕੇ ਇਰਾਨ ਦੇ ਸਰਵਉੱਚ ਆਗੂ ਆਇਤੁੱਲਾ ਖਮੇਨੇਈ ਨੂੰ ਮਾਰ ਮੁਕਾਇਆ ਹੈ। ਇਰਾਨ ਵਿੱਚ ਰੋਸ ਦਾ ਭਾਂਬੜ ਬਲ ਰਿਹਾ ਹੈ। ਇਸ ਜੰਗ ਵਿੱਚ ਅਮਰੀਕਾ ਮਹਿਜ਼ 15 ਦਿਨਾਂ ਵਿੱਚ 15 ਅਰਬ ਡਾਲਰ ਖਰਚ ਚੁੱਕਾ ਹੈ। ਇਸ ਤਰਤੀਬ ਨਾਲ ਅਮਰੀਕਾ ਰੋਜ਼ਾਨਾ 143 ਕਰੋੜ ਰੁਪਏ ਖਰਚ ਰਿਹਾ ਹੈ। ਇਜ਼ਰਾਈਲ ਨੂੰ 24 ਹਜ਼ਾਰ ਕਰੋੜ ਰੁਪਏ ਪ੍ਰਤੀ ਹਫ਼ਤਾ ਨੁਕਸਾਨ ਹੋ ਰਿਹਾ ਹੈ। ਇਰਾਨ ਦੇ ਤੇਲ ਪਲਾਂਟਾਂ ਅਤੇ ਬੁਨਿਆਦੀ ਢਾਂਚੇ 'ਤੇ ਹਮਲਿਆਂ ਕਾਰਨ ਉਸ ਨੂੰ ਅਰਬਾਂ ਡਾਲਰਾਂ ਦਾ ਸਿੱਧਾ ਨੁਕਸਾਨ ਹੋਇਆ ਹੈ। ਮਾਰਚ 2026 ਤੱਕ ਦੇ ਅੰਦਾਜ਼ਨ ਅੰਕੜਿਆਂ ਅਨੁਸਾਰ, ਜੇਕਰ ਅਮਰੀਕਾ, ਇਜ਼ਰਾਈਲ ਅਤੇ ਇਰਾਨ ਤਿੰਨਾਂ ਦੇਸ਼ਾਂ ਦੇ ਜੰਗੀ ਖਰਚੇ ਨੂੰ ਮਿਲਾ ਦੇਈਏ, ਤਾਂ ਇਹ ਅੰਕੜਾ ਲਗਭਗ 172 ਅਰਬ ਡਾਲਰ ਬਣਦਾ ਹੈ। ਅੱਧ ਮਾਰਚ ਤੱਕ ਕਰੀਬ 1900 ਲੋਕ ਮਾਰੇ ਜਾ ਚੁੱਕੇ ਹਨ। ਮੱਧ ਪੂਰਬ ਪਹਿਲਾਂ ਵੀ ਅਜਿਹੇ ਦੌਰ ਵਿੱਚੋਂ ਲੰਘ ਚੁੱਕਾ ਹੈ। 1990 ਵਿੱਚ ਖਾੜੀ ਦੀ ਜੰਗ ਹੋਈ, ਜਿਸ ਨੂੰ 'ਅਪਰੇਸ਼ਨ ਡੈਜ਼ਰਟ ਸਟੋਰਮ' ਵੀ ਕਿਹਾ ਜਾਂਦਾ ਹੈ। ਇਹ ਜੰਗ ਇਰਾਕ ਅਤੇ ਅਮਰੀਕਾ ਦੀ ਅਗਵਾਈ ਵਾਲੇ 35 ਦੇਸ਼ਾਂ ਦੇ ਗਠਜੋੜ ਦਰਮਿਆਨ ਹੋਈ ਸੀ। ਜੰਗ ਪਿੱਛੇ ਆਰਥਿਕ ਤੇ ਸਿਆਸੀ ਕਾਰਨ ਸਨ। ਇਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੇ ਦਾਅਵਾ ਕੀਤਾ ਕਿ ਕੁਵੈਤ ਇਰਾਕ ਦਾ ਹਿੱਸਾ ਹੈ। 2 ਅਗਸਤ 1990 ਨੂੰ ਇਰਾਕੀ ਫੌਜ ਨੇ ਕੁਵੈਤ 'ਤੇ ਹਮਲਾ ਕਰਕੇ ਉਸ 'ਤੇ ਕਬਜ਼ਾ ਕਰ ਲਿਆ। ਇਰਾਕ-ਇਰਾਨ ਜੰਗ (1980-88) ਦੌਰਾਨ ਇਰਾਕ ਨੇ ਕੁਵੈਤ ਤੋਂ ਬਹੁਤ ਸਾਰਾ ਪੈਸਾ ਕਰਜ਼ ਲਿਆ ਸੀ। ਸੱਦਾਮ ਹੁਸੈਨ ਚਾਹੁੰਦਾ ਸੀ ਕਿ ਕੁਵੈਤ ਇਹ ਕਰਜ਼ ਮੁਆਫ਼ ਕਰ ਦੇਵੇ, ਪਰ ਕੁਵੈਤ ਨਹੀਂ ਮੰਨਿਆ। ਇਰਾਕ ਚਾਹੁੰਦਾ ਸੀ ਕਿ ਤੇਲ ਦੀਆਂ ਕੀਮਤਾਂ ਵਧਣ ਤਾਂ ਜੋ ਉਹ ਆਪਣੀ ਆਰਥਿਕਤਾ ਸੁਧਾਰ ਸਕੇ, ਪਰ ਕੁਵੈਤ ਕੀਮਤਾਂ ਘਟਾ ਰਿਹਾ ਸੀ। ਅੰਤ ਵਿੱਚ ਇਰਾਕੀ ਫੌਜ ਨੂੰ ਕੁਵੈਤ ਛੱਡ ਕੇ ਭੱਜਣਾ ਪਿਆ। ਓਸਾਮਾ ਬਿਨ ਲਾਦੇਨ ਇਸ ਗੱਲੋਂ ਔਖਾ ਸੀ ਕਿ 1990 ਦੀ ਖਾੜੀ ਜੰਗ ਤੋਂ ਬਾਅਦ ਅਮਰੀਕੀ ਫੌਜਾਂ ਮੁਸਲਮਾਨਾਂ ਦੇ ਦੇਸ਼ ਸਾਊਦੀ ਅਰਬ ਵਿੱਚ ਕਿਉਂ ਰੁਕੀਆਂ ਹੋਈਆਂ ਹਨ। ਬਿਨ ਲਾਦੇਨ ਇਰਾਕ ਦਾ ਸਮਰਥਕ ਨਹੀਂ ਸੀ, ਸਗੋਂ ਉਹ ਅਮਰੀਕਾ ਦਾ ਕੱਟੜ ਵਿਰੋਧੀ ਸੀ। ਉਹ ਅਮਰੀਕਾ ਵੱਲੋਂ ਇਜ਼ਰਾਈਲ ਨੂੰ ਦਿੱਤੀ ਜਾਂਦੀ ਫੌਜੀ ਮਦਦ ਤੋਂ ਵੀ ਨਾਰਾਜ਼ ਸੀ। ਖਾੜੀ ਜੰਗ ਤੋਂ ਬਾਅਦ ਅਮਰੀਕਾ ਨੇ ਇਰਾਕ 'ਤੇ ਆਰਥਿਕ ਪਾਬੰਦੀਆਂ ਲਗਾਈਆਂ। ਇਸ ਨਾਲ ਲੱਖਾਂ ਲੋਕਾਂ ਦੀ ਮੌਤ ਹੋਈ, ਜਿਸ ਦਾ ਬਿਨ ਲਾਦੇਨ ਬਦਲਾ ਲੈਣਾ ਚਾਹੁੰਦਾ ਸੀ। ਅਮਰੀਕਾ 'ਤੇ 11 ਸਤੰਬਰ 2001 ਨੂੰ ਭਿਆਨਕ ਹਮਲਾ ਹੋਇਆ। ਹਮਲੇ ਦਾ ਮੁੱਢ 1996 ਵਿੱਚ ਬੰਨ੍ਹਿਆ ਗਿਆ ਸੀ। ਇਸ ਨੂੰ 9/11 ਦਾ ਹਮਲਾ ਵੀ ਕਿਹਾ ਜਾਂਦਾ ਹੈ। 9/11 ਦੇ ਹਮਲੇ ਨੇ 'ਅਤਿਵਾਦ 'ਤੇ ਵਾਰ' ਮੁਹਿੰਮ ਦੀ ਸ਼ੁਰੂਆਤ ਕੀਤੀ। ਮਗਰੋਂ ਅਮਰੀਕਾ ਨੇ ਅਫਗਾਨਿਸਤਾਨ 'ਤੇ ਹਮਲਾ ਕਰਕੇ ਤਾਲਿਬਾਨ ਨੂੰ ਸੱਤਾ ਤੋਂ ਲਾਹ ਦਿੱਤਾ ਤੇ ਮਈ 2011 ਵਿੱਚ ਪਾਕਿਸਤਾਨ ਦੇ ਐਬਟਾਬਾਦ ਵਿੱਚ ਓਸਾਮਾ ਬਿਨ ਲਾਦੇਨ ਨੂੰ ਮਾਰ ਮੁਕਾਇਆ। ਅਮਰੀਕਾ ਨੇ ਜੋ 1990 ਵਿੱਚ ਕੀਤਾ ਉਸ ਦਾ ਬਦਲਾ 2001 ਵਿੱਚ 9/11 ਦੇ ਹਮਲੇ ਨਾਲ ਲਿਆ ਗਿਆ। ਫਿਰ 2011 ਵਿੱਚ ਅਮਰੀਕਾ ਨੇ ਬਿਨ ਲਾਦੇਨ ਨੂੰ ਮਾਰ ਕੇ 9/11 ਦਾ ਬਦਲਾ ਲਿਆ। 21 ਸਾਲਾਂ ਤੱਕ ਜੰਗ ਦਾ ਸੇਕ ਰਿਹਾ। ਖ਼ਮੇਨੇਈ ਦੀ 2026 ਵਿੱਚ ਹੋਈ ਮੌਤ ਦਾ ਰੋਸ ਪਤਾ ਨਹੀਂ ਕਿੰਨੇ ਸਾਲਾਂ ਤੱਕ ਸੁਲਗਦਾ ਰਹੇਗਾ।



ਤੇਲ ਦਾ ਮਸਲਾ ਕੋਈ ਛੋਟਾ ਨਹੀਂ ਹੈ। ਇਸ ਕਾਰਨ 1980 ਦੀ ਇਰਾਕ ਤੇ ਇਰਾਨ ਦੀ ਜੰਗ ਸਣੇ ਪਹਿਲਾਂ ਵੀ ਕਈ ਜੰਗਾਂ ਹੋਈਆਂ। ਭਾਵੇਂ ਟਰੰਪ ਇਰਾਨ 'ਤੇ ਪਰਮਾਣੂ ਹਥਿਆਰ ਘੜ੍ਹਨ ਦਾ ਦੋਸ਼ ਲਾਉਂਦੇ ਹਨ ਪਰ ਮਸਲਾ ਹੁਣ ਵੀ ਤੇਲ ਦਾ ਹੈ। ਇੱਥੇ ਸਭ ਤੋਂ ਅਹਿਮ ਭੂਗੋਲਿਕ ਬਿੰਦੂ 'ਹੋਰਮੁਜ਼ ਜਲਡਮਰੂ' ਹੈ। ਇਹ ਇੱਕ ਕੌਮਾਂਤਰੀ ਜਲਮਾਰਗ ਹੈ ਜੋ ਇਰਾਨ ਤੇ ਓਮਾਨ ਦੇ ਵਿਚਕਾਰ ਹੈ। ਦੁਨੀਆ ਦਾ ਲਗਭਗ 20-25% ਕੱਚਾ ਤੇਲ ਇਸੇ ਤੰਗ ਰਸਤੇ ਵਿੱਚੋਂ ਲੰਘਦਾ ਹੈ। ਇਰਾਨ ਨੇ ਕਈ ਵਾਰ ਚੇਤਾਵਨੀ ਦਿੱਤੀ ਹੈ ਕਿ ਜੇਕਰ ਅਮਰੀਕਾ ਜਾਂ ਇਜ਼ਰਾਈਲ ਨੇ ਉਸ 'ਤੇ ਸਿੱਧਾ ਹਮਲਾ ਕੀਤਾ, ਤਾਂ ਉਹ ਇਸ ਰਸਤੇ ਨੂੰ ਬੰਦ ਕਰ ਦੇਵੇਗਾ। ਜੇਕਰ ਅਜਿਹਾ ਹੁੰਦਾ ਹੈ, ਤਾਂ ਦੁਨੀਆ ਭਰ ਵਿੱਚ ਤੇਲ ਦੀ ਸਪਲਾਈ ਰੁਕ ਜਾਵੇਗੀ ਅਤੇ ਕੀਮਤਾਂ ਅਸਮਾਨੀ ਚੜ੍ਹ ਜਾਣਗੀਆਂ। ਤੇਲ ਮਹਿੰਗਾ ਹੋਣ ਦਾ ਮਤਲਬ ਹੈ ਟਰਾਂਸਪੋਰਟ ਮਹਿੰਗੀ ਹੋਣਾ, ਜਿਸ ਨਾਲ ਖਾਣ-ਪੀਣ ਦੀਆਂ ਚੀਜ਼ਾਂ ਸਮੇਤ ਹਰ ਚੀਜ਼ ਦੀ ਕੀਮਤ ਵਧੇਗੀ। ਅਧਿਕਾਰਤ ਤੌਰ 'ਤੇ ਹਾਲੇ ਇਹ ਰਸਤਾ ਬੰਦ ਨਹੀਂ ਹੈ, ਪਰ ਮੱਧ ਪੂਰਬ ਵਿੱਚ ਤਣਾਅ ਕਾਰਨ ਵੱਖ-ਵੱਖ ਦੇਸ਼ਾਂ ਦੇ ਜਹਾਜ਼ਾਂ ਨੇ ਇੱਥੋਂ ਲੰਘਣਾ ਬੰਦ ਕਰ ਦਿੱਤਾ ਹੈ। ਇਸੇ ਕਾਰਨ ਤੇਲ ਦੀ ਸਪਲਾਈ ਪ੍ਰਭਾਵਿਤ ਹੋਣ ਦਾ ਖਤਰਾ ਬਣਿਆ ਹੋਇਆ ਹੈ। ਇਰਾਨ ਦੀ ਆਰਥਿਕਤਾ ਤੇਲ 'ਤੇ ਟਿਕੀ ਹੋਈ ਹੈ। ਅਮਰੀਕਾ ਚਾਹੁੰਦਾ ਹੈ ਕਿ ਇਰਾਨ ਦਾ ਤੇਲ ਵਿਕਣਾ ਬੰਦ ਹੋ ਜਾਵੇ ਤਾਂ ਜੋ ਉਸ ਕੋਲ ਜੰਗ ਲੜਨ ਲਈ ਪੈਸੇ ਨਾ ਬਚਣ। ਵੈਨੇਜ਼ੁਏਲਾ ਕੋਲ ਵੀ ਵੱਡੇ ਤੇਲ ਭੰਡਾਰ ਹਨ। ਅਮਰੀਕਾ ਚਾਹੁੰਦਾ ਹੈ ਕਿ ਵੈਨੇਜ਼ੁਏਲਾ ਵਿੱਚ ਉਸ ਦੀ ਭਾਈਵਾਲ ਸਰਕਾਰ ਹੋਵੇ ਜੋ ਤੇਲ ਦੀ ਬਰਾਮਦ 'ਤੇ ਅਮਰੀਕੀ ਹਿੱਤਾਂ ਦਾ ਧਿਆਨ ਰੱਖੇ। ਇਸੇ ਕਾਰਨ ਹਾਲ ਹੀ ਵਿੱਚ ਅਮਰੀਕਾ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਤੇ ਉਸ ਦੀ ਪਤਨੀ ਨੂੰ ਅਗਵਾ ਕੀਤਾ ਸੀ।

ਮਗਰੋਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਬਿਆਨ ਜਾਰੀ ਕੀਤਾ ਕਿ ਭਾਰਤ ਇਰਾਨ ਦੀ ਥਾਂ ਵੈਨੇਜ਼ੁਏਲਾ ਤੋਂ ਤੇਲ ਖਰੀਦੇਗਾ। 6 ਮਾਰਚ 2026 ਨੂੰ ਸੰਯੁਕਤ ਰਾਜ ਦੇ ਖਜ਼ਾਨਾ ਸਕੱਤਰ ਸਕਾਟ ਬੇਸੈਂਟ ਨੇ ਟਵੀਟ ਕਰਕੇ ਭਾਰਤੀ ਰਿਫਾਇਨਰਾਂ ਨੂੰ ਰੂਸ ਤੋਂ ਤੇਲ ਖਰੀਦਣ ਲਈ 30 ਦਿਨ ਦੀ ਛੋਟ ਦਿੱਤੀ। ਉਨ੍ਹਾਂ ਉਮੀਦ ਜਤਾਈ ਕਿ ਭਾਰਤ, ਅਮਰੀਕਾ ਤੋਂ ਤੇਲ ਦੀ ਖਰੀਦ ਵਧਾਏਗਾ। ਅਮਰੀਕਾ ਦਾ ਇਹ ਬਿਆਨ ਭਾਰਤ ਲਈ ਫ਼ੁਰਮਾਨ ਵਰਗਾ ਹੈ। ਵਿਰੋਧੀਆਂ ਦਾ ਕਹਿਣਾ ਹੈ ਕਿ ਭਾਰਤ ਦੇਸ਼ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਹੀਂ, ਟਰੰਪ ਚਲਾ ਰਹੇ ਹਨ। ਦਰਅਸਲ ਸਾਰਾ ਖੇਡ ਤੇਲ ਭੰਡਾਰਾਂ ਦਾ ਹੈ। ਅਮਰੀਕਾ ਦੀ ਪਿਛਲੇ ਲੰਮੇ ਅਰਸੇ ਤੋਂ ਇਹ ਨੀਤੀ ਰਹੀ ਹੈ ਕਿ ਉਹ ਮੱਧ ਪੂਰਬ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰ ਲਵੇ। ਇਰਾਕ ਤੇ ਵੈਨੇਜ਼ੁਏਲਾ ਨੂੰ ਵੀ ਅਮਰੀਕਾ ਦੀ ਇਸ ਲਾਲਸਾ ਦੇ ਨਤੀਜੇ ਭੁਗਤਣੇ ਪਏ। ਇਜ਼ਰਾਈਲ ਨੂੰ ਸ਼ੁਰੂ ਤੋਂ ਹੀ ਅਮਰੀਕਾ ਸ਼ਹਿ ਦਿੰਦਾ ਰਿਹਾ ਹੈ। ਪਹਿਲਾਂ ਵੀ ਇਰਾਨ 'ਤੇ ਵਿਆਪਕ ਤਬਾਹੀ ਵਾਲੇ ਹਥਿਆਰਾਂ ਦੇ ਬਹਾਨੇ ਹਮਲਾ ਕੀਤਾ ਗਿਆ ਪਰ ਉਦੋਂ ਇਜ਼ਰਾਈਲ ਨੂੰ ਮੂੰਹ ਦੀ ਖਾਣੀ ਪਈ। ਹੁਣ ਫਿਰ ਆਪਣੀਆਂ ਲੋੜਾਂ ਦੀ ਪੂਰਤੀ ਲਈ ਇਰਾਨ ਦੇ ਸਵੈਮਾਨ ਨੂੰ ਮਿੱਟੀ 'ਚ ਮਿਲਾਇਆ ਜਾ ਰਿਹਾ ਹੈ। ਅਜੋਕੇ ਸਮੇਂ ਦੀ ਜੰਗ ਦਰਮਿਆਨ ਐਪਸਟੀਨ ਫਾਈਲਾਂ ਦੇ ਵਿਵਾਦ ਨੂੰ ਵੀ ਯਾਦ ਰੱਖਣਾ ਜ਼ਰੂਰੀ ਹੈ, ਜਿਸ ਵਿੱਚ ਡੋਨਲਡ ਟਰੰਪ ਦਾ ਨਾਂਅ ਸਿਖਰ 'ਤੇ ਹੈ।

ਭਾਰਤ-ਪਾਕਿਸਤਾਨ ਸਣੇ 8 ਜੰਗਾਂ ਨੂੰ ਰੋਕਣ ਦਾ ਦਾਅਵਾ ਕਰਨ ਵਾਲੇ ਅਤੇ ਦੁਨੀਆ ਦਾ ਸਭ ਤੋਂ ਵੱਕਾਰੀ ਸਨਮਾਨ ਨੋਬਲ ਪੁਰਸਕਾਰ ਦੀ ਮੰਗ ਕਰਨ ਵਾਲੇ ਟਰੰਪ ਖੁਦ ਹੀ ਕਈ ਜੰਗਾਂ ਛੇੜ ਬੈਠੇ ਹਨ। ਜੰਗ ਵਿੱਚ ਜੇਕਰ ਇਜ਼ਰਾਈਲ ਤੇ ਅਮਰੀਕਾ ਮਿਲ ਕੇ ਇਰਾਨ ਦੀਆਂ ਤੇਲ ਰਿਫਾਇਨਰੀਆਂ ਨੂੰ ਤਬਾਹ ਕਰਦੇ ਹਨ ਤਾਂ ਇਰਾਨ ਦਾ ਲੱਕ ਟੁੱਟ ਜਾਵੇਗਾ। ਬਦਲੇ ਵਿੱਚ ਇਰਾਨ ਖਾੜੀ ਦੇ ਹੋਰ ਦੇਸ਼ਾਂ (ਜੋ ਅਮਰੀਕਾ ਦੇ ਸਾਥੀ ਹਨ) ਦੇ ਤੇਲ ਪਲਾਂਟਾਂ ਨੂੰ ਨਿਸ਼ਾਨਾ ਬਣਾ ਸਕਦਾ ਹੈ। ਤੇਲ ਇਸ ਜੰਗ ਦੀ ਲਾਈਫਲਾਈਨ ਵੀ ਹੈ ਅਤੇ ਟਾਰਗੇਟ ਵੀ। ਇਰਾਨ ਤੇਲ ਦੀ ਵਰਤੋਂ ਦੁਨੀਆ ਨੂੰ ਦਬਾਉਣ ਲਈ ਕਰ ਰਿਹਾ ਹੈ, ਜਦਕਿ ਅਮਰੀਕਾ ਅਤੇ ਇਜ਼ਰਾਈਲ ਇਸ ਦੀ ਵਰਤੋਂ ਇਰਾਨ ਨੂੰ ਕਮਜ਼ੋਰ ਕਰਨ ਲਈ ਕਰ ਰਹੇ ਹਨ। ਇਹ ਗੱਲ ਬਹੁਤਾ ਹੈਰਾਨ ਨਹੀਂ ਕਰਦੀ ਕਿ ਵਿਸ਼ਵਵਿਆਪੀ ਜੰਗਾਂ ਤੇਲ ਪਿੱਛੇ ਹੋ ਰਹੀਆਂ ਹਨ। ਸਿਆਸੀ, ਸਮਾਜਿਕ ਤੇ ਧਾਰਮਿਕ ਮਤਭੇਦਾਂ ਪਿੱਛੇ ਹੋਣ ਵਾਲੀਆਂ ਲੜਾਈਆਂ ਜ਼ਰੂਰ ਹੈਰਾਨ ਕਰਦੀਆਂ ਹਨ। ਤੇਲ ਨਾਲ ਲੱਗੀ ਅੱਗ ਛੇਤੀ ਬੁਝ ਸਕਦੀ ਹੈ ਪਰ ਤੇਲ ਪਿੱਛੇ ਲੱਗ ਰਹੀ ਅੱਗ ਜਲਦ ਬੁਝਣ ਵਾਲੀ ਨਹੀਂ। ਹਰ ਜੰਗ ਬਰਬਾਦੀ ਦੀ ਇਬਾਰਤ ਲਿਖਦੀ ਆਈ ਹੈ। ਅਜੋਕੇ ਸਮੇਂ ਦੀ ਜੰਗ ਨਾ ਰੁਕੀ ਤਾਂ ਇਸ ਜੰਗ ਦੀ ਕੁੱਖੋਂ ਵੀ ਸਿਰਫ਼ ਜ਼ਖ਼ਮ ਹੀ ਪੈਦਾ ਹੋਣਗੇ। ਜੰਗ ਇਹ ਤੈਅ ਨਹੀਂ ਕਰਦੀ ਕਿ ਕੌਣ ਸਹੀ ਹੈ, ਜੰਗ ਇਹ ਤੈਅ ਜ਼ਰੂਰ ਕਰ ਦਿੰਦੀ ਹੈ ਕਿ ਕੌਣ ਬਚਿਆ ਹੈ। ਇਸੇ ਕਾਰਨ ਲਿਖਿਆ ਗਿਆ ਹੈ, "ਰਮਜ਼ਾਂ ਰਲ਼ੀਆਂ ਚੰਗੀਆਂ ਨੇ, ਜੰਗਾਂ ਟਲ਼ੀਆਂ ਚੰਗੀਆਂ ਨੇ।



ਬਘੇਲ ਸਿੰਘ ਧਾਲੀਵਾਲ
99142-58142

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ, ਕਾਨੂੰਨ ਅਤੇ ਕੌਮੀ ਕਸੌਟੀ

ਸਿੱਖ ਇਤਿਹਾਸ ਵਿੱਚ ਅਡੋਲਤਾ ਅਤੇ ਸਿਦਕ ਦੀ ਕਮੀ ਕਦੇ ਨਹੀਂ ਰਹੀ। ਜਦੋਂ ਵੀ ਸਮੇਂ ਨੇ ਕਸੌਟੀ ਲਈ, ਇਸ ਕੌਮ ਨੇ ਆਪਣੇ ਅਸੂਲਾਂ ਉੱਤੇ ਡੱਟ ਕੇ ਖੜ੍ਹਨ ਦਾ ਸਬੂਤ ਦਿੱਤਾ। ਅੱਜ ਫਿਰ ਇੱਕ ਕਸੌਟੀ ਦਾ ਸਮਾਂ ਹੈ, ਧੰਨ ਗੁਰੂ ਗ੍ਰੰਥ ਸਾਹਿਬ ਦੀਆਂ ਆਏ ਦਿਨ ਹੋ ਰਹੀਆਂ ਬੇਅਦਬੀਆਂ, ਇਨਸਾਫ਼ ਦੀ ਲੰਮੀ ਉਡੀਕ ਅਤੇ ਟਾਵਰ ਉੱਤੇ ਡੇਢ ਸਾਲ ਤੋਂ ਖੜ੍ਹੀ ਇੱਕ ਅਡੋਲ ਅਵਾਜ਼। ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ ਡੇਢ ਸਾਲ ਤੋਂ ਟਾਵਰ ਉੱਤੇ ਚੜ੍ਹ ਕੇ ਆਪਣਾ ਸੰਘਰਸ਼ ਜਾਰੀ ਰੱਖ ਰਹੇ ਹਨ। ਇਹ ਸਿਦਕ, ਸਬਰ ਅਤੇ ਅਟੱਲ ਇਰਾਦੇ ਦੀ ਮਿਸਾਲ ਹੈ। ਉਹਨਾਂ ਦੀ ਇਸ ਕੁਰਬਾਨੀ ਨੂੰ ਸਲਾਮ ਕਰਨਾ ਹਰ ਸਿੱਖ ਦਾ ਫਰਜ਼ ਬਣਦਾ ਹੈ। ਪਰ ਦੁੱਖ ਦੀ ਗੱਲ ਇਹ ਹੈ ਕਿ ਜਿੱਥੇ ਇੱਕ ਪਾਸੇ ਇੱਕ ਵਿਅਕਤੀ ਆਪਣੀ ਜਾਨ ਨੂੰ ਜੋਖਮ ਵਿੱਚ ਪਾ ਕੇ ਗੁਰੂ ਸਾਹਿਬ ਦੀਆਂ ਬੇਅਦਬੀਆਂ ਦੇ ਇਨਸਾਫ ਲਈ ਖੜ੍ਹਾ ਹੈ, ਉੱਥੇ ਦੂਜੇ ਪਾਸੇ ਮੋਰਚੇ ਦੀ ਅਗਵਾਈ ਕਰਨ ਵਾਲੇ ਕਈ ਚਿਹਰੇ ਹੁਣ ਸ਼ੱਕ ਦੇ ਘੇਰੇ ਵਿੱਚ ਖੜ੍ਹੇ ਨਜ਼ਰ ਆਉਂਦੇ ਹਨ। ਟਾਵਰ ਉੱਤੇ ਖੜ੍ਹਾ ਗੁਰਜੀਤ ਸਿੰਘ ਸਾਡੇ ਅਸੂਲਾਂ ਦੀ ਉੱਚਾਈ ਦਿਖਾ ਰਿਹਾ ਹੈ, ਪਰ ਧਰਤੀ ਉੱਤੇ ਚੱਲ ਰਹੀ ਸਿਆਸਤ ਅਤੇ ਅੰਦਰੂਨੀ ਖਿੱਚੋਤਾਣ ਉਸ ਉੱਚਾਈ ਨੂੰ ਮੈਲਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਜਦੋਂ ਮੋਰਚੇ ਦੀ ਅਗਵਾਈ ਕਰਨ ਵਾਲੇ ਹੀ ਸ਼ੱਕ ਦੇ ਘੇਰੇ ਵਿੱਚ ਆ ਜਾਣ ਤਾਂ ਸਵਾਲ ਉੱਠ ਖੜ੍ਹਦੇ ਹਨ,ਕਿ ਕੀ ਇਹ ਸੰਘਰਸ਼ ਨੂੰ ਹਾਈਜੈਕ ਤਾਂ ਨਹੀਂ ਕੀਤਾ ਜਾ ਰਿਹਾ। ਕੀ ਕੌਮ ਦੇ ਜਜ਼ਬਾਤਾਂ ਨੂੰ ਫਿਰ ਕਿਸੇ ਰਾਜਨੀਤਕ ਖੇਡ ਵਿੱਚ ਵਰਤਿਆ ਜਾ ਰਿਹਾ ਹੈ ? ਕੀ ਸੰਘਰਸ਼ ਨੂੰ ਇਹ ਸਿੱਖ ਸੋਚ ਤੋਂ ਪਾਸੇ ਤਾਂ ਨਹੀਂ ਲਿਜਾਇਆ ਜਾ ਰਿਹਾ ? ਇਹ ਸਵਾਲ ਇਸ ਲਈ ਵੀ ਜ਼ਰੂਰੀ ਹਨ ਕਿਉਂਕਿ ਸਿੱਖ ਇਤਿਹਾਸ ਵਿੱਚ ਮੋਰਚੇ ਹਮੇਸ਼ਾਂ ਪਵਿੱਤਰ ਮਕਸਦਾਂ ਲਈ ਲਗਦੇ ਰਹੇ ਹਨ, ਨਾ ਕਿ ਨਿੱਜੀ ਲਾਭਾਂ ਲਈ, ਪਰ ਅਫਸੋਸ ਹੈ ਕਿ ਪਵਿੱਤਰ ਮਕਸਦ ਨਿੱਜੀ ਲਾਲਸਾਵਾਂ ਵਿੱਚ ਬਦਲਦੇ ਰਹੇ ਹਨ। ਬੇਅਦਬੀਆਂ ਦੇ ਮਾਮਲਿਆਂ ਵਿੱਚ ਸਭ ਤੋਂ ਵੱਡੀ ਸਮੱਸਿਆ ਕਾਨੂੰਨ ਦੀ ਲਾਚਾਰੀ ਹੈ।

ਮੌਜੂਦਾ ਕਾਨੂੰਨਾਂ ਵਿੱਚ ਐਨੀ ਲਚਕ ਹੈ ਕਿ ਦੋਸ਼ੀ ਅਕਸਰ ਸਜ਼ਾ ਤੋਂ ਬੱਚ ਜਾਂਦੇ ਹਨ। ਧਾਰਾਵਾਂ ਹਨ, ਕੇਸ ਦਰਜ ਹੁੰਦੇ ਹਨ, ਗ੍ਰਿਫਤਾਰੀਆਂ ਵੀ ਹੁੰਦੀਆਂ ਹਨ, ਪਰ ਅੰਤ ਵਿੱਚ ਨਤੀਜਾ ਕੀ ਹੁੰਦਾ ਹੈ, ਸਬੂਤਾਂ ਦੀ ਕਮੀ, ਜਾਂਚ ਦੀ ਕਮਜ਼ੋਰੀ, ਮਾਨਸਿਕ ਪਰੇਸ਼ਾਨੀ ਅਤੇ ਕਾਨੂੰਨੀ ਖਾਮੀਆਂ ਮਿਲ ਕੇ ਇਨਸਾਫ਼ ਨੂੰ ਅਧੂਰਾ ਛੱਡ ਦਿੰਦੇ ਹਨ। ਇਹ ਹਕੀਕਤ ਸਗੋਂ ਕੌਮੀ ਦਰਦ ਬਣ ਚੁੱਕੀ ਹੈ। ਇਸ ਲਈ ਇਹ ਗੱਲ ਸਹੀ ਹੈ ਕਿ ਮੌਜੂਦਾ ਕਾਨੂੰਨ ਸਜ਼ਾ ਦੇਣ ਦੇ ਸਮਰੱਥ ਨਹੀਂ ਲੱਗਦੇ। ਉਹਨਾਂ ਵਿੱਚ ਐਨੀ ਤਾਕਤ ਨਹੀਂ ਜੋ ਇਸ ਤਰ੍ਹਾਂ ਦੇ ਸੰਵੇਦਨਸ਼ੀਲ ਜੁਰਮਾਂ ਨੂੰ ਰੋਕ ਸਕੇ। ਹੁਣ ਮੰਗ ਉੱਠ ਰਹੀ ਹੈ ਕਿ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਬਣਾਇਆ ਜਾਵੇ। ਪਰ ਇੱਥੇ ਵੀ ਸਾਵਧਾਨੀ ਦੀ ਲੋੜ ਹੈ। ਸਵਾਲ ਇਹ ਨਹੀਂ ਕਿ ਕਾਨੂੰਨ ਬਣੇ ਜਾਂ ਨਾ ਬਣੇ, ਸਵਾਲ ਇਹ ਹੈ ਕਿ ਕਿਹੋ ਜਿਹਾ ਕਾਨੂੰਨ ਬਣੇ ? ਜੇਕਰ ਕਾਨੂੰਨ ਬਿਨਾਂ ਸਪੱਸ਼ਟ ਪਰਿਭਾਸ਼ਾ ਅਤੇ ਸੁਰੱਖਿਆ ਦੇ ਬਣਾਇਆ ਗਿਆ, ਤਾਂ ਇਹਦਾ ਗਲਤ ਇਸਤੇਮਾਲ ਵੀ ਹੋ ਸਕਦਾ ਹੈ। ਇਹ ਵੀ ਸੰਭਵ ਹੈ ਕਿ ਕੱਲ੍ਹ ਨੂੰ ਇਹੀ ਕਾਨੂੰਨ ਸਿੱਖਾਂ ਦੇ ਖਿਲਾਫ ਹੀ ਵਰਤਿਆ ਜਾਵੇ। ਇਸ ਲਈ ਲੋੜ ਹੈ ਇੱਕ ਐਸੇ ਕਾਨੂੰਨ ਦੀ ਜੋ ਨਿਆਂਪੂਰਨ ਹੋਵੇ, ਪੱਕਾ ਹੋਵੇ ਅਤੇ ਕਿਸੇ ਵੀ ਤਰ੍ਹਾਂ ਦੇ ਦੁਰਉਪਯੋਗ ਤੋਂ ਪਰੇ ਹੋਵੇ। ਟਾਵਰ ਮੋਰਚਾ ਪਿਛਲੇ ਡੇਢ ਸਾਲ ਤੋਂ ਜਾਰੀ ਹੈ, ਇਹ ਆਪਣੇ ਆਪ ਵਿੱਚ ਵੱਡੀ ਗੱਲ ਹੈ। ਪਰ ਇਸ ਲੰਬੇ ਸਮੇਂ ਦੌਰਾਨ ਇਹ ਵੀ ਵੇਖਣ ਨੂੰ ਮਿਲ ਰਿਹਾ ਹੈ ਕਿ ਮੋਰਚੇ ਦੀ ਦਿਸ਼ਾ ਅਤੇ ਰਣਨੀਤੀ ਵਿੱਚ ਕਈ ਵਾਰ ਅਸਪੱਸ਼ਟਤਾ ਰਹੀ ਹੈ। ਜੇਕਰ ਮਕਸਦ ਸਾਫ ਹੋਵੇ, ਅਗਵਾਈ ਪਾਰਦਰਸ਼ੀ ਹੋਵੇ ਅਤੇ ਰਾਹ ਇਕਜੁੱਟ ਹੋਵੇ, ਤਾਂ ਕੋਈ ਵੀ ਸੰਘਰਸ਼ ਜ਼ਿਆਦਾ ਪ੍ਰਭਾਵਸ਼ਾਲੀ ਹੋ ਸਕਦਾ ਹੈ।

ਪਰ ਜਦੋਂ ਅੰਦਰੂਨੀ ਸੰਦੇਹ ਪੈਦਾ ਹੋਣ ਤਾਂ ਉਹ ਸੰਘਰਸ਼ ਦੀ ਤਾਕਤ ਨੂੰ ਕਮਜ਼ੋਰ ਕਰ ਦਿੰਦੇ ਹਨ। ਇਸ ਸਾਰੇ ਪ੍ਰਸੰਗ ਤੋਂ ਸਿੱਖ ਕੌਮ ਨੂੰ ਇੱਕ ਵੱਡਾ ਸਬਕ ਲੈਣਾ ਚਾਹੀਦਾ ਹੈ, ਕਿਸੇ ਵੀ ਅਗਵਾਈ ਨੂੰ ਅੰਨ੍ਹੇ ਤੌਰ 'ਤੇ ਮੰਨਣਾ ਠੀਕ ਨਹੀਂ। ਸਵਾਲ ਕਰਨਾ ਗਲਤ ਨਹੀਂ ਹੁੰਦਾ, ਜੇ ਉਹ ਕੌਮ ਦੇ ਹਿੱਤ ਲਈ ਹੋਵੇ। ਜਾਗਰੂਕਤਾ ਹੀ ਉਹ ਤਾਕਤ ਹੈ ਜੋ ਕਿਸੇ ਵੀ ਸੰਘਰਸ਼ ਨੂੰ ਸਹੀ ਦਿਸ਼ਾ ਦੇ ਸਕਦੀ ਹੈ। ਅਖੀਰ ਵਿੱਚ ਗੱਲ ਫਿਰ ਓਥੇ ਆ ਕੇ ਖੜ੍ਹਦੀ ਹੈ, ਕੀ ਸਿੱਖ ਕੌਮ ਇਕੱਠੀ ਹੈ ? ਜੇਕਰ ਕੌਮ ਅੰਦਰ ਹੀ ਸ਼ੱਕ, ਫੁੱਟ ਅਤੇ ਬੇਭਰੋਸਗੀ ਵਧਦੀ ਰਹੇਗੀ ਤਾਂ ਕੋਈ ਵੀ ਮੋਰਚਾ, ਕੋਈ ਵੀ ਕਾਨੂੰਨ ਅਤੇ ਕੋਈ ਵੀ ਸਰਕਾਰ ਇਸ ਮਸਲੇ ਦਾ ਹੱਲ ਨਹੀਂ ਕਰ ਸਕਦੀ।

ਇਸ ਲਈ ਲੋੜ ਹੈ ਏਕਤਾ ਦੀ, ਪਾਰਦਰਸ਼ੀ ਅਗਵਾਈ ਦੀ ਅਤੇ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਦੀ। ਟਾਵਰ ਉੱਤੇ ਖੜ੍ਹਾ ਇੱਕ ਸਿੰਘ ਯਾਦ ਕਰਵਾ ਰਿਹਾ ਹੈ ਕਿ ਸਿਦਕ ਅਜੇ ਵੀ ਜ਼ਿੰਦਾ ਹੈ, ਪਰ ਹੇਠਾਂ ਧਰਤੀ ਉੱਤੇ ਚੱਲ ਰਹੀਆਂ ਗਤੀਵਿਧੀਆਂ ਚਿਤਾਵਨੀ ਦੇ ਰਹੀਆਂ ਹਨ ਕਿ ਸਿਰਫ਼ ਜਜ਼ਬਾ ਅਤੇ ਜਜ਼ਬਾਤੀ ਹੋਣਾ ਹੀ ਕਾਫੀ ਨਹੀਂ, ਬਾਬਾ ਬੰਦਾ ਸਿੰਘ ਬਹਾਦਰ ਅਤੇ ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦੀਆਂ ਤਸਵੀਰਾਂ ਲਾਉਣੀਆਂ ਹੀ ਕਾਫੀ ਨਹੀਂ ਹਨ ਬਲਕਿ ਉਹਨਾਂ ਦੀ ਸੋਚ 'ਤੇ ਪਹਿਰਾ ਦੇਣ ਦੀ ਹਿੰਮਤ ਹੌਸਲਾ ਅਤੇ ਦੂਰਅੰਦੇਸ਼ੀ ਵੀ ਹੋਣਾ ਲਾਜ਼ਮੀ ਹੈ। ਜੇਕਰ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਇਨਸਾਫ ਲਈ ਲੱਗੇ ਮੋਰਚੇ ਦੀ ਸਟੇਜ ਤੋਂ ਸਿੱਖਾਂ ਨੂੰ ਕੌਮੀ ਭਾਵਨਾਵਾਂ ਦੀ ਤਰਜਮਾਨੀ ਕਰਨ ਤੋਂ ਰੋਕਿਆ ਜਾ ਰਿਹਾ ਹੈ, ਤਾਂ ਇਹ ਹੋਰ ਵੀ ਚਿੰਤਾ ਦਾ ਵਿਸ਼ਾ ਹੈ। ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਮਸਲਾ ਸਿੱਖ ਕੌਮ ਦੀ ਆਤਮਾ ਨਾਲ ਜੁੜਿਆ ਹੋਇਆ ਬੇਹੱਦ ਸੰਵੇਦਨਸ਼ੀਲ ਮਸਲਾ ਹੈ। ਸੋ ਧੰਨ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਨੂੰ ਰੋਕਣ ਲਈ ਅੰਤਰ ਆਤਮਾ ਦੀ ਅਵਾਜ਼ ਨੂੰ ਸੁਣਨਾ ਪਵੇਗਾ ਅਤੇ ਇਸ ਅੰਤਰ ਆਤਮਾ ਦੀ ਅਵਾਜ਼ 'ਤੇ ਅਮਲ ਕਰਨ ਲਈ ਸਿਦਕ ਵੀ ਚਾਹੀਦਾ ਹੈ, ਸਿਆਣਪ ਵੀ, ਸੋ ਵਾਹਿਗੁਰੂ ਸਮੁੱਚੀ ਕੌਮ ਨੂੰ ਸਿੱਖੀ ਦੇ ਪਵਿੱਤਰ ਅਸੂਲਾਂ ਤੇ ਚੱਲਣ ਦੀ ਸੋਝੀ ਅਤੇ ਸਿਦਕਦਿਲੀ ਦੀ ਬਖਸ਼ਿਸ਼ ਕਰਨ।

# ਪਰਉਪਕਾਰੀ ਤੇ ਸੇਵਾ ਦੇ ਪੁੰਜ ਸਨ : ਬਾਬਾ ਤੇਗਾ ਸਿੰਘ, ਬਾਬਾ ਨਛੱਤਰ ਸਿੰਘ

**ਕਰਨੈਲ ਸਿੰਘ ਐਮ.ਏ.**

ਪੰਜਾਬ ਰਿਸ਼ੀਆਂ-ਮੁਨੀਆਂ, ਸੰਤਾਂ ਤੇ ਪੀਰਾਂ-ਫ਼ਕੀਰਾਂ ਦੀ ਧਰਤੀ ਹੈ। ਇਸ ਦਾ ਚੱਪਾ-ਚੱਪਾ ਭਗਤੀ-ਸ਼ਕਤੀ ਤੇ ਸ਼ਹੀਦ ਸਿੰਘਾਂ ਦੀਆਂ ਕੁਰਬਾਨੀਆਂ ਦੀ ਹਾਮੀ ਭਰਦਾ ਹੈ। ਇਸ ਧਰਤੀ ਦਾ ਹੀ ਇੱਕ ਹਿੱਸਾ ਹੈ, ਮੋਗਾ-ਕੋਟਕਪੂਰਾ ਸੜਕ ਤੇ ਮੋਗਾ ਤੋਂ 12 ਕਿਲੋਮੀਟਰ ਅਤੇ ਬਾਘਾਪੁਰਾਣਾ ਤੋਂ 6 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਪਿੰਡ ਚੰਦਪੁਰਾਣਾ। ਇੱਥੇ ਹੀ ਪਰ-ਉਪਕਾਰੀ ਤੇ ਸੇਵਾ ਦੇ ਪੁੰਜ ਮਹਾਂਪੁਰਸ਼ ਸੰਤ ਬਾਬਾ ਤੇਗਾ ਸਿੰਘ ਜੀ ਤੇ ਸੰਤ ਬਾਬਾ ਨਛੱਤਰ ਸਿੰਘ ਜੀ ਹੋਏ ਸਨ।

* **ਸੰਤ ਬਾਬਾ ਤੇਗਾ ਸਿੰਘ ਜੀ:-** ਸੰਤ ਬਾਬਾ ਤੇਗਾ ਸਿੰਘ ਜੀ ਦਾ ਜਨਮ ਪਿੰਡ ਚੰਦਪੁਰਾਣਾ ਵਿਖੇ ਇੱਕ ਕਿਸਾਨ ਪਰਿਵਾਰ ਵਿੱਚ ਹੋਇਆ। ਬਾਬਾ ਜੀ ਸਮੇਤ ਚਾਰ ਭਰਾ ਸਨ ਤੇ ਆਪਣੇ ਪਿਤਾ ਦੀ ਸਭ ਤੋਂ ਛੋਟੀ ਸੰਤਾਨ ਸਨ। ਬਾਬਾ ਜੀ ਦਾ ਛੋਟੀ ਉਮਰ ਵਿੱਚ ਹੀ ਗੁਰੂ ਘਰ ਨਾਲ ਬਹੁਤ ਪਿਆਰ ਸੀ। ਉਹ ਗੁਰੂ ਘਰ ਦੇ ਸਤਿਸੰਗੀ, ਸਿਮਰਨ ਅਤੇ ਭਜਨ-ਬੰਦਗੀ ਕਰਨ ਵਾਲੇ ਸਨ। ਬਾਬਾ ਜੀ ਆਪਣੇ ਹਮ-ਉਮਰ ਬੱਚਿਆਂ ਨਾਲ ਬਚਪਨ ਦੀਆਂ ਖੇਡਾਂ ਖੇਡਦੇ, ਉਹ ਖੇਡਦੇ ਸਮੇਂ ਕਦੇ ਵੀ ਕਿਸੇ ਬੱਚੇ ਨਾਲ ਲੜਦੇ-ਝਗੜਦੇ ਨਹੀਂ ਸਨ। ਸਾਰਾ ਦਿਨ ਖੇਡੀਆਂ ਖੇਡਾਂ ਬਾਰੇ ਸ਼ਾਮ ਨੂੰ ਆਪਣੇ ਮਾਤਾ-ਪਿਤਾ ਨੂੰ ਦੱਸਦੇ। ਉਹ ਸਿੱਖ ਧਰਮ ਦੀਆਂ ਗੱਲਾਂ ਵੀ ਬੱਚਿਆਂ ਨਾਲ ਕਰਦੇ।

ਸੰਤ ਬਾਬਾ ਤੇਗਾ ਸਿੰਘ ਜੀ ਜਦੋਂ ਜਵਾਨ ਹੋਏ ਤਾਂ ਉਸ ਵੇਲੇ ਹਿੰਦੁਸਤਾਨ 'ਤੇ ਮੁਗ਼ਲਾਂ ਦਾ ਰਾਜ ਸੀ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਪਿੰਡ ਡਰੋਲੀ ਭਾਈ ਵਿਖੇ ਨੌਜਵਾਨ ਮੁੰਡਿਆਂ ਦੇ ਝੁੰਡ ਬਣਾ ਕੇ ਉਹਨਾਂ ਨੂੰ ਸ਼ਸਤਰ ਵਿੱਦਿਆ ਦੇ ਨਾਲ-ਨਾਲ ਘੋੜ-ਸਵਾਰੀ, ਗੁਰਬਾਣੀ ਦਾ ਪਾਠ ਤੇ ਨਿੱਤ-ਨੇਮ ਕਰਨਾ ਵੀ ਸਿਖਾਉਂਦੇ ਸਨ। ਉਹ ਤਲਵਾਰ ਦੇ ਧਨੀ ਅਤੇ ਚੰਗੇ ਘੋੜ-ਸਵਾਰ ਵੀ ਬਣ ਗਏ। ਬਾਬਾ ਤੇਗਾ ਸਿੰਘ ਜੀ ਫੌਲਾਦ ਦਾ ਬਣਿਆ ਇੱਕ ਬਹੁਤ ਵਧੀਆ ਨਿਰੋਆ ਤੇਗਾ ਹਰ ਸਮੇਂ ਧਾਰਨ ਕਰਕੇ ਰੱਖਦੇ ਤਾਂ ਉਹਨਾਂ ਨੂੰ ਸਾਰੇ ਹਮ-ਉਮਰ ਨੌਜਵਾਨ 'ਬਾਬਾ ਤੇਗਾ ਸਿੰਘ' ਦੇ ਨਾਂ ਨਾਲ ਬੁਲਾਉਣ ਲੱਗ ਪਏ। ਜਿੱਥੇ ਉਹ ਘਰ ਦੇ ਕੰਮਾਂ ਵਿੱਚ ਆਪਣੇ ਪਰਿਵਾਰ ਦੀ ਸਹਾਇਤਾ ਕਰਦੇ ਉੱਥੇ ਹਰ ਕਿਸੇ ਦੁਖੀ, ਲੋੜਵੰਦ ਦੀ ਸਹਾਇਤਾ ਲਈ ਵੀ ਹਰ ਸਮੇਂ ਤੱਤਪਰ ਰਹਿੰਦੇ। ਉਸ ਸਮੇਂ ਇਹ ਮੁਗ਼ਲ ਰਾਜਿਆਂ ਦੇ ਰਾਜ ਦਾ ਇਲਾਕਾ ਹੁੰਦਾ ਸੀ। ਮੁਗ਼ਲ ਆਪਣੀ ਹਕੂਮਤ ਵਿੱਚ ਕਿਸੇ ਦੀ ਤਾਕਤ ਬਰਦਾਸ਼ਤ ਨਹੀਂ ਕਰਦੇ ਸਨ। ਮੁਗ਼ਲਾਂ ਦੇ ਰਾਜ ਵਿੱਚ ਲੜਕੀਆਂ ਦੀਆਂ ਇੱਜ਼ਤਾਂ ਸੁਰੱਖਿਅਤ ਨਹੀਂ ਸਨ। ਇਹਨਾਂ ਪਿੰਡਾਂ ਵਿੱਚ ਮੁਗ਼ਲ ਆਪਣੀ ਅਯਾਸ਼ੀ ਲਈ ਸੋਹਣੀਆਂ-ਸੁਨੱਖੀਆਂ ਲੜਕੀਆਂ ਦੀ ਇੱਜ਼ਤ ਜ਼ਬਰਦਸਤੀ ਲੁੱਟ ਲੈਂਦੇ ਸਨ। ਕਿਉਂਕਿ ਸਰਕਾਰੇ-ਦਰਬਾਰੇ ਮੁਗ਼ਲਾਂ ਦਾ ਦਬਦਬਾ ਸੀ। ਕੋਈ ਕੁਝ ਵੀ ਕਹਿਣ ਦੀ ਹਿੰਮਤ ਨਹੀਂ ਸੀ ਕਰਦਾ ਪਰ ਇਹ ਲੁੱਟ-ਖਸੁੱਟ ਦੇਖ ਕੇ ਬਾਬਾ ਤੇਗਾ ਸਿੰਘ ਜੀ ਸਹਾਰ ਨਾ ਸਕੇ। ਉਹਨਾਂ ਇਹ ਪ੍ਰਣ ਕਰ ਲਿਆ ਤੇ ਗੁਰੂ ਅੱਗੇ ਅਰਦਾਸ ਕੀਤੀ, "ਸੱਚੇ ਪਾਤਸ਼ਾਹ ! ਸਾਨੂੰ ਤਾਕਤ ਬਖ਼ਸ਼ੋ ਤਾਂ ਕਿ ਅਸੀਂ ਵੈਰੀਆਂ (ਮੁਗ਼ਲਾਂ) ਨੂੰ ਸਬਕ ਸਿਖਾ ਸਕੀਏ।"

ਮੁਗ਼ਲ ਬਾਦਸ਼ਾਹ ਇੱਕ ਵਾਰ ਹੱਦਬੰਦੀ 'ਤੇ ਲੋਕਾਂ ਦਾ ਨੁਕਸਾਨ ਕਰਨ ਲਈ ਪਹੁੰਚੇ ਹੀ ਸਨ। ਬਾਬਾ ਤੇਗਾ ਸਿੰਘ ਜੀ ਚੰਦਪੁਰਾਣੇ ਵਾਲੇ ਬੋਲੇ ਸੋ ਨਿਹਾਲ ਦੇ ਜੈਕਾਰੇ ਲਗਾਉਂਦੇ ਹੋਏ ਹੱਦਬੰਦੀ 'ਤੇ ਮੁਗ਼ਲਾਂ ਨੂੰ ਅੱਗੋਂ ਦੀ ਹੋ ਕੇ ਮਿਲੇ। ਬਾਬਾ ਤੇਗਾ ਸਿੰਘ ਅਤੇ ਉਹਨਾਂ ਦੇ ਸਾਥੀ ਸ੍ਰ: ਖੁਸ਼ਹਾਲ ਸਿੰਘ ਤੇ ਬਾਕੀ ਸਾਥੀਆਂ ਨੇ ਮੁਗ਼ਲਾਂ ਦੀ ਫ਼ੌਜ 'ਤੇ ਹੱਲਾ ਬੋਲ ਦਿੱਤਾ। ਤਲਵਾਰਾਂ ਖੜਕੀਆਂ, ਖ਼ੂਨ ਵਿੱਚ ਲੱਥ-ਪੱਥ ਲੋਥਾਂ ਹੀ ਲੋਥਾਂ ਦੇ ਢੇਰ ਹੀ ਨਜ਼ਰ ਆਉਣ ਲੱਗੇ। ਮੁਗ਼ਲ ਫ਼ੌਜਾਂ ਵਿੱਚ ਭਾਜੜਾਂ ਪੈ ਗਈਆਂ। ਮੁਗ਼ਲਾਂ ਦੇ ਹਜ਼ਾਰਾਂ ਸਿਪਾਹੀ ਮਾਰੇ ਗਏ। ਬਾਬਾ ਤੇਗਾ ਸਿੰਘ ਜੀ ਦੇ ਸਾਰੇ ਸਾਥੀ ਅਤੇ ਸ਼੍ਰੋਮਣੀ ਸਾਥੀ ਭਾਈ ਖੁਸ਼ਹਾਲ ਸਿੰਘ ਵੀ ਮੁਗ਼ਲ ਫ਼ੌਜਾਂ ਨਾਲ ਲੜਦੇ-ਲੜਦੇ ਸ਼ਹੀਦੀ ਜਾਮ ਪੀ ਗਏ। ਬਾਬਾ ਤੇਗਾ ਸਿੰਘ ਜੀ ਇਕੱਲੇ (ਸਵਾ ਲੱਖ) ਹੀ ਰਹਿ ਗਏ। ਬਾਬਾ ਤੇਗਾ ਸਿੰਘ ਜੀ ਜੈਕਾਰੇ ਛੱਡਦੇ ਹੋਏ ਪੂਰੀ ਸ਼ਕਤੀ ਨਾਲ ਤੇਗਾ ਚਲਾਉਣ ਲੱਗੇ ਤੇ ਵੈਰੀਆਂ ਦੇ ਧੜ ਧਰਤੀ 'ਤੇ ਵਿਛਾਉਣੇ ਸ਼ੁਰੂ ਕਰ ਦਿੱਤੇ। ਮੁਗ਼ਲ ਫ਼ੌਜਾਂ ਦੇ ਪੈਰ ਥੱਲਿਓਂ ਜ਼ਮੀਨ ਖਿਸਕ ਗਈ। ਬਹੁਤ ਸਾਰੀ ਮੁਗ਼ਲ ਫ਼ੌਜ ਮਾਰੀ ਗਈ ਤੇ ਬਾਕੀ ਬਚਦੀ ਮੁਗ਼ਲ ਫ਼ੌਜ ਵੀ ਆਪਣੀਆਂ ਜਾਨਾਂ ਬਚਾ ਕੇ ਮੈਦਾਨ ਵਿੱਚੋਂ ਭੱਜ ਨਿਕਲੀ। ਬਾਬਾ ਤੇਗਾ ਸਿੰਘ ਜੀ ਕਾਫ਼ੀ ਦੂਰ ਤੱਕ ਉਹਨਾਂ ਦੇ ਪਿੱਛੇ ਗਏ।

ਬਾਬਾ ਤੇਗਾ ਸਿੰਘ ਜੀ ਉਸ ਲੜਾਈ ਵਿੱਚ ਸ਼ਖ਼ਤ ਜ਼ਖ਼ਮੀ ਹੋ ਚੁੱਕੇ ਸਨ। ਸਰੀਰ ਵਿੱਚੋਂ ਖ਼ੂਨ ਜ਼ਿਆਦਾ ਵਗਣ ਕਰਕੇ ਨਿਢਾਲ ਹੁੰਦੇ ਜਾ ਰਹੇ ਸਨ। ਆਖ਼ਰ ਉਹਨਾਂ ਨੇ ਮੌਜੂਦਾ ਸ਼ਹੀਦੀ ਅਸਥਾਨ 'ਤੇ ਇਸ ਝਿੜੀ ਵਿੱਚ ਪਾਣੀ ਦੇ ਸੋਮੇ ਕੋਲ ਆਪਣੇ ਘੋੜੇ ਤੋਂ ਉਤਰ ਕੇ ਉਸ ਨੂੰ ਛੱਡ ਦਿੱਤਾ ਅਤੇ ਪਾਣੀ ਪੀਣ ਤੋਂ ਬਾਅਦ ਆਰਾਮ ਕਰਨ ਲਈ ਦਰੱਖ਼ਤ ਨਾਲ ਢੋਅ ਲਾ ਕੇ ਬੈਠ ਗਏ। ਵਾਹਿਗੁਰੂ-ਵਾਹਿਗੁਰੂ ਦਾ ਜਾਪ ਕਰਨ ਉਪਰੰਤ ਉਹਨਾਂ ਜਪੁਜੀ ਸਾਹਿਬ ਬਾਣੀ ਦਾ ਪਾਠ ਕਰਨਾ ਸ਼ੁਰੂ ਕਰ ਦਿੱਤਾ ਤੇ 'ਪਵਣ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥" ਸਲੋਕ ਪੂਰਾ ਕਰਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ।



ਬਾਬਾ ਤੇਗ਼ਾ ਸਿੰਘ     ਬਾਬਾ ਨਛੱਤਰ ਸਿੰਘ

ਸੰਤ ਬਾਬਾ ਤੇਗ਼ਾ ਸਿੰਘ ਜੀ ਦੀ ਜਨਮ ਤਾਰੀਖ਼ ਤੇ ਸੰਨ, ਮਾਤਾ-ਪਿਤਾ ਦਾ ਨਾਂ, ਪਰਿਵਾਰ ਦਾ ਵੇਰਵਾ, ਵਿੱਦਿਅਕ ਯੋਗਤਾ, ਕਿੱਥੋਂ ਵਿੱਦਿਆ ਪ੍ਰਾਪਤ ਕੀਤੀ, ਸੱਚ-ਖੰਡ ਪਿਆਨਾ ਕਰਨ ਦੀ ਮਿਤੀ ਤੇ ਸੰਨ ਆਦਿ ਬਾਰੇ ਖੋਜ ਕਰਨ ਦੀ ਲੋੜ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਵਿਖੇ ਸਥਾਪਿਤ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਬਾਬਾ ਤੇਗ਼ਾ ਸਿੰਘ ਜੀ ਦੀ ਵੱਡ-ਆਕਾਰੀ ਤਸਵੀਰ ਸੁਸ਼ੋਭਿਤ ਕੀਤੀ ਜਾਵੇ। ਸੰਤ ਬਾਬਾ ਤੇਗ਼ਾ ਸਿੰਘ ਜੀ ਇੱਜ਼ਤ, ਅਣਖ ਦੀ ਲੜਾਈ ਲੜਦੇ ਹੋਏ ਸ਼ਹੀਦੀ ਪਾ ਕੇ ਆਪਣਾ ਨਾਮ ਸੁਨਹਿਰੀ ਅੱਖਰਾਂ ਵਿੱਚ ਲਿਖਵਾ ਗਏ, ਜੋ ਜੁਗਾਂ-ਜੁਗਾਂਤਰਾਂ ਤੱਕ ਯਾਦ ਕੀਤਾ ਜਾਂਦਾ ਰਹੇਗਾ।

**ਸੰਤ ਬਾਬਾ ਨਛੱਤਰ ਸਿੰਘ ਜੀ:-** ਸੰਤ ਬਾਬਾ ਨਛੱਤਰ ਸਿੰਘ ਜੀ ਦਾ ਜਨਮ 12 ਫ਼ਰਵਰੀ 1969 ਈ: ਨੂੰ ਪਿਤਾ ਸ੍ਰ: ਭਜਨ ਸਿੰਘ ਦੇ ਘਰ ਮਾਤਾ ਮੁਖਤਿਆਰ ਕੌਰ ਜੀ ਦੀ ਕੁੱਖ ਤੋਂ ਪਿੰਡ ਚੰਦਪੁਰਾਣਾ ਜ਼ਿਲ੍ਹਾ ਮੋਗਾ ਵਿਖੇ ਹੋਇਆ। ਆਪ ਦਾ ਬਚਪਨ ਤੋਂ ਹੀ ਝੁਕਾਅ ਸੇਵਾ ਵੱਲ ਸੀ। ਆਪ ਹਰ ਸਮੇਂ ਵਾਹਿਗੁਰੂ ਗੁਰਮੰਤਰ ਦਾ ਜਾਪ ਕਰਦੇ ਰਹਿੰਦੇ ਸਨ। ਸੰਤ ਬਾਬਾ ਨਛੱਤਰ ਸਿੰਘ ਆਪਣੇ ਪਿਤਾ ਨਾਲ ਬਚਪਨ ਵਿੱਚ ਸ਼ਹੀਦ ਬਾਬਾ ਤੇਗ਼ਾ ਸਿੰਘ ਦੇ ਅਸਥਾਨ 'ਤੇ ਸਾਫ਼-ਸਫ਼ਾਈ (ਸੇਵਾ) ਕਰਨ ਜਾਂਦੇ ਸਨ। ਇੱਕ ਦਿਨ ਸੇਵਾ ਕਰਦਿਆਂ-ਕਰਦਿਆਂ ਬਾਬਾ ਨਛੱਤਰ ਸਿੰਘ ਨੂੰ ਗੁਪਤ ਆਵਾਜ਼ ਆਈ "ਭਾਈ ! ਤੁਸੀਂ ਇੱਥੇ ਰਹਿ ਕੇ ਸੇਵਾ ਕਰੋ, ਅਸੀਂ ਤੁਹਾਡੇ ਅੰਗ-ਸੰਗ ਹਾਂ।" ਬਾਬਾ ਜੀ ਕੋਲ ਦੁਖੀ ਲੋਕ ਆਉਣ ਲੱਗ ਪਏ। ਬਾਬਾ ਜੀ ਉਹਨਾਂ ਦੀਆਂ ਦੁੱਖ ਤਕਲੀਫ਼ਾਂ ਦੂਰ ਕਰਦੇ। ਸੰਤ ਬਾਬਾ ਨਛੱਤਰ ਸਿੰਘ ਜੀ ਨੇ ਸੰਨ 1994 ਈ: ਵਿੱਚ ਗੁਰਦੁਆਰੇ ਦਾ ਨੀਂਹ ਪੱਥਰ ਰੱਖਿਆ। ਉਹਨਾਂ ਸੰਗਤਾਂ ਨੂੰ ਪ੍ਰੇਰ ਕੇ ਤੇ ਆਪ ਹੱਥੀਂ ਸੇਵਾ ਕਰਕੇ ਇਸ ਅਸਥਾਨ ਦੀ ਸੇਵਾ ਕਰਵਾਈ। ਬਾਬਾ ਜੀ ਨੇ ਹੀ ਗੁਰਦੁਆਰਾ ਸਾਹਿਬ ਦਾ ਨਾਂ 'ਗੁਰਦੁਆਰਾ ਸ਼ਹੀਦ ਬਾਬਾ ਤੇਗ਼ਾ ਸਿੰਘ ਜੀ' ਰੱਖਿਆ। ਸੰਤ ਬਾਬਾ ਨਛੱਤਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸਾਹਿਬ ਵਿਖੇ ਬਾਬਾ ਤੇਗ਼ਾ ਸਿੰਘ ਮੈਮੋਰੀਅਲ ਹਸਪਤਾਲ, ਬਾਬਾ ਤੇਗ਼ਾ ਸਿੰਘ ਅਜਾਇਬ ਘਰ, ਬਾਬਾ ਤੇਗ਼ਾ ਸਿੰਘ ਬਿਰਧ ਆਸ਼ਰਮ, ਭੋਰਾ ਸਾਹਿਬ, 68 ਤੀਰਥਾਂ ਦੇ ਜਲ ਵਾਲਾ ਸਰੋਵਰ ਆਦਿ ਅਦਾਰੇ ਚੱਲ ਰਹੇ ਸਨ। ਸੰਤ ਬਾਬਾ ਨਛੱਤਰ ਸਿੰਘ ਜੀ ਨੇ ਸੰਗਤਾਂ ਦੇ ਸਹਿਯੋਗ ਨਾਲ ਆਲੀਸ਼ਾਨ ਬਿਲਡਿੰਗਾਂ ਬਣਾਈਆਂ। ਬਾਬਾ ਜੀ ਸੰਗਤਾਂ ਨੂੰ ਦਸਾਂ-ਨਹੁੰਆਂ ਦੀ ਕਮਾਈ ਕਰਨ ਦਾ ਉਪਦੇਸ਼ ਦਿੰਦੇ ਸਨ। ਉਹ ਫ਼ਰਮਾਉਂਦੇ ਸਨ 'ਕਰਨਾ ਸਿੱਖੀ ਦਾ ਪ੍ਰਚਾਰ, ਸਾਰੀ ਦੁਨੀਆਂ ਦੇ ਵਿਚਕਾਰ' ਸੰਤ ਬਾਬਾ ਨਛੱਤਰ ਸਿੰਘ ਜੀ ਵੱਲੋਂ ਇਸਤਰੀ ਵਰਗ ਨੂੰ ਉੱਚਾ ਸਨਮਾਨ ਦੇਣ ਲਈ ਲੋਹੜੀ ਅਤੇ ਮਾਘੀ ਨੂੰ ਤਕਰੀਬਨ ਦੋ ਲੱਖ ਰੁਪਏ ਦੇ ਦੁਪੱਟੇ ਸਨਮਾਨ ਵਜੋਂ ਇਸਤਰੀਆਂ ਨੂੰ ਭੇਟ ਕੀਤੇ ਜਾਂਦੇ ਸਨ।

ਸੰਤ ਬਾਬਾ ਨਛੱਤਰ ਸਿੰਘ ਜੀ ਕਹਿੰਦੇ ਸਨ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਗੁਰੂ ਮੰਨਣਾ ਹੈ। ਹੋਰ ਕਿਸੇ ਵੀ ਦੇਹਧਾਰੀ ਨੂੰ ਆਪਣਾ ਗੁਰੂ ਨਹੀਂ ਮੰਨਣਾ। ਉਹ ਸੰਗਤਾਂ ਤੋਂ ਮੱਥਾ ਨਹੀਂ ਟਿਕਾਉਂਦੇ ਸਨ। ਸੰਗਤਾਂ ਨੂੰ ਵੀ ਮੱਥਾ ਟੇਕਣ ਤੋਂ ਰੋਕਦੇ ਸਨ। ਸੰਤ ਜੀ ਹਰ ਮਹੀਨੇ ਗ਼ਰੀਬ, ਲੋੜਵੰਦ ਔਰਤਾਂ (ਇਸਤਰੀਆਂ) ਨੂੰ ਰਾਸ਼ਨ ਵੰਡਦੇ ਸਨ। ਸਿੱਖ ਮਰਯਾਦਾ ਵਿੱਚ ਰਹਿਣ ਵਾਲੇ ਕੇਸਾਧਾਰੀ ਖਿਡਾਰੀਆਂ ਨੂੰ ਬਾਬਾ ਜੀ ਸਨਮਾਨਿਤ ਕਰਦੇ ਸਨ। ਉਹ ਨੌਜਵਾਨਾਂ ਨੂੰ ਕਹਿੰਦੇ ਸਨ ਕਿ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ। ਸੰਤ ਬਾਬਾ ਨਛੱਤਰ ਸਿੰਘ ਜੀ ਸੰਗਤਾਂ ਨੂੰ ਗੁਰੂ ਨਾਲ ਜੋੜਨ, ਬਾਣੀ ਦੀ ਵਿਆਖਿਆ ਕਰਕੇ ਸੰਗਤਾਂ ਨੂੰ ਚਾਨਣਾ ਪਾਉਣਾ, ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭੈੜੀ ਬਿਮਾਰੀ ਤੋਂ ਜਾਣੂੰ ਕਰਵਾਉਣਾ ਤੇ ਮਾਤਾ-ਪਿਤਾ ਦੀ ਸੇਵਾ ਲਈ ਪ੍ਰੇਰਿਤ ਕਰਨਾ, ਲੋਕਾਂ ਦੇ ਦੁੱਖਾਂ ਲਈ ਆਪਣੇ ਸੁੱਖਾਂ ਦਾ ਤਿਆਗ ਕਰ ਦੇਣਾ, ਹਮੇਸ਼ਾਂ ਹੀ ਸੰਗਤ ਨੂੰ ਚੰਗੇ ਕੰਮ ਕਰਨ ਲਈ ਸੰਦੇਸ਼ ਦੇਣਾ, ਵਹਿਮਾਂ-ਭਰਮਾਂ ਵਿੱਚੋਂ ਕੱਢਣਾ, ਧਾਗੇ-ਤਵੀਤਾਂ ਤੋਂ ਦੂਰ ਕਰਨਾ, ਦਸਾਂ ਨਹੁੰਆਂ ਦੀ ਕਿਰਤ ਕਰਨਾ ਆਦਿ ਉਪਦੇਸ਼ ਦਿੰਦੇ ਸਨ। ਸੰਤ ਬਾਬਾ ਨਛੱਤਰ ਸਿੰਘ ਜੀ 18 ਜੂਨ 2011 ਈ: ਦਿਨ ਸ਼ਨੀਵਾਰ ਨੂੰ 42 ਸਾਲ ਦੀ ਉਮਰ ਬਤੀਤ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ।

ਉਹਨਾਂ ਤੋਂ ਬਾਅਦ ਗੁਰਦੁਆਰਾ ਸ਼ਹੀਦ ਬਾਬਾ ਤੇਗ਼ਾ ਸਿੰਘ ਜੀ ਦੀ ਸੇਵਾ ਸੰਭਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਅਤੇ ਹੋਰ ਸੰਤਾਂ-ਮਹਾਂਪੁਰਖਾਂ ਨੇ ਸੰਗਤਾਂ ਦੇ ਭਾਰੀ ਇਕੱਠ ਵਿੱਚ ਦਸਤਾਰਾਂ ਸਜਾ ਕੇ ਬਾਬਾ ਗੁਰਦੀਪ ਸਿੰਘ ਜੀ ਨੂੰ ਸੌਂਪੀ। ਬਾਬਾ ਗੁਰਦੀਪ ਸਿੰਘ ਜੀ ਦੀ ਸਰਪ੍ਰਸਤੀ ਹੇਠ ਪੂਰਨਮਾਸ਼ੀ ਦਾ ਦਿਹਾੜਾ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਪੰਜ ਪਿਆਰਿਆਂ ਵੱਲੋਂ ਖੰਡੇ-ਬਾਟੇ ਦਾ ਅੰਮ੍ਰਿਤ ਤਿਆਰ ਕੀਤਾ ਜਾਂਦਾ ਹੈ। ਅੰਮ੍ਰਿਤਪਾਨ ਕਰਨ ਵਾਲੇ ਸਾਰੇ ਪ੍ਰਾਣੀਆਂ ਨੂੰ ਕਕਾਰ ਮੁਫ਼ਤ (ਭੇਟਾ ਰਹਿਤ) ਦਿੱਤੇ ਜਾਂਦੇ ਹਨ। ਅੰਮ੍ਰਿਤ ਅਭਿਲਾਖੀਆਂ ਨੂੰ ਬਸਤਰ ਅਤੇ ਦੂਰੋਂ ਆਉਣ ਵਾਲਿਆਂ ਨੂੰ ਕਿਰਾਇਆ ਵੀ ਦਿੱਤਾ ਜਾਂਦਾ ਹੈ। ਸੰਗਰਾਂਦ ਦਿਹਾੜੇ ਬੇਸਹਾਰਾ ਤੇ ਲੋੜਵੰਦ ਔਰਤਾਂ ਨੂੰ ਮਹੀਨੇ ਭਰ ਦਾ ਰਾਸ਼ਨ ਮੁਫ਼ਤ ਦਿੱਤਾ ਜਾਂਦਾ ਹੈ। ਗ਼ਰੀਬ ਅਤੇ ਬੇਸਹਾਰਾ ਲੜਕੀਆਂ ਦੇ ਵਿਆਹ ਕੀਤੇ ਜਾਂਦੇ ਹਨ। ਬਾਬਾ ਤੇਗ਼ਾ ਸਿੰਘ ਬਿਰਧ ਆਸ਼ਰਮ ਵਿੱਚ ਬਜ਼ੁਰਗਾਂ ਦੀ ਸੇਵਾ-ਸੰਭਾਲ ਕੀਤੀ ਜਾਂਦੀ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਕੌਮਾਂਤਰੀ ਕਬੱਡੀ ਟੂਰਨਾਮੈਂਟ ਕਰਵਾਇਆ ਜਾਂਦਾ ਹੈ। ਬਾਬਾ ਜੀ ਵੱਲੋਂ ਇਸਤਰੀ ਵਰਗ ਨੂੰ ਉੱਚਾ ਸਨਮਾਨ ਦੇਣ ਲਈ ਹਰ ਸਾਲ ਲੋਹੜੀ, ਮਾਘੀ ਤੇ ਕੰਨਿਆ ਨੂੰ ਕੇਸਰੀ ਦੁਪੱਟੇ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਵਾਤਾਵਰਨ ਦੀ ਸ਼ੁੱਧਤਾ ਲਈ ਮੁਫ਼ਤ ਬੂਟੇ ਵੰਡੇ ਜਾਂਦੇ ਹਨ। ਵਿੱਦਿਆ ਨੂੰ ਪ੍ਰਫੁੱਲਤ ਕਰਨ ਲਈ ਸਕੂਲੀ ਬੱਚਿਆਂ ਨੂੰ ਵਿੱਦਿਅਕ ਸਮੱਗਰੀ ਮੁਫ਼ਤ ਵੰਡੀ ਜਾਂਦੀ ਹੈ।

ਬਾਬਾ ਗੁਰਦੀਪ ਸਿੰਘ ਜੀ ਭੁੱਲੇ ਭਟਕੇ ਜੀਵਾਂ ਨੂੰ ਸੱਚ ਦਾ ਮਾਰਗ ਦਰਸਾ ਰਹੇ ਹਨ। ਉਹਨਾਂ ਦਾ ਫ਼ਰਮਾਨ ਹੈ। 'ਨਸ਼ੇ ਛੱਡੋ ਗੁਰੂ ਵਾਲੇ ਬਣੋ' ਅੰਮ੍ਰਿਤ ਛਕੋ ਤੇ ਸਿੰਘ ਸਜੋ, ਮਾਤਾ-ਪਿਤਾ ਦੀ ਸੇਵਾ ਕਰੋ, ਹਰੇਕ ਦਾ ਭਲਾ ਮੰਗੋ।

ਗੁਰਦੁਆਰਾ ਸ਼ਹੀਦ ਬਾਬਾ ਤੇਗ਼ਾ ਸਿੰਘ ਗ਼ਰੀਬਾਂ, ਲੋੜਵੰਦਾਂ, ਬੇਸਹਾਰਿਆਂ ਦਾ ਸਹਾਰਾ, ਸਿੱਖੀ ਦੇ ਪ੍ਰਚਾਰ ਦਾ ਸੰਦੇਸ਼ ਦੇਣ ਵਾਲਾ ਰੂਹਾਨੀਅਤ ਕੇਂਦਰ ਹੈ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠਾਂ ਦੀ ਲੜੀ ਲਗਾਤਾਰ ਚੱਲਦੀ ਰਹਿੰਦੀ ਹੈ। ਗੁਰੂ ਕਾ ਲੰਗਰ 24 ਘੰਟੇ ਅਤੁੱਟ ਵਰਤਦਾ ਹੈ।

ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗ਼ਾ ਸਿੰਘ ਜੀ ਤਪ ਅਸਥਾਨ, ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਪਿੰਡ ਚੰਦਪੁਰਾਣਾ (ਮੋਗਾ-ਬਾਘਾਪੁਰਾਣਾ ਰੋਡ) ਜ਼ਿਲ੍ਹਾ ਮੋਗਾ ਵਿਖੇ ਬਾਬਾ ਗੁਰਦੀਪ ਸਿੰਘ ਜੀ ਦੀ ਸਰਪ੍ਰਸਤੀ ਹੇਠ ਸਾਲਾਨਾ ਸ਼ਹੀਦੀ ਜੋੜ-ਮੇਲਾ ਅਤੇ ਇਸ ਅਸਥਾਨ ਦੇ ਬਾਨੀ ਸੱਚ-ਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਦੀ ਸਾਲਾਨਾ ਬਰਸੀ 15 ਮਾਰਚ (2 ਚੇਤ) ਦਿਨ ਐਤਵਾਰ ਨੂੰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਇਸ ਦਿਹਾੜੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ, ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਜਥੇ, ਸੰਤ-ਮਹਾਂਪੁਰਸ਼ ਸੰਗਤਾਂ ਨੂੰ ਗੁਰਬਾਣੀ ਕੀਰਤਨ, ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਸਮਾਗਮ ਵਿੱਚ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਕੈਂਪ ਵੀ ਲਗਾਏ ਜਾਣਗੇ। ਇਸੇ ਦਿਹਾੜੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਭ ਤੋਂ ਛੋਟੇ 1 ਇੰਚ ਆਕਾਰ ਦੀ ਬੀੜ ਦੇ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਣਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਗੁਰਦੁਆਰਾ ਕੌੜੀਆਲਾ ਘਾਟ ਸਾਹਿਬ ਲਖੀਮਪੁਰ ਖੀਰੀ (ਯੂ ਪੀ )

**ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ**
**7589155501**



ਗੁਰਦਵਾਰਾ ਕੌੜੀਆਲਾ ਘਾਟ ਸਾਹਿਬ ਭਾਰਤ ਅਤੇ ਨਿਪਾਲ ਦੀ ਹੱਦ ਉਤੇ ਸਥਿੱਤ ਹੈ । ਇਹ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਜੁੜਿਆ ਸਥਾਨ ਹੈ! ਇਹ ਸਿੱਖਾਂ ਦਾ ਇੱਕ ਪ੍ਰਮੁੱਖ ਧਾਰਮਿਕ ਸਥਾਨ ਹੈ । ਉੱਤਰ ਪ੍ਰਦੇਸ਼ ਰਾਜ ਵਿੱਚ ਮੌਜੂਦ ਪ੍ਰਮੁੱਖ ਗੁਰਦੁਆਰਿਆਂ ਵਿੱਚੋਂ ਇੱਕ ਹੈ! ਸਿੱਖ ਧਰਮ ਵਿੱਚ ਇਸ ਗੁਰਦੁਆਰੇ ਦੀ ਬਹੁਤ ਮਹੱਤਤਾ ਹੈ! ਸ੍ਰੀ ਗੁਰੂ ਨਾਨਕ ਦੇਵ ਜੀ ਆਪਣੀ ਤੀਜੀ ਉਦਾਸੀ ਯਾਤਰਾ ਦੌਰਾਨ ਸੰਨ 1514 ਈਸਵੀ ਵਿੱਚ ਇੱਥੇ ਆਏ ਸਨ ।ਜਦੋਂ ਗੁਰੂ ਜੀ ਆਪਣੇ ਸਿੱਖ ਸਾਥੀਆਂ ਭਾਈ ਬਾਲਾ ਜੀ ਅਤੇ ਮਰਦਾਨਾ ਜੀ ਨਾਲ ਪਿੰਡ ਦੁਪਾਲਪੁਰ ਪਹੁੰਚੇ ਤਾਂ ਹਨੇਰਾ ਹੋ ਗਿਆ।ਗੁਰੂ ਨਾਨਕ ਦੇਵ ਜੀ ਨੇ ਭਾਈ ਬਾਲੇ ਤੇ ਭਾਈ ਮਰਦਾਨੇ ਨੂੰ ਕਿਹਾ ਕਿ ਅੱਜ ਰਾਤ ਇੱਥੇ ਹੀ ਬਤੀਤ ਕੀਤੀ ਜਾਵੇ ।ਪਰ ਪਿੰਡ ਵਾਲਾ ਕੋਈ ਤਿਆਰ ਨਾ ਹੋਇਆ ਗੁਰੂ ਜੀ ਨੂੰ ਰਾਤ ਰੱਖਣ ਵਾਸਤੇ ।ਸਾਰਿਆਂ ਨੇ ਇਨਕਾਰ ਕਰ ਦਿੱਤਾ।ਅਖੀਰ ਕਿਸੇ ਨੇ ਕਿਹਾ ਜੇ ਭਾਈ ਤੁਸੀਂ ਰਾਤ ਕੱਟਣੀ ਹੈ ,ਤਾਂਪਿੰਡ ਵਾਲਿਆਂ ਨੇ ਬਾਹਰ ਇੱਕ ਕੋਹੜੀ ਦੀ ਕੁਟੀਆ ਬਣਾਈ ਹੋਈ ਹੈ ।ਤੁਸੀਂ ਉਥੇ ਜਾ ਕੇ ਰਾਤ ਕੱਟ ਸਕਦੇ ਹੋ ।ਗੁਰੂ ਜੀ ਨੇ ਕਿਹਾ ÷ਜਿਵੇ ਤੁਸੀਂ ਕਹੋ ÷ ।ਗੁਰੂ ਜੀ ਨੇ ਭਾਈ ਬਾਲੇ ਤੇ ਭਾਈ ਮਰਦਾਨੇ ਨੂੰ ਲੈਕੇ ਉਧਰ ਨੂੰ ਚੱਲ ਪੈ ।ਜਿੱਥੇ ਪਿੰਡ ਵਾਲਿਆਂ ਨੇ ਇੱਕ ਕੋਹੜੀ ਨੂੰ ਕੁਟੀਆ ਵਿੱਚ ਰੱਖਿਆ ਹੋਇਆ ਸੀ ।ਪਿੰਡ ਵਾਲਿਆਂ ਨੂੰ ਡਰ ਸੀ। ਕਿ ਅਗਰ ਕੋਹੜੀ ਨੂੰ ਪਿੰਡ ਰੱਖਿਆ ਤਾਂ ਛੂਤ ਛਾਤ ਦੀ ਬਿਮਾਰੀ ਹੋਰ ਲੋਕਾਂ ਨੂੰ ਲੱਗ ਜਾਵੇਂਗੀ ।ਕਿਉਂਕਿ ਕੋਹੜੀ ਦੇ ਸਰੀਰ ਕੋਲੋਂ ਬਹੁਤ ਬਦਬੂ ਆਉਂਦੀ ਸੀ ।ਸਾਰੇ ਹੀ ਸਰੀਰ ਵਿੱਚ ਕੋਹੜ ਫੈਲ ਚੁੱਕਾ ਸੀ ।ਇਸ ਕਰਕੇ ਪਰਿਵਾਰ ਵਾਲੇ ਉਸ ਨੂੰ ਉੱਥੇ ਛੱਡ ਕੇ ਚਲੇ ਗਏ ਸਨ ।ਇਹ ਕੋਹੜੀ ਕਿਸੇ ਸਮੇ ਆਪਣੇ ਪਿੰਡ ਦਾ ਮੁੱਖੀ ਹੁੰਦਾ ਸੀ ।ਸਮਾਂ ਬਦਲ ਗਿਆ ਮੁਖੀ ਨੂੰ ਕੋਹੜ ਦਾ ਰੋਗ ਹੋ ਗਿਆ ।ਪਰਿਵਾਰ ਵਾਲਿਆਂ ਨੇ ਇਸ ਨੂੰ ਇੱਕ ਕੁਟੀਆ ਵਿੱਚ ਛੱਡ ਦਿੱਤਾ ।ਉਸ ਦੇ ਕੋਲ ਇੱਕ ਘੜਾ ਪਾਣੀ ਦਾ ਤੇ ਇੱਕਇੱਕ ਮਿੱਟੀ ਦਾ ਭਾਂਡਾ ਰੱਖ ਦਿੱਤੋ ।ਜਿਸ ਦੇ ਮਨ ਵਿੱਚ ਤਰਸ ਆਉਂਦਾ ਉਹ ਮਿੱਟੀ ਦੇ ਠੂਠੇ ਵਿੱਚ ਕੋਈ ਖਾਣ ਨੂੰ ਰੋਟੀ ਵਗੈਰਾ ਪਾ ਦਿੰਦੇ । ਜਦੋ ਗੁਰੂ ਜੀ ਕੋਹੜੀ ਦੀ ਕੁਟੀਆ ਕੋਲ ਪਹੁੰਚੇ ਤਾਂ ਕੋਹੜੀ ਗੁਰੂ ਜੀ ਹੋਰਾਂ ਨੂੰ ਵੇਖ ਕੇ ਹੈਰਾਨ ਹੋ ਗਿਆ ।ਦੂਰੋਂ ਹੀ ਵੇਖ ਕੇ ਰੌਲਾ ਪਾਉਣ ਲਗ ਗਿਆ ਕਿ ਮੇਰੇ ਕੋਲ ਕੋਈ ਨਾ ਆਵੇ ਮੈ ਕੋਹੜੀ ਹਾਂ ।ਮੇਰੇ ਕੋਲ ਆਉਣ ਨਾਲ ਤੁਸੀਂ ਵੀ ਕੋਹੜੀ ਹੋ ਜਾਵੋਂਗੇ । ਮੇਰੇ ਕੋਲ ਤਾਂ ਮੇਰੇ ਘਰ ਵਾਲੇ ਨਹੀਂ ਆਉਂਦੇ ਪਰ ਤੁਸੀਂ ਕਿਵੇਂ ਮੇਰੇ ਕੋਲ ਆ ਰਹੇ ਹੋ ।ਪਰ ਗੁਰੂ ਜੀ ਨੇ ਉਸ ਕੋਹੜੀ ਦੀ ਗੱਲ ਵੱਲ ਧਿਆਨ ਨਾ ਦਿੰਦੇ ਹੋਏ ਉਸ ਦੇ ਕੋਲ ਆ ਗਏ ।ਰਾਤ ਦਾ ਸਮਾਂ ਹੋਇਆ ਤਾਂ ਗੁਰੂ ਨਾਨਕ ਦੇਵ ਜੀ ਸਮਾਧੀ ਲਾ ਕੇ ਪਰਮੇਸਰ ਦੀ ਭਗਤੀ ਵਿੱਚ ਲੀਨ ਹੋ ਗਏ ।ਉਪਰੋਂ ਧੁਰ ਕਿ ਬਾਣੀ ਆਈ ।ਗੁਰੂ ਨਾਨਕ ਦੇਵ ਜੀ ਨੇ ਕਿਹਾ ਭਾਈ ਮਰਦਾਨਿਆ ਰਬਾਬ ਵਜਾ ਬਾਣੀ ਆਈ ਹੈ ।ਉਸ ਵਕਤ ਗੁਰੂ ਜੀ ਨੇ ਇਹ ਸ਼ਬਦ ਉਚਾਰਨ ਕੀਤਾ ਧਨਾਸਰੀ ਮਹਲਾ ੧ ॥ ਜੀਉ ਤਪਤੁ ਹੈ ਬਾਰੋ ਬਾਰ ॥ ਤਪਿ ਤਪਿ ਖਪੈ ਬਹੁਤੁ ਬੇਕਾਰ ॥ ਜੈ ਤਨਿ ਬਾਣੀ ਵਿਸਰਿ ਜਾਇ ॥ਜਿਉ ਪਕਾ ਰੋਗੀ ਵਿਲਲਾਇ ॥੧॥ ਬਹੁਤਾ ਬੋਲਣੁ ਝਖਣੁ ਹੋਇ ॥ ਵਿਣੁ ਬੋਲੇ ਜਾਣੈ ਸਭੁ ਸੋਇ ॥੧॥ ਰਹਾਉ ॥(ਇਹ ਸ਼ਬਦ ਸ਼੍ਰੀ ਗੁਰੂ ਗ੍ਰੰਥ ਸਹਿਬ ਦੇ ਅੰਗ 661ਉਤੇ ਦਰਜ਼ ਹੈ ।ਗੁਰੂ ਜੀ ਦੁਆਰਾ ਗਾਏ ਗਏ ਅਧਿਆਤਮਿਕ ਕੀਰਤਨ ਨੇ ਕੋੜ੍ਹੀ ਨੂੰ ਬਹੁਤ ਰਾਹਤ ਦਿੱਤੀ। ਕੋਹੜੀ ਨੂੰ ਕਈ ਦਿਨਾਂ ਤੋਂ ਨੀਂਦ ਨਹੀਂ ਆ ਰਹੀ ਸੀ ।ਅੱਜ ਕੋਹੜੀ ਨੂੰ ਬਾਣੀ ਦਾ ਸ਼ਬਦ ਸੁਣ ਨੀਂਦ ਵੀ ਆ ਗਈ ਤੇ ਸਾਰੀ ਰਾਤ ਆਰਾਮ ਨਾਲ ਸੁੱਤਾ ਵੀ ਰਿਹਾ ।ਅੰਮ੍ਰਿਤ ਵੇਲਾ ਹੋਇਆ ਕੋੜ੍ਹੀ ਨੇ ਗੁਰੂ ਜੀ ਨੂੰ ਕੋਈ ਦੈਵੀ ਸ਼ਕਤੀ ਸਮਝਿਆ ।ਗੁਰੂ ਜੀ ਅਗੇ ਫਰਿਆਦ ਕੀਤੀ ਤੇ ਕਿਹਾ ਗੁਰੂ ਜੀ ਮੇਰੀ ਬਿਮਾਰੀ ਨੂੰ ਠੀਕ ਕਰਨ ਲਈ ਅਰਦਾਸ ਕਰੋ । ਗੁਰੂ ਜੀ ਜੋ ਕੋਹੜੀ ਕੋਲ ਪਾਣੀ ਪਿਆ ਸੀ ।ਉਸ ਦੇ ਸਿੱਟੇ ਸਰੀਰ ਉਤੇ ਮਾਰੇ ।ਫਿਰ ਪਿਆਰ ਨਾਲ ਉਸ ਕੋਹੜੀ ਨੂੰ ਨੇੜੇ ਵਗਦੀ ਨਦੀ (ਜਿਸ ਨੂੰ ਅੱਜ ਨੇਪਾਲ ਵਿੱਚ ਘਾਘਰਾ ਅਤੇ ਕਰਨਾਲੀ ਕਿਹਾ ਜਾਂਦਾ ਹੈ) ਇਸਨਾਨੁ ਕਰਨ ਲਈ ਕਿਹਾ ॥ਗੁਰੂ ਜੀ ਦੀ ਕਿਰਪਾ ਨਾਲ ਕੋੜ੍ਹੀ ਨੇ ਉਸ ਨਦੀ ਵਿੱਚ ਇਸ਼ਨਾਨ ਕੀਤਾ ਅਤੇ ਉਸਦਾ ਕੋਹੜ੍ਹ ਦਾ ਕੁਸਟ ਰੋਗ ਠੀਕ ਹੋ ਗਿਆ। ਇਹ ਸੁਣ ਕੇ ਪਿੰਡ ਦੁਪਾਲਪੁਰ ਦੇ ਵਾਸੀ ਜਿਨ੍ਹਾਂ ਨੇ ਬੀਤੀ ਰਾਤ ਗੁਰੂ ਜੀ ਨੂੰ ਸ਼ਰਨ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਗੁਰੂ ਜੀ ਕੋਲ ਆਏ ਅਤੇ ਗੁਰੂ ਜੀ ਤੋਂ ਮੁਆਫੀ ਮੰਗਣ ਲੱਗੇ। ਗੁਰੂ ਜੀ ਨੇ ਪਿੰਡ ਵਾਸੀਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਸਮਝਾਇਆ ਕਿ ਮਹਿਮਾਨਾਂ ਅਤੇ ਲੋੜਵੰਦਾਂ ਨੂੰ ਆਸਰਾ ਅਤੇ ਭੋਜਨ ਦੇਣਾ ਚਾਹੀਦਾ ਹੈ ,ਨਾ ਕਿ ਝਿੜਕ ਕੇ ਘਰੋਂ ਭਜਾਇਆ ਜਾਵੇ। ਗੁਰੂ ਜੀ ਨੇ ਪਿੰਡ ਵਾਸੀਆਂ ਨੂੰ ਕਿਹਾ ਕਿ ਯਾਤਰੀਆਂ ਦੇ ਠਹਿਰਨ ਲਈ ਆਰਾਮ ਘਰ ਬਣਾਉਣ ।ਆਰਾਮ ਘਰ ਵਿੱਚ ਆਉਣ ਵਾਲੇ ਮਹਿਮਾਨਾਂ ਅਤੇ ਲੋੜਵੰਦਾਂ ਦੀ ਸੇਵਾ ਕਰਨ ਅਤੇ ਭੋਜਨ ਛਕਾਇਆ ਕਰਨ ।ਗੁਰੂ ਨਾਨਕ ਦੇਵ ਜੀ ਦੇ ਬਚਨ ਸੁਣਨ ਤੋਂ ਬਾਅਦ ਕੋਹੜੀ ਤਾਂ ਗੁਰੂ ਜੀ ਦਾ ਸਿੱਖ ਬਣ ਗਿਆ ।ਇਸ ਤੋਂ ਇਲਾਵਾ ਹੋਰ ਬਹੁਤ ਸਾਰੇ ਲੋਕ ਗੁਰੂ ਜੀ ਦੇ ਸਿੱਖ ਬਣ ਗਏ । ਜਿਥੇ ਅੱਜ ਗੁਰਦੁਵਾਰਾ ਕੌੜੀਆਲਾ ਸਾਹਿਬ ਮੌਜੂਦ ਹੈ। ਉਸ ਤੋਂ ਬਾਅਦ ਗੁਰੂ ਜੀ ਦਰਿਆ ਪਾਰ ਕਰਕੇ ਨੇਪਾਲ ਰਾਜ ਵੱਲ ਚਲੇ ਗਏ।ਇਸ ਇਤਿਹਾਸਕ ਘਟਨਾ ਕਾਰਨ ਇਸ ਅਸਥਾਨ ਦਾ ਨਾਂ ਕੋਢੀਵਾਲਾ ਪੈ ਗਿਆ। ਹੌਲੀ-ਹੌਲੀ ਲੋਕ ਇਸ ਨੂੰ ਕੌੜੀਆਲਾ ਕਹਿਣ ਲੱਗ ਪਏ। ਕਿਉਂਕਿ ਨਿਪਾਲ ਵਾਲੇ ਪਾਸੇ ਜਾਣ ਲਈ ਇਥੋਂ ਹੀ ਪੁਰਾਣੇ ਸਮੇਂ ਤੋਂ ਕਿਸ਼ਤੀਆਂ ਚਲਦੀਆਂ ਸਨ। ਜਿਸ ਕਾਰਨ ਇਸ ਪਿੰਡ ਦਾ ਨਾਂ ਕੌਡਿਆਲਾ ਘਾਟ ਪਿਆ।1970 ਦੇ ਦਹਾਕੇ ਤੱਕ ਇੱਥੇ ਕੋਈ ਧਾਰਮਿਕ ਸਥਾਨ ਨਹੀਂ ਸੀ। ਸਗੋਂ ਸਥਾਨਕ ਲੋਕ ਕਿਸੇ ਖਾਸ ਤਿਉਹਾਰ @ਤੇ ਘਾਘਰਾ ਨਦੀ ਵਿੱਚ ਇਸ਼ਨਾਨ ਕਰਦੇ ਸਨ। ਉਨ੍ਹਾਂ ਦਾ ਮੰਨਣਾ ਹੈ ਕਿ ਲਗਭਗ 500 ਸਾਲ ਪਹਿਲਾਂ ਨਾਨਕ ਨਾਮ ਦੇ ਇੱਕ ਸੰਤ ਨੇ ਇੱਥੇ ਆ ਕੇ ਇਸ ਅਸਥਾਨ ਨੂੰ ਬਖਸ਼ਿਆ ਸੀ। ਉਦੋਂ ਤੋਂ ਇਸ ਸਥਾਨ @ਤੇ ਇਸ਼ਨਾਨ ਕਰਨ ਨਾਲ ਕੋੜ੍ਹ ਅਤੇ ਚਮੜੀ ਦੇ ਹੋਰ ਗੰਭੀਰ ਰੋਗ ਠੀਕ ਹੋ ਜਾਂਦੇ ਹਨ।ਭਾਰਤ ਵਿੱਚ ਹਰੀ ਕ੍ਰਾਂਤੀ ਦੌਰਾਨ ਜਦੋਂ ਉੱਤਰ ਪ੍ਰਦੇਸ਼ ਦੇ ਤਰਾਈ ਵਿੱਚ ਸਿੱਖ ਭਾਈਚਾਰੇ ਦੀ ਗਿਣਤੀ ਵੱਡੀ ਸੀ। ਇਲਾਕੇ ਦੇ ਕੁਝ ਜਾਗਰੂਕ ਲੋਕਾਂ ਨੇ ਇਸ ਅਸਥਾਨ ਬਾਰੇ ਪੜਤਾਲ ਕੀਤੀ ਤਾਂ ਪਤਾ ਲੱਗਾ ਕਿ ਇਹ ਉਹੀ ਪਵਿੱਤਰ ਅਸਥਾਨ ਹੈ ।ਜਿਸ ਦਾ ਧਰਮ ਗ੍ਰੰਥਾਂ ਵਿੱਚ ਜ਼ਿਕਰ ਹੈ ਜਿੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕੋੜ੍ਹੀ ਦਾ ਕੋਹੜ ਨੂੰ ਠੀਕ ਕੀਤਾ ਸੀ। ਉਸ ਤੋਂ ਬਾਅਦ ਦਾਨ ਇਕੱਠਾ ਕਰਕੇ ਅਤੇ ਇਲਾਕੇ ਦੇ ਲੋਕਾਂ ਦੀ ਮਦਦ ਨਾਲ ਕੁਝ ਜ਼ਮੀਨ ਖਰੀਦ ਕੇ ਉਥੇ ਇਕ ਛੋਟਾ ਜਿਹਾ ਗੁਰਦੁਆਰਾ ਬਣਵਾਇਆ। ਕੁਝ ਸਮੇਂ ਬਾਅਦ ਇਲਾਕਾ ਨਿਵਾਸੀਆਂ ਦੀ ਬੇਨਤੀ @ਤੇ ਇਸ ਗੁਰਦੁਆਰੇ ਦਾ ਪ੍ਰਬੰਧ ਕਾਰਸੇਵਾ ਸੰਸਥਾ ਦੇ ਆਗੂ ਜਥੇਦਾਰ ਫੌਜਾ ਸਿੰਘ ਜੀ ਨੇ ਆਪਣੇ ਹੱਥਾਂ @ਚ ਲੈ ਲਿਆ । ਇਸ ਜਗ੍ਹਾ @ਤੇ ਇਕ ਬਹੁਤ ਵੱਡਾ ਗੁਰਦੁਆਰਾ ਬਣਵਾਇਆ ਅਤੇ ਇਸ ਗੁਰਦੁਆਰਾ ਸਾਹਿਬ ਵਿਚ ਦਰਬਾਰ ਸਾਹਿਬ, ਦੀਵਾਨ ਹਾਲ, ਲੰਗਰ ਹਾਲ, ਰਸੋਈ ਅਤੇ ਸਰਾਵਾਂ ਦੇ ਨਾਲ-ਨਾਲ ਇਕ ਝੀਲ ਵੀ ਬਣੀ ਹੋਈ । ਅੱਜ ਕੱਲ੍ਹ ਲੋਕ ਨਦੀ ਦੀ ਬਜਾਏ ਇਸ ਝੀਲ ਵਿੱਚ ਇਸ਼ਨਾਨ ਕਰਦੇ ਹਨ। ਇਸ ਵੇਲੇ ਇਸ ਗੁਰਦੁਆਰੇ ਦਾ ਪ੍ਰਬੰਧ ਜਥੇਦਾਰ ਫੌਜਾ ਸਿੰਘ ਦੇ ਵਾਰਿਸ ਜਥੇਦਾਰ ਕਾਲਾ ਸਿੰਘ ਕੋਲ ਹੈ। ਇਸ ਸਮੇਂ ਉਸ ਸਥਾਨ @ਤੇ ਬਹੁਤ ਵੱਡਾ ਗੁਰਦੁਆਰਾ ਸੁਸ਼ੋਭਿਤ ਹੈ। ਜੋ ਹੜ੍ਹ ਜਾਂ ਕੋਈ ਹੋਰ ਕੁਦਰਤੀ ਆਫ਼ਤ ਆਉਣ @ਤੇ ਇਲਾਕੇ ਦੇ ਗਰੀਬ ਅਤੇ ਬੇਸਹਾਰਾ ਲੋਕਾਂ ਦੀ ਬਿਨਾਂ ਕਿਸੇ ਭੇਦਭਾਵ ਦੇ ਸੇਵਾ ਕਰਦਾ ਹੈ ਅਤੇ ਪਨਾਹ ਦਿੰਦਾ ਹੈ। ਤਿਕੂਨੀਆ ਕਸਬੇ ਵਿੱਚ ਗੁਰਦੁਆਰਾ ਸਾਹਿਬ ਵੱਲੋਂ ਚਲਾਇਆ ਜਾ ਰਿਹਾ ਇੱਕ ਇੰਟਰ ਕਾਲਜ ਵੀ ਹੈ ।ਜੋ ਇਸ ਪਛੜੇ ਇਲਾਕੇ ਵਿੱਚ ਵਿੱਦਿਆ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ।ਗੁਰਦੁਆਰਾ ਕੌਡਿਆਲਾ ਘਾਟ ਭਾਰਤ ਦੇ ਉੱਤਰ ਪ੍ਰਦੇਸ਼ ਰਾਜ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਦੀ ਨਿਘਾਸਨ ਤਹਿਸੀਲ ਵਿੱਚ ਕੌਡਿਆਲਾ ਘਾਟ ਨਾਮ ਦੇ ਇੱਕ ਪਿੰਡ ਵਿੱਚ ਸਥਿਤ ਹੈ। ਉਕਤ ਪਿੰਡ ਭਾਰਤ-ਨੇਪਾਲ ਸਰਹੱਦ 'ਤੇ ਵਗਦੀ ਘਾਘਰਾ (ਕਰਨਾਲੀ) ਨਦੀ ਦੇ ਕੰਢੇ ਬਰੇਲੀ-ਗੋਂਡਾ ਰਾਹੀਂ ਮੈਲਾਨੀ ਛੋਟੀ ਰੇਲਵੇ ਲਾਈਨ 'ਤੇ ਸਥਿਤ ਹੈ। ਸਭ ਤੋਂ ਨਜ਼ਦੀਕੀ ਕਸਬਾ ਤਿਕੂਨੀਆ ਗੁਰਦੁਆਰੇ ਤੋਂ 3 ਕਿਲੋਮੀਟਰ ਦੀ ਦੂਰੀ @ਤੇ ਹੈ। ਜ਼ਿਲ੍ਹਾ ਹੈੱਡਕੁਆਰਟਰ ਲਖੀਮਪੁਰ ਕੌਡੀਆਲਾ ਘਾਟਤੋਂ 80 ਕਿਲੋਮੀਟਰ, ਲਖਨਊ 215 ਕਿਲੋਮੀਟਰ, ਦਿੱਲੀ 550 ਕਿਲੋਮੀਟਰ, ਬਰੇਲੀ 250 ਕਿਲੋਮੀਟਰ, ਅਤੇ ਕਾਠਮੰਡੂ 500 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ।ਹਾਲਾਂਕਿ ਤੁਸੀਂ ਸਾਲ ਦੇ ਕਿਸੇ ਵੀ ਸਮੇਂ ਕੌਡੀਆਲਾ ਘਾਟ ਗੁਰਦੁਆਰੇ ਜਾ ਸਕਦੇ ਹੋ,ਪਰ ਸਭ ਤੋਂ ਵਧੀਆ ਸਮਾਂ 1 ਅਕਤੂਬਰ ਤੋਂ 15 ਜੂਨ ਤੱਕ ਹੈ ਕਿਉਂਕਿ 15 ਜੂਨ ਤੋਂ 30 ਸਤੰਬਰ ਤੱਕ ਬਹੁਤ ਜ਼ਿਆਦਾ ਬਾਰਿਸ਼ ਅਤੇ ਹੜ੍ਹ ਸੰਭਾਵਿਤ ਖੇਤਰ ਦੇ ਕਾਰਨ, ਤੁਹਾਡੀ ਯਾਤਰਾ ਵਿੱਚ ਵਿਘਨ ਪੈ ਸਕਦਾ ਹੈ।ਕੌਡਿਆਲਾ ਘਾਟ ਗੁਰਦੁਆਰੇ ਵਿੱਚ ਮੁੱਖ ਤੌਰ @ਤੇ ਹਰ ਸਾਲ ਦੀ ਵਿਸਾਖੀ, ਗੁਰੂਪੁਰਬ ਸ਼੍ਰੀ ਗੁਰੂ ਨਾਨਕ ਅਤੇ ਹਰ ਮਹੀਨੇ ਦੀ ਮੱਸਿਆ ਦਾ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਏ ਜਾਂਦੇ ਹਨ। ਇਸ ਤੋਂ ਇਲਾਵਾ ਹਰ ਐਤਵਾਰ ਛੁੱਟੀ ਦਾ ਦਿਨ ਹੋਣ ਕਰਕੇ ਸੰਗਤਾਂ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ, ਸ਼ਰਧਾ ਅਤੇ ਸੇਵਾ ਲਈ ਜਾਂਦੀਆਂ ਹਨ। ਬਾਕੀ ਦਿਨਾਂ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਸਵੇਰੇ-ਸ਼ਾਮ ਕੀਰਤਨ ਹੁੰਦਾ ਹੈ ਅਤੇ ਦਿਨ ਭਰ ਬਹੁਤ ਹੀ ਸ਼ਾਂਤਮਈ ਮਾਹੌਲ ਬਣਿਆ ਰਹਿੰਦਾ ਹੈ।


**CSB Bank** Trusted Heritage Smart Future

**ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਬਾਰੇ ਜਨਤਕ ਨੋਟਿਸ**

ਕਰਜ਼ਦਾਰ/ਖਾਸ ਤੌਰ 'ਤੇ ਅਤੇ ਦਿਲਚਸਪੀ ਰੱਖਣ ਵਾਲੇ ਬੋਲੀਕਾਰਾਂ ਨੂੰ, ਆਮ ਤੌਰ 'ਤੇ, ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਦੁਆਰਾ ਜਾਰੀ ਕੀਤੇ ਗਏ ਭੁਗਤਾਨ ਨੋਟਿਸ ਅਤੇ ਵਾਪਸ ਮੰਗਵਾਉਣ/ਨਿਲਾਮੀ ਨੋਟਿਸ ਦੇ ਬਾਵਜੂਦ, ਕਰਜ਼ਦਾਰ ਦੁਆਰਾ ਬੈਂਕਾਂ ਦੀ ਬਕਾਇਆ ਰਕਮ ਦੀ ਅਦਾਇਗੀ ਨਾ ਕਰਨ ਦੇ ਕਾਰਨ, ਸਬੰਧਤ ਉਧਾਰ ਲੈਣ ਵਾਲਿਆਂ ਦੁਆਰਾ ਉਨ੍ਹਾਂ ਦੁਆਰਾ ਵਸੂਲ ਕੀਤੇ ਗਏ ਕਰਜ਼ੇ ਲਈ ਬੈਂਕ ਸੁਰੱਖਿਆ ਨਾਲ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਨੂੰ 25 ਮਾਰਚ 2026 ਨੂੰ ਸਵੇਰੇ 10.30 ਵਜੇ ਈ-ਨਿਲਾਮੀ ਪੋਰਟਲ https://csbgold.auctiontiger.net ਰਾਹੀਂ "ਜਿਵੇਂ ਹੈ ਜਿੱਥੇ ਹੈ" ਅਤੇ "ਬਿਨਾ ਸਹਾਰਾ" ਦੇ ਆਧਾਰ 'ਤੇ ਜਨਤਕ ਨਿਲਾਮੀ ਵਿੱਚ ਵੇਚਿਆ ਜਾਵੇਗਾ। ਬੈਂਕ ਦੇ ਨੋਟਿਸ ਬੋਰਡ 'ਤੇ ਪ੍ਰਕਾਸ਼ਿਤ ਹੋਣ 'ਤੇ ਬੈਂਕ ਦੀ ਮਰਜ਼ੀ 'ਤੇ ਨਿਲਾਮੀ ਨੂੰ ਬਾਅਦ ਦੀ ਕਿਸੇ ਵੀ ਹੋਰ ਮਿਤੀ ਤੱਕ ਮੁਲਤਵੀ ਕੀਤਾ ਜਾ ਸਕਦਾ ਹੈ। ਉਧਾਰ ਲੈਣ ਵਾਲਿਆਂ ਨੂੰ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਜਨਤਕ ਨਿਲਾਮੀ ਸਫਲ ਨਹੀਂ ਹੁੰਦੀ ਹੈ ਅਤੇ ਜੇਕਰ ਇਸ ਤੋਂ ਬਾਅਦ ਹੋਰ ਬਕਾਇਆ ਰਕਮ ਵਸੂਲੀ ਜਾਣੀ ਹੈ, ਤਾਂ ਕਰਜ਼ਦਾਰ/ਕਰਜ਼ਦਾਰਾਂ ਵਿਰੁੱਧ ਬੈਂਕ ਨੂੰ ਬਕਾਇਆ ਰਕਮ ਦੀ ਵਸੂਲੀ ਲਈ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਬਿਮਾਰ ਕਰਜ਼ਦਾਰ ਦੇ ਮਾਮਲੇ ਵਿੱਚ, ਸਾਰੀਆਂ ਸ਼ਰਤਾਂ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਲ. ਨੰ. | ਖਾਤੇ ਦਾ ਨਾਮ | ਗ੍ਰਾਹਕ ਆਈਡੀ | ਖਾਤੇ ਦੀ ਗਿਣਤੀ | 16.03.2026 ਨੂੰ ਬਕਾਇਆ ਰਕਮ | ਵਜ਼ਨ (ਗ੍ਰਾਮ) |
|---|---|---|---|---|---|
| ਲੁਧਿਆਣਾ | | | | | |
| 1 | ਰੇਨੂੰ ਸ਼ੌਰੀ | 3214023 | 001 | 5,82,234.10 | 130.00 |
| ਚੰਡੀਗੜ੍ਹ - 2 | | | | | |
| 2 | ਬਲਜਿੰਦਰ ਕੁਮਾਰ | 5003466 | 001 | 69,040.00 | 11.43 |
| ਖਰੜ | | | | | |
| 3 | ਗਗਨ ਕੁਮਾਰ | 8357922 | 001 | 1,68,059.10 | 28.42 |

ਵਧੇਰੇ ਜਾਣਕਾਰੀ/ਖਾਤਾ ਵਾਰ ਜਾਣਕਾਰੀ ਲਈ ਕਰਜ਼ਦਾਰ/ਦਿਲਚਸਪੀ ਰੱਖਣ ਵਾਲੇ ਬੋਲੀਕਾਰ ਸਬੰਧਤ ਸ਼ਾਖਾਵਾਂ ਨਾਲ ਸੰਪਰਕ ਕਰ ਸਕਦੇ ਹਨ ਅਤੇ ਨਿਲਾਮੀ ਵਿੱਚ ਹਿੱਸਾ ਲੈਣ ਲਈ, ਕਿਰਪਾ ਕਰਕੇ ਈ-ਨਿਲਾਮੀ ਪੋਰਟਲ https://csbgold.auctiontiger.net 'ਤੇ ਜਾਓ/ਲੌਗਇਨ ਕਰੋ

ਪੰਜਾਬ + ਚੰਡੀਗੜ੍ਹ 18.03.2026    ਸਹੀ/- ਅਧਿਕਾਰਤ ਅਧਿਕਾਰੀ, ਸੀਐਸਬੀ ਬੈਂਕ



**ਵਸੂਲੀ ਅਧਿਕਾਰੀ ਦਾ ਦਫਤਰ-1/2**

**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)**
**ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ**

**ਮੰਗ ਸੂਚਨਾ**
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ

ਆਰ.ਸੀ./904/2025    ਮਿਤੀ : 13.12.2025

ਪੰਜਾਬ ਨੈਸ਼ਨਲ ਬੈਂਕ
ਬਨਾਮ
ਸ੍ਰੀ ਸੁਖਵਿੰਦਰ ਸਿੰਘ

ਵੱਲ,
(ਸੀਡੀ 1) ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸਵਰਗਵਾਸੀ ਸ੍ਰੀ ਜਰਨੈਲ ਸਿੰਘ, ਸਵ. ਜਰਨੈਲ ਸਿੰਘ ਦੀ ਸੰਪੱਤੀ ਦੇ ਕਾਨੂੰਨੀ ਵਾਰਸ , ਵਾਸੀ ਸਟਰੀਟ ਦੁੱਧ ਮੰਦਿਰ ਰੋਡ, ਨੇੜੇ ਗੁਰੂਦੁਆਰਾ, ਪਿੰਡ ਅਤੇ ਡਾਕਖਾਨਾ ਮਹੀਂਵਾਲਾ, ਜਿਲਾ ਮੋਗਾ, ਪੰਜਾਬ।
(ਸੀਡੀ 2) ਸ੍ਰੀਮਤੀ ਮਹਿੰਦਰ ਕੌਰ ਪੁੱਤਰ ਸਵਰਗਵਾਸੀ ਸ੍ਰੀ ਜਰਨੈਲ ਸਿੰਘ, ਸਵ. ਜਰਨੈਲ ਸਿੰਘ ਦੀ ਸੰਪੱਤੀ ਦੇ ਕਾਨੂੰਨੀ ਵਾਰਸ, ਵਾਸੀ ਸਟਰੀਟ ਦੁੱਧ ਮੰਦਿਰ ਰੋਡ, ਨੇੜੇ ਗੁਰੂਦੁਆਰਾ, ਪਿੰਡ ਅਤੇ ਡਾਕਖਾਨਾ ਮਹੀਂਵਾਲਾ, ਜ਼ਿਲਾ ਮੋਗਾ, ਪੰਜਾਬ।
(ਸੀਡੀ 3) ਸ੍ਰੀ ਰਾਜਵਿੰਦਰ ਸਿੰਘ ਪੁੱਤਰ ਸਵਰਗਵਾਸੀ ਸ੍ਰੀ ਜਰਨੈਲ ਸਿੰਘ, ਸਵ. ਜਰਨੈਲ ਸਿੰਘ ਦੀ ਸੰਪੱਤੀ ਦੇ ਕਾਨੂੰਨੀ ਵਾਰਸ, ਵਾਸੀ ਸਟਰੀਟ ਦੁੱਧ ਮੰਦਿਰ ਰੋਡ, ਨੇੜੇ ਗੁਰੂਦੁਆਰਾ ਪਿੰਡ ਅਤੇ ਡਾਕਖਾਨਾ ਮਹੀਂਵਾਲਾ, ਜ਼ਿਲਾ ਮੋਗਾ, ਪੰਜਾਬ।
(ਸੀਡੀ 4) ਸ੍ਰੀ ਰੇਸ਼ਮ ਸਿੰਘ ਪੁੱਤਰ ਸ. ਵਿਰਸਾ ਸਿੰਘ, ਵਾਸੀ ਪਿੰਡ ਅਤੇ ਡਾਕਖਾਨਾ ਮਹੀਵਾਲਾ, ਜ਼ਿਲ੍ਹਾ ਮੋਗਾ, ਪੰਜਾਬ।
(ਸੀਡੀ 5) ਸ੍ਰੀ ਰੇਸ਼ਮ ਸਿੰਘ ਪੁੱਤਰ ਸ. ਸਵਰਨ ਸਿੰਘ, ਵਾਸੀ ਮਕਾਨ ਨੰਬਰ 20, ਪਿੰਡ ਅਤੇ ਡਾਕਖਾਨਾ ਮਹੀਂਵਾਲਾ, ਜ਼ਿਲ੍ਹਾ ਮੋਗਾ, ਪੰਜਾਬ।
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3) ਓਏ/517/2021 **ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ** 06.01.2021 **ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ** 8.00% ਦੀ ਦਰ 'ਤੇ ਭਾਵੀ ਵਿਆਜ **ਅਤੇ ਮੁਕੱਦਮੇਬਾਜ਼ੀ ਸਮੇਤ** ਰੁ. 38,03,054/- (ਰੁਪਏ ਅਠੱਤੀ ਲੱਖ ਤਿੰਨ ਹਜ਼ਾਰ ਚੁਰੰਜਾ ਕੇਵਲ) **ਦੀ ਰਕਮ ਅਤੇ** ਰੁ. 41,000/- (ਰੁਪਏ ਇਕਤਾਲੀ ਹਜ਼ਾਰ ਕੇਵਲ) **ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।**
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 02.04.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 13.12.2025 ਨੂੰ ਜਾਰੀ।

**ਵਸੂਲੀ ਅਧਿਕਾਰੀ,**
**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)**



**ਕੇਨਰਾ ਬੈਂਕ** ਭਾਰਤ ਸਰਕਾਰ ਦਾ ਅਦਾਰਾ  **Canara Bank** (A Govt. of India Undertaking)  ਸਿੰਡਿਕੇਟ Syndicate

**ਈ-ਨਿਲਾਮੀ ਵਿਕਰੀ ਸੂਚਨਾ**

ਏਆਰਐਮਸੀ, ਪਲਾਟ ਨੰ. 2, ਗਰਾਊਂਡ ਫਲੌਰ ਨੇੜੇ ਹੋਟਲ ਡਿਵੈਂਚਰ ਨਮਸਤੇ ਚੌਂਕ, ਕਰਨਾਲ,
ਅਧਿਕਾਰਤ ਅਧਿਕਾਰੀ : ਸ੍ਰੀ ਰਣਜੀਤ ਕੁਮਾਰ    (M) 85728-16290, Mail ID: cb6290@canarabank.com

**ਈ-ਨਿਲਾਮੀ ਵਿਕਰੀ ਸੂਚਨਾ**

**ਸੁਰੱਖਿਆ ਵਿਆਜ ਐਕਟ, 2002 ਦੇ ਨਿਯਮ 8(6) ਦੇ ਤਹਿਤ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਲਾਗੂਕਰਨ ਅਧੀਨ ਅਚੱਲ/ਚੱਲ ਸੰਪਤੀਆਂ ਦੀ ਵਿਕਰੀ ਨੋਟਿਸ**

ਇਸ ਦੁਆਰਾ ਆਮ ਜਨਤਾ ਨੂੰ ਅਤੇ ਖਾਸ ਕਰਕੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਹੇਠਾਂ ਦੱਸੀਆਂ ਗਈਆਂ ਅਚੱਲ ਜਾਇਦਾਦਾਂ ਜੋ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀਆਂ ਗਈਆਂ ਹਨ/ਚਾਰਜ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਕਬਜ਼ਾ ਕੇਨਰਾ ਬੈਂਕ ਦੇ ਅਧਿਕਾਰਤ ਅਧਿਕਾਰੀ ਦੁਆਰਾ ਲਿਆ ਗਿਆ ਹੈ, ਨੂੰ ਸੇਵਾ ਪ੍ਰਦਾਤਾ ਮੈਸਰਜ਼ ਪੀਐਸਬੀ ਅਲਾਇੰਸ (Baanknet), (8291220220), ਈ-ਮੇਲ: support.BAANKNET@psballiance.com ਵੈੱਬਸਾਈਟ https://baanknet.com/ ਰਾਹੀਂ ਨਿਲਾਮੀ ਵਿੱਚ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਉਥੇ ਹੈ" 'ਤੇ ਵੇਚਿਆ ਜਾਵੇਗਾ।

**ਲੜੀ ਨੰ. 01 ਈ-ਨਿਲਾਮੀ ਦੀ ਆਖਰੀ ਮਿਤੀ 03.04.2026 (ਦੁਪਹਿਰ 12:30 ਵਜੇ ਤੋਂ ਦੁਪਹਿਰ 1:30 ਵਜੇ ਤੱਕ) ਹੈ।**

**ਲੜੀ ਨੰ. 01 ਈਐਮਡੀ ਪ੍ਰਾਪਤ ਕਰਨ ਦੀ ਆਖਰੀ ਮਿਤੀ 02.04.2026 ਸ਼ਾਮ 5:00 ਵਜੇ ਤੱਕ ਹੈ।**
(ਵਿਕਰੀ ਖਤਮ ਹੋਣ ਤੱਕ ਹਰੇਕ 5 ਮਿੰਟਾਂ ਦੀ ਮਿਆਦ ਦੇ ਅਸੀਮਿਤ ਵਾਧੇ ਸਮੇਤ)

| ਲ. ਨੰ. | ਸ਼ਾਖਾ ਦਾ ਨਾਮ/ਕਰਜ਼ਦਾਰ (ਾਂ)/ ਜ਼ਾਮਨ (ਾਂ) ਦਾ ਨਾਮ ਅਤੇ ਪਤਾ | ਸੰਪੱਤੀ/ਆਂ ਦਾ ਸੰਖੇਪ ਵੇਰਵਾ | ਨਿਰਧਾਰਤ ਮਿਤੀ ਨੂੰ ਕੁੱਲ ਦੇਣਦਾਰੀਆਂ | ਰਾਖਵੀਂ ਕੀਮਤ (ਰੁ. 'ਚ) | ਬਿਆਨਾ ਰਕਮ ਜਮ੍ਹਾਂ (ਈਐਮਡੀ) (ਰੁ. 'ਚ) | ਖਾਤਾ ਨੰਬਰ ਦੇ ਵੇਰਵੇ / ਆਈਐਫਐਸਸੀ ਕੋਡ / ਕਬਜ਼ੇ ਦੀ ਕਿਸਮ |
|---|---|---|---|---|---|---|
| 01. | 1. ਮੈਸਰਜ਼ ਆਰ ਐਸ ਟਰੇਡਰਜ਼ (ਕਰਜ਼ਦਾਰ) ਮਾਲਕ ਦੁਆਰਾ: ਸ੍ਰੀ ਅੰਸ਼ੂਮਨ ਸ਼ਰਮਾ ਪੁੱਤਰ ਸੰਜੀਵ ਸ਼ਰਮਾ ਪਤਾ: ਪਿੰਡ-ਮਰਾਂਵਾਲਾ, ਬਰੋਟੀਵਾਲਾ ਰੋਡ, ਕਾਲਕਾ, ਹਰਿਆਣਾ-133302 2. ਸ੍ਰੀ ਅੰਸ਼ੂਮਨ ਸ਼ਰਮਾ ਪੁੱਤਰ ਸੰਜੀਵ ਸ਼ਰਮਾ (ਪ੍ਰੋਪ) ਪਤਾ: ਪਿੰਡ ਬਰੋਟੀਵਾਲਾ, ਜ਼ਿਲ੍ਹਾ- ਸੋਲਨ, ਹਿਮਾਚਲ ਪ੍ਰਦੇਸ਼-174103 3. ਸ੍ਰੀ ਜਗਦੇਵ ਸਿੰਘ ਪੁੱਤਰ ਲਾਭ ਸਿੰਘ (ਜ਼ਾਮਨ ਅਤੇ ਗਿਰਵੀਕਾਰ) ਪਹਿਲਾਂ ਪਤਾ : ਪੀਰ ਮੁਛੱਲਾ ਢਕੋਲੀ ਜ਼ਿਲ੍ਹਾ-ਐੱਸ.ਏ.ਐੱਸ. ਨਗਰ ਮੋਹਾਲੀ, ਪੰਜਾਬ-160104 ਪਤਾ 2: ਐੱਸ.ਸੀ.ਓ. ਨੰ-11, ਮੈਟਰੋ ਟਾਊਨ, ਪੀਰ ਮੁਛੱਲਾ, ਢਕੋਲੀ, ਜ਼ਿਲ੍ਹਾ-ਐੱਸ.ਏ.ਐੱਸ. ਨਗਰ ਮੋਹਾਲੀ, ਪੰਜਾਬ-160104 | ਮੈਟਰੋ ਟਾਊਨ, ਪਿੰਡ-ਪੀਰ ਮੁੱਛੱਲਾ, ਐਮਸੀ ਜ਼ੀਰਕਪੁਰ, ਐਸਏਐਸ ਨਗਰ, ਮੋਹਾਲੀ ਵਿੱਚ ਸਥਿਤ ਵਪਾਰਕ ਸ਼ੋਅਰੂਮ ਨੰਬਰ 11 ਦੇ ਸਾਰੇ ਭਾਗ ਅਤੇ ਹਿੱਸੇ 3 ਬਿਸਵਾਸ 6 1/2 ਬਿਸਵਾਸੀ ਯਾਨੀ 15' X 100' - 166.00 ਵਰਗ ਗਜ਼ ਹਦਬਸਤ ਨੰਬਰ 53, ਖੇਵਟ/ਖਟੋਨੀ ਨੰਬਰ 2/2, ਖਸਰਾ ਨੰਬਰ 195 (4-1) ਦੇ ਅਧੀਨ ਆਉਂਦੇ ਹਨ, ਜਿਸ ਵਿੱਚ ਕੁੱਲ 4 ਬਿਘੇ 1 ਬਿਸਵਾ ਸ਼ਾਮਲ ਹਨ, ਜਿਸ ਵਿੱਚੋਂ 66 1/2 1620 ਯਾਨੀ 3 ਬਿਸਵਾਸ 6 1/2 ਬਿਸਵਾਸੀ ਜਗਦੇਵ ਸਿੰਘ ਪੁੱਤਰ ਲੈਫਟੀਨੈਂਟ ਸ਼੍ਰੀ ਲਾਭ ਸਿੰਘ ਰਜਿਸਟ੍ਰਡ ਟ੍ਰਾਂਸਫਰ ਡੀਡ ਨੰਬਰ 7494 ਮਿਤੀ 15.03.2017 ਦੁਆਰਾ ਮਾਲਕ ਹਨ। | 15.09.2025 ਦੇ ਅਨੁਸਾਰ ਕੁੱਲ ਦੇਣਦਾਰੀਆਂ : ਰੁ. 1,49,39,714.99/- ਜਮ੍ਹਾਂ ਅਗਲੇਰਾ ਵਿਆਜ ਅਤੇ ਹੋਰ ਫੀਸਾਂ (ਮਨਫੀ ਵਸੂਲੀ, ਜੇਕਰ ਕੋਈ ਹੈ) | Rs. 3,45,00,000/- | Rs. 34,50,000/- | 209272434 / CNRB0006290 / ਸੰਕੇਤਕ ਕਬਜ਼ਾ |

**ਹੋਰ ਨਿਯਮ ਅਤੇ ਸ਼ਰਤਾਂ:**

A) ਨਿਲਾਮੀ/ਬੋਲੀ ਸਿਰਫ਼ ਵੈੱਬਸਾਈਟ https://BAANKNET.com ਰਾਹੀਂ "ਔਨਲਾਈਨ ਇਲੈਕਟ੍ਰਾਨਿਕ ਬੋਲੀ" ਰਾਹੀਂ ਹੋਵੇਗੀ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਈ-ਨਿਲਾਮੀ ਵਿਕਰੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਵਿਸਤ੍ਰਿਤ ਸ਼ਰਤਾਂ ਲਈ ਵੈੱਬਸਾਈਟ ਨੂੰ ਦੇਖਣ।
B) ਜਾਇਦਾਦ ਦਾ ਨਿਰੀਖਣ 30.03.2026 ਨੂੰ ਅਧਿਕਾਰਤ ਅਧਿਕਾਰੀ ਨਾਲ ਪਹਿਲਾਂ ਮੁਲਾਕਾਤ ਨਾਲ ਕੀਤਾ ਜਾ ਸਕਦਾ ਹੈ।
C) ਜਾਇਦਾਦ ਸਾਰੇ ਮੌਜੂਦਾ ਅਤੇ ਹੋਰ ਬੋਝਾਂ ਨਾਲ ਵੇਚੀ ਜਾ ਰਹੀ ਹੈ, ਭਾਵੇਂ ਉਹ ਬੈਂਕ ਨੂੰ ਜਾਣੇ ਜਾਂ ਅਣਜਾਣ ਹੋਣ। ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰ ਕਿਸੇ ਵੀ ਤੀਜੀ ਧਿਰ ਦੇ ਦਾਅਵਿਆਂ/ਅਧਿਕਾਰਾਂ/ਬਕਾਇਆ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋਵੇਗਾ। ਖਰੀਦਦਾਰ ਨੂੰ ਆਪਣੀ ਸੰਤੁਸ਼ਟੀ ਲਈ ਜਾਇਦਾਦ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਉਚਿਤ ਮਿਹਨਤ ਕਰਨੀ ਚਾਹੀਦੀ ਹੈ। ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਹਿੱਤ ਵਿੱਚ ਸੁਰੱਖਿਅਤ ਸੰਪਤੀਆਂ ਨਾਲ ਸਬੰਧਤ ਹੋਰ ਵੇਰਵਿਆਂ ਦੇ ਸਿਰਲੇਖ ਅਤੇ ਸ਼ੁੱਧਤਾ ਨਾਲ ਸੰਤੁਸ਼ਟ ਹੋਣ, ਜਿਸ ਵਿੱਚ ਸਵਾਲ ਵਿੱਚ ਅਚੱਲ ਸੁਰੱਖਿਅਤ ਸੰਪਤੀ ਦਾ ਆਕਾਰ/ਖੇਤਰ ਸ਼ਾਮਲ ਹੈ ਅਤੇ ਬੋਲੀ ਜਮ੍ਹਾ ਕਰਨ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਤੋਂ ਉਨ੍ਹਾਂ ਦੀ ਸੰਤੁਸ਼ਟੀ ਲਈ ਕਿਸੇ ਵੀ ਹੋਰ ਬਕਾਏ/ਦੇਣਦਾਰੀਆਂ/ਬੋਝ ਦਾ ਪਤਾ ਲਗਾਉਣ। ਖਰੀਦਦਾਰ ਬਾਅਦ ਵਿੱਚ ਇਸ ਸਬੰਧ ਵਿੱਚ ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰਾਂ ਵਿਰੁੱਧ ਕੋਈ ਦਾਅਵਾ ਕਰਨ ਦਾ ਹੱਕਦਾਰ ਨਹੀਂ ਹੋਵੇਗਾ।
D) ਕਿਸੇ ਵੀ ਰਕਮ ਦੇ ਭੁਗਤਾਨ ਵਿੱਚ ਕਿਸੇ ਵੀ ਡਿਫਾਲਟ ਦੀ ਸਥਿਤੀ ਵਿੱਚ, ਜਾਂ ਜੇਕਰ ਖਰੀਦਦਾਰ/ਬੋਲੀਦਾਰ ਵੱਲੋਂ ਉਪਰੋਕਤ ਸਮਾਂ ਸੀਮਾ ਦੇ ਅੰਦਰ ਡਿਫਾਲਟ ਦੇ ਕਾਰਨਾਂ ਕਰਕੇ ਵਿਕਰੀ ਪੂਰੀ ਨਹੀਂ ਹੁੰਦੀ ਹੈ, ਤਾਂ ਬੈਂਕ ਉਦੋਂ ਤੱਕ ਖਰੀਦਦਾਰ/ਬੋਲੀਦਾਰ ਦੁਆਰਾ ਅਦਾ ਕੀਤੇ ਗਏ ਸਾਰੇ ਪੈਸੇ ਜ਼ਬਤ ਕਰਨ ਅਤੇ ਸੁਰੱਖਿਅਤ ਸੰਪਤੀ(ਆਂ) ਨੂੰ ਦੁਬਾਰਾ ਵਿਕਰੀ ਲਈ ਰੱਖਣ ਦਾ ਹੱਕਦਾਰ ਹੋਵੇਗਾ, ਆਪਣੇ ਪੂਰਨ ਵਿਵੇਕ ਨਾਲ। ਇਸ ਤੋਂ ਇਲਾਵਾ, ਅਜਿਹੀ ਮੁੜ ਵਿਕਰੀ ਦੇ ਕਾਰਨ ਬੈਂਕ ਦੁਆਰਾ ਕੀਤੇ ਗਏ ਸਾਰੇ ਖਰਚੇ, ਖਰਚੇ ਡਿਫਾਲਟ ਖਰੀਦਦਾਰ ਦੁਆਰਾ ਸਹਿਣ ਕੀਤੇ ਜਾਣਗੇ ਅਤੇ ਭੁਗਤਾਨ ਕੀਤੇ ਜਾਣਗੇ।
E) ਜਾਇਦਾਦ ਉਸ ਕੀਮਤ 'ਤੇ ਵੇਚੀ ਜਾਵੇਗੀ ਜੋ ਰਿਜ਼ਰਵ ਕੀਮਤ ਤੋਂ ਵੱਧ ਹੈ ਅਤੇ ਭਾਗ ਲੈਣ ਵਾਲੇ ਬੋਲੀਕਾਰ ਨਿਲਾਮੀ ਪ੍ਰਕਿਰਿਆ ਦੌਰਾਨ ਆਪਣੀ ਪੇਸ਼ਕਸ਼ ਨੂੰ ਹੋਰ ਬਿਹਤਰ ਬਣਾ ਸਕਦੇ ਹਨ।
F) ਰਿਜ਼ਰਵ ਕੀਮਤ ਦਾ 10% EMD ਰਕਮ ਸਿੱਧੇ ਤੌਰ 'ਤੇ M/s PSB ਅਲਾਇੰਸ ਪ੍ਰਾਈਵੇਟ ਲਿਮਟਿਡ (Baanknet) ਪੋਰਟਲ ਦੇ ਈ-ਵਾਲਿਟ ਵਿੱਚ ਜਮ੍ਹਾ ਕੀਤੀ ਜਾਣੀ ਹੈ ਜਾਂ ਉਸ ਵਿੱਚ ਚਲਾਨ ਤਿਆਰ ਕਰਕੇ RTGS/NEFT ਰਾਹੀਂ EMD ਜਮ੍ਹਾਂ ਕਰਵਾਉਣਾ ਹੈ, ਜਿਵੇਂ ਕਿ ਉਕਤ ਚਲਾਨ ਵਿੱਚ ਦੱਸਿਆ ਗਿਆ ਹੈ, 02.04.2026 ਨੂੰ ਜਾਂ ਇਸ ਤੋਂ ਪਹਿਲਾਂ ਸ਼ਾਮ 05:00 ਵਜੇ ਤੱਕ।
G) ਇੱਛੁਕ ਬੋਲੀਕਾਰਾਂ ਕੋਲ ਇੱਕ ਵੈਧ ਡਿਜੀਟਲ ਦਸਤਖਤ ਸਰਟੀਫਿਕੇਟ ਅਤੇ ਈ-ਮੇਲ ਪਤਾ ਹੋਣਾ ਚਾਹੀਦਾ ਹੈ। ਡਿਜੀਟਲ ਦਸਤਖਤ ਸੰਬੰਧੀ ਵੇਰਵਿਆਂ ਲਈ ਕਿਰਪਾ ਕਰਕੇ ਸੇਵਾ ਪ੍ਰਦਾਤਾ M/s PSB ਅਲਾਇੰਸ (Baanknet), ਹੈਲਪ ਡੈਸਕ ਨੰਬਰ (8291220220), ਈ-ਮੇਲ: support.baanknet@psballiance.com ਨਾਲ ਵੈੱਬਸਾਈਟ https://baanknet.com/ ਰਾਹੀਂ ਸੰਪਰਕ ਕਰੋ।
H) EMD ਰਕਮ ਦਾ ਭੁਗਤਾਨ ਕਰਨ ਤੋਂ ਬਾਅਦ, ਇੱਛੁਕ ਬੋਲੀਕਾਰਾਂ ਨੂੰ ਹੇਠ ਲਿਖੇ ਦਸਤਾਵੇਜ਼ਾਂ/ਵੇਰਵਿਆਂ ਦੀ ਇੱਕ ਕਾਪੀ 02.04.2026 ਨੂੰ ਜਾਂ ਇਸ ਤੋਂ ਪਹਿਲਾਂ ਸ਼ਾਮ 05:00 ਵਜੇ ਤੱਕ ਜਮ੍ਹਾ ਕਰਨੀ ਚਾਹੀਦੀ ਹੈ। ਕੈਨਰਾ ਬੈਂਕ, ਏਆਰਐਮ ਬ੍ਰਾਂਚ, ਪਲਾਟ ਨੰਬਰ-2, ਗਰਾਊਂਡ ਫਲੋਰ, ਹੋਟਲ ਡਿਵੈਂਚਰ ਦੇ ਨੇੜੇ, ਨਮਸਤੇ ਚੌਂਕ, ਕਰਨਾਲ ਨੂੰ ਹੱਥੀਂ ਜਾਂ ਈਮੇਲ ਰਾਹੀਂ।
i) ਈਐਮਡੀ ਰਕਮ ਲਈ ਡਿਮਾਂਡ ਡਰਾਫਟ/ਪੇਅ ਆਰਡਰ। ਜੇਕਰ RTGS/NEFT ਰਾਹੀਂ ਭੁਗਤਾਨ ਕੀਤਾ ਜਾਂਦਾ ਹੈ, ਤਾਂ ਇਸਦੀ ਰਸੀਦ UTR ਨੰਬਰ ਦੇ ਨਾਲ।
ii) ਪੈਨ ਕਾਰਡ, ਆਈਡੀ ਪਰੂਫ਼ ਅਤੇ ਪਤੇ ਦੇ ਸਬੂਤ ਦੀਆਂ ਫੋਟੋਕਾਪੀਆਂ। ਹਾਲਾਂਕਿ, ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦੇ 25% ਦੀ ਬਕਾਇਆ ਰਕਮ ਦਾ ਭੁਗਤਾਨ ਕਰਦੇ ਸਮੇਂ ਬੈਂਕ ਨੂੰ ਇਹ ਦਸਤਾਵੇਜ਼ ਅਸਲ ਵਿੱਚ ਪੇਸ਼ ਕਰਨੇ ਪੈਣਗੇ।
iii) ਬੋਲੀਕਾਰਾਂ ਦਾ ਨਾਮ। ਸੰਪਰਕ ਨੰਬਰ। ਪਤਾ, ਈ ਮੇਲ ਆਈਡੀ।
iv) ਈਐਮਡੀ ਦੀ ਔਨਲਾਈਨ ਰਿਫੰਡ ਲਈ ਬੋਲੀਕਾਰ ਦੇ ਖਾਤੇ ਦੇ ਵੇਰਵੇ।
I) ਇੱਛੁਕ ਬੋਲੀਕਾਰਾਂ ਨੂੰ ਆਪਣੇ ਨਾਮ https://baanknet.com/ 'ਤੇ ਰਜਿਸਟਰ ਕਰਨੇ ਚਾਹੀਦੇ ਹਨ ਅਤੇ ਆਪਣੀ ਯੂਜ਼ਰ ਆਈਡੀ ਅਤੇ ਪਾਸਵਰਡ ਮੁਫ਼ਤ ਪ੍ਰਾਪਤ ਕਰਨਾ ਚਾਹੀਦਾ ਹੈ। ਸੰਭਾਵੀ ਬੋਲੀਕਾਰ ਸੇਵਾ ਪ੍ਰਦਾਤਾ ਮੈਸਰਜ਼ ਪੀਐਸਬੀ ਅਲਾਇੰਸ (ਬਾਂਕਨੈੱਟ), ਹੈਲਪਡੈਸਕ ਨੰਬਰ-8291220220 (ਈ-ਮੇਲ; ਸਹਾਇਤਾ। baanknet@psballiance.com) ਅਤੇ ਸ਼੍ਰੀ ਅਨੀਮੇਸ਼ ਜੈਨ, ਮੋਬਾਈਲ ਨੰਬਰ 7046612345 (ਈਮੇਲ animesh@procure247.com), ਤੋਂ https://baanknet.com/ ਵੈੱਬਸਾਈਟ ਰਾਹੀਂ ਈ-ਨਿਲਾਮੀ 'ਤੇ ਔਨਲਾਈਨ ਸਿਖਲਾਈ ਪ੍ਰਾਪਤ ਕਰ ਸਕਦੇ ਹਨ।
J) ਅਸਫਲ ਬੋਲੀਕਾਰ ਦੁਆਰਾ ਜਮ੍ਹਾ ਕੀਤੀ ਗਈ ਈਐਮਡੀ ਉਨ੍ਹਾਂ ਨੂੰ ਵਾਪਸ ਕੀਤੀ ਜਾਵੇਗੀ। ਈਐਮਡੀ 'ਤੇ ਕੋਈ ਵਿਆਜ ਨਹੀਂ ਹੋਵੇਗਾ।
K) ਨਿਲਾਮੀ ਉੱਪਰ ਦੱਸੇ ਅਨੁਸਾਰ ਰਿਜ਼ਰਵ ਕੀਮਤ 'ਤੇ ਸ਼ੁਰੂ ਹੋਵੇਗੀ। ਬੋਲੀਕਾਰ ਆਪਣੀਆਂ ਪੇਸ਼ਕਸ਼ਾਂ ਨੂੰ 50,000/- ਰੁਪਏ ਦੇ ਗੁਣਜਾਂ ਵਿੱਚ ਸੁਧਾਰ ਕਰਨਗੇ। "ਔਨਲਾਈਨ" ਨਿਲਾਮੀ ਦੇ ਬੰਦ ਹੋਣ 'ਤੇ ਸਭ ਤੋਂ ਵੱਧ ਬੋਲੀ (ਰਿਜ਼ਰਵ ਕੀਮਤ ਤੋਂ ਉੱਪਰ) ਜਮ੍ਹਾਂ ਕਰਵਾਉਣ ਵਾਲੇ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ। ਸੁਰੱਖਿਅਤ ਲੈਣਦਾਰ ਦੁਆਰਾ ਇਸਦੀ ਪੁਸ਼ਟੀ ਦੇ ਅਧੀਨ, ਸਫਲ ਬੋਲੀਕਾਰ ਦੇ ਹੱਕ ਵਿੱਚ ਵਿਕਰੀ ਦੀ ਪੁਸ਼ਟੀ ਕੀਤੀ ਜਾਵੇਗੀ।
L) ਸਫਲ ਬੋਲੀਕਾਰ ਨੂੰ ਸਫਲ ਬੋਲੀਕਾਰ ਐਲਾਨਣ ਤੋਂ ਤੁਰੰਤ ਬਾਅਦ ਵਿਕਰੀ ਕੀਮਤ ਦਾ 25% (ਪਹਿਲਾਂ ਹੀ ਅਦਾ ਕੀਤੀ ਗਈ EMD ਸਮੇਤ) ਅਤੇ ਸੁਰੱਖਿਅਤ ਲੈਣਦਾਰ ਦੁਆਰਾ ਵਿਕਰੀ ਦੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਬਕਾਇਆ ਰਕਮ ਜਮ੍ਹਾਂ ਕਰਾਉਣੀ ਪਵੇਗੀ। ਇਹ ਰਕਮ ਅਧਿਕਾਰਤ ਅਧਿਕਾਰੀ, ਕੇਨਰਾ ਬੈਂਕ, ARM ਸ਼ਾਖਾ ਦੇ ਹੱਕ ਵਿੱਚ ਡਿਮਾਂਡ ਡਰਾਫਟ ਰਾਹੀਂ ਜਮ੍ਹਾ ਕੀਤੀ ਜਾਵੇਗੀ ਜਾਂ RTGS/NEFT/ਫੰਡ ਟ੍ਰਾਂਸਫਰ ਰਾਹੀਂ ਕੈਨਰਾ ਬੈਂਕ, ARM ਸ਼ਾਖਾ, ਖਾਤਾ ਨੰਬਰ 209272434, IFSC ਕੋਡ: CNRB0006290 ਦੇ ਖਾਤੇ ਵਿੱਚ ਕ੍ਰੈਡਿਟ ਕੀਤੀ ਜਾਵੇਗੀ। ਜੇਕਰ ਸਫਲ ਬੋਲੀਕਾਰ ਵਿਕਰੀ ਕੀਮਤ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਉਸ ਦੁਆਰਾ ਕੀਤੀ ਗਈ ਜਮ੍ਹਾਂ ਰਕਮ ਅਧਿਕਾਰਤ ਅਧਿਕਾਰੀ ਦੁਆਰਾ ਬਿਨਾਂ ਕਿਸੇ ਨੋਟਿਸ ਦੇ ਜ਼ਬਤ ਕਰ ਲਈ ਜਾਵੇਗੀ ਅਤੇ ਜਾਇਦਾਦ ਨੂੰ ਤੁਰੰਤ ਦੁਬਾਰਾ ਵਿਕਰੀ ਲਈ ਰੱਖਿਆ ਜਾਵੇਗਾ।
M) 50.00 ਲੱਖ ਰੁਪਏ (ਪੰਜਾਹ ਲੱਖ ਰੁਪਏ) ਅਤੇ ਇਸ ਤੋਂ ਵੱਧ ਦੀ ਵਿਕਰੀ ਆਮਦਨ ਲਈ, ਸਫਲ ਬੋਲੀਕਾਰ ਨੂੰ ਵਿਕਰੀ ਆਮਦਨੀ 'ਤੇ 1% ਦੀ ਦਰ ਨਾਲ TDS ਕੱਟਣਾ ਪਵੇਗਾ ਅਤੇ TDS ਸਰਟੀਫਿਕੇਟ ਦੀ ਅਸਲ ਰਸੀਦ ਬੈਂਕ ਨੂੰ ਜਮ੍ਹਾਂ ਕਰਾਉਣੀ ਪਵੇਗੀ।
N) ਟਰਾਂਸਪੋਰਟੇਸ਼ਨ, ਸਟੈਂਪ ਡਿਊਟੀ/GST/ਰਜਿਸਟ੍ਰੇਸ਼ਨ ਚਾਰਜ ਆਦਿ ਦੇ ਸਾਰੇ ਖਰਚੇ, ਜਿਵੇਂ ਕਿ ਲਾਗੂ ਹੁੰਦਾ ਹੈ, ਸਿਰਫ ਸਫਲ ਬੋਲੀਕਾਰ ਦੁਆਰਾ ਹੀ ਸਹਿਣ ਕੀਤੇ ਜਾਣਗੇ।
O) ਅਧਿਕਾਰਤ ਅਧਿਕਾਰੀ ਕੋਲ ਕੋਈ ਕਾਰਨ ਦੱਸੇ ਬਿਨਾਂ ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਨੂੰ ਮੁਲਤਵੀ/ਰੱਦ ਕਰਨ ਜਾਂ ਬਦਲਣ ਦਾ ਅਧਿਕਾਰ ਰਾਖਵਾਂ ਹੈ।
P) ਜੇਕਰ ਅਜਿਹੇ ਬੋਲੀਕਾਰ ਹਨ ਜਿਨ੍ਹਾਂ ਕੋਲ ਇੰਟਰਨੈੱਟ ਤੱਕ ਪਹੁੰਚ ਨਹੀਂ ਹੈ ਪਰ ਈ-ਨਿਲਾਮੀ ਵਿੱਚ ਹਿੱਸਾ ਲੈਣ ਵਿੱਚ ਦਿਲਚਸਪੀ ਰੱਖਦੇ ਹਨ, ਤਾਂ ਉਹ ਸਬੰਧਤ ਸਰਕਲ ਦਫ਼ਤਰ ਜਾਂ ਕੇਨਰਾ ਬੈਂਕ, ਏਆਰਐਮਬੀ, ਪਲਾਟ ਨੰਬਰ-2, ਗਰਾਊਂਡ ਫਲੋਰ, ਹੋਟਲ ਡਿਵੈਂਚਰ ਦੇ ਨੇੜੇ, ਨਮਸਤੇ ਚੌਂਕ, ਕਰਨਾਲ ਨਾਲ ਸੰਪਰਕ ਕਰ ਸਕਦੇ ਹਨ, ਜੋ ਇੱਕ ਸੁਵਿਧਾ ਕੇਂਦਰ ਵਜੋਂ, ਜ਼ਰੂਰੀ ਪ੍ਰਬੰਧ ਕਰਨਗੇ।
Q) ਹੋਰ ਵੇਰਵਿਆਂ ਲਈ ਕਿਸੇ ਵੀ ਕੰਮਕਾਜੀ ਦਿਨ ਦਫ਼ਤਰੀ ਸਮੇਂ ਦੌਰਾਨ ਸ਼੍ਰੀ ਰਣਜੀਤ ਕੁਮਾਰ, ਮੁੱਖ ਪ੍ਰਬੰਧਕ ਕੇਨਰਾ ਬੈਂਕ ਸੰਪਤੀ ਰਿਕਵਰੀ ਪ੍ਰਬੰਧਨ ਸ਼ਾਖਾ (ਏਆਰਐਮਬੀ), ਕਰਨਾਲ, ਫੋਨ ਨੰਬਰ 0184-4041820, 85728-16290 ਨਾਲ ਸੰਪਰਕ ਕਰੋ। ਈ-ਮੇਲ ਆਈਡੀ: cb6290@canarabank.com ਜਾਂ ਸੇਵਾ ਪ੍ਰਦਾਤਾ BAANKNET (M/s PSB Alliance Pvt. Ltd), (ਸੰਪਰਕ ਨੰਬਰ 7046612345/6354910172/8291220220/9892219848/8160205051, ਈਮੇਲ: support.BAANKNET@psballiance.com)¢

**ਵਿਸ਼ੇਸ਼ ਹਦਾਇਤ/ਚੇਤਾਵਨੀ**
ਬੋਲੀਕਾਰਾਂ ਵੱਲੋਂ ਉਨ੍ਹਾਂ ਦੇ ਆਪਣੇ ਹਿੱਤ ਵਿਚ ਆਖਰੀ ਮਿੰਟਾਂ/ਸਕਿੰਟਾਂ ਵਿਚ ਬੋਲੀ ਦੇਣ ਤੋਂ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ। ਨਾ ਤਾਂ ਕੇਨਰਾ ਬੈਂਕ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਅਜਿਹੇ ਮਾਮਲਿਆਂ ਵਿਚ ਬੋਲੀਕਾਰ ਜਾਂ ਵਿਕਰੀਕਾਰ ਦੇ ਵੱਲੋਂ ਕਿਸੇ ਤਰੁੱਟੀ/ਅਸਫਲਤਾ (ਇੰਟਰਨੈਟ ਅਸਫਲਤਾ, ਬਿਜਲੀ ਅਸਫਲਤਾ ਆਦਿ) ਦੇ ਲਈ ਜੁਆਬਦੇਹ ਹੋਣਗੇ। ਅਜਿਹੀ ਅਚਨਚੇਤ ਸਥਿਤੀ ਨੂੰ ਟਾਲਣ ਦੇ ਸਬੰਧ ਵਿਚ ਬੋਲੀਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬੈਕ-ਅੱਪ, ਬਿਜਲੀ ਸਪਲਾਈ ਅੰਤੇ ਜੋ ਵੀ ਅਜਿਹਾ ਲੋੜੀਂਦਾ ਹੋਵੇ ਵਰਗੇ ਲੋੜੀਂਦੇ ਪ੍ਰਬੰਧ/ਵਿਕਲਪ ਬਣਾ ਕੇ ਰੱਖਣ ਤਾਂ ਜੋ ਉਹ ਅਜਿਹੀ ਅਚਨਚੇਤੀ ਸਥਿਤੀ ਨਾਲ ਨਜਿੱਠਣ ਦੇ ਸਮਰਥ ਹੋਣ ਅਤੇ ਸਫਲਤਾਪੂਰਵਕ ਨਿਲਾਮੀ ਵਿਚ ਭਾਗ ਲੈ ਸਕਣ।

**ਸਰਫਾਇਸੀ ਐਕਟ 2002 ਦੇ ਅਧੀਨ 15 ਰੋਜ਼ਾ ਵਿਧਾਨਿਕ ਵਿਕਰੀ ਸੂਚਨਾ**

ਮਿਤੀ : 17.03.2026    ਸਥਾਨ : ਕਰਨਾਲ    ਅਧਿਕਾਰਤ ਅਧਿਕਾਰੀ, ਕੇਨਰਾ ਬੈਂਕ

## ਪਾਕਿ 'ਚ ਨਾਬਾਲਿਗ ਲੜਕੀ ਦਾ ਧਰਮ ਪਰਿਵਰਤਨ ਕਰਵਾ ਕੇ ਵਿਆਹ ਕਰਵਾਇਆ

ਅੰਮ੍ਰਿਤਸਰ, 17 ਮਾਰਚ (ਚ.ਨ.ਸ): ਪਾਕਿਸਤਾਨ ਦੇ ਸੂਬਾ ਸਿੰਧ ਦੇ ਮੀਰਪੁਰਖਾਸ ਜ਼ਿਲ੍ਹੇ ਦੇ ਕੋਂਟ ਗ਼ੁਲਾਮ ਮੁਹੰਮਦ ਖੇਤਰ ਦੇ ਨੇੜੇ ਬੁਖ਼ਾਰੀ ਫਾਰਮ ਨੂੰ ਲਾਲਚ ਦੇ ਕੇ ਸਮਰੋ ਦੇ ਪੀਰ ਉਮਰ ਜਾਨ ਸਰਹਿੰਦੀ ਕੋਲ ਲੈ ਗਿਆ, ਜਿੱਥੇ ਲੜਕੀ ਦਾ ਵਿਆਹ ਜਾਰੀ ਰੱਖਵਾਇਆ ਗਿਆ, ਧਰਮ



ਪਰਿਵਰਤਨ ਤੋਂ ਬਾਅਦ ਵਿਆਹ ਕਰਵਾ ਦਿੱਤਾ ਗਿਆ। ਇਹ ਘਟਨਾ ਅਜਿਹੇ ਸਮੇਂ ਸਾਹਮਣੇ ਆਈ ਹੈ ਜਦੋਂ ਸਿੰਧ 'ਚ ਬਾਲ ਵਿਆਹ ਰੋਕੂ ਕਾਨੂੰਨ ਲਾਗੂ ਹੈ, ਜਿਸ ਦੇ ਤਹਿਤ ਬਾਲ ਵਿਆਹ ਇੱਕ ਅਪਰਾਧ ਹੈ। ਇਸ ਪਿੰਡ 'ਚ ਇੱਕ 12 ਸਾਲਾ ਹਿੰਦੂ ਨਾਬਾਲਿਗ ਲੜਕੀ ਲਛਮੀ ਕੋਲਹੀ ਨੂੰ ਅਗਵਾ ਕਰਕੇ ਉਸ ਦਾ ਧਰਮ ਪਰਿਵਰਤਨ ਕਰਵਾਉਣ ਦਾ ਮਾਮਲਾ ਕਰਵਾਉਣ ਉਪਰੰਤ ਜ਼ਬਰਦਸਤੀ ਵਿਆਹ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਉਕਤ ਪਿੰਡ ਦਾ ਵਸਨੀਕ ਪਰਵੇਜ਼ ਮਾਰੀ ਲਛਮੀ ਕੋਲਹੀ ਦੇ ਬਾਵਜੂਦ ਸਮਰੋ 'ਚ ਸਰਹਿੰਦੀ ਸਮੂਹ ਨਾਬਾਲਗ ਹਿੰਦੂ ਸਮੂਹ ਲੜਕੀਆਂ ਦਾ ਧਰਮ ਪਰਿਵਰਤਨ ਕਰ ਰਿਹਾ ਹੈ। ਪਾਕਿ ਦੇ ਘੱਟ ਗਿਣਤੀ ਭਾਈਚਾਰੇ ਦੇ ਆਗੂਆਂ ਤੇ ਮਨੁੱਖੀ ਅਧਿਕਾਰ ਕਾਰਕੁੰਨਾਂ ਨੇ ਮੰਗ ਕੀਤੀ ਕਿ ਅਜਿਹੀਆਂ ਕਾਰਵਾਈਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ।

## ਪੰਜਾਬ ਤੇ ਹਰਿਆਣਾ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ 90 ਫ਼ੀਸਦੀ ਦੀ ਵੱਡੀ ਗਿਰਾਵਟ: ਕੇਂਦਰ ਸਰਕਾਰ

ਨਵੀਂ ਦਿੱਲੀ, 17 ਮਾਰਚ (ਚ.ਨ.ਸ): ਉਤਰੀ ਭਾਰਤ ਵਿੱਚ ਹਵਾ ਪ੍ਰਦੂਸ਼ਣ ਦੇ ਮੁੱਖ ਕਾਰਨ ਮੰਨੇ ਜਾਂਦੇ ਪਰਾਲੀ ਸਾੜਨ ਦੇ ਮੁੱਦੇ 'ਤੇ ਇੱਕ ਵੱਡੀ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਕੇਂਦਰ ਸਰਕਾਰ ਨੇ ਲੋਕ ਸਭਾ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਸਾਲ 2022 ਦੇ ਮੁਕਾਬਲੇ 2025 ਦੇ ਝੋਨੇ ਦੇ ਸੀਜ਼ਨ ਦੌਰਾਨ ਪੰਜਾਬ ਤੇ ਹਰਿਆਣਾ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 90 ਫੀਸਦੀ ਤੋਂ ਵੱਧ ਦੀ ਰਿਕਾਰਡ ਤੋੜ ਗਿਰਾਵਟ ਦਰਜ ਕੀਤੀ ਗਈ ਹੈ। ਇਹ ਜਾਣਕਾਰੀ ਕੇਂਦਰੀ ਵਾਤਾਵਰਨ, ਜੰਗਲਾਤ ਤੇ ਜਲਵਾਯੂ ਪਰਿਵਰਤਨ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਸਦਨ ਵਿੱਚ ਇੱਕ ਲਿਖਤੀ ਸਵਾਲ ਦੇ ਜਵਾਬ ਵਿੱਚ ਸਾਂਝੀ ਕੀਤੀ। ਕੇਂਦਰੀ ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਕੀਤੇ ਗਏ ਲਗਾਤਾਰ ਯਤਨਾਂ, ਜਾਗਰੂਕਤਾ ਮੁਹਿੰਮਾਂ ਤੇ ਕਿਸਾਨਾਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਸਦਕਾ ਇਹ ਸੰਭਵ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਕਟਾਈ ਦੇ ਸੀਜ਼ਨ ਦੌਰਾਨ ਦੋਵਾਂ ਸੂਬਿਆਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਆਈ ਇਹ ਕਮੀ ਵਾਤਾਵਰਨ ਪੱਖੋਂ ਇੱਕ ਵੱਡੀ ਉਪਲਬਧੀ ਹੈ। ਸਰਕਾਰ ਅਨੁਸਾਰ ਇਹ ਅੰਕੜੇ ਸੈਟੇਲਾਈਟ ਰਿਮੋਟ ਸੈਂਸਿੰਗ ਤਕਨੀਕ ਰਾਹੀਂ ਇਕੱਠੇ ਕੀਤੇ ਗਏ ਹਨ, ਜਿਸ ਲਈ ਭਾਰਤੀ ਖੇਤੀਬਾੜੀ ਖੋਜ ਸੰਸਥਾਨ ਦੀ ਕ੍ਰੀਮਜ਼ ਲੈਬਾਰਟਰੀ ਦੁਆਰਾ ਤਿਆਰ ਕੀਤੇ ਗਏ ਵਿਸ਼ੇਸ਼ ਪ੍ਰੋਟੋਕੋਲ ਦੀ ਵਰਤੋਂ ਕੀਤੀ ਜਾਂਦੀ ਹੈ। ਆਪਣੇ ਜਵਾਬ ਵਿੱਚ ਮੰਤਰੀ ਨੇ ਸਪੱਸ਼ਟ ਕੀਤਾ ਕਿ ਪਰਾਲੀ ਦੇ ਪ੍ਰਬੰਧਨ ਲਈ



ਕੇਂਦਰ ਸਰਕਾਰ ਵੱਲੋਂ ਸਾਲ 2018-19 ਤੋਂ ਲੈ ਕੇ ਮਾਰਚ 2026 ਤੱਕ ਲਗਭਗ 4,237 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ। ਇਸ ਫੰਡ ਦੀ ਵਰਤੋਂ ਕਿਸਾਨਾਂ ਨੂੰ ਸਬਸਿਡੀ 'ਤੇ ਮਸ਼ੀਨਰੀ ਮੁਹੱਈਆ ਕਰਵਾਉਣ ਤੇ ਪਰਾਲੀ ਨੂੰ ਖੇਤਾਂ ਵਿੱਚ ਹੀ ਖਪਾਉਣ ਜਾਂ ਬਾਹਰ ਲਿਜਾ ਕੇ ਵਰਤਣ ਲਈ ਕੀਤੀ ਗਈ ਹੈ। ਹੁਣ ਤੱਕ ਪੰਜਾਬ ਤੇ ਹਰਿਆਣਾ ਵਿੱਚ 3.53 ਲੱਖ ਤੋਂ ਵੱਧ ਮਸ਼ੀਨਾਂ ਕਿਸਾਨਾਂ ਨੂੰ ਵੰਡੀਆਂ ਜਾ ਚੁੱਕੀਆਂ ਹਨ ਤੇ 43,500 ਤੋਂ ਵੱਧ ਕਸਟਮ ਹਾਇਰਿੰਗ ਸੈਂਟਰ ਸਥਾਪਤ ਕੀਤੇ ਗਏ ਹਨ ਤਾਂ ਜੋ ਛੋਟੇ ਕਿਸਾਨ ਵੀ ਇਨ੍ਹਾਂ ਮਸ਼ੀਨਾਂ ਦਾ ਲਾਭ ਲੈ ਸਕਨ।ਸਦਨ ਵਿੱਚ ਇਸ ਰਿਪੋਰਟ ਤੋਂ ਬਾਅਦ ਵਾਤਾਵਰਨ ਪ੍ਰੇਮੀਆਂ ਵੱਲੋਂ ਇਸ ਨੂੰ ਇੱਕ ਸਕਾਰਾਤਮਕ ਕਦਮ ਦੱਸਿਆ ਜਾ ਰਿਹਾ ਹੈ।

## 2008 ਦੇ ਚੋਣ ਹਿੰਸਾ ਮਾਮਲੇ 'ਚ ਸਾਬਕਾ ਵਿਧਾਇਕ ਜੱਸੀ ਖੰਗੂੜਾ ਤੇ ਉਨ੍ਹਾਂ ਦੇ ਭਰਾ ਨੂੰ 2 ਸਾਲ ਦੀ ਕੈਦ

ਲੁਧਿਆਣਾ, 17 ਮਾਰਚ (ਚ.ਨ.ਸ): ਲੁਧਿਆਣਾ ਦੀ ਇੱਕ ਸਥਾਨਕ ਅਦਾਲਤ ਨੇ ਇੱਕ ਅਹਿਮ ਫੈਸਲਾ ਸੁਣਾਉਂਦਿਆਂ ਕਾਂਗਰਸ ਦੇ ਸੀਨੀਅਰ ਆਗੂ ਤੇ ਕਿਲਾ ਰਾਏਪੁਰ ਤੋਂ ਸਾਬਕਾ ਵਿਧਾਇਕ ਜਸਬੀਰ ਸਿੰਘ ਜੱਸੀ ਖੰਗੂੜਾ ਤੇ ਉਨ੍ਹਾਂ ਦੇ ਚਚੇਰੇ ਭਰਾ ਗੁਰਪ੍ਰੀਤ ਸਿੰਘ ਨੂੰ ਸਾਲ 2008 ਦੇ ਇੱਕ ਚੋਣ ਹਿੰਸਾ ਮਾਮਲੇ ਵਿੱਚ ਦੋ-ਦੋ ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਦੋਵਾਂ ਦੋਸ਼ੀਆਂ 'ਤੇ 3-3 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਗਾਇਆ ਹੈ। ਹਾਲਾਂਕਿ, ਫੈਸਲਾ ਸੁਣਾਏ ਜਾਣ ਤੋਂ ਤੁਰੰਤ ਬਾਅਦ ਅਦਾਲਤ ਨੇ ਦੋਵਾਂ ਨੂੰ ਮੌਕੇ 'ਤੇ ਹੀ ਜ਼ਮਾਨਤ ਦੇ ਦਿੱਤੀ, ਜਿਸ ਨਾਲ ਉਨ੍ਹਾਂ ਨੂੰ ਉਚ ਅਦਾਲਤ ਵਿੱਚ ਅਪੀਲ ਕਰਨ ਦਾ ਸਮਾਂ ਮਿਲ ਗਿਆ ਹੈ। ਇਹ ਮਾਮਲਾ ਲਗਭਗ 18 ਸਾਲ ਪੁਰਾਣਾ ਹੈ, ਜੋ ਸਾਲ 2008 ਵਿੱਚ ਹੋਈਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨਾਲ ਸਬੰਧਤ ਹੈ। ਜਾਣਕਾਰੀ ਅਨੁਸਾਰ ਇਹ ਕੇਸ ਡੇਹਲੋਂ ਪੁਲਿਸ ਸਟੇਸ਼ਨ ਵਿੱਚ ਫਕੀਰ ਸਿੰਘ ਨਾਮਕ ਵਿਅਕਤੀ ਦੀ ਸ਼ਿਕਾਇਤ



'ਤੇ ਦਰਜ ਕੀਤਾ ਗਿਆ ਸੀ, ਜੋ ਉਸ ਸਮੇਂ ਚੋਣਾਂ ਦੌਰਾਨ ਪ੍ਰੀਜ਼ਾਈਡਿੰਗ ਅਫ਼ਸਰ ਵਜੋਂ ਡਿਊਟੀ ਨਿਭਾ ਰਿਹਾ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਸੀ ਕਿ ਜਦੋਂ ਮਤਦਾਨ ਪ੍ਰਕਿਰਿਆ ਖ਼ਤਮ ਹੋਣ ਤੋਂ ਬਾਅਦ ਬੈਲਟ ਬਾਕਸ (ਵੋਟ ਪੇਟੀਆਂ) ਸੀਲ ਕੀਤੇ ਜਾ ਰਹੇ ਸਨ ਤਾਂ ਜੱਸੀ ਖੰਗੂੜਾ ਤੇ ਉਨ੍ਹਾਂ ਦੇ ਸਾਥੀਆਂ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ ਸੀ। ਸ਼ਿਕਾਇਤ ਵਿੱਚ ਕਿਹਾ ਗਿਆ ਸੀ ਕਿ ਹਮਲਾਵਰਾਂ ਨੇ ਪ੍ਰੀਜ਼ਾਈਡਿੰਗ ਅਫ਼ਸਰ ਦੀ ਪੱਗ ਉਤਾਰ ਦਿੱਤੀ ਤੇ ਉਸ ਨਾਲ ਕੁੱਟਮਾਰ ਕੀਤੀ। ਡਾਕਟਰੀ ਜਾਂਚ ਵਿੱਚ ਵੀ ਪੁਸ਼ਟੀ ਹੋਈ ਸੀ ਕਿ ਇਸ ਹਿੰਸਕ ਘਟਨਾ ਦੌਰਾਨ ਅਧਿਕਾਰੀ ਨੂੰ ਸਰੀਰ 'ਤੇ ਘੱਟੋ-ਘੱਟ ਛੇ ਸੱਟਾਂ ਵੱਜੀਆਂ ਸਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸਾਲ 2017 ਵਿੱਚ ਲੁਧਿਆਣਾ ਦੀ ਇੱਕ ਅਦਾਲਤ ਨੇ ਜੱਸੀ ਖੰਗੂੜਾ ਤੇ ਹੋਰਾਂ ਨੂੰ ਇਸ ਮਾਮਲੇ ਵਿੱਚੋਂ ਬਰੀ ਕਰ ਦਿੱਤਾ ਸੀ। ਪਰ ਸ਼ਿਕਾਇਤਕਰਤਾ ਫਕੀਰ ਸਿੰਘ ਨੇ ਇਸ ਫੈਸਲੇ ਨੂੰ ਉਚ ਅਦਾਲਤ ਵਿੱਚ ਚੁਣੌਤੀ ਦਿੱਤੀ ਤੇ ਅਪੀਲ ਦਾਇਰ ਕੀਤੀ। ਅਪੀਲ 'ਤੇ ਮੁੜ ਸੁਣਵਾਈ ਕਰਦਿਆਂ ਅਦਾਲਤ ਨੇ ਪੁਰਾਣੇ ਫੈਸਲੇ ਨੂੰ ਪਲਟਦਿਆਂ ਜੱਸੀ ਖੰਗੂੜਾ ਤੇ ਉਨ੍ਹਾਂ ਦੇ ਭਰਾ ਨੂੰ ਦੋਸ਼ੀ ਕਰਾਰ ਦਿੱਤਾ ਹੈ। ਅਦਾਲਤ ਨੇ ਆਪਣੇ ਹੁਕਮਾਂ ਵਿੱਚ ਸਪੱਸ਼ਟ ਕੀਤਾ ਕਿ ਸਰਕਾਰੀ ਡਿਊਟੀ ਦੌਰਾਨ ਕਿਸੇ ਅਧਿਕਾਰੀ 'ਤੇ ਹਮਲਾ ਕਰਨਾ ਤੇ ਚੋਣ ਅਮਲ ਵਿੱਚ ਵਿਘਨ ਪਾਉਣਾ ਇੱਕ ਗੰਭੀਰ ਅਪਰਾਧ ਹੈ।ਦੂਜੇ ਪਾਸੇ, ਸਾਬਕਾ ਵਿਧਾਇਕ ਜੱਸੀ ਖੰਗੂੜਾ ਨੇ ਇਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਇਸ ਨੂੰ ਸਿਆਸੀ ਬਦਲਾਖੋਰੀ ਕਰਾਰ ਦਿੱਤਾ ਹੈ।

## ਰਾਜਨਬੀਰ ਸਿੰਘ ਘੁਮਾਣ ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਜਨਰਲ ਸਕੱਤਰ ਨਿਯੁਕਤ



ਸ੍ਰੀ ਹਰਿਗੋਬਿੰਦਪੁਰ ਸਾਹਿਬ, 17 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਐਸ.ਸੀ. ਵਿੰਗ ਦੇ ਕੌਮੀ ਪ੍ਰਧਾਨ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਐਸ.ਸੀ. ਵਿੰਗ ਜਥੇਬੰਦਕ ਢਾਂਚੇ ਦਾ ਐਲਾਨ ਕਰਦਿਆਂ ਮਾਝੇ ਦੇ ਨਿਧੜਕ ਜਰਨੈਲ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਨਜ਼ਦੀਕੀ ਸਾਥੀ ਤੇ ਇੰਚਾਰਜ ਹਲਕਾ ਸ੍ਰੀ ਹਰਿਗੋਬਿੰਦਪੁਰ ਰਾਜਨਬੀਰ ਸਿੰਘ ਘੁਮਾਣ ਨੂੰ ਐਸ.ਸੀ. ਵਿੰਗ ਦਾ ਸੂਬਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਰਾਜਨਬੀਰ ਸਿੰਘ ਘੁਮਾਣ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾ. ਮੰਤਰੀ ਪੰਜਾਬ ਗੁਲਜ਼ਾਰ ਸਿੰਘ ਰਣੀਕੇ, ਸਾ. ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਸੀਨੀਅਰ ਅਕਾਲੀ ਆਗੂ ਰਮਨਦੀਪ ਸਿੰਘ ਸੰਧੂ, ਜਥੇ. ਅਮਰਜੀਤ ਸਿੰਘ ਸੇਖਵਾਂ, ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ ਜਤਿੰਦਰ ਸਿੰਘ ਲੱਧਾ ਮੁੰਡਾ, ਪ੍ਰਧਾਨ ਕੁਲਦੀਪ ਸਿੰਘ ਮੂੜ, ਜ਼ਿਲ੍ਹਾ ਸੀਨੀ.ਮੀਤ ਪ੍ਰਧਾਨ ਸਰਦੂਲ ਸਿੰਘ ਔਲਖ, ਕੋਰ ਕਮੇਟੀ ਮੈਂਬਰ ਡਾ. ਗੁਰਨੇਕ ਸਿੰਘ ਹਰਚੋਵਾਲ, ਸਰਕਲ ਪ੍ਰਧਾਨ ਸੁਖਦੇਵ ਸਿੰਘ ਵੈਰੋਨੰਗਲ, ਹਰਪਾਲ ਸਿੰਘ ਰੰਗੜ-ਨੰਗਲ, ਝਿਰਮਲ ਸਿੰਘ ਪੰਜਗਰਾਈਆਂ, ਸੀਨੀਅਰ ਆਗੂ ਸੂਬੇ. ਗੁਰਨਾਮ ਸਿੰਘ ਮੰਡਿਆਲਾ, ਸੀਨੀਅਰ ਆਗੂ ਸੁਲੱਖਣ ਸਿੰਘ ਬਾਠ ਘੁਮਾਣ, ਜ਼ਿਲ੍ਹਾ ਯੂਥ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਭੋਮਾ, ਪ੍ਰਧਾਨ ਬਖ਼ਸ਼ੀਸ਼ ਸਿੰਘ ਭੋਮਾ, ਕੈਪਟਨ ਕੁਲਵਿੰਦਰ ਸਿੰਘ ਉਧਨਵਾਲ, ਦਿਲਬਾਗ ਸਿੰਘ ਕੋਟਲਾ, ਸਰਪੰਚ ਬਖ਼ਸ਼ੀਸ਼ ਸਿੰਘ ਲਾਧੂਭਾਣਾ, ਸਰਪੰਚ ਗੁਰਮੇਜ ਸਿੰਘ ਮੰਡਿਆਲਾ, ਪਰਮਿੰਦਰ ਸਿੰਘ ਬੂੜੇ ਨੰਗਲ, ਸਰਕਲ ਪ੍ਰਧਾਨ ਬਲਜਿੰਦਰ ਸਿੰਘ ਸੱਲੋ, ਪ੍ਰੇਮ ਸਿੰਘ ਜੈਤੋਸਰਜਾ, ਜਥੇਦਾਰ ਕੁਲਬੀਰ ਸਿੰਘ ਚਾਹਲ, ਦਰਸ਼ਨ ਸਿੰਘ ਪੁਰੀਆਂ, ਯੂਥ ਪ੍ਰਧਾਨ ਗੁਰਬਿੰਦਰ ਸਿੰਘ, ਜਸਵੰਤ ਸਿੰਘ ਟਿੱਕਾ, ਸਾ. ਸੰਮਤੀ ਮੈਂਬਰ ਹਰਪਾਲ ਸਿੰਘ ਆਦੋਵਾਲੀ, ਸਕੱਤਰ ਸਿੰਘ ਨਸੀਰਪੁਰ, ਸੋਸ਼ਲ ਮੀਡੀਆ ਇੰਚਾਰਜ ਡਾ. ਜਸਬੀਰ ਸਿੰਘ ਸੱਲੋ, ਇਕਬਾਲ ਸਿੰਘ ਸੱਲੋ, ਇਕਬਾਲ ਸਿੰਘ ਸੱਲੋ, ਗੀਤਇੰਦਰ ਸਿੰਘ ਚਾਹਲ, ਰਣਜੀਤ ਸਿੰਘ ਸੱਲੋ, ਕਵਲਦੀਪ ਸਿੰਘ, ਹਰਜੀਤ ਸਿੰਘ ਪਰਮਾਰ, ਦੇਵ ਸੁਖਪਾਲ ਸਿੰਘ ਸੇਖਵਾਂ, ਨੰਬਰਦਾਰ ਵੱਸਣ ਸਿੰਘ, ਈਸ਼ਵਰ ਸਿੰਘ ਜਾਹਦਪੁਰ, ਸੁਖਬੀਰ ਸਿੰਘ ਜਾਹਦਪੁਰ, ਅਮਰਜੀਤ ਸਿੰਘ ਬੂੜੇਨੰਗਲ, ਸੀਨੀ. ਆਗੂ ਸਤਪਾਲ ਸਿੰਘ, ਪ੍ਰਧਾਨ ਜਰਨੈਲ ਸਿੰਘ ਹਰਪੁਰਾ, ਅਜੇਪਾਲ ਸਿੰਘ, ਸਾਬਕਾ ਸਰਪੰਚ ਹਰਜਿੰਦਰ ਸਿੰਘ ਦਕੋਹਾ, ਪ੍ਰਧਾਨ ਵਿਨੋਦ ਕੁਮਾਰ ਘੁਮਾਣ, ਸੁਰਵਿੰਦਰ ਸਿੰਘ ਢਡਿਆਲਾ ਨਜ਼ਾਰਾ, ਤਕਦੀਰ ਸਿੰਘ ਸੁੱਖਾ ਚੀੜਾ ਹਾਜ਼ਰ ਸਨ।

## ਸਿੱਖ ਸਾਹਿਤ-ਇਤਿਹਾਸਕਾਰੀ 'ਚ ਮੀਲ ਪੱਥਰ ਸਾਬਿਤ ਹੋਈ 'ਸ੍ਰੀ ਅੰਮ੍ਰਿਤਸਰ ਸ੍ਰੋਤ ਪੁਸਤਕ': ਡਾ. ਸਰਵਣ ਸਿੰਘ

ਬਟਾਲਾ/ਨੌਸ਼ਹਿਰਾ ਮੱਝਾ ਸਿੰਘ, 17 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਰਵਣ ਸਿੰਘ): ਬਟਾਲਾ ਤੋਂ ਥੋੜ੍ਹੀ ਦੂਰ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸ਼ਰਫ ਦੇ ਡਾਇਰੈਕਟਰ ਤੇ ਅੰਤਰਰਾਸ਼ਟਰੀ ਸਿੱਖ ਵਿਦਵਾਨ ਡਾ. ਸਰਵਣ ਸਿੰਘ ਨੇ ਪ੍ਰੈਸ ਨੂੰ ਮਹੱਤਵਪੂਰਨ ਜਾਣਕਾਰੀ ਦਿੱਤੀ ਕਿ ਉਨ੍ਹਾਂ ਦੁਆਰਾ ਲਿਖੀ ਤੇ ਸੰਪਾਦਤ ਕੀਤੀ ਪੁਸਤਕ 'ਸ੍ਰੀ ਅੰਮ੍ਰਿਤਸਰ ਸ੍ਰੋਤ ਪੁਸਤਕ' ਸਿੱਖ ਸਾਹਿਤ-ਇਤਿਹਾਸਕਾਰੀ ਦੇ ਵਿੱਚ ਮੀਲ ਪੱਥਰ ਸਾਬਤ ਹੋਈ ਹੈ ਤੇ ਦੇਸ਼ਾ-ਵਿਦੇਸ਼ਾਂ ਦੇ ਵਿੱਚ ਇਸਦੀ ਬਹੁਤ ਮੰਗ ਹੈ। ਉਨ੍ਹਾਂ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਦੇ ਬਾਰੇ ਲਿਖੇ ਮੂਲ ਸ੍ਰੋਤਾਂ ਨੂੰ ਇਕੱਠਾ ਕਰਕੇ ਉਨ੍ਹਾਂ ਦਾ ਇਤਿਹਾਸਕ ਪਰਿਪੇਖ ਦੇ ਵਿੱਚ ਅਧਿਐਨ ਕੀਤਾ ਗਿਆ ਹੈ।ਡਾ. ਸਰਵਣ ਸਿੰਘ ਨੇ ਅੱਗੇ ਪ੍ਰੈਸ ਨੂੰ ਦੱਸਿਆ ਕਿ ਇਹ ਪੁਸਤਕ ਉਨ੍ਹਾਂ ਨੇ ਬੜੀ ਮਿਹਨਤ ਦੇ ਨਾਲ ਤਿਆਰ ਕੀਤੀ ਹੈ। ਆਦਿ ਗ੍ਰੰਥ (ਸ੍ਰੀ ਗੁਰੂ ਗ੍ਰੰਥ ਸਾਹਿਬ) ਤੋਂ ਲੈ ਕੇ 1863 ਈ ਤੱਕ ਦੇ ਸ੍ਰੀ ਅੰਮ੍ਰਿਤਸਰ



ਸਾਹਿਬ ਦੇ ਬਾਰੇ ਲਿਖੇ ਸਾਹਿਤ ਨੂੰ ਇਕੱਠਾ ਕਰਕੇ ਉਸਦਾ ਅਧਿਐਨ ਕੀਤਾ ਗਿਆ ਹੈ ਤੇ ਸਾਰਥਿਕ ਸਿੱਟੇ ਕੱਢਣ ਦਾ ਯਤਨ ਕੀਤਾ ਗਿਆ ਹੈ। ਜਿਵੇਂ ਉਨ੍ਹਾਂ ਨੇ ਕਿਹਾ ਕਿ ਸਿੱਖ ਧਰਮ ਦੇ ਮੁੱਢਲੇ ਸ੍ਰੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਵਾਰਾਂ ਭਾਈ ਗੁਰਦਾਸ ਜੀ, ਵਾਰ ਸ੍ਰੀ ਅੰਮ੍ਰਿਤਸਰ ਕੀ, ਬੰਸਾਵਲੀਨਾਮਾ ਦਸਾਂ ਪਾਤਸ਼ਾਹੀਆਂ ਕਾ, ਮਹਿਮਾ ਪ੍ਰਕਾਸ਼ ਸਰੂਪਦਾਸ ਭੱਲਾ, ਦਸ ਗੁਰ ਕਥਾ, ਕੰਕਣ ਕਵੀ ਸਿੰਘ ਸਾਗਰ ਗ੍ਰੰਥ, ਵੀਰ ਸਿੰਘ ਬੱਲ, ਗੁਰਪ੍ਰਤਾਪ ਸੂਰਜ ਗ੍ਰੰਥ, ਭਾਈ ਸੰਤੋਖ ਸਿੰਘ ਆਦਿ। ਇਸ ਤੋਂ ਇਲਾਵਾ ਬਹੁਤ ਸਾਰੀਆਂ ਅਣ-ਪ੍ਰਕਾਸ਼ਿਤ ਸ੍ਰੋਤ ਜਿਨ੍ਹਾਂ ਦੇ ਵਿੱਚ ਸ੍ਰੀ ਅੰਮ੍ਰਿਤਸਰ ਮਹਿਮਾ, ਸੰਤ ਦਾਸ ਛਿੱਬਰ, ਅੰਮ੍ਰਿਤਸਰ ਉਸਤਤਗੁਲਾਬ ਸਿੰਘ, ਕਵੀ ਸੋਧਾਂ ਦੀ ਅੰਮ੍ਰਿਤਸਰ ਬਾਰੇ ਲਿਖ ਪੁਸਤਕ, ਅੰਮ੍ਰਿਤਸਰ ਉਸਤਤਿ, ਕਵੀ ਰਾਮ ਪ੍ਰਕਾਸ਼ ਉਦਾਸੀ ਦੀ ਰਚਨਾ, ਸ੍ਰੀ ਅੰਮ੍ਰਿਤਸਰ ਜੀ ਕੀ ਉਸਤਤਿ ਤੇ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਕਵੀ ਹਾਲ ਸਿੰਘ ਕਵੀਦ ਦੁਆਰਾ ਲਿਖੀ ਤੇ ਸੰਪਾਦਤ ਪੁਸਤਕ ਸੁਧਾਸਰ ਸੱਤਕ ਪਾਚੀਸਾ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਦੇ ਬਾਰੇ ਸਾਹਿਤ ਲਿਖਣ ਦੀ ਪੰਜਾਬੀ ਸਾਹਿਤ ਦੇ ਵਿੱਚ ਵੱਡੀ ਪਰੰਪਰਾ ਰਹੀ ਹੈ, ਜਿਸ ਨੂੰ ਇੱਸ ਪੁਸਤਕ ਦੇ ਵਿੱਚ ਉਜਾਗਰ ਕੀਤਾ ਗਿਆ ਹੈ। ਡਾ. ਸਾਹਿਬ ਨੇ ਜਾਣਕਾਰੀ ਦਿੱਤੀ ਕਿ ਇਸ ਪੁਸਤਕ ਨੂੰ ਸਿੰਘ ਬ੍ਰਦਰਜ਼ ਸ੍ਰੀ ਅੰਮ੍ਰਿਤਸਰ ਨੇ ਪ੍ਰਕਾਸ਼ਿਤ ਕੀਤਾ ਹੈ ਤੇ ਇਹ ਪੁਸਤਕ ਸਿੰਘ ਬ੍ਰਦਰਜ਼ ਦੀ ਦੁਕਾਨ ਤੋਂ ਇਲਾਵਾ ਆਨਲਾਈਨ blur shop 'ਤੇ ਵੀ ਉਪਲੱਬਧ ਹੈ।

## ਜਨਮਦਿਨ ਦੀ ਪਾਰਟੀ ਦੌਰਾਨ ਕਾਲਜ ਵਿਦਿਆਰਥਣ ਨਾਲ ਜਬਰ-ਜਨਾਹ

ਗੁਰੂਗ੍ਰਾਮ, 17 ਮਾਰਚ (ਚ.ਨ.ਸ): ਹਰਿਆਣਾ ਦੇ ਹਾਈ-ਟੈਕ ਸ਼ਹਿਰ ਗੁਰੂਗ੍ਰਾਮ ਦੇ ਸੈਕਟਰ 33 ਸਥਿਤ ਇੱਕ ਨਾਮੀ ਸੁਸਾਇਟੀ ਵਿੱਚ ਸ਼ਰਮਨਾਕ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਜਨਮਦਿਨ ਦੀ ਪਾਰਟੀ ਦੌਰਾਨ 19 ਸਾਲਾ ਕਾਲਜ ਵਿਦਿਆਰਥਣ ਨਾਲ ਕਥਿਤ ਤੌਰ 'ਤੇ ਜਬਰ-ਜਨਾਹ ਕੀਤੇ ਜਾਣ ਦਾ ਮਾਮਲਾ ਪ੍ਰਕਾਸ਼ ਵਿੱਚ ਆਇਆ ਹੈ। ਗੁਰੂਗ੍ਰਾਮ ਪੁਲਿਸ ਨੇ ਤੁਰੰਤ



ਕਾਰਵਾਈ ਕਰਦੇ ਹੋਏ 29 ਸਾਲਾ ਮੁਲਜ਼ਮ ਨੂੰ ਦਿੱਲੀ ਦੇ ਰੋਹਿਣੀ ਇਲਾਕੇ ਤੋਂ ਗ੍ਰਿਫਤਾਰ ਕਰ ਲਿਆ ਹੈ। ਮਿਲੀ ਜਾਣਕਾਰੀ ਅਨੁਸਾਰ ਪੀੜਤ ਲੜਕੀ ਜੋ ਕਿ ਮੂਲ ਰੂਪ ਵਿੱਚ ਕੋਲਕਾਤਾ ਦੀ ਰਹਿਣ ਵਾਲੀ ਹੈ ਤੇ ਦਿੱਲੀ ਦੇ ਇੱਕ ਕਾਲਜ ਵਿੱਚ ਪੜ੍ਹਦੀ ਹੈ, ਸ਼ਨੀਵਾਰ ਰਾਤ ਸੈਕਟਰ 33 ਦੇ ਇੱਕ ਅਪਾਰਟਮੈਂਟ ਵਿੱਚ ਰੱਖੀ ਪਾਰਟੀ ਵਿੱਚ ਸ਼ਾਮਲ ਹੋਣ ਆਈ ਸੀ। ਪੁਲਿਸ ਮੁਤਾਬਿਕ ਪੀੜਤਾ ਤੇ ਮੁਲਜ਼ਮ ਦਿੱਲੀ ਤੋਂ ਵੱਖ-ਵੱਖ ਸਮੂਹਾਂ ਵਿੱਚ ਪਹੁੰਚੇ ਸਨ ਤੇ ਪਾਰਟੀ ਦੌਰਾਨ ਹੀ ਉਨ੍ਹਾਂ ਦੀ ਜਾਣ-ਪਛਾਣ ਹੋਈ ਸੀ। ਦੋਸ਼ ਹੈ ਕਿ ਮੁਲਜ਼ਮ ਨੇ ਲੜਕੀ ਦੀ ਨਸ਼ੇ ਦੀ ਹਾਲਤ ਦਾ ਫਾਇਦਾ ਚੁੱਕਦਿਆਂ ਉਸ ਨੂੰ ਅਪਾਰਟਮੈਂਟ ਦੇ ਇੱਕ ਸੁੰਨਸਾਨ ਹਿੱਸੇ ਵਿੱਚ ਲਿਜਾ ਕੇ ਇਸ ਘਿਨੌਣੀ ਵਾਰਦਾਤ ਨੂੰ ਅੰਜਾਮ ਦਿੱਤਾ। ਐਤਵਾਰ ਨੂੰ ਪੀੜਤਾ ਵੱਲੋਂ ਦਿੱਤੀ ਗਈ ਸ਼ਿਕਾਇਤ 'ਤੇ ਸਦਰ ਥਾਣੇ ਦੇ ਐਸ.ਐਚ.ਓ. ਬਲਰਾਜ ਯਾਦਵ ਨੇ ਪੁਸ਼ਟੀ ਕੀਤੀ ਕਿ ਭਾਰਤੀ ਨਿਆਂ ਸੰਹਿਤਾ ਦੀ ਧਾਰਾ 64(1) ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਪੁਲਿਸ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਛਾਪੇਮਾਰੀ ਕਰਕੇ ਮੁਲਜ਼ਮ ਨੂੰ ਕਾਬੂ ਕੀਤਾ। ਫਿਲਹਾਲ ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

## ਮਾਨ ਸਰਕਾਰ ਨੇ ਗਰੰਟੀ ਪੂਰੀ ਕਰਕੇ ਮਹਿਲਾ ਵਰਗ ਦਾ ਮਾਨ ਵਧਾਇਆ: ਜੋਬਨ ਰੰਧਾਵਾ

ਫਤਹਿਗੜ੍ਹ ਚੂੜੀਆਂ, 17 ਮਾਰਚ (ਰਾਜਨ ਸ਼ਰਮਾ): ਪੰਜਾਬ ਸਰਕਾਰ ਵੱਲੋਂ ਗਰੰਟੀ ਪੂਰੀ ਕਰਕੇ ਮਹਿਲਾ ਵਰਗ ਦਾ ਮਾਣ ਤੇ ਸਨਮਾਨ ਵਧਾਇਆ ਹੈ, ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਤੇ ਜ਼ਿਲ੍ਹਾ ਪ੍ਰਧਾਨ ਤੇ ਪਲਾਨਿੰਗ ਬੋਰਡ ਦੇ ਚੇਅਰਮੈਨ ਜੋਬਨ ਰੰਧਾਵਾ ਨੇ ਕੀਤਾ। ਉਨ੍ਹਾਂ ਕਿਹਾ ਕਿ



ਚੋਣਾਂ ਦੌਰਾਨ 1000 ਪ੍ਰਤੀ ਮਹੀਨਾ ਤੇ 1500 ਪ੍ਰਤੀ ਮਹੀਨਾ ਮਹਿਲਾਵਾਂ ਨੂੰ ਦੇਣ ਦੀ ਗਰੰਟੀ ਪੂਰੀ ਕਰਕੇ ਸਮੁੱਚੇ ਮਹਿਲਾ ਵਰਗ ਦਾ ਮਾਣ-ਸਨਮਾਨ ਵਧਾਇਆ ਹੈ। ਚੇਅਰਮੈਨ ਜੋਬਨ ਰੰਧਾਵਾ ਨੇ ਇਹ ਵੀ ਕਿਹਾ ਕਿ ਪਹਿਲਾਂ ਜਿੰਨੀਆਂ ਵੀ ਸੂਬੇ ਵਿੱਚ ਸਰਕਾਰਾਂ ਆਈਆਂ ਸਨ। ਪਰ ਕਿਸੇ ਨੇ ਵੀ ਮਹਿਲਾਵਾਂ ਲਈ ਕੁਝ ਵੀ ਨਹੀਂ ਕੀਤਾ। ਪਰ ਜਦੋਂ ਦੀ ਸੂਬੇ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਦੀ ਸਰਕਾਰ ਬਣੀ ਹੈ। ਉਨ੍ਹਾਂ ਨੇ ਸਾਰੀਆਂ ਗਰੰਟੀਆਂ ਤਾਂ ਪੂਰੀਆਂ ਕੀਤੀਆਂ ਹੀ ਹਨ। ਸਗੋਂ ਹਰੇਕ ਖੇਤਰ ਵਿੱਚ ਮਹਿਲਾਵਾਂ ਨੂੰ ਅੱਗੇ ਰੱਖਿਆ ਹੈ। ਆਖਿਰ ਵਿੱਚ ਚੇਅਰਮੈਨ ਜੋਬਨ ਰੰਧਾਵਾ ਨੇ ਆਪਣੀ ਸਮੁੱਚੀ ਹੀ ਲੀਡਰਸ਼ਿਪ ਤੇ ਆਮ ਆਦਮੀ ਪਾਰਟੀ ਦੇ ਆਗੂ ਸਾਹਿਬਾਨਾਂ ਵੱਲੋਂ ਪੰਜਾਬ ਸਰਕਾਰ ਦਾ ਤਹਿ ਦਿਲ ਤੋਂ ਧੰਨਵਾਦ ਵੀ ਕੀਤਾ।

## ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਵੱਖ-ਵੱਖ ਮੰਗਾਂ ਦੀ ਅਣਦੇਖੀ ਖ਼ਿਲਾਫ਼ ਰੋਸ ਪ੍ਰਦਰਸ਼ਨ



ਬਟਾਲਾ, 17 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਬੀਤੇ ਦਿਨ ਕੇ.ਐਮ.ਐਮ. ਕਿਸਾਨ-ਮਜ਼ਦੂਰ ਮੋਰਚਾ ਵੱਲੋਂ ਦੇਸ਼ ਦੇ ਕੇਂਦਰੀ ਗ੍ਰਹਿ ਮੰਤਰੀ ਦੀ ਮੋਗਾ ਰੈਲੀ ਲਈ ਪੰਜਾਬ ਫੇਰੀ ਮੌਕੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਵੱਡੇ ਪੁਤਲੇ ਬਣਾ ਕੇ ਰੋਸ ਮਾਰਚ ਕਰਦੇ ਹੋਏ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ। ਇਸ ਮੌਕੇ ਵੱਖ-ਵੱਖ ਥਾਵਾਂ 'ਤੇ ਪ੍ਰਦਰਸ਼ਨਾਂ ਦੌਰਾਨ ਮੌਜੂਦ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਤੇ ਹਰਵਿੰਦਰ ਸਿੰਘ ਮਸਾਣੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੋਗਾ ਰੈਲੀ ਦਾ ਨਾਂ ਬਦਲਾਅ ਰੈਲੀ ਰੱਖਿਆ ਗਿਆ ਤੇ ਵਸਦਾ ਰਹੇ ਸਾਡਾ ਪੰਜਾਬ ਦਾ ਨਾਅਰਾ ਦਿੱਤਾ ਗਿਆ ਹੈ, ਜਦ ਕਿ ਕੇਂਦਰ ਸਰਕਾਰ ਵੱਲੋਂ ਭਾਰਤ-ਅਮਰੀਕਾ ਸਮਝੌਤੇ ਵਿੱਚ ਖੇਤੀ ਤੇ ਡੇਅਰੀ ਖੇਤਰ ਨੂੰ ਸ਼ਾਮਲ ਕਰਕੇ ਅਜਿਹਾ ਨੀਤੀਗਤ ਫੈਸਲਾ ਕੀਤਾ ਹੈ, ਜਿਸ ਨਾਲ ਪੰਜਾਬ ਤਾਂ ਕੀ ਪੂਰਾ ਦੇਸ਼ ਪੂਰੀ ਤਰ੍ਹਾਂ ਨਾਲ ਬਰਬਾਦ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਕਿਉਂਕਿ ਪੰਜਾਬ ਦਾ ਸਮੁੱਚਾ ਅਰਥਚਾਰਾ ਖੇਤੀ 'ਤੇ ਆਧਾਰਿਤ ਹੈ, ਇਸ ਲਈ ਖੇਤੀ ਖੇਤਰ ਤੇ ਕਾਰਪੋਰੇਟ ਦਾ ਕਬਜ਼ਾ ਕਰਵਾਉਣ ਲਈ ਅਜਿਹਾ ਫੈਸਲਾ ਕੀਤਾ ਗਿਆ ਹੈ।ਆਜ਼ਾਦੀ ਦੀ ਲੜਾਈ ਤੋਂ ਲੈ ਕੇ ਅੱਜ ਤੱਕ ਪੰਜਾਬ, ਲੋਕ ਹੱਕਾਂ ਲਈ ਆਵਾਜ਼ ਬੁਲੰਦ ਕਰਦਾ ਆ ਰਿਹਾ ਹੈ ਤੇ ਸਰਕਾਰਾਂ ਇਸ ਤਾਸੀਰ ਨੂੰ ਖਤਮ ਕਰਨਾ ਚਾਹੁੰਦੀਆਂ ਹਨ, ਜਿਸ ਨਾਲ ਕਿ ਆਮ ਪੰਜਾਬੀ ਦੀ ਰੋਜ਼ੀ ਰੋਟੀ ਦੇ ਸਾਧਨ, ਖੇਤੀ ਸੈਕਟਰ ਨੂੰ ਤਬਾਹ ਕੀਤਾ ਜਾ ਰਿਹਾ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ 15 ਜ਼ੋਨਾਂ ਵਿੱਚ ਵੱਡੇ ਇਕੱਠ ਕਰਕੇ ਪੁਤਲੇ ਫੂਕੇ ਗਏ ਹਨ।ਅੱਜ ਦੇ ਵੱਡੇ ਇਕੱਠਾਂ ਵਿੱਚ ਮਤਾ ਪਾਸ ਕਰਕੇ ਮੰਗ ਕੀਤੀ ਕਿ ਭਾਰਤ ਪਾਕਿਸਤਾਨ ਵਪਾਰਕ ਲਾਂਘਾ ਪੂਰੀ ਤਰ੍ਹਾਂ ਖੋਲ੍ਹਿਆ ਜਾਵੇ, ਕਾਨੂੰਨ ਮੁਤਾਬਿਕ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੱਖਾਂ ਸਮੇਤ ਸਾਰੇ ਸਿਆਸੀ ਕੈਦੀਆਂ, ਜਿਨ੍ਹਾਂ ਵਿੱਚੋਂ ਕਈਆਂ ਨੇ ਤਾਂ ਦੁੱਗਣੀਆਂ ਸਜ਼ਾਵਾਂ ਕੱਟ ਲਈਆਂ ਹਨ, ਨੂੰ ਰਿਹਾਅ ਕੀਤਾ ਜਾਵੇ।

## ਰਾਜਨਬੀਰ ਸਿੰਘ ਘੁਮਾਣ ਨੂੰ ਐਸਸੀ ਵਿੰਗ ਦਾ ਜਨਰਲ ਸਕੱਤਰ ਬਣਾਉਣ 'ਤੇ ਅਕਾਲੀ ਆਗੂ/ਵਰਕਰ ਬਾਗੋ-ਬਾਗ

ਬਟਾਲਾ, 17 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਹਾਈ ਕਮਾਂਡ ਵੱਲੋਂ ਐਸਸੀ ਵਿੰਗ ਪੰਜਾਬ ਦਾ ਜਨਰਲ ਸਕੱਤਰ ਬਣਾਉਣ 'ਤੇ ਸਮੁੱਚੇ ਹਲਕੇ ਦੇ ਅਕਾਲੀ ਆਗੂ ਤੇ ਵਰਕਰ ਬਾਗੋ-ਬਾਗ ਹੋਏ ਨਜ਼ਰ ਆ ਰਹੇ ਹਨ। ਬਲਾਕ ਕਾਦੀਆਂ ਅਧੀਨ ਆਉਂਦੇ ਪਿੰਡ ਪੰਜਗਰਾਈਆਂ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਝਿਰਮਲ ਸਿੰਘ, ਪੰਚ ਧਰਮਿੰਦਰ ਸਿੰਘ ਤੇ ਬਲਦੇਵ ਰਾਜ ਸ਼ਰਮਾ ਆਦਿ ਆਗੂਆਂ ਨੇ ਪੰਜਗਰਾਈਆਂ ਵਿਖੇ ਚੱਲ ਰਹੇ ਪੰਜ ਰੋਜ਼ਾ ਹੋਲੇ ਮਹੱਲੇ ਦੇ ਦੀਵਾਨਾਂ ਦੀ ਸਮਾਪਤੀ ਤੇ ਸੰਗਤਾਂ ਵੱਲੋਂ ਸਜਾਏ ਗਏ ਨਗਰ ਕੀਰਤਨ ਦੌਰਾਨ ਜਿੱਥੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀਕਲਾ ਦੀ ਅਰਦਾਸ ਕਰਵਾਈ ਗਈ, ਉਥੇ ਉਨ੍ਹਾਂ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੂੰ ਐਸਸੀ



ਵਿੰਗ ਪੰਜਾਬ ਦੇ ਜਨਰਲ ਸਕੱਤਰ ਬਣਨ 'ਤੇ ਵਧਾਈ ਵੀ ਦਿੱਤੀ ਤੇ ਉਨ੍ਹਾਂ ਦੀ ਚੜ੍ਹਦੀਕਲਾ ਦੀ ਅਰਦਾਸ ਵੀ ਕੀਤੀ। ਇਸ ਮੌਕੇ ਉਕਤ ਆਗੂਆਂ ਦਾ ਕਹਿਣਾ ਸੀ ਕਿ ਘੁਮਾਣ ਨੂੰ ਵੱਡੀ ਜ਼ਿੰਮੇਵਾਰੀ ਮਿਲਣ ਨਾਲ ਜਿੱਥੇ ਉਹ ਪਾਰਟੀ ਲਈ ਹੋਰ ਪਰਪਕਤਾ ਨਾਲ ਕੰਮ ਕਰਨਗੇ, ਉਥੇ ਉਹ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵਿੱਚ ਵੀ ਨਵੀਂ ਉਰਜਾ ਤੇ ਨਵਾਂ ਜੋਸ਼ ਭਰ ਕੇ ਪਾਰਟੀ ਨੂੰ ਬੁਲੰਦੀਆਂ 'ਤੇ ਪਹੁੰਚਾਉਣਗੇ। ਉਨ੍ਹਾਂ ਕਿਹਾ ਕਿ ਰਾਜਨਬੀਰ ਸਿੰਘ ਘੁਮਾਣ ਦੀ ਪਾਰਟੀ ਲਈ ਕੰਮ ਕਰਨ ਦੀ ਕਾਰਜਸ਼ੈਲੀ ਅਲੱਗ ਤਰ੍ਹਾਂ ਦੀ ਹੈ। ਉਹ ਲੀਹਾਂ ਤੋਂ ਹਟ ਕੇ ਨਵੀਆਂ ਪੈੜਾਂ ਪਾਉਣ ਦਾ ਆਦੀ ਹੈ ਤੇ ਸਾਨੂੰ ਆਸ ਹੈ ਕਿ ਅਜਿਹੇ ਜੁਝਾਰੂ ਆਗੂਆਂ ਦੇ ਹੁੰਦਿਆਂ, ਸਾਨੂੰ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਸਰਕਾਰ ਬਣਾਉਣ ਤੋਂ ਕੋਈ ਨਹੀਂ ਰੋਕ ਸਕਦਾ। ਇਸ ਮੌਕੇ ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ, ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲੱਧਾ ਮੁੰਡਾ, ਸਾਬਕਾ ਸਰਪੰਚ ਝਿਰਮਲ ਸਿੰਘ, ਪੰਚ ਧਰਮਿੰਦਰ ਸਿੰਘ, ਸਰਪੰਚ ਸਰੂਪ ਸਿੰਘ ਚੌੜੇ, ਗੁਰਨਾਮ ਸਿੰਘ ਪੰਜਗਰਾਈਆਂ, ਸੁਰਿੰਦਰ ਸਿੰਘ, ਲਖਵਿੰਦਰ ਸਿੰਘ, ਦਵਿੰਦਰ ਸਿੰਘ, ਸ਼ਾਬਾਦ ਤੇ ਹੋਰ ਵੀ ਅਨੇਕਾਂ ਆਗੂਆਂ ਨੇ ਰਾਜਨਬੀਰ ਸਿੰਘ ਘੁਮਾਣ ਨੂੰ ਮੁਬਾਰਕਾਂ ਦਿੱਤੀਆਂ।

## ਖ਼ਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮਨਾਇਆ

ਧਾਰੀਵਾਲ, 17 ਮਾਰਚ (ਅਸ਼ੋਕ ਕੁਮਾਰ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਸ਼ਵ ਖਪਤਕਾਰ ਦਿਵਸ ਮਨਾਇਆ ਗਿਆ। ਕਾਲਜ ਦੇ ਕਾਮਰਸ ਵਿਭਾਗ ਵੱਲੋਂ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਕਾਮਰਸ ਵਿਭਾਗ ਦੇ ਪ੍ਰੋ. ਹਰਜੀਤ ਕੌਰ ਨੇ ਪੀਪੀਟੀ ਰਾਹੀਂ ਵਿਦਿਆਰਥੀਆਂ ਨੂੰ ਉਪਭੋਗਤਾ ਦੇ ਅਧਿਕਾਰਾਂ ਤੇ ਕਰਤੱਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੂੰ ਚੇਤੰਨ ਤੇ ਸਮਝਦਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਕਾਲਜ ਦੀ ਆਧੁਨਿਕ ਤਕਨੀਕੀ ਸਹੂਲਤਾਂ ਨਾਲ ਲੈਸ ਆਈਸੀਟੀ ਲੈਬ ਵਿੱਚ ਉਪਭੋਗਤਾ ਅਧਿਕਾਰਾਂ ਨਾਲ ਸਬੰਧਤ ਵੱਖ-ਵੱਖ ਵੀਡੀਓ ਵਿਖਾ ਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ ਗਿਆ। ਇਸ ਮੌਕੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਕਾਲਜ ਵਿੱਚ ਖਪਤਕਾਰ ਅਧਿਕਾਰ ਦਿਵਸ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਖਪਤਕਾਰਾਂ ਦੇ ਮੁੱਖ ਅਧਿਕਾਰਾਂ ਜਿਵੇਂ ਸੁਰੱਖਿਆ ਦਾ ਅਧਿਕਾਰ, ਜਾਣਕਾਰੀ ਦਾ ਅਧਿਕਾਰ, ਧੋਖਾਧੜੀ ਵਿਰੁੱਧ ਕਾਨੂੰਨੀ ਸਹਾਇਤਾ ਦਾ ਅਧਿਕਾਰ ਤੇ ਇੱਕ ਚੰਗੇ ਉਪਭੋਗਤਾ ਦੇ




ਕਰਤੱਵਾਂ ਬਾਰੇ ਬਹੁਮੁੱਲੀ ਜਾਣਕਾਰੀ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਖਪਤਕਾਰ ਨੂੰ ਖਰੀਦਦਾਰੀ ਮੌਕੇ ਸੁਚੇਤ ਰਹਿਣਾ ਚਾਹੀਦਾ ਹੈ ਤੇ ਕਿਸੇ ਵੀ ਕਿਸਮ ਦੀ ਧੋਖਾਧੜੀ ਮੌਕੇ ਆਪਣੇ ਅਧਿਕਾਰਾਂ ਲਈ ਅਵਾਜ਼ ਉਠਾਉਣੀ ਚਾਹੀਦੀ ਹੈ। ਉਨ੍ਹਾਂ ਨੇ ਖਪਤਕਾਰ ਜਾਗਰੂਕਤਾ ਦਾ ਸੰਦੇਸ਼ ਦਿੰਦੇ ਹੋਏ ਵਿਦਿਆਰਥੀਆਂ ਕੋਲੋਂ ਆਪਣੇ ਅਧਿਕਾਰਾਂ ਦੇ ਨਾਲ-ਨਾਲ ਆਪਣੇ ਕਰਤੱਵਾਂ ਨੂੰ ਸਮਝਣ ਤੇ ਸੁਚੇਤ ਖਪਤਕਾਰ ਬਣਨ ਦਾ ਪ੍ਰਣ ਲਿਆ। ਇਸ ਮੌਕੇ ਕਾਮਰਸ ਵਿਭਾਗ ਤੋਂ ਪ੍ਰੋ. ਸ਼ਿਵਿਆ ਵਿੱਜ ਤੇ ਪ੍ਰੋ. ਰੇਖਾ ਰਾਣੀ ਉਚੇਚੇ ਤੌਰ 'ਤੇ ਹਾਜ਼ਰ ਸਨ।

## ਲਖਵਿੰਦਰ ਸਿੰਘ ਲੱਖੀ ਤੇ ਚੌਧਰੀ ਮਿਆਣੀ ਵੱਲੋਂ ਐਸ.ਸੀ. ਵਿੰਗ ਦੇ ਨਵੇਂ ਬਣੇ ਅਹੁਦੇਦਾਰਾਂ ਦਾ ਸਨਮਾਨ



ਟਾਂਡਾ ਉੜਮੁੜ, 17 ਮਾਰਚ (ਅਰਜੁਨ ਜੈਨ): ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਵੱਲੋਂ ਅੱਜ ਆਪਣੇ ਟਾਂਡਾ ਸਥਿਤ ਦਫਤਰ ਵਿਖੇ ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ ਮਿਆਣੀ ਹਲਕਾ ਇੰਚਾਰਜ ਸ਼ਾਮ ਚੁਰਾਸੀ, ਸੰਦੀਪ ਸਿੰਘ ਸੀਕਰੀ, ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਇਕਬਾਲ ਸਿੰਘ ਜੌਹਲ, ਅਰਮਿੰਦਰ ਸਿੰਘ ਹੁਸੈਨਪੁਰ, ਵਰਿੰਦਰ ਸਿੰਘ ਜੀਆ ਨੱਥਾ, ਸੁਰਜੀਤ ਸਿੰਘ ਜੌੜਾ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ ਦੇ ਨਵੇਂ ਬਣੇ ਅਹੁਦੇਦਾਰਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਐਸਸੀ ਵਿੰਗ ਦੇ ਨਵ-ਨਿਯੁਕਤ ਸੀਨੀ. ਮੀਤ ਪ੍ਰਧਾਨ ਸਾਬਕਾ ਸੰਸਦੀ ਸਕੱਤਰ ਪੰਜਾਬ ਦੇਸ਼ ਰਾਜ ਸਿੰਘ ਧੁੱਗਾ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਐਸ.ਸੀ. ਵਿੰਗ ਸਰਬਜੀਤ ਸਿੰਘ ਮੋਮੀ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਐਸ.ਸੀ. ਵਿੰਗ ਪ੍ਰੇਮ ਸਿੰਘ ਪਿਪਲਾਂ ਵਾਲਾ ਆਦਿ ਨਵੇਂ ਬਣੇ ਅਹੁਦੇਦਾਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਮਿਹਨਤੀ ਤੇ ਵਫਾਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਤੇ ਉਕਤ ਆਗੂਆਂ ਦੀ ਵਫਾਦਾਰੀ ਨੂੰ ਦੇਖਦਿਆਂ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ ਦੇ ਕੌਮੀ ਪ੍ਰਧਾਨ ਗੁਲਜ਼ਾਰ ਸਿੰਘ ਰਾਣੀਕੇ ਵੱਲੋਂ ਅਹੁਦੇ ਦੇ ਕੇ ਵੱਡੀਆਂ ਜ਼ਿੰਮੇਦਾਰੀਆਂ ਦੇ ਕੇ ਵੱਡਾ ਮਾਨ ਸਤਿਕਾਰ ਦਿੱਤਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਰਪਾਲ ਸਿੰਘ ਪੰਡੋਰੀ, ਅਮਰਜੀਤ ਕਲਸੀਆ, ਨੰਬਰਦਾਰ ਕੁਲਵਿੰਦਰ ਸਿੰਘ ਕਿੰਦਾ, ਸਾਬਕਾ ਸੰਮਤੀ ਮੈਂਬਰ ਰਤਨ ਸਿੰਘ ਖੁੱਡਾ, ਸਾਬਕਾ ਸੰਮਤੀ ਮੈਂਬਰ ਅਮਰੀਕ ਸਿੰਘ ਕੰਧਾਲਾ ਜੱਟਾਂ, ਸੇਵਾ ਸਿੰਘ ਮਸੀਤੀ, ਯੂਥ ਆਗੂ ਕਰਨ ਧੁੱਗਾ, ਜ਼ਿਲ੍ਹਾ ਪ੍ਰਧਾਨ ਐਸ.ਓਆਈ ਜਸ਼ਨ ਗੁਰਾਇਆ, ਜਥੇ. ਅਵਤਾਰ ਸਿੰਘ ਬਿੱਟੂ ਮੂਨਕ ਖੁਰਦ, ਕੁਲਦੀਪ ਸਿੰਘ ਕਾਲਾ ਬਸੀ, ਸਵਰਨ ਸਿੰਘ ਹਾਜ਼ਰ ਸਨ।

## ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਬਣੀ ਇਤਿਹਾਸਿਕ: ਰਾਣਾ ਰਾਜ ਕੁਮਾਰ

ਗੜ੍ਹਸ਼ੰਕਰ, 17 ਮਾਰਚ (ਅਜਮੇਰ ਸਿੰਘ ਭਨੋਟ): ਮੋਗਾ ਵਿਖੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਬਦਲਾਅ ਰੈਲੀ ਨੇ ਵਿਰੋਧੀਆਂ ਦੀ ਨੀਂਦ ਉੜਾ ਦਿੱਤੀ ਹੈ, ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਭਾਜਪਾ ਦੇ ਮੀਤ ਪ੍ਰਧਾਨ ਰਾਣਾ ਰਾਜ ਕੁਮਾਰ ਨੇ ਚੜ੍ਹਦੀਕਲਾ ਨਾਲ ਸਬੰਧਤ ਗੱਲਬਾਤ ਕਰਦੇ ਹੋਏ ਕਹੇ।ਇਸ



ਮੌਕੇ ਰਾਣਾ ਰਾਜ ਕੁਮਾਰ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਸ਼ਹਿਰੀ ਤੇ ਪੇਂਡੂ ਦੇ ਸਮੁੱਚੇ ਭਾਜਪਾ ਵਰਕਰਾਂ ਦਾ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਧਨੰਵਾਦ ਕੀਤਾ। ਉਨ੍ਹਾਂ ਕਿਹਾ ਕਿ ਮੋਗਾ ਰੈਲੀ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਦਾ ਮੁੱਢ ਬੰਨ੍ਹ ਦਿੱਤਾ ਹੈ। ਰਾਣਾ ਰਾਜ ਕੁਮਾਰ ਨੇ ਕਿਹਾ ਕਿ ਇਸ ਰੈਲੀ ਲਈ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਸ਼ਹਿਰੀ ਖੇਤਰ ਤੇ ਪੇਂਡੂ ਖੇਤਰਾਂ ਵਿੱਚੋਂ ਵੱਡੀ ਗਿਣਤੀ ਵਿੱਚ ਬੱਸਾਂ, ਗੱਡੀਆਂ ਤੇ ਕਾਫਲੇ ਵਜੋਂ ਸ਼ਮੂਲੀਅਤ ਕਰਕੇ ਪੰਜਾਬ ਵਾਸੀਆਂ ਨੇ ਦਰਸਾ ਦਿੱਤੀ ਹੈ ਕਿ ਉਹ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਪਾਰੀਆਂ ਨੂੰ ਮਿਲਦੀਆਂ ਸਹੂਲਤਾਂ ਤੋਂ ਹਰ ਵਰਗ ਲਈ ਉਲੀਕੀਆਂ ਜਾਂਦੀਆਂ ਸਕੀਮਾਂ ਤੋਂ ਪ੍ਰਭਾਵਿਤ ਹਨ ਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਦੇਖਣਾ ਚਾਹੁੰਦੇ ਹਨ। ਰਾਣਾ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਮੋਗਾ ਰੈਲੀ ਦਾ ਪ੍ਰਭਾਵਸ਼ਾਲੀ ਇਕੱਠ ਦੇ ਦੇਖ ਕੇ ਗਦਗਦ ਹੋਏ ਤੇ ਉਨ੍ਹਾਂ ਸਮੁੱਚੀ ਟੀਮ ਨੂੰ ਵਧਾਈ ਦਿੱਤੀ।

## ਅੱਜ ਬਿਜਲੀ ਬੰਦ ਰਹੇਗੀ

ਗੜ੍ਹਦੀਵਾਲਾ, 17 ਮਾਰਚ (ਗੌਰਵ): ਸਹਾਇਕ ਕਾਰਜਕਾਰੀ ਇੰਜੀਨੀਅਰ ਦਰਸ਼ਵੀਰ ਸਿੰਘ ਪੀ.ਐਸ.ਪੀ.ਸੀ.ਐਲ. ਸਬ-ਡਵੀਜ਼ਨ ਗੜ੍ਹਦੀਵਾਲਾ ਨੇ ਇਲਾਕੇ ਦੇ ਸਮੂਹ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇਵੀ ਸਬ-ਸਟੇਸ਼ਨ ਗੜ੍ਹਦੀਵਾਲਾ ਵਿਖੇ ਟਰਾਸਫਾਰਮਰ ਨੰ 01 ਦੀ ਜ਼ਰੂਰੀ ਮੈਂਟੀਨੈਂਸ ਨੂੰ ਲੈ ਕੇ 18.03.26 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 6 ਵਜੇ ਤੱਕ ਬਿਜਲੀ ਦੀ ਸਪਲਾਈ ਬੰਦ ਰਹੇਗੀ। ਜਿਸ ਕਰਕੇ ਚੱਕਨੂਰਅਲੀ ਯੂਪੀਐਸ ਫੀਡਰ, ਅਰਗੋਵਾਲ ਯੂਪੀਐਸ ਫੀਡਰ, ਮੌਕੋਵਾਲ ਯੂਪੀਐਸ ਫੀਡਰ ਸੰਸਾਰਪੁਰ ਕੰਡੀ ਏਪੀ, ਤਲਵੰਡੀ ਏਪੀ, ਧੂਤਕਲਾਂ ਕੰਡੀ ਏਪੀ, ਧੁੱਗਾ ਏਪੀ, ਗੜ੍ਹਦੀਵਾਲਾ ਕੈਗਾਗਰੀ ਨੰ: 1 ਫੀਡਰ ਤੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਫੀਡਰਾਂ ਦੀ ਸਪਲਾਈ ਬੰਦ ਰਹੇਗੀ। ਜਿਸ ਕਰਕੇ ਗੜ੍ਹਦੀਵਾਲਾ ਸ਼ਹਿਰ, ਪਿੰਡ ਲਿੱਟਾਂ, ਚਾਂਗ ਚਠਿਆਲ, ਸੀਹਚਠਿਆਲ, ਬਾਂਡਾ, ਕੇਸੋਪੁਰ, ਕੋਈ ਬਸੋਆ, ਜਮਸ਼ੇਰ ਜੋਗੀਆਣਾ, ਫਤਿਹਪੁਰ, ਭਾਣੇਵਾਲ, ਭੱਟਲਾ, ਸੰਸਾਰਪੁਰ, ਜਾਂਗਲਾ ਸੰਗਿਆਲ, ਅਗਲੌਰ, ਅੰਦੋਚੱਕ, ਬਡਿਆਲਾ, ਅਰਗੋਵਾਲ, ਡੱਫਰ, ਮਾਨਗੜ, ਭਾਨਾ, ਰੰਧਾਵਾ, ਮਾਂਗਾ, ਕਾਲਰਾ, ਗੋਂਦਪੁਰ, ਖੁਰਦਾਂ, ਪੰਡੋਰੀ ਸੂਮਲਾਂ, ਮਾਛੀਆਂ, ਚੱਕਨੂਰ ਅਲੀ, ਧੂਤਕਲਾਂ, ਦੌਲਤਪੁਰ, ਗਿੱਲਾ, ਅੱਡਾ ਦੋਸੜਕਾ ਤੇ ਪੱਖੋਵਾਲ ਆਦਿ ਦੀ ਸਪਲਾਈ ਬੰਦ ਰਹੇਗੀ।

## ਖ਼ੂਨਦਾਨ ਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ

ਅਜਨਾਲਾ/ਚੇਤਨਪੁਰਾ, 17 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਖ਼ੂਨਦਾਨ ਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਡਾ. ਬਲਵਿੰਦਰ ਸਿੰਘ ਛੇਹਰਾਟਾ ਕੇਵੀਆਈ ਬਲੱਡ ਬੈਂਕ ਤੇ ਬਿਲੀਅਨ ਹਾਰਟਸ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ ਗਿਆ ਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਕਈ ਸੇਵਾਦਾਰਾਂ ਵੱਲੋਂ ਆਪਣੀ ਇੱਛਾ ਅਨੁਸਾਰ ਖ਼ੂਨ ਦਾਨ ਵੀ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਪਰਮਿੰਦਰ ਕੌਰ ਗਿੱਲ ਨੇ ਦੱਸਿਆ ਕਿ ਇਸ ਕੈਂਪ ਦੀ ਸਫਲਤਾ ਲਈ



ਸਮਾਜ ਸੇਵੀ ਸਰਬਜੀਤ ਸਿੰਘ ਹੈਰੀ ਛੇਹਰਾਟਾ ਤੇ ਕੇਵੀਆਈ ਬਲੱਡ ਬੈਂਕ ਦੀ ਟੀਮ, ਜਿਸ ਵਿੱਚ ਬਿਕਰਮਜੀਤ ਸਿੰਘ ਵੀ ਸ਼ਾਮਲ ਸਨ, ਨੇ ਦਿਨ-ਰਾਤ ਮਿਹਨਤ ਕੀਤੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਅਪੋਲੋ ਹਸਪਤਾਲ ਦੇ ਡਾਕਟਰਾਂ ਦੀ ਟੀਮ ਨੂੰ ਸਕੂਲ ਸਟਾਫ ਤੇ ਇਲਾਕੇ ਦੇ ਵਸਨੀਕਾਂ ਵੱਲੋਂ ਪੂਰਾ ਸਹਿਯੋਗ ਮਿਲਿਆ। ਇਸ ਮੌਕੇ ਖ਼ੂਨ ਦਾਨ ਕਰਨ ਵਾਲਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਕੈਂਪ ਵਿੱਚ ਬਲਦੇਵ ਸਿੰਘ ਬੱਬੂ (ਚੇਅਰਮੈਨ ਮਾਰਕੀਟ ਕਮੇਟੀ ਅਜਨਾਲਾ), ਜਸਬੀਰ ਸਿੰਘ (ਸਰਪੰਚ ਚੇਤਨਪੁਰਾ), ਹਰਪਾਲ ਸਿੰਘ (ਸਰਪੰਚ ਕੋਟਲਾ ਸਦਰ), ਰਵੀ ਮਹਾਜਨ, ਗੁਰਜੀਤ ਸਿੰਘ (ਸਾਬਕਾ ਬਲਾਕ ਸੰਮਤੀ ਮੈਂਬਰ), ਕੇਬਲ ਬਾਬਾ (ਚੇਅਰਮੈਨ ਟਰੇਡ ਵਰਕਰ ਯੂਨੀਅਨ), ਮਨਪ੍ਰੀਤ ਕੰਦੋਵਾਲੀ ਤੇ ਅਸ਼ੋਕ ਕੁਮਾਰ ਜੋਸ਼ੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

## 31 ਗ੍ਰਾਮ 40 ਮਿਲੀਗ੍ਰਾਮ ਹੈਰੋਇਨ ਸਮੇਤ 6 ਗ੍ਰਿਫ਼ਤਾਰ

ਗੁਰਦਾਸਪੁਰ, 17 ਮਾਰਚ (ਜਗੀਰ ਸਿੰਘ ਮੰਡ/ਨਾਹਰ): ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਬੌਬੀ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਸ ਕੋਲੋਂ 10 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ



ਮੁਕੱਦਮਾ ਬਾ-ਜੁਰਮ 21-61-85 NDPS Act ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਕੀਤਾ ਗਿਆ। ਥਾਣਾ ਘੁੰਮਣ ਕਲਾਂ ਵਿਖੇ ਅਭਿਸ਼ੇਕ ਸਿੰਘ ਨੂੰ ਕਾਬੂ ਕਰਕੇ ਉਸ ਕੋਲੋਂ 05 ਗ੍ਰਾਮ 40 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਘੁੰਮਣ ਕਲਾਂ ਵਿਖੇ ਦਰਜ ਕੀਤਾ ਗਿਆ। ਥਾਣਾ ਕਾਹਨੂੰਵਾਨ ਵਿਖੇ ਹਰਜੀਤ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਸ ਕੋਲੋਂ 06 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21-61-85 NDPS Act ਥਾਣਾ ਘੁੰਮਣ ਕਲਾਂ ਵਿਖੇ ਦਰਜ ਕੀਤਾ ਗਿਆ। ਥਾਣਾ ਸਦਰ ਗੁਰਦਾਸਪੁਰ ਵਿਖੇ ਗਗਨ ਨੂੰ ਕਾਬੂ ਕਰਕੇ ਉਸ ਕੋਲੋਂ 03 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਏ)-61-85 NDPS Act ਥਾਣਾ ਸਦਰ ਗੁਰਦਾਸਪੁਰ ਵਿਖੇ ਦਰਜ ਕੀਤਾ ਗਿਆ। ਥਾਣਾ ਤਿੱਬੜ ਵਿਖੇ ਸੰਦੀਪ ਸਿੰਘ ਤੇ ਸਹਿਜਪ੍ਰੀਤ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 07 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀਆਂ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਤਿੱਬੜ ਵਿਖੇ ਦਰਜ ਕੀਤਾ ਗਿਆ।ਆਦਿੱਤਯ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ।

# ਚੀਨ ਦੀ ਯੂਨੀਵਰਸਿਟੀ 'ਚ ਹੁਣ ਪੜ੍ਹਾਈ ਜਾਵੇਗੀ 'ਪੰਜਾਬੀ'

## ☛ਸਿਰਫ਼ ਭਾਸ਼ਾ ਹੀ ਨਹੀਂ ਸਗੋਂ ਪੰਜਾਬ ਦਾ ਇਤਿਹਾਸ ਤੇ ਸੱਭਿਆਚਾਰ ਵੀ ਪੜ੍ਹਾਵਾਂਗੇ: ਡਾ. ਸੰਧੂ ਬਾਜਵਾ



ਪੇਈਚਿੰਗ, 17 ਮਾਰਚ (ਚ.ਨ.ਸ): ਚੀਨ ਦੀ ਬੀਜਿੰਗ ਫੌਰਨ ਸਟੱਡੀਜ਼ ਯੂਨੀਵਰਸਿਟੀ ਨੇ ਆਪਣੇ ਵਿਦੇਸ਼ੀ ਤੇ ਭਾਰਤੀ ਭਾਸ਼ਾਵਾਂ ਦੇ ਕੋਰਸਾਂ ਵਿੱਚ ਹੁਣ ਪੰਜਾਬੀ ਭਾਸ਼ਾ ਨੂੰ ਵੀ ਸ਼ਾਮਲ ਕਰ ਲਿਆ ਹੈ। ਇਸ ਦੇ ਨਾਲ ਹੀ ਪੰਜਾਬੀ ਇਸ ਯੂਨੀਵਰਸਿਟੀ ਵਿੱਚ ਪੜ੍ਹਾਈ ਜਾਣ ਵਾਲੀ 102ਵੀਂ ਭਾਸ਼ਾ ਬਣ ਗਈ ਹੈ। ਇਸ ਤੋਂ ਪਹਿਲਾਂ ਇੱਥੇ ਹਿੰਦੀ, ਤਾਮਿਲ ਤੇ ਉਰਦੂ ਸਮੇਤ 101 ਭਾਸ਼ਾਵਾਂ ਪੜ੍ਹਾਈਆਂ ਜਾ ਰਹੀਆਂ ਹਨ। ਇਹ ਕੋਰਸ ਮੁੱਖ ਤੌਰ 'ਤੇ ਚੀਨੀ ਵਿਦਿਆਰਥੀਆਂ, ਡਿਪਲੋਮੈਟਾਂ ਤੇ ਸਰਕਾਰੀ ਅਧਿਕਾਰੀਆਂ ਲਈ ਹੁੰਦੇ ਹਨ ਤਾਂ ਕਿ ਉਹ ਵਿਦੇਸ਼ੀ ਭਾਸ਼ਾਵਾਂ ਵਿੱਚ ਮਾਹਿਰ ਹੋ ਸਕਣ। ਯੂਨੀਵਰਸਿਟੀ ਨੇ ਪੰਜਾਬੀ ਭਾਸ਼ਾ ਸਿਖਾਉਣ ਲਈ ਬਠਿੰਡਾ ਦੀ ਕੇਂਦਰੀ ਪੰਜਾਬ ਯੂਨੀਵਰਸਿਟੀ ਦੀ ਸਾਬਕਾ ਪ੍ਰੋਫੈਸਰ ਤੇ ਡੀਨ ਡਾ. ਜ਼ਮੀਰਪਾਲ ਕੌਰ ਸੰਧੂ ਬਾਜਵਾ ਨੂੰ ਨਿਯੁਕਤ ਕੀਤਾ ਹੈ। ਡਾ. ਕੌਰ ਨੇ ਦੱਸਿਆ ਕਿ ਉਹ ਉਥੇ ਸਿਰਫ਼ ਭਾਸ਼ਾ ਹੀ ਨਹੀਂ ਸਗੋਂ ਪੰਜਾਬ ਦਾ ਇਤਿਹਾਸ ਤੇ ਸੱਭਿਆਚਾਰ ਵੀ ਪੜ੍ਹਾਉਣਗੇ। ਇਸ ਤੋਂ ਇਲਾਵਾ ਉਨ੍ਹਾਂ ਦੀ ਇੱਕ ਅਹਿਮ ਜ਼ਿੰਮੇਵਾਰੀ ਚੀਨੀ ਅਧਿਆਪਕਾਂ ਨੂੰ ਸਿਖਲਾਈ ਦੇਣਾ ਹੋਵੇਗੀ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਉਹ ਖੁਦ ਚੀਨੀ ਵਿਦਿਆਰਥੀਆਂ ਨੂੰ ਪੰਜਾਬੀ ਪੜ੍ਹਾ ਸਕਣ।

# ਨੇਵੀ ਕੈਪਟਨ ਸੁਖਮੀਤ ਸਿੰਘ 'ਸ਼ਿਵਾਲਿਕ' ਜਹਾਜ਼ ਲੈ ਕੇ ਭਾਰਤ ਪੁੱਜੇ



ਆਦਮਪੁਰ, 17 ਮਾਰਚ (ਚ.ਨ.ਸ): ਈਰਾਨ-ਇਜ਼ਰਾਈਲ ਯੁੱਧ ਦਰਮਿਆਨ ਭਾਰਤ 'ਚ ਰਸੋਈ ਗੈਸ ਦਾ ਸੰਕਟ ਦਿਖਾਈ ਦੇ ਰਿਹਾ ਹੈ। ਇਸ ਨੂੰ ਦੇਖ ਦੇ ਹੋਏ ਐਲ.ਪੀ.ਜੀ. ਦਾ ਇੱਕ ਜਹਾਜ਼ ਸ਼ਿਵਾਲਿਕ ਭਾਰਤ ਪੁੱਜਾ ਹੈ ਤੇ ਇੱਕ ਹੋਰ ਨੰਦਾ ਦੇਵੀ ਨਾਂਅ ਦਾ ਜਹਾਜ਼ ਭਾਰਤ ਆ ਰਿਹਾ ਹੈ। ਆਦਮਪੁਰ ਦੇ ਰਹਿਣ ਵਾਲੇ ਕੈਪਟਨ ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਸੁਖਮੀਤ ਸਿੰਘ, ਜੋ ਕਿ ਨੇਵੀ 'ਚ ਕੈਪਟਨ ਹੈ, ਇਸ 45 ਹਜ਼ਾਰ ਟਨ ਵਾਲੇ ਗੈਸ ਜਹਾਜ਼ ਸ਼ਿਵਾਲਿਕ ਨੂੰ ਲੈ ਕੇ ਭਾਰਤ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਇਸ ਗੱਲ ਦੀ ਬੜੀ ਖੁਸ਼ੀ ਹੈ ਕਿ ਸਾਡਾ ਬੇਟਾ ਇਹ ਜਹਾਜ਼ ਲੈ ਕੇ ਆਇਆ ਹੈ, ਜੋ ਕਿ ਗੁਜਰਾਤ ਦੀ ਮੁੰਦਰਾ ਬੰਦਰਗਾਹ ਵਿਖੇ ਅੱਜ ਪੁੱਜਾ ਹੈ। ਜਿਸ ਨਾਲ ਦੇਸ਼ 'ਚ ਰਸੋਈ ਗੈਸ ਦੀ ਚੱਲ ਰਹੀ ਕਮੀ ਖਤਮ ਹੋ ਜਾਵੇਗੀ। ਕੈਪਟਨ ਸੁਖਮੀਤ ਸਿੰਘ ਦੀ ਪਤਨੀ ਸੰਦੀਪ ਕੌਰ ਨੇ ਦੱਸਿਆ ਕਿ ਅਸੀਂ ਬਹੁਤ ਡਰੇ ਹੋਏ ਸੀ ਕਿਉਂਕਿ 28 ਫਰਵਰੀ ਨੂੰ ਕਤਰ ਵਿਖੇ ਇਸ ਜਹਾਜ਼ ਨੂੰ ਯੁੱਧ ਕਰਕੇ ਰੋਕ ਲਿਆ ਗਿਆ ਸੀ ਪਰ ਸਾਨੂੰ ਇਸ ਗੱਲ 'ਤੇ ਮਾਣ ਹੈ ਕਿ ਮੇਰੇ ਪਤੀ ਦੇਸ਼ ਲਈ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਦੇਸ਼ 'ਚ ਗੈਸ ਸੰਕਟ ਨੂੰ ਖਤਮ ਕਰਨ 'ਚ ਆਪਣਾ ਯੋਗਦਾਨ ਪਾ ਰਹੇ ਹਨ।

# ਆਮਦਨ ਕਰ ਰਿਟਰਨ ਭਰਨ ਲਈ ਪਤੀ ਤੇ ਪਤਨੀ ਨੂੰ ਇੱਕ ਇਕਾਈ ਮੰਨਿਆ ਜਾਵੇ: ਰਾਘਵ ਚੱਢਾ



ਨਵੀਂ ਦਿੱਲੀ, 17 ਮਾਰਚ (ਚ.ਨ.ਸ): ਆਮ ਆਦਮੀ ਪਾਰਟੀ (ਆਪ) ਦੇ ਰਾਘਵ ਚੱਢਾ ਨੇ ਰਾਜ ਸਭਾ 'ਚ ਆਮਦਨ ਕਰ ਰਿਟਰਨ ਦਾ ਮੁੱਦਾ ਉਠਾਇਆ ਤੇ ਕਿਹਾ ਕਿ ਇਸ ਮੰਤਵ ਲਈ ਪਤੀ ਤੇ ਪਤਨੀ ਨੂੰ ਇੱਕ ਇਕਾਈ ਮੰਨਿਆ ਜਾਣਾ ਚਾਹੀਦਾ ਹੈ। ਇਸ ਦੇ ਹੱਕ 'ਚ ਉਦਾਹਰਣਾਂ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਣਾਲੀ ਅਧੀਨ ਦੋ ਪਰਿਵਾਰਾਂ ਦੀ ਆਮਦਨ ਇਕੋ ਜਿਹੀ ਹੋਣ 'ਤੇ ਵੀ ਭੁਗਤਾਨ ਯੋਗ ਆਮਦਨ ਕਰ 'ਚ ਫਰਕ ਹੈ। ਨਵੀਂ ਪ੍ਰਣਾਲੀ ਨਾ ਸਿਰਫ਼ ਸਰਕਾਰ ਨੂੰ ਲਾਭ ਪਹੁੰਚਾਏਗੀ ਸਗੋਂ ਰਿਟਰਨ ਫਾਈਲ ਕਰਨ ਵਾਲੇ ਪਰਿਵਾਰਾਂ ਨੂੰ ਵੀ ਰਾਹਤ ਪ੍ਰਦਾਨ ਕਰੇਗੀ। ਗ੍ਰਾਂਟਾਂ ਦੀਆਂ ਮੰਗਾਂ 'ਤੇ ਚਰਚਾ ਦੌਰਾਨ ਰਾਘਵ ਚੱਢਾ ਨੇ ਕਿਹਾ ਕਿ ਭਾਰਤ 'ਚ ਪਤੀ ਤੇ ਪਤਨੀ ਦੋਵਾਂ ਨੂੰ ਵੱਖ-ਵੱਖ ਟੈਕਸ ਅਦਾ ਕਰਨੇ ਪੈਂਦੇ ਹਨ। ਦੋਹਾਂ ਨੂੰ ਵੱਖ-ਵੱਖ ਛੋਟਾਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਉਦਾਹਰਣਾਂ ਦਿੱਤੀਆਂ ਕਿ ਕਿਵੇਂ ਇਕੋ ਜਿਹੀ ਆਮਦਨ ਵਾਲੇ 2 ਪਰਿਵਾਰਾਂ 'ਚੋਂ ਇਕ ਨੂੰ ਲੱਖਾਂ ਰੁਪਏ ਆਮਦਨ ਕਰ ਦੇਣਾ ਪੈਂਦਾ ਹੈ ਤੇ ਦੂਜੇ ਨੂੰ ਜ਼ੀਰੋ। ਰਾਘਵ ਚੱਢਾ ਨੇ ਪੁੱਛਿਆ ਕਿ ਜਦੋਂ ਆਮਦਨ ਸਾਂਝੀ ਹੈ, ਖਰਚੇ ਸਾਂਝੇ ਹਨ ਤੇ ਜ਼ਿੰਮੇਵਾਰੀਆਂ ਸਾਂਝੀਆਂ ਹਨ ਤਾਂ ਟੈਕਸਾਂ ਨੂੰ ਕਿਉਂ ਇਕਜੁੱਟ ਨਹੀਂ ਕੀਤਾ ਜਾ ਸਕਦਾ? ਕਈ ਦੇਸ਼ਾਂ 'ਚ ਪਤੀ-ਪਤਨੀ ਨੂੰ ਕਲੱਬ ਕੀਤਾ ਗਿਆ ਹੈ ਪਰ ਭਾਰਤ 'ਚ ਅਜਿਹਾ ਨਹੀਂ ਹੈ। ਚੱਢਾ ਨੇ ਭਾਰਤ 'ਚ ਇੱਕ ਸਾਂਝੀ ਆਮਦਨ ਟੈਕਸ ਫਾਈਲਿੰਗ ਪ੍ਰਣਾਲੀ ਸ਼ੁਰੂ ਕਰਨ ਦੀ ਮੰਗ ਕਰਦੇ ਹੋਏ ਕਿਹਾ ਕਿ ਇਸ ਪ੍ਰਣਾਲੀ ਦਾ ਲਾਭ ਲੈਣ ਲਈ ਵਧੇਰੇ ਲੋਕ ਵਿਆਹ ਕਰਨਗੇ ਤਾਂ ਜੋ ਇਸ ਦਾ ਲਾਭਉਠਾਇਆ ਜਾ ਸਕੇ।

# ਦੋ ਬਾਈਕਾਂ ਦੀ ਟੱਕਰ 'ਚ ਪ੍ਰੀਖਿਆ ਦੇ ਕੇ ਆ ਰਹੇ ਤਿੰਨ ਨੌਜਵਾਨਾਂ ਦੀ ਮੌਤ, ਤਿੰਨ ਜ਼ਖ਼ਮੀ



ਅਜਨਾਲਾ, 17 ਮਾਰਚ (ਚ.ਨ.ਸ): ਕਸਬਾ ਗੁਰੂ ਕਾ ਬਾਗ ਨੇੜੇ ਬੀਤੇ ਦਿਨ ਦੁਪਹਿਰੇ ਦੋ ਮੋਟਰਸਾਈਕਲਾਂ ਦੀ ਭਿਆਨਕ ਟੱਕਰ 'ਚ ਪ੍ਰੀਖਿਆ ਦੇ ਕੇ ਆ ਰਹੇ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਤੇ ਤਿੰਨ ਗੰਭੀਰ ਜ਼ਖ਼ਮੀ ਹੋ ਗਏ। ਜੈਦੀਪ ਸਿੰਘ (15) ਪੁੱਤਰ ਸਾਹਿਬ ਸਿੰਘ ਵਾਸੀ ਮਾਦੋਕੇ, ਆਪਣੇ ਦੋਸਤ ਸਨੀ ਸਿੰਘ (15) ਪੁੱਤਰ ਮੇਜਰ ਸਿੰਘ ਵਾਸੀ ਪਿੰਡ ਕੌਂਸ ਤੇ ਦੋ ਹੋਰ ਨੌਜਵਾਨਾਂ ਨਾਲ ਕਿਆਂਮਪੁਰ ਸਕੂਲ ਤੋਂ ਪੇਪਰ ਦੇ ਕੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਵਾਪਸ ਆ ਰਹੇ ਸਨ। ਪਿੰਡ ਸੈਂਸਰਾ ਕਪੱਤਗੜ੍ਹ ਨੇੜੇ ਉਨ੍ਹਾਂ ਦੇ ਮੋਟਰਸਾਈਕਲ ਦੀ ਇੱਕ ਹੋਰ ਮੋਟਰਸਾਈਕਲ, ਜਿਸਨੂੰ ਜਸਪਾਲ ਸਿੰਘ ਪੁੱਤਰ ਗੁਰਮੇਜ ਸਿੰਘ ਵਾਸੀ ਤੇੜਾ ਖੁਰਦ ਚਲਾ ਰਿਹਾ ਸੀ, ਨਾਲ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਕਿ ਜਸਪਾਲ ਦੀ ਮੌਕੇ 'ਤੇ ਮੌਤ ਹੋ ਗਈ। ਬਾਕੀ ਦੇ ਪੰਜ ਜ਼ਖ਼ਮੀ ਨੌਜਵਾਨਾਂ ਨੂੰ ਹਸਪਤਾਲ ਲਿਜਾਇਆ ਗਿਆ। ਇਨ੍ਹਾਂ 'ਚੋਂ ਦੋ ਦੀ ਹਸਪਤਾਲ ਪਹੁੰਚ ਕੇ ਮੌਤ ਹੋ ਗਈ। ਬਾਕੀ ਤਿੰਨ ਦਾ ਇਲਾਜ ਚੱਲ ਰਿਹਾ ਹੈ। ਜਸਪਾਲ ਸਿੰਘ ਦੇ ਮੋਟਰਸਾਈਕਲ 'ਤੇ ਸਵਾਰ ਹਰਪ੍ਰੀਤ ਸਿੰਘ ਪੁੱਤਰ ਹਰਪਾਲ ਸਿੰਘ ਵਾਸੀ ਪਿੰਡ ਤੇੜਾ ਖੁਰਦ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਉਸ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਹੈ। ਥਾਣਾ ਝੰਡੇਰ ਦੀ ਪੁਲਿਸ ਨੇ ਮਾਮਲੇ ਦੀ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮੁੱਖ ਮੰਤਰੀ ਮਾਨ 23 ਨੂੰ ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣਗੇ: ਡੀ.ਸੀ.

## ☛ਡੀ.ਸੀ. ਵੱਲੋਂ ਸਮਾਗਮ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ



ਫ਼ਿਰੋਜ਼ਪੁਰ, 17 ਮਾਰਚ (ਤਿਵਾੜੀ): ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਹੋਣ ਵਾਲੇ ਰਾਜ ਪੱਧਰੀ ਸ਼ਹੀਦੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣਗੇ। ਇਹ ਜਾਣਕਾਰੀ ਇਸ ਸਮਾਗਮ ਲਈ ਲੋੜੀਂਦੇ ਪ੍ਰਬੰਧ ਕਰਨ ਸਬੰਧੀ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਾਂਝੀ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 23 ਮਾਰਚ ਨੂੰ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਜਾਵੇਗਾ ਤੇ ਵੱਡੀ ਗਿਣਤੀ ਵਿੱਚ ਲੋਕ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇੱਥੇ ਪਹੁੰਚਣਗੇ। ਡਿਪਟੀ ਕਮਿਸ਼ਨਰ ਨੇ ਸਮਾਗਮ ਦੀਆਂ ਅਗਾਊਂ ਤਿਆਰੀਆਂ ਲਈ ਸਬੰਧਤ ਵਿਭਾਗਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਦੀ ਆਮਦ ਨੂੰ ਧਿਆਨ ਵਿਚ ਰੱਖਦਿਆਂ ਸਮੂਹ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਸੌਂਪੀਆਂ ਡਿਊਟੀਆਂ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ। ਉਨ੍ਹਾਂ ਸਮਾਗਮ ਵਾਲੀ ਥਾਂ 'ਤੇ ਸੁਰੱਖਿਆ, ਮੈਡੀਕਲ ਟੀਮਾਂ ਦੀ ਤਾਇਨਾਤੀ, ਐਂਬੂਲੈਂਸ, ਟ੍ਰੈਫ਼ਿਕ ਵਿਵਸਥਾ, ਪਾਰਕਿੰਗ, ਪੀਣ ਵਾਲੇ ਪਾਣੀ ਦਾ ਪ੍ਰਬੰਧ, ਪਖਾਨੇ, ਸਾਫ਼-ਸਫ਼ਾਈ, ਪ੍ਰਮੁੱਖ ਚੌਂਕਾ ਦੀ ਸਜਾਵਟ ਸਮੇਤ ਹੋਰ ਜ਼ਰੂਰੀ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸਮਾਗਮ ਦੀਆਂ ਤਿਆਰੀਆਂ ਤੇ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਸੁਰੱਖਿਆ ਪ੍ਰਬੰਧਾਂ ਨੂੰ ਵੀ ਪੂਰੀ ਤਰ੍ਹਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਦੀਪ ਕੌਰ, ਸਹਾਇਕ ਕਮਿਸ਼ਨਰ ਲਿੰਦਿਆ ਆਈ.ਏ.ਐਸ (ਅੰਡਰ ਟ੍ਰੇਨਿੰਗ), ਐਸ.ਡੀ.ਐਮ. ਅਭਿਸ਼ੇਕ ਸ਼ਰਮਾ, ਆਰ.ਟੀ.ਏ. ਤੁਸ਼ਿਤਾ ਗੁਲਾਟੀ, ਸਿਵਲ ਸਰਜਨ ਰਾਜੀਵ ਪਰਾਸ਼ਰ, ਐਸ.ਪੀ.(ਐਚ) ਧਰਮਵੀਰ ਸਿੰਘ, ਡੀ.ਡੀ.ਪੀ.ਓ. ਨਰਭਿੰਦਰ ਸਿੰਘ, ਡੀ.ਐਮ.ਓ. ਜਸ਼ਨਦੀਪ ਸਿੰਘ, ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਅਵਾਰਾ ਕੁੱਤੇ ਕਾਰਨ ਹਾਦਸਾ: 2 ਦੀ ਮੌਤ, ਔਰਤ ਜ਼ਖ਼ਮੀ



ਪਠਾਨਕੋਟ, 17 ਮਾਰਚ (ਚ.ਨ.ਸ): ਅੱਡਾ ਭਵਾਨੀ ਭਵਾਨੀ ਨੇੜੇ ਦੋ ਮੋਟਰਸਾਈਕਲਾਂ ਦੀ ਆਹਮੋ-ਸਾਹਮਣੀ ਟੱਕਰ ਹੋਣ ਕਾਰਨ ਦੋ ਨੌਜਵਾਨਾਂ ਦੀ ਦਰਦਨਾਕ ਮੌਤ ਹੋ ਗਈ, ਜਦਕਿ ਇੱਕ ਔਰਤ ਜ਼ਖ਼ਮੀ ਹੋ ਗਈ। ਇਹ ਹਾਦਸਾ ਸੜਕ 'ਤੇ ਅਚਾਨਕ ਆਏ ਅਵਾਰਾ ਕੁੱਤੇ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਵਾਪਰਿਆ ਦੱਸਿਆ ਜਾ ਰਿਹਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ 'ਚ ਪਿੰਡ ਮੀਲਵਾਂ ਵਾਸੀ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਪੇਸ਼ੇ ਤੋਂ ਡਰਾਈਵਰ ਹੈ ਤੇ ਸ਼ਾਮ ਸਮੇਂ ਆਪਣੇ ਨਿੱਜੀ ਕੰਮ ਸਬੰਧੀ ਅੱਡਾ ਭਵਾਨੀ ਗਿਆ ਹੋਇਆ ਸੀ। ਇਸ ਦੌਰਾਨ ਉਸ ਨੇ ਵੇਖਿਆ ਕਿ ਉਸਦਾ ਪੁੱਤਰ ਸੌਰਭ ਆਪਣੇ ਮੋਟਰਸਾਈਕਲ 'ਤੇ ਘਰੋਟਾ ਵੱਲੋਂ ਦੀਨਾਨਗਰ ਸਾਈਡ ਨੂੰ ਜਾ ਰਿਹਾ ਸੀ। ਉਸ ਦੇ ਮੋਟਰਸਾਈਕਲ ਦੇ ਪਿੱਛੇ ਪਿੰਡ ਮੀਲਵਾਂ ਦਾ ਹੀ ਨੌਜਵਾਨ ਕ੍ਰਿਸ਼ਨਾ ਬੈਠਿਆ ਹੋਇਆ ਸੀ। ਇਸੇ ਸਮੇਂ ਦੀਨਾਨਗਰ ਪਾਸੇ ਤੋਂ ਘਰੋਟਾ ਵੱਲ ਇੱਕ ਹੋਰ ਮੋਟਰਸਾਈਕਲ ਆ ਰਿਹਾ ਸੀ, ਜਿਸਨੂੰ ਇੱਕ ਨੌਜਵਾਨ ਚਲਾ ਰਿਹਾ ਸੀ ਤੇ ਉਸਦੇ ਪਿੱਛੇ ਔਰਤ ਬੈਠੀ ਹੋਈ ਸੀ। ਜਦੋਂ ਦੋਵੇਂ ਮੋਟਰਸਾਈਕਲ ਅੱਡਾ ਭਵਾਨੀ ਨੇੜੇ ਇੱਕ-ਦੂਜੇ ਨੂੰ ਕਾਸ ਕਰਨ ਲੱਗੇ ਤਾਂ ਅਵਾਰਾ ਕੁੱਤਾ ਆ ਗਿਆ। ਦੋਵੇਂ ਮੋਟਰਸਾਈਕਲ ਸਵਾਰਾਂ ਨੇ ਕੁੱਤੇ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਮੋਟਰਸਾਈਕਲਾਂ ਦੀ ਜ਼ੋਰਦਾਰ ਟੱਕਰ ਹੋ ਗਈ।

# ਉਜੈਨ ਦੇ ਸਿੱਖ ਨੌਜਵਾਨ ਦੀ ਕੈਨੇਡਾ 'ਚ ਰਹੱਸਮਈ ਮੌਤ



ਭੋਪਾਲ/ਉਜੈਨ, 17 ਮਾਰਚ (ਚ.ਨ.ਸ): ਉਜੈਨ ਦੇ ਰਹਿਣ ਵਾਲੇ ਗੁਰਕੀਰਤ ਸਿੰਘ ਮਨੋਚਾ, ਜਿਹੜੇ ਉਚ ਸਿੱਖਿਆ ਲਈ ਕੈਨੇਡਾ ਗਏ ਸਨ, ਦੀ ਇੱਕ ਸੜਕ ਹਾਦਸੇ 'ਚ ਮੌਤ ਹੋ ਗਈ। ਪਰਿਵਾਰ ਦੇ ਮੈਂਬਰਾਂ ਨੇ ਇਸਨੂੰ ਹੱਤਿਆ ਕਿਹਾ ਹੈ ਤੇ ਇਸ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਪਰਿਵਾਰ ਦਾ ਕਹਿਣਾ ਹੈ ਕਿ ਇਹ ਵਾਰਦਾਤ ਸ਼ਨੀਵਾਰ ਨੂੰ ਬ੍ਰਿਟਿਸ਼ ਕੋਲੰਬੀਆ ਦੇ ਫੋਰਟ ਸੇਂਟ ਜੌਨ 'ਚ ਉਸ ਸਮੇਂ ਵਾਪਰੀ ਜਦੋਂ ਉਸਦਾ ਕੁਝ ਲੋਕਾਂ ਨਾਲ ਝਗੜਾ ਹੋ ਗਿਆ ਤੇ ਉਨ੍ਹਾਂ ਨੇ ਉਸ 'ਤੇ ਹਮਲਾ ਕਰ ਦਿੱਤਾ। ਪਿਤਾ ਗੁਰਜੀਤ ਸਿੰਘ ਦਾ ਕਹਿਣਾ ਹੈ ਕਿ ਕੈਨੇਡੀਅਨ ਪੁਲਿਸ ਨੇ ਮਾਮਲੇ ਚ ਜਾਂਚ ਸ਼ੁਰੂ ਕਰ ਦਿੱਤੀ ਹੈ।

# ਦੀ ਟਰੱਕ ਆਪ੍ਰੇਟਰ ਯੂਨੀਅਨ ਨੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਸ੍ਰੀ ਫਤਹਿਗੜ੍ਹ ਸਾਹਿਬ, 17 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਦੀ ਟਰੱਕ ਆਪ੍ਰੇਟਰ ਯੂਨੀਅਨ ਸਰਹੰਦ ਭੱਟਮਾਜਰਾ ਯੂਨੀਅਨ ਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ 'ਤੇ ਗੁਰੂਘਰ ਦੇ ਹਜ਼ੂਰੀ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਲਈ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ 'ਤੇ ਯੂਨੀਅਨ ਦੇ ਸਰਪ੍ਰਸਤ ਅਜੇ ਸਿੰਘ ਲਿਬੜਾ ਨੂੰ ਮਹਿੰਦਰ ਸਿੰਘ ਜਲਬੇੜਾ ਪ੍ਰਧਾਨ ਦੀ ਟਰੱਕ ਆਪ੍ਰੇਟਰ ਯੂਨੀਅਨ ਸਰਹੰਦ ਤੇ ਯੂਨੀਅਨ ਮੈਂਬਰਾਂ ਵੱਲੋਂ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਯੂਨੀਅਨ ਦੇ ਸਰਪ੍ਰਸਤ ਅਜੇ ਸਿੰਘ ਲਿਬੜਾ ਨੇ ਕਿਹਾ ਕਿ ਦੀ ਟਰੱਕ ਆਪ੍ਰੇਟਰ ਜੋ ਯੂਨੀਅਨ ਸਰਹੰਦ ਵੱਲੋਂ ਹਰੇਕ ਸਾਲ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਂਦੇ ਹਨ, ਜਿਸ ਵਿੱਚੋਂ ਇਲਾਕੇ ਦੀ ਸੰਗਤ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ ਜਲਬੇੜਾ ਪ੍ਰਧਾਨ ਦੀ ਟਰੱਕ ਆਪਰੇਟਰ 'ਚ ਯੂਨੀਅਨ ਸਰਹੰਦ, ਕਮੇਟੀ ਮੈਂਬਰ ਭੁਪਿੰਦਰ ਸਿੰਘ ਜੱਗੀ, ਬਲਬੀਰ ਸਿੰਘ ਸਿੱਧੂਵਾਲ, ਸਤਨਾਮ ਸਿੰਘ, ਗੁਰਜਿੰਦਰ ਸਿੰਘ ਸੇਖੋਂ, ਹਰਚੰਦ ਸਿੰਘ, ਹਰਪ੍ਰੀਤ ਸਿੰਘ ਬਤਰਾ, ਸੋਹਣ ਸਿੰਘ, ਜਥੇਦਾਰ ਕੁਲਦੀਪ ਸਿੰਘ, ਮਾਸਟਰ ਚਰਨਜੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਇਲਾਕੇ ਦੀ ਸੰਗਤ ਨੇ ਸ਼ਮੂਲੀਅਤ ਕੀਤੀ।

# 15 ਗ੍ਰਾਮ ਹੈਰੋਇਨ, 23,000 ਡਰੱਗ ਮਨੀ ਤੇ ਇੱਕ ਇਲੈਕਟ੍ਰਾਨਿਕ ਕੰਡੇ ਸਮੇਤ ਦੋਸ਼ਣ ਕਾਬੂ

ਮੋਗਾ, 17 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅਨਵਰ ਅਲੀ ਉਪ-ਕਪਤਾਨ ਪੁਲਿਸ ਨਿਹਾਲ ਸਿੰਘ ਵਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਇਸ. ਗੁਰਮੇਲ ਸਿੰਘ ਮੁੱਖ ਅਫ਼ਸਰ ਥਾਣਾ ਬੱਧਨੀ ਕਲਾਂ ਵੱਲੋਂ 15 ਗ੍ਰਾਮ ਹੈਰੋਇਨ, 23,000 ਡਰੱਗ ਮਨੀ ਤੇ ਇੱਕ ਇਲੈਕਟ੍ਰਾਨਿਕ ਕੰਡਾ ਸਮੇਤ 1 ਦੋਸ਼ਣ ਕਾਬੂ। ਥਾਣਾ ਬੱਧਨੀ ਕਲਾਂ ਦੀ ਪੁਲਿਸ ਪਾਰਟੀ ਵੱਲੋਂ ਵਿਸ਼ੇਸ਼ ਕਾਰਵਾਈ ਕਰਦਿਆਂ ਸਰਬਜੀਤ ਕੌਰ ਉਰਫ਼ ਨਿੱਕੋ ਪਤਨੀ ਅਵਤਾਰ ਸਿੰਘ ਵਾਸੀ ਪਿੰਡ ਮਿਹਤਾ ਜ਼ਿਲ੍ਹਾ ਬਰਨਾਲਾ, ਹਾਲ ਆਬਾਦ ਚੱਕ ਰੋਡ ਪਿੰਡ ਰਾਮਾ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਉਸ ਕੋਲੋਂ 15 ਗ੍ਰਾਮ ਹੈਰੋਇਨ, 23,000/ ਰੁਪਏ ਡਰੱਗ ਮਨੀ ਤੇ ਇੱਕ ਇਲੈਕਟ੍ਰਾਨਿਕ ਕੰਡਾ ਬ੍ਰਾਮਦ ਕੀਤਾ ਗਿਆ, ਜੋ ਨਸ਼ੀਲੇ ਪਦਾਰਥਾਂ ਨੂੰ ਤੋਲਣ ਲਈ ਵਰਤਿਆ ਜਾਂਦਾ ਸੀ। ਇਸ ਸਬੰਧੀ ਮੁਕੱਦਮਾ ਨੰਬਰ 40 ਮਿਤੀ ਅਧੀਨ ਧਾਰਾ 21,27-ਏ, 61, 85 NDPS ਐਕਟ ਥਾਣਾ ਬੱਧਨੀ ਕਲਾਂ ਵਿੱਚ ਦਰਜ ਕਰਕੇ ਅਗਲੀ ਜਾਂਚ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਕਤ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਨਸ਼ੇ ਦੀ ਸਪਲਾਈ ਚੇਨ ਤੇ ਇਸ ਨਾਲ ਜੁੜੇ ਹੋਰ ਵਿਅਕਤੀਆਂ ਬਾਰੇ ਪਤਾ ਲਗਾਇਆ ਜਾ ਸਕੇ। ਮੋਗਾ ਪੁਲਿਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਨਸ਼ਾ ਤਸਕਰੀ ਜਾਂ ਹੋਰ ਗੈਰਕਾਨੂੰਨੀ ਗਤੀਵਿਧੀਆਂ ਸਬੰਧੀ ਕੋਈ ਵੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ ਤਾਂ ਜੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

# ਦੇਸ਼ ਭਗਤ ਯੂਨੀਵਰਸਿਟੀ ਵਿਖੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਮਹਿਲਾ ਚੈਂਪੀਅਨਸ਼ਿਪ ਦਾ ਆਗਾਜ਼

## ☛53 ਯੂਨੀਵਰਸਿਟੀਆਂ ਦੀਆਂ ਮਹਿਲਾ ਐਥਲੀਟਾਂ ਨੇ ਪੇਨਕਾਕ ਸਿਲਾਟ ਮਹਿਲਾ ਚੈਂਪੀਅਨਸ਼ਿਪ 'ਚ ਲਿਆ ਹਿੱਸਾ



ਮੰਡੀ ਗੋਬਿੰਦਗੜ੍ਹ, 17 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਵਿਖੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਪੇਨਕਾਕ ਸਿਲਾਟ ਮਹਿਲਾ ਚੈਂਪੀਅਨਸ਼ਿਪ 2025-26 ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਦੀਆਂ ਮਹਿਲਾ ਐਥਲੀਟਾਂ ਨੇ ਯੂਨੀਵਰਸਿਟੀ-ਪੱਧਰੀ ਮਾਰਸ਼ਲ ਆਰਟਸ ਮੁਕਾਬਲਿਆਂ ਵਿੱਚ ਹਿੱਸਾ ਲਿਆ। ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕੀਤੀ। ਉਨ੍ਹਾਂ ਖੇਡਾਂ ਵਿੱਚ ਔਰਤਾਂ ਦੀ ਭਾਗੀਦਾਰੀ ਦੇ ਵੱਧ ਰਹੇ ਮਹੱਤਵ ਨੂੰ ਉਜਾਗਰ ਕੀਤਾ ਤੇ ਖਿਡਾਰੀਆਂ ਨੂੰ ਸਮਰਪਣ ਤੇ ਅਨੁਸ਼ਾਸਨ ਨਾਲ ਭਾਗ ਲੈਣ ਲਈ ਕਿਹਾ। ਇਸ ਚਾਰ ਰੋਜ਼ਾ ਚੈਂਪੀਅਨਸ਼ਿਪ ਵਿੱਚ 53 ਯੂਨੀਵਰਸਿਟੀਆਂ ਦੇ ਖਿਡਾਰੀ ਹਿੱਸਾ ਲੈ ਰਹੇ ਹਨ। ਸ਼ੁਰੂਆਤ ਸ਼ਾਨਦਾਰ ਮਾਰਚ ਪਾਸਟ ਨਾਲ ਹੋਈ। ਇਸ ਮੌਕੇ ਗੈਸਟ ਆਫ਼ ਆਨਰ ਬਲਜਿੰਦਰ ਸਿੰਘ ਤੂਰ ਸਕੱਤਰ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਤੇ ਡਾ. ਗੋਪਾਲ ਪ੍ਰਤਾਪ ਸਿੰਘ ਆਬਜ਼ਰਵਰ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਸਨ। ਹਾਜ਼ਰੀਨ ਵਿੱਚ ਖੇਡ ਵਿਭਾਗ ਦੇ ਡਾਇਰੈਕਟਰ ਡਾ. ਕੁਲਭੂਸ਼ਨ ਸ਼ਰਮਾ, ਵਿਦਿਆਰਥੀ ਭਲਾਈ ਦੇ ਡਾਇਰੈਕਟਰ ਅਰਸ਼ਦੀਪ ਸਿੰਘ ਤੇ ਸਰੀਰਕ ਸਿੱਖਿਆ ਦੇ ਡਾਇਰੈਕਟਰ ਡਾ. ਪ੍ਰਵੀਨ ਕੁਮਾਰ ਸ਼ਾਮਲ ਸਨ। ਇਸ ਮੌਕੇ ਗੱਤਕਾ ਮਾਰਸ਼ਲ ਆਰਟਸ ਦੇ ਪ੍ਰਦਰਸ਼ਨ ਨੇ ਪੰਜਾਬ ਦੀ ਅਮੀਰ ਵਿਰਾਸਤ ਦਾ ਪ੍ਰਦਰਸ਼ਨ ਕੀਤਾ।ਪ੍ਰੋਗਰਾਮ ਵਿੱਚ ਐਸਪੀ ਮੁਕੇਸ਼ ਕੁਮਾਰ ਅੰਤਰਰਾਸ਼ਟਰੀ ਕੁਸ਼ਤੀ ਤਮਗਾ ਜੇਤੂ ਤੇ ਖੇਡ ਪ੍ਰਮੋਟਰ ਤੇ ਏਆਈਯੂ ਆਬਜ਼ਰਵਰ ਡਾ. ਗੋਪਾਲ ਪ੍ਰਤਾਪ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਜਿਨ੍ਹਾਂ ਯੂਨੀਵਰਸਿਟੀ ਪ੍ਰਬੰਧਾਂ ਦੀ ਸ਼ਲਾਘਾ ਕੀਤੀ।

# ਜਨਗਣਨਾ-2027 ਦੀਆਂ ਤਿਆਰੀਆਂ ਦੇ ਤਹਿਤ ਦੋ ਦਿਨਾਂ ਟ੍ਰੇਨਿੰਗ ਵਰਕਸ਼ਾਪ ਦੀ ਸ਼ੁਰੂਆਤ

ਹੁਸ਼ਿਆਰਪੁਰ, 17 ਮਾਰਚ (ਪਰਮਿੰਦਰ ਘੁੰਮਣ): ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਜਨਗਣਨਾ 2027 ਦੀਆਂ ਤਿਆਰੀਆਂ ਦੇ ਤਹਿਤ ਅੱਜ ਦੋ ਦਿਨਾਂ ਟ੍ਰੇਨਿੰਗ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ। ਇਸ ਵਰਕਸ਼ਾਪ ਦੌਰਾਨ ਜਨਗਣਨਾ ਨਾਲ ਸਬੰਧਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪ੍ਰਕਿਰਿਆ, ਡਿਜੀਟਲ ਪ੍ਰਣਾਲੀ ਤੇ ਫੀਲਡ ਪੱਧਰ 'ਤੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਦੀ ਹਾਜ਼ਰੀ ਵਿੱਚ ਜਨਗਣਨਾ ਵਿਭਾਗ ਦੇ ਸਹਾਇਕ ਡਾਇਰੈਕਟਰ ਸੁਪਰਿਆ ਵੱਲੋਂ ਭਾਗ ਲੈਣ ਵਾਲਿਆਂ ਨੂੰ ਜਨਗਣਨਾ ਦੀ ਪੂਰੀ ਪ੍ਰਕਿਰਿਆ ਬਾਰੇ ਤਕਨੀਕੀ ਟ੍ਰੇਨਿੰਗ ਪ੍ਰਦਾਨ ਕੀਤੀ ਗਈ।ਸਹਾਇਕ ਡਾਇਰੈਕਟਰ ਸੁਪਰਿਆ ਨੇ ਇਸ ਮੌਕੇ ਦੱਸਿਆ ਕਿ ਆਉਣ ਵਾਲੀ ਜਨਗਣਨਾ ਪਹਿਲੀ ਵਾਰ ਪੂਰੀ ਤਰ੍ਹਾਂ ਡਿਜੀਟਲ ਮੋਡ ਵਿੱਚ ਕਰਵਾਈ ਜਾ ਰਹੀ ਹੈ। ਇਸ ਵਾਰ ਸਰਕਾਰ ਵੱਲੋਂ 'ਸੈਲਫ ਇਨਯੂਮਰੇਸ਼ਨ' ਦੀ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਕੋਈ ਵੀ ਨਾਗਰਿਕ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਖੁਦ ਆਨਲਾਈਨ ਤਰੀਕੇ ਨਾਲ ਆਪਣੇ ਘਰ ਦੀ ਗਿਣਤੀ ਦਰਜ ਕਰ ਸਕੇਗਾ।ਇਸ ਤੋਂ ਬਾਅਦ ਜਨਗਣਨਾ ਦਾ ਪਹਿਲਾ ਫੇਜ਼ 15 ਮਈ 2026 ਤੋਂ 13 ਜੂਨ 2026 ਤੱਕ 'ਹਾਊਸ ਲਿਸਟਿੰਗ' ਦੇ ਰੂਪ ਵਿੱਚ ਕਰਵਾਇਆ ਜਾਵੇਗਾ। ਇਸ ਦੌਰਾਨ ਗਣਨਾਕਰਤਾ ਘਰ-ਘਰ ਜਾ ਕੇ ਮਕਾਨਾਂ ਦੀ ਜਾਣਕਾਰੀ ਇਕੱਠੀ ਕਰਨਗੇ ਤੇ ਨਾਗਰਿਕਾਂ ਨੂੰ ਕੁੱਲ 33 ਸਵਾਲ ਪੁੱਛੇ ਜਾਣਗੇ। ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ ਦੇਸ਼ ਦੀ ਮਹੱਤਵਪੂਰਨ ਪ੍ਰਕਿਰਿਆ ਹੈ ਤੇ ਇਸ ਰਾਹੀਂ ਸਰਕਾਰ ਨੂੰ ਲੋਕਾਂ ਦੀ ਸਮਾਜਿਕ ਤੇ ਆਰਥਿਕ ਸਥਿਤੀ ਬਾਰੇ ਸਹੀ ਜਾਣਕਾਰੀ ਮਿਲਦੀ ਹੈ। ਇਸ ਲਈ ਹਰ ਨਾਗਰਿਕ ਨੂੰ ਚਾਹੀਦਾ ਹੈ ਕਿ ਉਹ ਸਰਕਾਰ ਵੱਲੋਂ ਕਰਵਾਈ ਜਾ ਰਹੀ ਇਸ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਵੇ।ਇਸ ਟ੍ਰੇਨਿੰਗ ਵਰਕਸ਼ਾਪ ਵਿੱਚ ਉਪ-ਅਰਥ ਅੰਕੜਾ ਸਲਾਹਕਾਰ ਸੁਨੀਤਾ ਪਾਲ, ਸਮੂਹ ਤਹਿਸੀਲਦਾਰਾਂ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਾਰਜਸਾਧਕ ਅਧਿਕਾਰੀਆਂ, ਸਬੰਧਤ ਚਾਰਜ ਅਫ਼ਸਰਾਂ ਦੇ ਕਲਰਕਾਂ ਤੇ ਤਕਨੀਕੀ ਸਹਾਇਕਾਂ ਨੇ ਭਾਗ ਲਿਆ।

# 'ਆਪ' ਨੂੰ ਝਟਕਾ ਕਈ ਪਰਿਵਾਰ ਸਾਬਕਾ ਮੰਤਰੀ ਰਣਦੀਪ ਸਿੰਘ ਦੀ ਅਗਵਾਈ 'ਚ ਕਾਂਗਰਸ 'ਚ ਸ਼ਾਮਲ



ਅਮਲੋਹ, 17 ਮਾਰਚ (ਜਸਵੰਤ ਸਿੰਘ): ਆਮ ਆਦਮੀ ਪਾਰਟੀ ਨੂੰ ਪਿੰਡ ਦਨਘੇੜੀ ਵਿੱਚ ਉਦੋਂ ਝਟਕਾ ਲੱਗਿਆ, ਜਦੋਂ ਕਈ ਪਰਿਵਾਰਾਂ ਨੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਕਾਂਗਰਸ ਪਾਰਟੀ ਤੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਵਿੱਚ ਸ਼ਾਮਲ ਹੋ ਰਹੇ ਹਨ। ਇਨ੍ਹਾਂ ਵਿੱਚ ਰਾਜਦੀਪ ਸਿੰਘ, ਗੁਰਮੀਤ ਸਿੰਘ, ਸਤਵੰਤ ਸਿੰਘ, ਪ੍ਰਭਜੋਤ ਸਿੰਘ, ਰਾਜਿੰਦਰ ਸਿੰਘ, ਚਮਕੌਰ ਸਿੰਘ, ਪਰਮਿੰਦਰ ਸਿੰਘ, ਮਨੀ, ਰਣਜੀਤ ਸਿੰਘ, ਜਤਿੰਦਰ ਸਿੰਘ, ਕੁਲਵੰਤ ਸਿੰਘ ਤੇ ਰਣਜੋਧ ਸਿੰਘ ਆਦਿ ਸ਼ਾਮਲ ਸਨ। ਸਾਬਕਾ ਮੰਤਰੀ ਨੇ ਕਿਹਾ ਕਿ ਪੰਜਾਬ ਦਾ ਹਰ ਵਰਗ ਸਰਕਾਰ ਦੀਆਂ ਨਿਤੀਆਂ ਤੋਂ ਦੁਖੀ ਹੈ ਤੇ 2027 ਵਿੱਚ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਈ ਜਾਵੇਗੀ, ਜਿਸ ਵਿੱਚ ਹਰ ਵਰਗ ਨੂੰ ਸਹੂਲਤਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਲੋਕਾਂ ਨੂੰ ਕਾਂਗਰਸ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਅਮਲੋਹ ਬਲਾਕ ਦੇ ਪ੍ਰਧਾਨ ਜਗਵੀਰ ਸਿੰਘ ਸਲਾਣਾ, ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਸੰਜੀਵ ਦੱਤਾ, ਬਿੱਕਰ ਸਿੰਘ ਦੀਵਾ, ਹਰਚੰਦ ਸਿੰਘ ਸਮਸ਼ਪੁਰ, ਹਰਜਿੰਦਰ ਸਿੰਘ ਟਿੰਕਾ, ਜੱਗੀ ਵੜੈਚਾਂ, ਨਰਿੰਦਰ ਸਿੰਘ ਦਨਘੇੜੀ, ਮਾਸਟਰ ਦਰਬਾਰਾ ਸਿੰਘ, ਲਖਵਿੰਦਰ ਸਿੰਘ, ਜਸਪਾਲ ਸਿੰਘ, ਸ਼ਮਸ਼ੇਰ ਸਿੰਘ, ਗੁਰਬਚਨ ਕਾਹਨਪੁਰਾ, ਰਣਜੀਤ ਸਿੰਘ ਅੰਬੇ ਮਾਜਰਾ, ਪ੍ਰਭਜੀਤ ਬੈਣਾ, ਕਮਲ ਕੁੰਭੜਾ ਤੇ ਪੀਏ ਮਨਪ੍ਰੀਤ ਸਿੰਘ ਮਿੰਟਾ ਹਾਜ਼ਰ ਸਨ।

# ਐਡ. ਰਵਿੰਦਰ ਸਿੰਘ ਸੈਂਪਲਾ ਦਾ ਜੱਦੀ ਪਿੰਡ ਪਹੁੰਚਣ 'ਤੇ ਵਿਸ਼ੇਸ਼ ਸਨਮਾਨ



ਸ੍ਰੀ ਫਤਹਿਗੜ੍ਹ ਸਾਹਿਬ, 17 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਦੇ ਸੀਨੀਅਰ ਨੌਜਵਾਨ ਆਗੂ ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਵਕੀਲ ਐਡਵੋਕੇਟ ਰਵਿੰਦਰ ਸਿੰਘ ਸੈਂਪਲਾ ਨੂੰ ਪਾਰਟੀ ਦੇ ਐਸ.ਸੀ ਵਿੰਗ ਦਾ ਪਾਰਟੀ ਦੇ ਮੁੱਖ ਦਫਤਰ ਵਿਖੇ ਦਫਤਰ ਸੱਕਤਰ ਤੇ ਮੁੱਖ ਬੁਲਾਰਾ ਨਿਯੁਕਤ ਕਰਨ ਉਪਰੰਤ ਅੱਜ ਪਹਿਲੀ ਵਾਰ ਨਗਰ ਪਿੰਡ ਸੈਂਪਲਾ ਵਿਖੇ ਪੰਹੁਚਣ 'ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਐਡਵੋਕੇਟ ਸੈਂਪਲਾ ਜਿਨ੍ਹਾਂ ਨੂੰ ਪਾਰਟੀ ਪ੍ਰਧਾਨ ਨੇ ਉਨ੍ਹਾਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਨਿਰੰਤਰ ਕਾਨੂੰਨੀ ਸੇਵਾਵਾਂ ਨਿਭਾਉਣ ਕਰਕੇ ਪਾਰਟੀ ਵਿੱਚ ਵੱਡਾ ਮਾਣ ਦੇ ਕੇ ਨਿਵਾਜਿਆ ਹੈ, ਉਸਦੀ ਖੁਸ਼ੀ ਵਿੱਚ ਅੱਜ ਵਿਸ਼ੇਸ਼ ਸਮਾਗਮ ਰੱਖਿਆ ਗਿਆ, ਜਿਸ ਵਿੱਚ ਹਲਕਾ ਬੱਸੀ ਪਠਾਣਾ ਦੇ ਸੀਨੀਅਰ ਲੀਡਰ ਦਰਬਾਰਾ ਸਿੰਘ ਗੁਰੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਐਡਵੋਕੇਟ ਸੈਂਪਲਾ ਜੋ ਹਲਕਾ ਬੱਸੀ ਪਠਾਣਾ ਦੇ ਪਿੰਡ ਸੈਂਪਲਾ ਨਾਲ ਸਬੰਧਤ ਹਨ ਤੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਤੇ ਪਾਰਟੀ ਨਾਲ ਸਬੰਧਤ ਮੁਕੱਦਮਿਆਂ ਵਿੱਚ ਪੈਰਵਾਈ ਕਰਦੇ ਆ ਰਹੇ ਹਨ ਤੇ ਪਾਰਟੀ ਵਰਕਰਾਂ ਨਾਲ ਚੱਟਾਨ ਵਾਂਗ ਖੜ੍ਹੇ ਰਹੇ ਹਨ।ਇਸ ਸਮੇਂ 10 ਅਪ੍ਰੈਲ ਨੂੰ ਵਿਧਾਨ ਸਭਾ ਹਲਕਾ ਬੱਸੀ ਪਠਾਨਾ ਦੀ ਰੈਲੀ ਸਬੰਧੀ ਵੀ ਸੰਗਤਾਂ ਨੂੰ ਲਾਮਬੰਦ ਕੀਤਾ ਗਿਆ। ਇਸ ਉਪਰੰਤ ਨਿਯੁਕਤੀ ਲਈ ਸਮੂਹ ਨਗਰ ਵੱਲੋਂ ਸੁਖਬੀਰ ਸਿੰਘ ਬਾਦਲ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਰਜਿਸਟਰੀਆਂ ਕਰਵਾਉਣ 'ਚ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ: ਵਿਸ਼ਾਲ ਵਰਮਾ



ਸ੍ਰੀ ਫਤਹਿਗੜ੍ਹ ਸਾਹਿਬ, 17 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਵੱਲੋਂ ਤਹਿਸੀਲਦਾਰਾਂ ਦੀਆਂ ਕੀਤੀਆਂ ਗਈਆਂ ਬਦਲੀਆਂ ਦੇ ਤਹਿਤ ਵਿਸ਼ਾਲ ਵਰਮਾ ਨੇ ਫਤਹਿਗੜ੍ਹ ਸਾਹਿਬ ਤਹਿਸੀਲ ਦੇ ਨਵੇਂ ਤਹਿਸੀਲਦਾਰ ਵਜੋਂ ਆਪਣਾ ਅਹੁਦਾ ਸੰਭਾਲਿਆ। ਦੱਸ ਦਈਏ ਕਿ ਵਿਸ਼ਾਲ ਵਰਮਾ ਰਾਏਕੋਟ ਤੋਂ ਤਬਦੀਲ ਹੋ ਕੇ ਫਤਹਿਗੜ੍ਹ ਸਾਹਿਬ ਵਿਖੇ ਬਤੌਰ ਤਹਿਸੀਲਦਾਰ ਆਏ ਹਨ। ਆਪਣਾ ਅਹੁਦਾ ਸੰਭਾਲਣ ਉਪਰੰਤ ਤਹਿਸੀਲਦਾਰ ਵਿਸ਼ਾਲ ਸ਼ਰਮਾ ਨੇ ਕਿਹਾ ਕਿ ਰਜਿਸਟਰੀਆਂ ਕਰਵਾਉਣ ਵਿੱਚ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਪਾਰਦਰਸ਼ਤਾ ਨਾਲ ਸੇਵਾਵਾਂ ਨਿਭਾਈਆਂ ਜਾਣਗੀਆਂ। ਉਨ੍ਹਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਜੇਕਰ ਦਫਤਰ ਵਿੱਚ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਪ੍ਰੇਸ਼ਾਨੀ ਪੇਸ਼ ਆਵੇ ਤਾਂ ਉਨ੍ਹਾਂ ਨਾਲ ਨਿੱਜੀ ਤੌਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ ਤੇ ਪਬਲਿਕ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇਜਿੰਦਰ ਪਾਲ ਦਫ਼ਤਰ ਕਾਨੂੰਗੋ, ਕੇਸਰ ਸਿੰਘ ਜੂਨੀਅਰ ਸਹਾਇਕ, ਸੁਰਜੀਤ ਸਿੰਘ ਰੀਡਰ, ਗੁਰਪ੍ਰੀਤ ਸਿੰਘ ਰੀਡਰ, ਆਸ਼ੂ ਵਰਮਾ ਰੀਡਰ, ਮੰਗਤ ਸਿੰਘ, ਕੁਲਦੀਪ ਕੁਮਾਰ, ਰੋਹਣ ਤੇ ਮੰਗਤ ਰਾਮ, ਰਸ਼ਪਾਲ ਸਿੰਘ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ।

# ਸ਼ਿਵਾਲਿਕ ਕਿਡਸ ਸਕੂਲ ਦੇ ਵਿਦਿਆਰਥੀਆਂ ਨੇ ਸਿਲਵਰ ਜ਼ੋਨ ਓਲੰਪਿਆਡ 'ਚ ਹਾਸਲ ਕੀਤੀ ਸਫਲਤਾ



ਜੈਤੋ, 17 ਮਾਰਚ (ਸੰਜੀਵ ਗੋਇਲ ਸੰਜੂ): ਸ਼ਿਵਾਲਿਕ ਕਿਡਸ ਸਕੂਲ ਜੈਤੋ ਦੇ ਵਿਦਿਆਰਥੀਆਂ ਨੇ ਸਿਲਵਰ ਜ਼ੋਨ ਓਲੰਪਿਆਡ ਵਿੱਚ ਹਿੰਦੀ ਤੇ ਸਾਇੰਸ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦੇ ਤਮਗੇ ਤੇ ਸਰਟੀਫਿਕੇਟ ਹਾਸਲ ਕੀਤੇ। ਕਲਾਸ 4 ਦੇ ਮੋਹਿਕ ਮਿੱਟਲ, ਮੀਨਾਕਸ਼ੀ ਸ਼ਰਮਾ ਤੇ ਨੈਤਿਕ ਸ਼ਰਮਾ ਨੇ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ। ਕਲਾਸ 6 ਤੋਂ ਲੀਜ਼ਾ, ਮੁਸਕਾਨ ਤੇ ਹਰਦੀਪ ਨੇ ਵੀ ਵਧੀਆ ਨਤੀਜੇ ਪ੍ਰਾਪਤ ਕੀਤੇ। ਕਲਾਸ 7 ਦੀ ਸੁਖਰੀਤ ਕੌਰ ਤੇ ਵੰਸ਼ਿਕਾ ਨੇ ਵੀ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ। ਕਲਾਸ 8 ਦੇ ਸਰੀਜ਼ਾ, ਯਾਸ਼ਿਕਾ, ਕਸ਼ਿਸ਼ਪ੍ਰੀਤ, ਸ਼ਿਵਾਂਜਲੀ ਤੇ ਦੀਪਿੰਦਰ ਨੇ ਵੀ ਆਪਣੀ ਕਾਬਲੀਅਤ ਸਾਬਤ ਕੀਤੀ। ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅੱਗੇ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਮੈਨੇਜਮੈਂਟ ਗੌਰਵ ਗਰਗ, ਦੀਪੀ ਗਰਗ ਤੇ ਗੁਰਮੇਲ ਸਿੰਘ ਨੇ ਵੀ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਪ੍ਰਸ਼ੰਸਾ ਕੀਤੀ। ਇਹ ਸਫਲਤਾ ਸਕੂਲ ਦੀ ਉਚ ਸਿੱਖਿਆ ਮਿਆਰ ਨੂੰ ਦਰਸਾਉਂਦੀ ਹੈ।

# ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਤੋਂ ਪਹਿਲਾਂ ਜਮ੍ਹਾਂ ਕਰਵਾਉਣ: ਜ਼ਿਲ੍ਹਾ ਖ਼ਜ਼ਾਨਾ ਅਫ਼ਸਰ



ਫਿਰੋਜ਼ਪੁਰ, 17 ਮਾਰਚ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸੇਵਾ-ਮੁਕਤ ਪੈਨਸ਼ਨਰਾਂ ਦੀ ਸਹੂਲਤ ਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖਜ਼ਾਨਾ ਅਫ਼ਸਰ ਤਜਿੰਦਰ ਸਿੰਘ ਨੇ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਵੀ ਬੈਂਕਾਂ ਵਿੱਚ ਮੈਨੁਅਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਏ ਜਾ ਰਹੇ ਹਨ, ਜੋ ਕਿ ਹੁਣ ਮਾਨਤਾ ਪ੍ਰਾਪਤ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਆਪਣੀ ਪੈਨਸ਼ਨ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਸਾਰੇ ਪੈਨਸ਼ਨਰ ਤੁਰੰਤ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣ। ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਨਜ਼ਦੀਕੀ ਖਜ਼ਾਨਾ ਦਫ਼ਤਰ, ਸਬੰਧਤ ਬੈਂਕ ਦੀ ਬ੍ਰਾਂਚ ਜਾਂ ਸੇਵਾ ਕੇਂਦਰ ਵਿੱਚ ਜਾ ਕੇ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪੈਨਸ਼ਨਰ ਰਾਜ ਸਰਕਾਰ ਦੀ 'ਘਰ ਬੈਠੇ ਸੇਵਾ' ਰਾਹੀਂ 1076 ਨੰਬਰ 'ਤੇ ਕਾਲ ਕਰਕੇ ਡੋਰ-ਸਟੈਪ ਡਿਲਿਵਰੀ ਦੀ ਸੁਵਿਧਾ ਦਾ ਵੀ ਲਾਭ ਲੈ ਸਕਦੇ ਹਨ। ਇਸ ਤੋਂ ਇਲਾਵਾ ਪੈਨਸ਼ਨਰ ਆਪਣੇ ਮੋਬਾਈਲ ਫੋਨ 'ਤੇ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਘਰ ਬੈਠੇ ਹੀ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾ ਸਕਦੇ ਹਨ। ਜ਼ਿਲ੍ਹਾ ਖਜ਼ਾਨਾ ਅਫ਼ਸਰ ਤਜਿੰਦਰ ਸਿੰਘ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਮਿਤੀ 31 ਮਾਰਚ ਤੋਂ ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਉਨ੍ਹਾਂ ਦੀ ਪੈਨਸ਼ਨ ਦੇ ਜਾਰੀ ਰਹਿਣ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਾ ਆਵੇ।

# ਰਿਮਟ ਯੂਨੀਵਰਸਿਟੀ ਨੇ ਸਾਲਾਨਾ ਫੈਸ਼ਨ ਸ਼ੋਅ 'ਅਵਾਂਟ-ਗਾਰਡੇ 2026' ਦੀ ਮੇਜ਼ਬਾਨੀ ਕੀਤੀ



ਮੰਡੀ ਗੋਬਿੰਦਗੜ੍ਹ, 17 ਮਾਰਚ (ਸੂਦ): ਰਿਮਟ ਯੂਨੀਵਰਸਿਟੀ ਦੇ ਫੈਸ਼ਨ ਡਿਜ਼ਾਈਨ ਵਿਭਾਗ ਨੇ ਸਾਲਾਨਾ ਫੈਸ਼ਨ ਸ਼ੋਅ 'ਅਵਾਂਟ-ਗਾਰਡੇ 2026' ਆਯੋਜਨ ਕੀਤਾ। ਇਸ ਦਾ ਉਦੇਸ਼ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਨਵੀਨਤਾ ਤੇ ਕਲਾਤਮਕ ਪ੍ਰਗਟਾਵੇ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਸੀ। ਇਸ ਵਿੱਚ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਬਣਾਏ ਗਏ 15 ਵੱਖ-ਵੱਖ ਥੀਮ-ਆਧਾਰਿਤ ਡਿਜ਼ਾਈਨ ਪ੍ਰਦਰਸ਼ਿਤ ਕੀਤੇ ਗਏ, ਜਿਸ ਵਿੱਚ ਸਮਕਾਲੀ ਫੈਸ਼ਨ, ਪ੍ਰਯੋਗਾਤਮਕ ਸ਼ੈਲੀਆਂ ਤੇ ਨਵੀਨਤਾਕਾਰੀ ਡਿਜ਼ਾਈਨ ਪਹੁੰਚਾ ਦਾ ਪ੍ਰਦਰਸ਼ਨ ਕੀਤਾ ਗਿਆ। ਪ੍ਰਸਿੱਧ ਫੈਸ਼ਨ ਡਿਜ਼ਾਈਨਰ ਸਿੰਪਲ ਕੌਰ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਪਵਿਦਿਆਰਥੀਆਂ ਦੀ ਸਿਰਜਣਾਤਮਕਤਾ ਤੇ ਮਿਹਨਤ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਨਵੇਂ ਵਿਚਾਰਾਂ ਤੇ ਸਮੱਗਰੀ ਨਾਲ ਪ੍ਰਯੋਗ ਕਰਨ ਤੇ ਫੈਸ਼ਨ ਉਦਯੋਗ ਵਿੱਚ ਨਵੀਨਤਾ ਲਿਆਉਣ ਲਈ ਉਤਸ਼ਾਹਿਤ ਕੀਤਾ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਫੈਕਲਟੀ, ਵਿਦਿਆਰਥੀਆਂ ਤੇ ਮਹਿਮਾਨਾਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ ਤੇ ਮਾਡਲਾਂ ਦੁਆਰਾ ਕੀਤੇ ਮਨਮੋਹਕ ਰੈਂਪ ਪ੍ਰਦਰਸ਼ਨਾਂ ਦਾ ਆਨੰਦ ਮਾਣਿਆ। ਸਮਾਗਮ ਦੌਰਾਨ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਸਨੇਹਜੀਤ ਕੌਰ ਨੂੰ ਉਨ੍ਹਾਂ ਦੇ ਥੀਮ 'ਰੀਇਨਕਾਰਨੇਸ਼ਨ ਇਨ ਰੈਜ਼ਿਨ' ਲਈ 'ਸਾਲ ਦਾ ਸਭ ਤੋਂ ਵਧੀਆ ਡਿਜ਼ਾਈਨਰ' ਪੁਰਸਕਾਰ ਦਿੱਤਾ ਗਿਆ, ਜਦੋਂ ਕਿ ਕੋਮਲ ਕੁਮਾਰੀ ਨੂੰ ਉਨ੍ਹਾਂ ਦੇ ਥੀਮ 'ਨੋਕਟਰਨ ਰੀਚੁਅਲ' ਲਈ 'ਸਰਬੋਤਮ ਪ੍ਰੇਰਨਾ ਪੁਰਸਕਾਰ' ਮਿਲਿਆ। ਨਿਤਿਨ ਖੁਰਮੀ, ਮਹਿਰਾਬ ਤੇ ਸਮੀਰ ਨੂੰ ਸਰਵੋਤਮ ਵਾਕ (ਪੁਰਸ਼) ਸ਼੍ਰੇਣੀ ਵਿੱਚ ਸਨਮਾਨਤ ਕੀਤਾ ਗਿਆ, ਜਦੋਂ ਕਿ ਘਨਾ ਪਿਆਰੀ, ਦੇਵੀਨਾ ਕੋਰਟੀ ਤੇ ਹਰਮਨਦੀਪ ਕੌਰ ਨੂੰ ਸਰਵੋਤਮ ਵਾਕ (ਔਰਤ) ਸ਼੍ਰੇਣੀ ਵਿੱਚ ਪੁਰਸਕਾਰ ਪ੍ਰਾਪਤ ਹੋਏ। ਜਿਊਰੀ ਚੋਣ ਪੁਰਸਕਾਰ ਕੋਮਲ ਤੇ ਜਸ਼ਨ ਨੂੰ ਉਨ੍ਹਾਂ ਦੇ ਥੀਮ 'ਸਕਾਰਲੇਟ ਬੋਨ' ਲਈ ਦਿੱਤਾ ਗਿਆ। ਇਹ ਫੈਸ਼ਨ ਸ਼ੋਅ ਨਾ ਸਿਰਫ਼ ਰਚਨਾਤਮਕਤਾ ਦਾ ਜਸ਼ਨ ਸੀ ਸਗੋਂ ਵਿਦਿਆਰਥੀਆਂ ਨੂੰ ਫੈਸ਼ਨ ਉਦਯੋਗ ਤੇ ਪੇਸ਼ੇਵਰ ਅਨੁਭਵ ਦੀ ਵਿਹਾਰਕ ਸਮਝ ਵੀ ਪ੍ਰਦਾਨ ਕਰਦਾ ਸੀ।

# ਈ.ਟੀ.ਓ. ਨੇ ਜੰਡਿਆਲਾ ਗੁਰੂ ਹਲਕੇ ਨੂੰ ਦਿੱਤੀ ਵੱਡੀ ਸੌਗਾਤ



ਜੰਡਿਆਲਾ ਗੁਰੂ, 17 ਮਾਰਚ (ਰਾਮ ਸ਼ਰਨਜੀਤ ਸਿੰਘ ) - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਨੂੰ ਇੱਕ ਵੱਡਾ ਤੋਹਫ਼ਾ ਦਿੰਦਿਆਂ ਅੱਜ ਪਿੰਡ ਗੱਦਲੀ (ਬਲਾਕ ਜੰਡਿਆਲਾ ਗੁਰੂ) ਵਿਖੇ ਨਵੇਂ 66 ਕੇ.ਵੀ. ਸਬਸਟੇਸ਼ਨ ਦਾ ਨੀਂਹ ਪੱਥਰ ਰੱਖਿਆ। ਨਵੇਂ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਣ ਮੌਕੇ ਲੋਕ ਨਿਰਮਾਣ ਮੰਤਰੀ ਸ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਇਸ ਸਬ-ਸਟੇਸ਼ਨ ਦੀ ਉਸਾਰੀ 'ਤੇ ਲਗਭਗ 6 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਲਾਕੇ ਦੇ ਲੋਕਾਂ ਵੱਲੋਂ ਨੇੜਲੇ ਸਬਸਟੇਸ਼ਨ ਦੀ ਮੰਗ ਕੀਤੀ ਜਾ ਰਹੀ ਸੀ ਕਿਉਂਕਿ ਮੌਜੂਦਾ ਸਬਸਟੇਸ਼ਨ ਦੂਰ ਹੋਣ ਕਾਰਨ ਬਿਜਲੀ ਸਪਲਾਈ ਵਿੱਚ ਕਾਫੀ ਮੁਸ਼ਕਲਾਂ ਆ ਰਹੀਆਂ ਸਨ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਵੇਗੀ ਅਤੇ ਬਿਜਲੀ ਸਪਲਾਈ ਵਿੱਚ ਵੱਡਾ ਸੁਧਾਰ ਆਵੇਗਾ। ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਸ ਨਵੇਂ ਸਬਸਟੇਸ਼ਨ ਵਿੱਚ 66/11 ਕੇ.ਵੀ. ਦਾ 20 ਐਮ.ਵੀ.ਏ. ਪਾਵਰ ਟਰਾਂਸਫਾਰਮਰ ਲਗਾਇਆ ਜਾਵੇਗਾ। ਇਸ ਨਾਲ ਪਿੰਡ ਗੱਦਲੀ ਸਮੇਤ ਭੰਗਵਾਂ, ਮਾਲੋਵਾਲ, ਰਾਣਾਕਾਲਾ, ਬਾਲੀਆ, ਬੰਮਾ ਅਤੇ ਖਲੇਹਿਰਾ ਪਿੰਡਾਂ ਦੇ ਖਪਤਕਾਰਾਂ ਨੂੰ ਨਿਰਵਿਘਨ ਅਤੇ ਬਿਹਤਰ ਬਿਜਲੀ ਸਪਲਾਈ ਮਿਲੇਗੀ। ਇਸ ਪ੍ਰੋਜੈਕਟ ਨਾਲ ਲਗਭਗ 20,000 ਖਪਤਕਾਰਾਂ ਨੂੰ ਸਿੱਧਾ ਲਾਭ ਮਿਲੇਗਾ, ਜਦਕਿ ਮੌਜੂਦਾ ਸਬਸਟੇਸ਼ਨਾਂ 'ਤੇ ਲੋਡ ਘੱਟਣ ਨਾਲ ਕਰੀਬ 50,000 ਹੋਰ ਖਪਤਕਾਰਾਂ ਨੂੰ ਅਸਿੱਧਾ ਫਾਇਦਾ ਹੋਵੇਗਾ। ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪਿੰਡ ਗੱਦਲੀ ਵਿੱਚ 27.10 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੀ ਉਸਾਰੀ ਕੀਤੀ ਜਾਵੇਗੀ। ਖੇਡ ਮੈਦਾਨ ਵਿੱਚ ਚੇਨ ਲਿੰਕ ਫੈਨਸਿੰਗ, ਲੇਡੀਜ਼/ਜੈਂਟਸ ਬਾਥਰੂਮ, ਹਾਈ ਮਾਸਟ ਲਾਈਟਾਂ ਤੇ ਫੁੱਟ ਲਾਈਟਾਂ, ਸਪਰਿੰਕਲਰ ਸਿਸਟਮ ਅਤੇ ਵਾਲੀਬਾਲ ਕੋਰਟ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਜਿਸ ਨਾਲ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹ ਮਿਲੇਗਾ। ਉਨ੍ਹਾਂ ਕਿਹਾ ਕਿ ਹੋਰ ਵਿਕਾਸ ਉਪਰਾਲਿਆਂ ਤਹਿਤ, ਮੁੱਖ ਮੰਤਰੀ ਸ੍ਰ: ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਖੁਜਾਲਾ-ਗਹਿਰੀ ਤੋਂ ਗੱਦਲੀ ਰੋਡ 'ਤੇ ਦੇਵੀਦਾਸਪੁਰਾ ਡਰੇਨ 'ਤੇ 2 ਸਪੈਨ (ਹਰ ਇੱਕ 20 ਮੀਟਰ) ਵਾਲੇ ਨਵੇਂ ਪੁਲ ਦੀ ਉਸਾਰੀ 231.54 ਲੱਖ ਰੁਪਏ ਦੀ ਲਾਗਤ ਨਾਲ ਕੀਤੀ ਜਾਵੇਗੀ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਇਹ ਕੰਮ ਮੰਦ 5054 ਆਰ.ਬੀ.-10 (ਬ੍ਰਿਜਸ) ਅਧੀਨ ਕੀਤਾ ਜਾਵੇਗਾ ਅਤੇ ਟੈਂਡਰ ਪ੍ਰਕਿਰਿਆ ਪ੍ਰਗਤੀ ਅਧੀਨ ਹੈ ਅਤੇ ਅਲਾਟਮੈਂਟ ਤੋਂ ਬਾਅਦ ਤੁਰੰਤ ਸ਼ੁਰੂ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਇਸ ਪੁਲ ਦੀ ਉਸਾਰੀ ਨਾਲ ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਆਵੇਗਾ ਅਤੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਸਾਰੇ ਕੰਮ ਸਮੇਂ-ਸਿਰ ਅਤੇ ਮਿਆਰੀ ਢੰਗ ਨਾਲ ਪੂਰੇ ਕਰਨ ਲਈ ਹੁਕਮ ਜਾਰੀ ਕੀਤੇ ਹਨ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਗੇ ਜਾਣਕਾਰੀ ਦਿੱਤੀ ਕਿ ਜੰਡਿਆਲਾ ਗੁਰੂ ਹਲਕੇ ਵਿੱਚ ਬਿਜਲੀ ਸਪਲਾਈ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਗਏ ਹਨ। ਇਨ੍ਹਾਂ ਤਹਿਤ 820 ਨਵੇਂ ਟਰਾਂਸਫਾਰਮਰ ਲਗਾਏ ਗਏ ਅਤੇ ਡੀਲੋਡ/ਐਗਮਨਟੇਸ਼ਨ ਕੀਤੇ ਗਏ ਹਨ, ਜਿਨ੍ਹਾਂ 'ਤੇ ਲਗਭਗ 24.60 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਇਲਾਵਾ 5591 ਸੜੇ ਜਾਂ ਖਰਾਬ ਟਰਾਂਸਫਾਰਮਰ ਬਦਲੇ ਗਏ ਹਨ, ਜਿਸ 'ਤੇ ਕਰੀਬ 28.99 ਕਰੋੜ ਰੁਪਏ ਖਰਚ ਆਇਆ ਹੈ। ਵਧੀਆ ਬਿਜਲੀ ਸਪਲਾਈ ਲਈ 14 ਫੀਡਰਾਂ ਨੂੰ ਡੀਲੋਡ ਜਾਂ ਬਾਈਫਰਕੇਟ ਕਰਕੇ ਨਵੇਂ ਬਰੇਕਰ ਲਗਾਏ ਗਏ ਹਨ, ਜਿਸ 'ਤੇ 1.42 ਕਰੋੜ ਰੁਪਏ ਦੀ ਲਾਗਤ ਆਈ ਹੈ। ਇਸ ਤੋਂ ਇਲਾਵਾ 81 ਨਵੀਆਂ 11 ਕੇ.ਵੀ. ਲਾਈਨਾਂ ਦੀ ਉਸਾਰੀ ਦਾ ਕੰਮ ਕੀਤਾ ਗਿਆ ਹੈ ਜਿਸ 'ਤੇ 4.49 ਕਰੋੜ ਰੁਪਏ ਖਰਚ ਹੋਏ ਹਨ। ਬਿਜਲੀ ਸਿਸਟਮ ਅਤੇ ਕੇਬਲਾਂ ਵਿੱਚ ਸੁਧਾਰ ਲਈ 86 ਵੱਖ-ਵੱਖ ਕੰਮਾਂ 'ਤੇ 2.64 ਕਰੋੜ ਰੁਪਏ ਖਰਚ ਕੀਤੇ ਗਏ ਹਨ। ਜੰਡਿਆਲਾ ਗੁਰੂ ਸ਼ਹਿਰ ਦੇ ਵਸਨੀਕਾਂ ਨੂੰ ਬਿਹਤਰ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ 2 ਮੋਬਾਈਲ ਟਰਾਂਸਫਾਰਮਰ ਟਰਾਲੀਆਂ ਵੀ ਉਪਲਬਧ ਕਰਵਾਈਆਂ ਗਈਆਂ ਹਨ। ਨਾਲ ਹੀ 66 ਕੇ.ਵੀ. ਸਬਸਟੇਸ਼ਨ ਮਾਨਾਵਾਲਾ ਵਿਖੇ ਪੈਰਲਲ ਸਰਕਟ ਸ਼ੁਰੂ ਕੀਤਾ ਗਿਆ ਹੈ, ਜਦਕਿ 66 ਕੇ.ਵੀ. ਸਬਸਟੇਸ਼ਨ ਫੋਕਲ ਪੁਆਇੰਟ ਵਿਖੇ ਟਰਾਂਸਫਾਰਮਰ ਦੀ ਸਮਰੱਥਾ 12.5 ਐਮ.ਵੀ.ਏ. ਤੋਂ ਵਧਾ ਕੇ 20 ਐਮ.ਵੀ.ਏ. ਕੀਤੀ ਗਈ ਹੈ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Sh. Munish Singal District and Sessions Judge, Sangrur**
CNR No.PBSG01-007459-2025
Next Date : 08.04.2026
MACP/129/2025
Sukhdev Kaur
Versus
Amrit Singh
Notice to: 2 Mamta W/O Madan Lal :- H. No. 1233, Satkartar Atta Chakki, Bootan Pind, Jalandhar (Registered Owner Of Motorcycle Bearing Registration No. PB-54G-2060)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **08.**04.2026 at 10:00 A.M. for details logon to https//. highcourtchd. gov. in/?mod=district_ notice& district=Sangrur
Dated this day of 27.02.2026
**Sd/- District and Sessions Judge, Sangrur**

---

(U/o 5 Rule 20 CPC)
**In the Court of Ms. Manpreet Kaur Additional Civil Judge (Senior Division), Sangrur**
CNR No.PBSG02-000107-2024
Next Date : 08.04.2026
CS/61/2024
The IDBI bank Limited A Public Company
Versus
Varinder Singh
Notice to: Varinder Singh Son::-Properrieter Walia Milk Diary, Son Of Sh. Ajaib Singh R/O Street No 6, Thalesh Bagh Colony Sangrur 148001
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **08.**04.2026 at 10:00 A.M. For details logon to https:// highcourtchd.gov.in/?mod=district_ notice&district=Sangrur
Dated this day of 27-02-2026
**Sd/- Additional Civil Judge (Senior Division), Sangrur**

---

(U/o 5 Rule 20 CPC)
**In the Court of Ms. Ravneet Civil Judge (Junior Division), Jalandhar**
CNR No.PBJL02-002932-2025
Next Date :06.04.2026
Paramjit Kaur W/O Manjit Singh D/O Late Sunder Singh R/O H.No. 34, Booti Enclave, Basti Bawa Khel, Jalandhar
Versus
Sant Kaur W/O Late Sunder Singh R/O B-11, Gandhi Camp, Jalandhar Now Deceased Through Her Legal Heirs;
Notice to: 1 (iii) Prabhjot Kaur W/O Pinder Singh D/O Late Pardeep Singh R/O Opposite Punjabi University, Patiala 1 (iv) Maninder Kaur W/O Sukhdev Singh D/O Late Pardeep Singh R/O Gaushala Road, Rajpura, Distt. Patiala 2 Raj Kaur W/O Late Avtar Singh R/O Sarafa Market, Chhota Bazar, Ambala City
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?mod=district_ notice&district=Jalandhar
Dated this day of 14-03-2026
**Sd/- Civil Judge (Junior Division), Jalandhar**

---

**In the Court of Sh. Yogesh Gill Judicial Magistrate First Class-20, Jalandhar**
CNR No:-PBJL03-034319-2024
Next Date : 15.04.2026
NACT/8588/2024
Amrit Malwa Capital Ltd
Versus
Kuldeep Singh
Complaint U/s 138 NI Act
Notice to: Kuldeep Singh C/O Janga Singh, R/O Palasaur, Tarn Taran, PB, 143401
In above titled case the accused could not be served. It is orderded that accused should appear in person or through counsel on **15.**04.2026 at 10:00 A.M. For details logon to https:// highcourtchd.gov.in/?mod=district_ notice&district=Jalandhar
Dated this day of 16-03-2026
**Sd/- Judicial Magistrate First Class-20, Jalandhar**

---

**In the Court of Ms. Girish Principal Judge Family Court Malout**
CNR No.PBSMF3-000105-2025
Next Date : 18.04.2026
Neha
Versus
Reshub
Notice to: Reshub Son:: Hem Raj Gali No 05 Gandhi Nagar Near Guru Ravi Dass Mandir Dharamshala Rampura Full District Bathinda
In above titled case the accused could not be served. It is orderded that accused should appear in person or through counsel on **18.**04.2026 at 10:00 A.M. For details logon to https:// highcourtchd.gov.in/?mod=district_ notice&district=mogacourt
Dated this day of 17-03-2026
**Sd/- Principal Judge Family Court Malout**

---

(U/o 5 Rule 20 CPC)
**In the Court of Sh. Lavdeep Hundal Civil Judge (Senior Division), Faridkot**
CNR No:-PBFD02-001690-2025
Next Date : 01.04.2026
Sukhmander Kaur
Versus
General Public
Application to extend the date for furnishing indemnity bond
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.**04.2026 at 10:00 A.M. For details logon to https:// highcourtchd.gov.in/?mod=district_ notice&district=mogacourt
Dated, this day of 23-12-2025
**Sd/- Civil Judge (Senior Division), Faridkot**

---

(U/o 5 Rule 20 CPC)
**(Under Guardian and Ward Act)**
**In the Court of Sh. Vineet Kumar Narang Additional Principal Judge Family Court-1, Jalandhar**
CNR No.PBJL01-009082-2025
Next Date : 02.04.2026
Vishal Joshi S/O Vijay Kumar Joshi R/O H.No. 99, Ashok Vihar, Near Verka Milk Plant, Vtc, P.O. Grain Market, District Jalandhar
Versus
1-Ruby Joshi W/O Vishal Joshi, D/O Kulbhshan Maddar (Adoptive Father) R/O H.No. 99, (First Floor Portion) Ashok Vihar, Near Verka Milk Plant, Vtc, P.O. Grain Market, District Jalandhar And Also R/O Kailash Lodge, Raibarrely Road, Sgpgi, Lucknow, Uttar Pradesh 2-General Public
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 02.04.2026 at 10:00 A.M. For details logon to https:// highcourtchd.gov.in/?mod=district_ notice&district=Jalandhar
Dated this day of 17-03-2026
**Sd/- Additional Principal Judge Family Court-1, Jalandhar**

---

(U/o 5 Rule 20 CPC)
**In the Court of Sh. Karunesh Kumar District and Sessions Judge, Bathinda**
CNR No.PBBT01-001475-2026
Next Date : 03.04.2026
Nachattar Singh
Versus
Surjit Singh
Notice to: Surjit Singh Son Of Angrej Singh @ Gelu Resident Of Village Burj Tharod, Police Station Dayalpura, Tehsil Phool District Bathinda.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **03.**04.2026 at 10:00 A.M. for details logon to https//. highcourtchd. gov. in/?mod=district_ notice& district=Bathinda
Dated this day of 16.03.2026
**Sd/- District and Sessions Judge, Bathinda**

---

(U/o 5 Rule 20 CPC)
**In the Court of Sh. Karunesh Kumar District and Sessions Judge, Bathinda**
CNR No.PBBT01-001474-2026
Next Date : 03.04.2026
Sukhjit Kaur
Versus
Surjit Singh
Notice to: Surjit Singh Son Of Angrej Singh @ Gelu Resident Of Village Burj Tharod, Police Station Dayalpura, Tehsil Phool District Bathinda.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **03.**04.2026 at 10:00 A.M. for details logon to https//. highcourtchd.gov.in/?mod=district_ notice& district=Bathinda
Dated this day of 16.03.2026
**Sd/- District and Sessions Judge, Bathinda**

---

(U/o 5 Rule 20 CPC)
**In the Court of Ms. Jaswinder Sheemar Additional District and Sessions Judge, Hoshiarpur**
CNR No.PBHO01-010985-2023
Next Date : 27.03.2026
Seema Rani, W/o Ram Lal, d/o Jagir Singh, R/o Main Bazar Talwara, Tehsil Mukerian, District Hoshiarpur
......Appellant
Versus
Ved Parkash S/o Mangtu, S/o Kashi, (died) through his legal representatives and Ors.
..........Respondents
Notice to: 6. Poonam, 7. Reena, Both Daughters Of Ramesh Chander, 9.Ram Saroop, 10. Rajinder Pal, (Deceased Through Is Lr's:- (A) Neelam Kumari, Widow Of Rajinder Pal, (B) Gaurav Sharma, S/O Rajinder Pal, Both Residents Of Opposite Co-Operative Bank Old Talwara, Tehsil Mukerian, District Hoshiarpur 11.Sham Saroop, All Sons Of Dharam Parkash, S/O Raja Ram. 12. Prem Sagar, Son Of Lachhman Dass (Died) Through His Lr's:- 12a Rajesh Kumar (Son) 12b Neelam (Daughter) 13. Ram Dass, S/O Nathu (Died) Through His Lr's:- 13a Suraj, 13b Shiv (Died) Through His Legal Heirs:- (A) Sneh Lata, Widow Of Shiv Kumar, B) Raghav, Son Of Shiv Kumar, (C) Shruti Sharma, D/O Shiv Kumar, All Residents Of Darshan Singh Nagar, Hno 218, Street No.2 Patiala, Punjab 13c Kishori Lal (Died) Through His Lr's:- (A) Neeraj, Son Of Kishori Lal, (B) Lok Raj, Son Of Kishori Lal, Both Residents Of Village Nitholi, Tehsil Mukerian, District Hoshiarpur All Residents Of Village Nitholi, Tehsil Mukerian, District Hoshiarpur 14. Roshan Lal, S/O Sai Dass, S/O Amar Chand, 15. Om Parkash, 16. Sham Sunder, Both Sons Of Ram Chand, S/O Raghubir Dass, 17. Babu Ram, S/O Tarlochan Dass (Died) Through His Lr's:- 17A Madan Lal, S/O Babu Ram, R/O Main Market, Talwara, Tehsil Mukerian, District Hoshiarpur 18 Darshan Kuma, S/O Diwan Chand (Died) Through His Lr's:- (a) Soma Rani, Widow Of Darshan Kumar, (b) Jiwan Jyoti, Son Of Darshan Kumar, (c) Manoj Kumar @ Happy, Son Of Darshan Kumar, Both Residents Of Opposite Sehdev Jeweller, Old Talwara, Tehsil Mukerian, District Hoshiarpur (d) Seema W/O Darshan Verma, R/O Akash Colony Near Dav College, Hoshiarpur 20 Om Kumari, W/O Darshan Lal, 23. Desh Bandhu, S/O Udho Ram, 24. Shambhu Dutt Kaul, S/O Gian Chand (Died) Through His Legal Heirs:- 24A Jaswanti Devi (Widow) Died Through His Lr's:- (A) Mukesh Lata, Wife Of Ravi Chand, R/O Vpo Bhathi (Mau Di Hatti), Sub Tehsil Talwara, Tehsil Mukerian, District Hoshiarpur (D) Shanta Sharma, W/O Bhandari Lal Sharma, R/O Kammo Wali Gali, Near Jalianwala Bagh Amritsar.(F) Kavita Sharma @ Champa Rani, W/O Ganesh Kumar, R/O Near Shiv Studio, Old Talwara, Tehsil Mukerian, District Hoshiarpur (G) Raksha Sharma, W/O Sukhlesh Chander, R/O Street No. 3, Model Town, Vpo Talwara, Tehsil Mukerian, District Hoshiarpur i) Anju Sharma, W/O Manoj Kumar, R/O Banjarbagh, Shivalik Enclave, Street No.1, Hoshiarpur 24B Mukesh Lata, W/O Ravi Chand, 24C Lalita Bhardwaj, W/O Jagdish Bhardwaj, 24D Sarita, W/O Guru Dutt Sharma, 24E Shanta Sharma, W/O Bhandari Lal, 24F Raksha Sharma, W/O Sukhlesh Sharma, 24G Ritu @ Rita Sharma, W/O Anil Kumar, 24H Chama Rani @ Kavita Sharma @ Champa Rani, W/O Ganesh Dutt, 24 I Anuj Sharma @ Anju Sharma, W/O Manoj Kumar (Respondents No. 24b To 241 Are Also Arrayed As Lr's Of 24A) All Residents Of Main Market Talwara, Tehsil Mukerian, District Hoshiarpur 25. Rita Sharma W/O Anil Kumar 26 Ramesh Chand, 27 Om Dutt, 28 Sham Sunder, All Sons Of Mela Ram,29 Champa Rani, W/O Ganesh Dutt, 30 Anuradha, W/O Sanjiv Kumar, 31 Pushpa Devi, W/O Bhagwan Dass 32, Kharaiti Lal, 34. Ashok Kumar (Died) Through His Legal Representatives:- (A) Ditesh Kumar @ Kala, S/O Ashok Kumar,. (B) Alisha, D/O Ashok Kumar, Both Residents Of Opposite Puri Sweets Shop, Old Talwara Near Bus Stand, Tehsil Mukerian, District Hoshiarpur
36. Harmohan Singh, Son Of Mahinder Singh, All Residents Of Talwara, Tehsil Mukerian, District Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **27.03.2026** at 10:00 A.M. for details logon to https//. highcourtchd. gov. in/?trs=district_ notice& district=Hoshiarpur
Dated this day of 20.02.2026
**Sd/- Additional District and Sessions Judge, Hoshiarpur**

---

**ਸੰਮਨ** **ਇਸ਼ਤਿਹਾਰ**
**ਬਾ-ਅਦਾਲਤ ਮਾਨਯੋਗ ਸ੍ਰੀ ਬਲਜਿੰਦਰ ਸਿੰਘ ਸਹਾਇਕ ਕੁਲੈਕਟਰ ਦਰਜਾ ਦੋਇਮ ਸੀਤੋਗੁੰਨੋ**
1) ਰਾਕੇਸ਼ ਕੁਮਾਰ ਪੁੱਤਰ ਸ੍ਰੀ ਹੰਸ ਰਾਜ ਪੁੱਤਰ ਸ੍ਰੀ ਟੇਕ ਚੰਦ 2) ਰੀਆ ਪੁੱਤਰੀ ਸ੍ਰੀ ਪੁਸਕ ਰਾਜ ਪੁੱਤਰ ਸ੍ਰੀ ਹੰਸ ਰਾਜ 3) ਸੰਦੀਪ ਕੁਮਾਰ ਪੁੱਤਰ ਜਗਦੀਸ ਚੰਦਰ ਪੁੱਤਰ ਸੋਮਨਾਥ 4) ਅਮਨਦੀਪ ਕੌਰ ਪੁੱਤਰੀ ਸ੍ਰੀ ਹਰਜੀਤ ਸਿੰਘ ਪੁੱਤਰ ਖੇਮ ਚੰਦ 5) ਗੁਰਪ੍ਰੀਤ ਕੌਰ ਪੁੱਤਰੀ ਬੁੱਧ ਸਿੰਘ ਪੁੱਤਰ ਸੰਪੂਰਨ ਸਿੰਘ ਵਾਸੀਆਨ ਪਿੰਡ ਖੁਬਨ ਤਹਿਸੀਲ ਅਬੋਹਰ ਜ਼ਿਲ੍ਹਾ ਫਾਜ਼ਿਲਕਾ
ਬਨਾਮ
1) ਪੁਸਕਰਾਜ ਪੁੱਤਰ ਹੰਸ ਰਾਜ ਮੁਤਵਫੀ ਬਜਰੀਆ ਵਾਰਸਾਨ ਓ) ਪ੍ਰਿਆ ਮੁੰਜਾਲ ਵਿਧਵਾ ਵਾ ਅ) ਸਾਹਿਲ ਪੁੱਤਰ ਪੁਸਕਰਾਜ 2) ਅਨਿਲ ਕੁਮਾਰ ਪੁੱਤਰ ਹੰਸ ਰਾਜ ਪੁੱਤਰ ਟੇਕ ਚੰਦ 3) ਰੇਨੂੰ ਕੁਮਾਰੀ ਪੁੱਤਰੀ ਹੰਸ ਰਾਜ ਪੁੱਤਰ ਟੇਕ ਚੰਦ ਮੁਤਵਫੀ ਬਜਰੀਆ ਵਾਰਸਾਨ ਦਿਕਸ਼ਾ ਪੁੱਤਰੀ ਰੇਨੂੰ ਕੁਮਾਰੀ 4) ਅਮਰਨਾਥ ਪੁੱਤਰ ਸ੍ਰੀ ਸਗਨ ਲਾਲ ਪੁੱਤਰ ਗੁਰਦਿਤਾ ਮਲ 5) ਚਰੰਜੀ ਲਾਲ ਪੁੱਤਰ ਬਾਗ ਰਾਏ ਮੁਤਵਫੀ ਬਜਰੀਆ ਵਾਰਸਾਨ ਓ) ਰਮੇਸ ਕੁਮਾਰ ਅ) ਕੇਵਲ ਕ੍ਰਿਸ਼ਨ ੲ) ਬਲਦੇਵ ਪੁਤਰਾਨ ਚਰੰਜੀ ਲਾਲ ਪੁੱਤਰ ਬਾਗ ਰਾਏ ਵਾਸੀਆਨ ਪਿੰਡ ਖੁਬਨ ਤਹਿਸੀਲ ਅਬੋਹਰ।
ਦਾਅਵਾ:- ਦਰੁਸਤੀ ਗਿਰਦਾਵਰੀ ਪਿੰਡ ਖੁਬਨ। ਉਪਰੋਕਤ ਮੁਕਦਮੇ ਸਬੰਧੀ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਾਵੇ ਵਿਚ ਅਰਾਜੀ ਤੇਦਾਦੀ 92//3/2(4-13) 4/2(4-13) 7(8-0)
8(8-0) 14(8-0) 17(8-0) 24(8-0) 93// 13/2(1-4) 66//12 ਮਿਨਚੜ੍ਹਦਾ (6-0) 92// 13/1(4-0) 14/1(3-18) 121// 4(8-0) 7(8-0) 41// 19(8-0) 20(8-0) 21(8-0) 22(8-0) 66// 1(6-12) 66// 2 ਮਿਨ (1-14) 9(9-18) 10(3-9) 11(3-5) 12 ਮਿਨਛਿਪਦਾ (2-0) 93//17/2 (1-16) ਵਾਕਿਆ ਰਕਬਾ ਪਿੰਡ ਖੁਬਨ ਇਸ ਅਦਾਲਤ ਵਿਚ ਚੱਲ ਰਿਹਾ ਹੈ। ਜਿਸ ਵਿਚ ਅਗਲੀ ਤਾਰੀਖ ਪੇਸ਼ੀ ਮਿਤੀ 19/3/2026 ਨਿਯਤ ਹੈ। ਇਸ ਦਰੁਸਤੀ ਗਿਰਦਾਵਰੀ ਸਬੰਧੀ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨਿਮਨ-ਹਸਤਾਖਰ ਦੀ ਅਦਾਲਤ ਵਿਚ ਮਿਤੀ 19-03-2026 ਨੂੰ ਅਸਾਲਤਨ/ਵਕਾਲਤਨ ਪੇਸ਼ ਹੋ ਕੇ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਕਾਰਵਾਈ ਇਕਤਰਫ਼ਾ ਅਮਲ ਵਿਚ ਲਿਆਂਦੀ ਜਾਵੇਗੀ।
**ਸਹਾਇਕ ਕੁਲੈਕਟਰ ਦਰਜਾ ਦੋਇਮ, ਸੀਤੋਗੁੰਨੋ**

---

### ਬੇਦਖਲੀ ਸੂਚਨਾ

ਮੈਂ, ਜਸਵੀਰ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਮਕਾਨ ਨੰਬਰ 253, ਸ਼ਾਂਤੀ ਨਗਰ, ਹਮਾਯੂੰਪੁਰ (ਸਰਹਿੰਦ) ਤਹਿਸੀਲ ਵਾ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਤੇ ਉਸਦੀ ਪਤਨੀ ਭਾਵ ਮੇਰੀ ਨੂੰਹ ਜਸਪ੍ਰੀਤ ਕੌਰ ਦੋਨੋਂ ਹੀ ਮੇਰੇ ਕਹਿਣੇ ਤੋਂ ਬਾਹਰ ਹਨ, ਬਿਲਕੁਲ ਵੀ ਇੱਜ਼ਤ ਨਹੀਂ ਕਰਦੇ ਅਤੇ ਤੰਗ ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ/ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਹਨਾਂ ਨਾਲ ਕੋਈ ਤਾਲੁਕ ਵਾਸਤਾ ਨਹੀਂ ਰਿਹਾ।

---

ਮੈਂ, ਪਰਕਾਸ਼ ਕੌਰ ਪਤਨੀ ਸ੍ਰੀ ਹਾਕਮ ਸਿੰਘ ਵਾਸੀ ਮਕਾਨ ਨੰਬਰ 631, ਗਲੀ ਨੰਬਰ 2, ਬਾਜਵਾ ਕਲੋਨੀ, ਪਟਿਆਲਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪ੍ਰਿਆ ਕਸ਼ਯਪ ਅਤੇ ਉਸਦਾ ਪਤੀ ਪ੍ਰਿਥਪਾਲ ਸਿੰਘ ਮੇਰਾ ਕੋਈ ਕਹਿਣਾ ਨਹੀਂ ਮੰਨਦੇ ਅਤੇ ਉਹ ਸਾਡੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੀ ਲੜਕੀ ਪ੍ਰਿਆ ਕਸ਼ਯਪ, ਉਸਦੀ ਬੇਟੀ ਅਤੇ ਪਤੀ ਪ੍ਰਿਥਪਾਲ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਜੋ ਕੋਈ ਮੇਰੀ ਲੜਕੀ, ਉਸਦੀ ਬੇਟੀ ਅਤੇ ਪਤੀ ਨਾਲ ਲੈਣ ਦੇਣ ਕਰੇਗਾ ਉਹ ਖੁਦ ਹੀ ਇਸ ਦਾ ਜ਼ਿੰਮੇਵਾਰ ਹੋਵੇਗਾ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### ਨਾਮ ਦੀ ਬਦਲੀ

ਮੈਂ ਸਾਹਿਲ ਪੁੱਤਰ ਮਦਨ ਲਾਲ ਮਕਾਨ ਨੰਬਰ-366, ਟਿੱਬਾ ਸਾਹਿਬ, ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਸਾਹਿਲ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

---

ਮੈਂ ਲਵਲੀਨ ਪੁੱਤਰੀ ਮਦਨ ਲਾਲ ਮਕਾਨ ਨੰਬਰ-366, ਸੁਭਾਸ਼ ਨਗਰ, ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਲਵਲੀਨ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

**ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।**

### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਭਾਜਪਾ ਦੀ ਡਬਲ ਇੰਜਨ ਸਰਕਾਰ ਬਣਾਉਣਾ ਸਮੇਂ ਦੀ ਜ਼ਰੂਰਤ : ਸੁਰਿੰਦਰ ਜਾਜਾ



ਟਾਂਡਾ ਉੜਮੁੜ 17 ਮਾਰਚ (ਅਰਜੁਨ ਜੈਨ)- ਭਾਜਪਾ ਦੀ ਮੋਗਾ ਰੈਲੀ ਵਿੱਚ ਕੇਂਦਰ ਸਰਕਾਰ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਦੇ ਸ਼ਾਮਿਲ ਹੋਣ ਨਾਲ ਜਿੱਥੇ ਲੱਖਾਂ ਭਾਜਪਾ ਵਰਕਰਾਂ ਨੇ ਸ਼ਮੂਲੀਅਤ ਕੀਤੀ ਉੱਥੇ ਭਾਰੀ ਗਿਣਤੀ ਵਿੱਚ ਪੰਜਾਬ ਦੇ ਲੋਕ ਆਪਣਾ ਸਮਰਥਨ ਦਿੰਦੇ ਹੋਏ ਇਸ ਰੈਲੀ ਵਿੱਚ ਸ਼ਾਮਿਲ ਹੋਏ। ਭਾਜਪਾ ਦੇ ਆਗੂਆਂ ਅਤੇ ਵਰਕਰਾਂ ਤੋਂ ਇਲਾਵਾ ਲੋਕਾਂ ਦੇ ਵਿਸ਼ਾਲ ਇਕੱਠ ਨੇ ਇਸ ਰੈਲੀ ਚ ਸ਼ਾਮਿਲ ਹੋ ਕੇ ਇਕ ਇਤਿਹਾਸ ਰਚ ਦਿੱਤਾ ਹੈ। ਇਸ ਇਤਿਹਾਸਿਕ ਰੈਲੀ ਸਬੰਧੀ ਮੀਟਿੰਗ ਚ ਸ਼ਾਮਿਲ ਸੁਨੀਲ ਜਾਜਾ, ਗੁਰਮੀਤ ਚੰਦ, ਜਿਵੇਸ਼ ਹਾਂਡਾ, ਵਿਕਰਮਜੀਤ ਸਿੰਘ, ਅਜੇ ਕੁਮਾਰ, ਰਾਜਵੀਰ ਮਲਿਕ ਅਤੇ ਹੋਰ ਭਾਜਪਾ ਵਰਕਰਾਂ ਨਾਲ ਗੱਲਬਾਤ ਕਰਦੇ ਹੋਏ ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਨੇ ਕਿਹਾ ਕਿ ਪੰਜਾਬ ਦੀ ਮੋਗਾ ਰੈਲੀ ਵਿਚ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਦੇ ਸ਼ਾਮਿਲ ਹੋਣ ਸਦਕਾ ਭਾਜਪਾ ਵਰਕਰਾਂ ਦੇ ਹੌਂਸਲੇ ਬੁਲੰਦ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਰੈਲੀ ਮੌਕੇ ਤੇ ਪੰਜਾਬ ਭਾਜਪਾ ਨੇਤਾਵਾਂ ਨੇ ਗ੍ਰਿਹ ਮੰਤਰੀ ਅਮਿਤ ਸ਼ਾਹ ਜੀ ਨਾਲ ਪੰਜਾਬ ਵਿੱਚ ਫੈਲੇ ਨਸ਼ੇ ਦੇ ਮੁੱਦੇ ਸਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਡਬਲ ਇੰਜਨ ਸਰਕਾਰ ਬਣਾਉਣਾ ਸਮੇਂ ਦੀ ਜਰੂਰਤ ਹੈ। ਸੁਰਿੰਦਰ ਜਾਜਾ ਨੇ ਕਿਹਾ ਕਿ ਇਸ ਰੈਲੀ ਵਿੱਚ ਭਾਜਪਾ ਦੀਆਂ ਕਾਰਗੁਜ਼ਾਰੀਆਂ ਤੇ ਪ੍ਰਾਪਤੀਆਂ ਸਬੰਧੀ ਵਿਸਥਾਰ ਪੂਰਵਕ ਰੋਸ਼ਨੀ ਪਾਈ ਗਈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਦੇ ਲੋਕਾਂ ਦਾ ਉਮੜਿਆ ਹੋਇਆ ਸੈਲਾਬ ਇਹ ਸਾਫ਼ ਜਾਹਿਰ ਕਰਦਾ ਹੈ ਕਿ ਆਮ ਜਨਤਾ ਹੁਣ ਪੰਜਾਬ ਵਿੱਚ ਵੀ ਡਬਲ ਇੰਜਨ ਦੀ ਸਰਕਾਰ ਬਣਾਉਣ ਦਾ ਪ੍ਰਣ ਲਈ ਬੈਠੀ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਹਰ ਵਰਗ ਦੇ ਲੋਕ ਆਪਣੇ ਹੱਕ ਲੈਣ ਲਈ ਸੜਕਾਂ ਤੇ ਧੱਕੇ ਖਾ ਰਹੇ ਹਨ ਅਤੇ ਪੁਲਿਸ ਪ੍ਰਸ਼ਾਸਨ ਉਨ੍ਹਾਂ ਨਾਲ ਧੱਕੇਸ਼ਾਹੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਵਰਗ ਆਪਣੀਆਂ ਮੰਗਾਂ ਪੂਰੀਆਂ ਕਰਵਾਉਣ ਅਤੇ ਕੱਚੇ ਮੁਲਾਜ਼ਮ ਆਪਣੀਆਂ ਨੌਕਰੀਆਂ ਨੂੰ ਪੱਕਾ ਕਰਵਾਉਣ ਲਈ ਆਏ ਦਿਨ ਰੋਸ ਮਾਰਚ ਕੱਢ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਿੱਲੀ ਦੇ ਆਕਾਵਾਂ ਨੂੰ ਖੁਸ਼ ਕਰਨ ਲਈ ਲੋਕਾਂ ਦੀ ਮਿਹਨਤ ਨਾਲ ਕਮਾਈ ਹੋਈ ਪੂੰਜੀ ਉਨ੍ਹਾਂ ਤੇ ਨਿਸ਼ਾਵਰ ਕਰਨ ਤੇ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੁਣ ਹਰ ਪੱਖੋਂ ਫੇਲ ਹੋ ਚੁੱਕੀ ਹੈ ਅਤੇ ਇਸਨੂੰ ਚਲਦਾ ਕਰਨ ਲਈ ਪੰਜਾਬ ਦਾ ਹਰ ਵਰਗ ਉਤਾਵਲਾ ਹੋਇਆ ਬੈਠਾ ਹੈ।

# ਪੰਜਾਬ ਦੀ 'ਆਪ' ਅਤੇ ਕੇਂਦਰ ਦੀ ਭਾਜਪਾ ਸਰਕਾਰ ਘਰੇਲੂ ਗੈਸ ਦੇ ਮੁੱਦੇ ਤੇ ਲੋਕਾਂ ਨਾਲ ਕਰ ਰਹੀ ਹੈ ਸਿਆਸਤ

ਬਟਾਲਾ,17 ਮਾਰਚ(ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)-ਇਰਾਨ ਅਮਰੀਕਾ ਜੰਗ ਕਾਰਣ ਪੰਜਾਬ ਦੇ ਲੋਕਾਂ ਨੂੰ ਘਰੇਲੂ ਗੈਸ ਦੀ ਆ ਰਹੀ ਦਿੱਕਤ ਵਿਰੁੱਧ ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ ਮੁਜ਼ਾਹਰਿਆਂ ਤੇ ਟਿੱਪਣੀ ਕਰਦਿਆਂ ਹੋਇਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਸੀਨੀਅਰ ਆਗੂ ਜਥੇਦਾਰ ਗੁਰਦਰਸ਼ਨ ਸਿੰਘ ਨੇ ਕਿਹਾ ਕਿ ਅਸਲ ਵਿੱਚ ਰਾਜ ਅਤੇ ਕੇਂਦਰ ਸਰਕਾਰ ਲੋਕਾਂ ਦੀ ਮੁਸੀਬਤ ਉੱਤੇ ਸਿਆਸਤ ਕਰ ਰਹੀਆਂ ਹਨ, ਉਹਨਾਂ ਕਿਹਾ ਕਿ ÷ਅਪਦਾ ਮੇ ਅਵਸਰ÷ ਹਿੰਦੀ ਦੀ ਕਹਾਵਤ ਹੈ ਤੇ ਪੰਜਾਬੀ ਵਿੱਚ ਇਸਨੂੰ ÷ ਮੌਕੇ ਦਾ ਫਾਇਦਾ ਚੁੱਕਣਾ ਕਹਿੰਦੇ ਹਨ ÷,, ਤੇ ਅੱਜ ਇਸ ਕਹਾਵਤ ਨੂੰ ਸੱਚ ਕਰ ਦਿੱਤਾ ÷ਆਮ ਆਦਮੀ ਪਾਰਟੀ ÷ ਨੇ ਇਹ ਨਾਅਰੇ ਲਗਾ ਕੇ ÷ਮੋਦੀ ਸਰਕਾਰ ਨੇ ਕੀਤਾ ਸਰਡੰਰ,ਗਾਇਬ ਹੋਇਆ ਗੈਸ ਸਿਲੰਡਰ÷,ਜੇ ਆਪ ਸਰਕਾਰ ਨੇ ਵਾਕਿਆ ਹੀ ਲੋਕਾਂ ਨੂੰ ਰਸੋਈ ਗੈਸ ਕਾਰਨ ਆ ਰਹੀ ਮੁਸ਼ਕਲ ਨੂੰ ਦੂਰ ਕਰਨਾ ਹੈ ਤਾਂ ਇਹ ਪ੍ਰਦਰਸ਼ਨ ਨਾਅਰੇਬਾਜ਼ੀ ਦੀ ਲੋੜ ਨਹੀਂ,ਇਸ ਲਈ ਹਰੇਕ ਜਿਲਾ ਖੁਰਾਕ ਸਪਲਾਈ (ਸਿਵਲ ਸਪਲਾਈ ਵਿਭਾਗ)ਅਫਸਰ ਦੀ ਡਿਊਟੀ ਲਗਾਈ ਜਾਵੇ,,ਉਹ ਚੈੱਕ ਕਰੇ ਕਿ ਜਿਲੇ ਵਿੱਚ ਸਾਰੀਆਂ ਹੀ ਗੈਸ ਏਜੰਸੀਆਂ ਨੇ ਪਿਛਲੇ ਦਿਨਾਂ ਤੱਕ ਕਿੰਨੇ ਸਿਲੰਡਰ ਖਰੀਦੇ ਹਨ ਤੇ ਕਿੰਨੇ ਵੇਚੇ ਹਨ,, ਕਿਉਂਕਿ ਪੰਜਾਬ ਸਰਕਾਰ ਨੇ ਵੀ ਪਿਛਲੇ ਦਿਨੀਂ ਬਿਆਨ ਜਾਰੀ ਕੀਤਾ ਸੀ ਕਿ ਰਾਜ ਅੰਦਰ ਗੈਸ ਸਿਲੰਡਰਾਂ ਦੀ ਕੋਈ ਕਮੀ ਨਹੀਂ ਹੈ ਅਤੇ ਲੋਕਾਂ ਨੂੰ ਨਿਰਵਿਘਨ ਸਪਲਾਈ ਜਾਰੀ ਰਹੇਗੀ,, ਕੇਂਦਰ ਦੀ ਭਾਜਪਾ ਸਰਕਾਰ ਵੀ ਅਜਿਹੇ ਬਿਆਨ ਜਾਰੀ ਕਰ ਚੁੱਕੀ ਹੈ ਕਿ ਦੇਸ਼ ਕੋਲ ਘਰੇਲੂ ਗੈਸ ਲਈ ਵਾਧੂ ਭੰਡਾਰ ਹੈ ਤੇ ਲੋਕਾਂ ਨੂੰ ਡਰਨ ਜਾਂ ਕਾਹਲ ਕਰਨ ਦੀ ਕੋਈ ਲੋੜ ਨਹੀਂ। ਉਹਨਾਂ ਹੋਰ ਕਿਹਾ ਗੈਸ ਏਜੰਸੀਆਂ ਦੇ ਗੈਸ ਬੁਕਿੰਗ ਦੇ ਬੰਦ ਨੰਬਰ ਤੇ ਲੋਕਾਂ ਦੀਆਂ ਲੰਬੀਆਂ ਕਤਾਰਾਂ ਅਤੇ ਉਹਨਾਂ ਦੀ ਘਬਰਾਹਟ ਨੇ ਸੱਚ ਸਾਹਮਣੇ ਲਿਆਂਦਾ ਹੈ ਕਿ ਰਾਜ ਸਰਕਾਰ ਤੇ ਕੇਂਦਰ ਸਰਕਾਰ ਝੂਠ ਬੋਲ ਰਹੇ ਹਨ ਅਤੇ ਰਾਜ ਅਤੇ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ, ਉਹਨਾਂ ਕਿਹਾ ਕਿ ਜਾਂ ਤਾਂ ਦੇਸ ਅੰਦਰ ਘਰੇਲੂ ਗੈਸ ਦੀ ਵੱਡੀ ਕਮੀ ਪੈਦਾ ਹੋ ਗਈ ਹੈ ਜਾਂ ਗੈਸ ਦੀ ਬਲੈਕ ਮਾਰਕੀਟਿੰਗ (ਕਾਲਾ ਬਾਜ਼ਾਰੀ) ਸ਼ੁਰੂ ਹੋ ਗਈ ਹੈ,, ਤੇ ਇਹ ਕਾਲਾ ਬਾਜ਼ਾਰੀ ਕਾਂਗਰਸ ਅਤੇ ਭਾਜਪਾ ਵੱਲੋਂ ਰਲ ਮਿਲ ਕੇ ਕੀਤੀ ਜਾ ਰਹੀ ਹੈ, ਕਿਉਂਕਿ ਗੈਸ ਏਜੰਸੀਆਂ ਦੇ ਮਾਲਕ ਤਕਰੀਬਨ ਕਾਂਗਰਸ ਅਤੇ ਭਾਜਪਾ ਨਾਲ ਸਬੰਧ ਰੱਖਦੇ ਹਨ, ਅਖੀਰ ਵਿੱਚ ਉਹਨਾਂ ਰਾਜ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ÷ਅਪਦਾ ਮੇਂ ਅਵਸਰ ÷ ਨਾ ਲੱਭਣ ਤੇ ਘਰੇਲੂ ਗੈਸ ਦੀ ਸਪਲਾਈ ਚਾਲੂ ਕਰਵਾਉਣ, ਗੈਸ ਦੀ ਬੁਕਿੰਗ ਲਈ ਬੰਦ ਨੰਬਰ ਚਾਲੂ ਕਰਵਾਉਣ, ਘਰੇਲੂ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਬੰਦ ਕਰਵਾਉਣ ਅਤੇ ਜੇਕਰ ਗੈਸ ਗੁਦਾਮਾਂ ਤੋਂ ਦੇਣੀ ਹੈ ਤਾਂ ਬਣਦੇ ਸਰਕਾਰੀ ਕੀਮਤ ਤੇ ਦਿਵਾਉਣ ਅਤੇ ਜੇਕਰ ਘਰ ਸਪਲਾਈ ਦੇਣੀ ਹੈ ਤਾਂ ਗੈਸ ਏਜੰਸੀਆਂ ਵੱਲੋਂ ਵੱਧ ਲਏ ਜਾਂਦੇ 30 ਰੁਪਏ ਬੰਦ ਕਰਵਾਉਣ।

# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾਂ' ਸ਼ੁਰੂ ਕਰਕੇ ਪੰਜਾਬ ਸਰਕਾਰ ਨੇ ਮੀਲ ਪੱਥਰ ਸਥਾਪਿਤ ਕੀਤਾ: ਚਾਹਲ

ਗੁਰਦਾਸਪੁਰ,17 ਮਾਰਚ (ਜਸਵਿੰਦਰ ਸਿੰਘ) ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਸੂਬੇ ਦੀਆਂ ਮਹਿਲਾਵਾਂ ਨਾਲ ਕੀਤਾ ਗਿਆ ਇੱਕ ਹੋਰ ਵੱਡਾ ਵਾਅਦਾ ਪੂਰਾ ਕਰਨ ਵੱਲ ਕਦਮ ਚੁੱਕਦੇ ਹੋਏ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਮਹਿਲਾਵਾਂ ਲਈ ਮਹੱਤਵਪੂਰਨ ਐਲਾਨ ਕੀਤਾ ਹੈ ਸਰਕਾਰ ਵੱਲੋਂ ਹੁਣ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾਂ ਰਾਹੀਂ ਹਰ ਮਹੀਨੇ 1000 ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ ਇਹ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਪ੍ਰੈਸ ਸਕੱਤਰ ਰਣਜੋਧ ਸਿੰਘ ਚਾਹਲ ਨੇ ਦੱਸਿਆ ਕਿ ਇਸਦੇ ਨਾਲ ਹੀ ਐਸ.ਸੀ. ਕੈਟਾਗਰੀ ਦੀਆਂ ਮਹਿਲਾਵਾਂ ਲਈ ਇਹ ਰਕਮ ਵਧਾ ਕੇ 1500 ਰੁਪਏ ਪ੍ਰਤੀ ਮਹੀਨਾ ਕਰਨ ਦਾ ਐਲਾਨ ਵੀ ਕੀਤਾ ਗਿਆ ਹੈ।

ਇਸ ਫੈਸਲੇ ਨਾਲ ਪੰਜਾਬ ਦੀਆਂ ਲੱਖਾਂ ਮਹਿਲਾਵਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ ਅਤੇ ਉਹ ਆਪਣੇ ਘਰੇਲੂ ਖਰਚਿਆਂ ਵਿੱਚ ਸਹਾਇਤਾ ਪ੍ਰਾਪਤ ਕਰ ਸਕਣਗੀਆਂ ਇੱਥੇ ਇਹ ਦੱਸਣਾ ਜ਼ਰੂਰੀ ਹੋਵੇਗਾ ਕਿ ਪੰਜਾਬ ਵਿੱਚ ਅੱਜ ਤੱਕ ਦੀਆਂ ਸਾਰੀਆਂ ਸਰਕਾਰਾਂ ਵਿੱਚੋਂ ਇਕੋ ਇਕ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਜਿਸਨੇ ਆਪਣੇ ਚੋਣ ਮਨੋਰਥ ਪੱਤਰ ਤੋਂ ਵੀ ਵੱਧ ਲੋਕ ਭਲਾਈ ਦੀਆਂ ਸਕੀਮਾਂ ਲਾਗੂ ਕੀਤੀਆਂ ਹਨ ਜਿਸ ਨਾਲ ਆਮ ਵਰਗ ਦੇ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ ।

# ਪਿੰਡ ਭੰਡਾਲ ਵਿਖੇ ਚਮੜੀ ਦੇ ਰੋਗ ਨਾਲ ਸੰਬੰਧਤ ਲਗਾਏ ਕੈਂਪ

ਕਲਾਨੌਰ,17 ਮਾਰਚ (ਇਕਬਾਲ ਵਾਲੀਆ ਕਮਲਜੀਤ ਸਿੰਘ)-ਪਿੰਡ ਭੰਡਾਲ ਵਿਖੇ ਚਮੜੀ ਦੇ ਰੋਗਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਚਮੜੀ ਰੋਗਾਂ ਦੇ ਮਾਹਿਰ ਡਾਕਟਰ ਜੈਸਮੀਨ (ਐਮਬੀਬੀਐਸ, ਐਮਡੀ ਸਕਿਨ) ਦੀ ਟੀਮ ਸਮੇਤ ਹਾਜ਼ਰ ਹੋਏ। ਡਾਕਟਰ ਜੈਸਮੀਨ ਵੱਲੋਂ ਕੈਂਪ ਵਿੱਚ ਸ਼ਾਮਿਲ 60 ਦੇ ਕਰੀਬ ਮਰੀਜ਼ਾਂ ਦੀ ਸੰਭਾਲ ਕਰਕੇ ਉਹਨਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੌਰਾਨ ਡਾਕਟਰ ਜੈਸਮੀਨ ਨੇ ਕਿਹਾ ਕਿ ਕੈਂਪ ਵਿੱਚ ਫੰਗਲ ਇਨਫੈਕਸ਼ਨ ਦੀ ਸਮੱਸਿਆ ਤੋਂ ਇਲਾਵਾ ਚਿਹਰੇ ਦੀਆਂ ਝੁਰੀਆਂ, ਅਲਰਜੀ, ਸਫੇਦ ਦਾਗ, ਖੁਜਲੀ, ਵਾਲਾਂ ਦਾ ਝੜਨਾ ਵੀ ਪਾਏ ਗਏ ਅਤੇ ਇਹਨਾਂ ਨੂੰ ਠੀਕ ਕਰਨ ਅਤੇ ਆਉਣ ਵਾਲੇ ਸਮੇਂ ਵਿੱਚ ਬਚਾਅ ਲਈ ਮਰੀਜ਼ਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਗਏ। ਉਹਨਾਂ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਗਰਮੀ ਦੇ ਮੌਸਮ ਵਿੱਚ ਫੰਗਸ ਇਨਫੈਕਸ਼ਨ ਦਾ ਖਤਰਾ ਵੱਧ ਸਕਦਾ ਹੈ। ਜਿਸ ਲਈ ਲੋਕਾਂ ਨੂੰ ਸਫਾਈ ਵਿੱਚ ਸੁਧਾਰ ਤੇ ਖੁੱਲੇ ਕੱਪੜੇ ਪਹਿਨਣ ਤੇ ਇਲਾਜ ਲਈ ਨਜ਼ਦੀਕੀ ਡਾਕਟਰ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ ਗਈ।

ਇਸ ਮੌਕੇ ਤੇ ਨੰਬਰਦਾਰ ਗੁਰਦੇਵ ਸਿੰਘ, ਮਾਸਟਰ ਜਸਵੀਰ ਸਿੰਘ ਬਾਜਵਾ, ਅਮਰਜੀਤ ਸਿੰਘ, ਕੁਲਦੀਪ ਸਿੰਘ, ਕੇਵਲ ਸਿੰਘ, ਮੰਗਲ ਸਿੰਘ, ਗੁਰਜਿੰਦਰ ਸਿੰਘ, ਮਨਮੀਤ ਸਿੰਘ ਵੀ ਮੌਜੂਦ ਸਨ।

**ਜਨਤਕ ਸੂਚਨਾ**





ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ ਯੂ.ਟੀ., ਚੰਡੀਗੜ੍ਹ
ਵਿਸ਼ਾ - ਸਵਰਗੀ ਸ਼੍ਰੀ ਰੰਗੀ ਰਾਮ ਦੀ ਬੇਵਸੀ ਮੌਤ ਦੇ ਆਧਾਰ 'ਤੇ ਵਪਾਰਕ ਬੂਥ ਨੰਬਰ 327, ਸੈਕਟਰ 41-ਸੀ, ਚੰਡੀਗੜ੍ਹ (RBL 2615) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ 100.00% ਹਿੱਸੇਦਾਰੀ ਤੱਕ ਤਬਾਦਲਾ।
ਆਮ ਜਨਤਾ ਅਤੇ ਸਾਰਿਆਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਰੰਗੀ ਰਾਮ ਵਪਾਰਕ ਬੂਥ ਨੰਬਰ 327, ਸੈਕਟਰ 41-ਸੀ, ਚੰਡੀਗੜ੍ਹ ਦੇ 100.00% ਹਿੱਸੇਦਾਰੀ ਤੱਕ ਮਾਲਕ/ਪੱਟੇਦਾਰ ਹਨ।
ਰਾਜ ਰਾਣੀ, ਮੇਹਰ ਚੰਦ, ਮਦਨ ਲਾਲ, ਅਮਰੀਕ ਸਿੰਘ, ਸੁਰੇਸ਼ ਕੁਮਾਰ, ਰਾਜ ਪਾਲ, ਮੋਹਨ ਲਾਲ, ਓਮ ਪ੍ਰਕਾਸ਼, ਪੁਸ਼ਪਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ. ਰੰਗੀ ਰਾਮ ਦੀ ਮੌਤ 27.01.2016 ਨੂੰ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-(1) ਪੱਟੇਦਾਰ:-(1) ਰਾਜ ਪਾਲ-ਪੁੱਤਰ, (2) ਪੁਸ਼ਪਾ-ਧੀ, (3) ਰਾਜ ਰਾਣੀ-ਧੀ, (4) ਸੱਤਿਆ ਦੇਵੀ-ਪਤਨੀ (ਮ੍ਰਿਤਕ), (5) ਮੋਹਨ ਲਾਲ-ਪੁੱਤਰ, (6) ਮੇਹਰ ਚੰਦ ਪੁੱਤਰ, (7) ਸੁਰੇਸ਼ ਕੁਮਾਰ -ਪੁੱਤਰ, (8) ਮਦਨ ਲਾਲ -ਪੁੱਤਰ, (9) ਅਮਰੀਕ ਸਿੰਘ-ਪੁੱਤਰ, (10) ਓਮ ਪ੍ਰਕਾਸ਼-ਪੁੱਤਰ
ਹੁਣ, ਰਾਜ ਰਾਣੀ, ਮੇਹਰ ਚੰਦ, ਮਦਨ ਲਾਲ, ਅਮਰੀਕ ਸਿੰਘ, ਸੁਰੇਸ਼ ਕੁਮਾਰ, ਰਾਜ ਪਾਲ, ਮੋਹਨ ਲਾਲ, ਓਮ ਪ੍ਰਕਾਸ਼, ਪੁਸ਼ਪਾ ਨੇ ਵਪਾਰਕ ਬੂਥ ਨੰਬਰ 327, ਸੈਕਟਰ 41-ਸੀ, ਚੰਡੀਗੜ੍ਹ ਦੇ ਸੰਬੰਧ ਵਿੱਚ, ਸਵਰਗੀ ਸ਼੍ਰੀ ਰੰਗੀ ਰਾਮ ਦੁਆਰਾ ਰੱਖੇ ਗਏ 100.00% ਹਿੱਸੇ ਦੀ ਹੱਦ ਤੱਕ, ਅਣਵੰਡੀ ਮੌਤ ਦੇ ਆਧਾਰ 'ਤੇ, ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸਨੂੰ ਲਿਖਤੀ ਰੂਪ ਵਿੱਚ (ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਪੇਸ਼ ਕਰ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸਾ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

---

**ਜਨਤਕ ਸੂਚਨਾ**



ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ
ਵਿਸ਼ਾ:-ਸਵ. ਸੁਰਿੰਦਰ ਮੋਹਨ ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ ਵਪਾਰਕ ਬੂਥ ਨੰਬਰ 112, ਸੈਕਟਰ 37-ਸੀ, ਚੰਡੀਗੜ੍ਹ (ਸੀ.ਪੀ.ਐਲ. 3118) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ 80% ਹਿੱਸੇ ਤੱਕ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਸੁਰਿੰਦਰ ਮੋਹਨ ਵਪਾਰਕ ਬੂਥ ਨੰਬਰ 112, ਸੈਕਟਰ 37-ਸੀ, ਚੰਡੀਗੜ੍ਹ ਦੇ 100% ਹਿੱਸੇ ਤੱਕ ਮਾਲਕ/ਪੱਟੇਦਾਰ ਹਨ। ਰਮੇਸ਼ ਸ਼ਰਮਾ, ਰਾਕੇਸ਼ ਸ਼ਰਮਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ. ਸੁਰਿੰਦਰ ਮੋਹਨ ਦੀ ਮੌਤ 05/10/2003 ਨੂੰ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:- (1) ਕਮਲੇਸ਼ ਬਾਬੂ ਸ਼ਰਮਾ (ਪੁੱਤਰ) (2) ਰਾਕੇਸ਼ ਸ਼ਰਮਾ (ਪੁੱਤਰ) (3) ਅਨੀਤਾ ਸ਼ਰਮਾ (ਨੂੰਹ) (4) ਵਿਜੇ ਕਾਂਤ (ਪੁੱਤਰ-ਮ੍ਰਿਤਕ) (5) ਰਮੇਸ਼ ਸ਼ਰਮਾ (ਪੁੱਤਰ) (6) ਵਿਜੇ ਲਕਸ਼ਮੀ (ਪਤਨੀ-ਮ੍ਰਿਤਕ) (7) ਸ਼ਸ਼ੀ ਬਾਲਾ (ਧੀ) (8) ਧਰੁਵ ਸ਼ਰਮਾ (ਪੋਤਾ) (9) ਨਿਧੀ ਸ਼ਰਮਾ (ਪੋਤੀ)। ਹੁਣ, ਰਮੇਸ਼ ਸ਼ਰਮਾ, ਰਾਕੇਸ਼ ਸ਼ਰਮਾ ਨੇ ਵਪਾਰਕ ਬੂਥ ਨੰਬਰ 112, ਸੈਕਟਰ 37-ਸੀ, ਚੰਡੀਗੜ੍ਹ ਦੇ ਸੰਬੰਧ ਵਿੱਚ 24/11/1987 ਦੀ ਰਜਿਸਟਰਡ ਵਸੀਅਤ ਦੇ ਆਧਾਰ @ਤੇ, ਸਵਰਗੀ ਸੁਰਿੰਦਰ ਮੋਹਨ ਦੁਆਰਾ ਰੱਖੇ ਗਏ 80% ਹਿੱਸੇ ਦੀ ਹੱਦ ਤੱਕ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ। ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸਾ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

# ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਸ਼ਹੀਦੀ ਸਮਾਗਮ ਸਬੰਧੀ ਚੱਲ ਰਹੀ ਤਿਆਰੀਆਂ ਦਾ ਲਿਆ ਜਾਇਜ਼ਾ

## 23 ਮਾਰਚ ਨੂੰ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਸਬੰਧੀ ਮਿਊਜ਼ੀਅਮ ਅਤੇ ਜੱਦੀ ਘਰ ਦੀ ਸਾਫ਼-ਸਫ਼ਾਈ ਦੇ ਨਿਰਦੇਸ਼

ਬੰਗਾ, 17 ਮਾਰਚ, ਸੁਖਦੇਵ ਸਿੰਘ ਉੜਾਪੜ ਦੇਸ਼ ਦੇ ਸੁਤੰਤਰਤਾ ਸੰਗਰਾਮ ਦੌਰਾਨ ਸ਼ਹਾਦਤ ਦਾ ਜਾਮ ਪੀਣ ਵਾਲੇ ਮਹਾਨ ਆਜ਼ਾਦੀ ਘੁਲਾਟੀਆਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ 23 ਮਾਰਚ ਨੂੰ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਅੱਜ ਅਧਿਕਾਰੀਆਂ ਸਮੇਤ ਖਟਕੜ ਕਲਾਂ ਦਾ ਦੌਰਾ ਕੀਤਾ ਅਤੇ ਚੱਲ ਰਹਿਆਂ ਤਿਆਰੀਆਂ ਦਾ ਜਾਇਜਾ ਲਿਆ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਨੁਸਾਰ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਪਰਿਵਾਰ ਦਾ ਜੱਦੀ ਘਰ ਸਥਿਤ ਹੋਣ ਕਾਰਨ ਅਤੇ ਉਨ੍ਹਾਂ ਦੀ ਯਾਦ 'ਚ ਸਥਾਪਿਤ ਮਿਊਜ਼ੀਅਮ ਵਿਖੇ ਉਨ੍ਹਾਂ ਦੇ ਬੁੱਤ ਅਤੇ ਪਿਤਾ ਸਵ. ਕਿਸ਼ਨ ਸਿੰਘ ਦੀ ਯਾਦਗਾਰ 'ਤੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ ਨੂੰ ਹਰ ਸਾਲ ਦੇਸ-ਪ੍ਰਦੇਸ ਤੋਂ ਵੱਡੀ ਗਿਣਤੀ 'ਚ ਲੋਕ ਸ਼ਰਧਾ ਸੁਮਨ ਭੇਟ ਕਰਨ ਆਉਂਦੇ ਹਨ। ਇਸ ਵਾਰ 23 ਮਾਰਚ ਨੂੰ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਵੀ ਵੱਡੀ ਗਿਣਤੀ 'ਚ ਇਨ੍ਹਾਂ ਆਜ਼ਾਦੀ ਦੇ ਪ੍ਰਵਾਨਿਆਂ ਦੇ ਵੱਡੀ ਗਿਣਤੀ 'ਚ ਪ੍ਰਸ਼ੰਸਕਾਂ ਦੇ ਪੁੱਜਣ ਦੀ ਸੰਭਾਵਨਾ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਵੱਲੋਂ ਲੋੜੀਂਦੇ ਪ੍ਰਬੰਧਾਂ ਦੀ ਨਜ਼ਰਸਾਨੀ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਮਿਊਜ਼ੀਅਮ ਦੇ ਬਾਹਰ ਸਥਿਤ ਬੁੱਤ ਅਤੇ ਪਿਤਾ ਸ. ਕਿਸ਼ਨ ਸਿੰਘ ਦੀ ਯਾਦਗਾਰ ਵਾਲੇ ਥਾਂ, ਪਿਛਲੇ ਪਾਸੇ ਸਥਿਤ ਰੈਲੀ ਗਰਾਉਂਡ, ਪਿੰਡ 'ਚ ਸਥਿਤ ਜੱਦੀ ਘਰ, ਮਾਤਾ ਵਿਦਿਆਵਤੀ ਪਾਰਕ ਅਤੇ ਸ਼ਹੀਦ-ਏ-ਆਜ਼ਮ ਤੇ ਪਰਿਵਾਰ ਨਾਲ ਜੁੜੀਆਂ ਹੋਰਨਾਂ ਥਾਵਾਂ ਦੀ ਮੁਕੰਮਲ ਸਾਫ਼-ਸਫ਼ਾਈ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਟ੍ਰੈਫ਼ਿਕ ਬੰਦੋਬਸਤ, ਪਿੰਡ ਨੂੰ ਜਾਦੀ ਸੜ੍ਹਕ, ਨਾਲ ਲੱਗਦੀ ਗ੍ਰੀਨ ਬੈਲਟ ਆਦਿ ਦਾ ਜਾਇਜ਼ਾ ਵੀ ਲਿਆ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਬਲਵੀਰ ਰਾਜ ਸਿੰਘ (ਜ )ਨੇ ਦੱਸਿਆ ਕਿ ਦੇਸ਼ ਦੇ ਮਹਾਨ ਸ਼ਹੀਦਾਂ ਪ੍ਰਤੀ ਦੇਸ਼ ਵਾਸੀਆਂ ਦੀ ਸ਼ਰਧਾ ਅਤੇ ਸਤਿਕਾਰ ਨੂੰ ਦੇਖਦੇ ਹੋਏ, ਉਨ੍ਹਾਂ ਦੀ ਖਟਕੜ ਕਲਾਂ ਵਿਖੇ ਆਮਦ ਨੂੰ ਸੁਖਾਵਾਂ ਬਣਾਉਣ ਲਈ ਇੱਥੇ ਹਰ ਤਰ੍ਹਾਂ ਦੇ ਪ੍ਰਬੰਧ ਸਮਾਂ ਰਹਿੰਦੇ ਮੁਕੰਮਲ ਕਰ ਲਏ ਜਾਣਗੇ ਤਾਂ ਜੋ ਲੋਕ ਆਪਣੇ ਮਹਿਬੂਬ ਨੌਜੁਆਨ ਆਜ਼ਾਦੀ ਪ੍ਰਵਾਨਿਆਂ ਨੂੰ ਆਪਣੀ ਦਿਲੀ ਸ਼ਰਧਾ ਭੇਟ ਕਰ ਸਕਣ। ਇਸ ਮੌਕੇ ਐਸ ਐਸ ਪੀ ਤੁਸ਼ਾਰ ਗੁਪਤਾ , ਵਧੀਕ ਡਿਪਟੀ ਕਮਿਸ਼ਨਰ ਵਿਕਾਸ ਅਵਨੀਤ ਕੌਰ, ਐਸ ਡੀ ਐਮ ਬੰਗਾ ਵਿਪਨ ਭੰਡਾਰੀ, ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਤੇ ਹੋਰ ਅਧਿਕਾਰੀ ਸ਼ਾਮਿਲ ਹਨ ।

# ਗੁਰਦਾਸਪੁਰ ਭਰਤੀ ਰੈਲੀ ਦੀ ਕਾਮਯਾਬੀ 'ਤੇ ਭਾਰਤੀ ਫੌਜ ਵੱਲੋਂ ਧੰਨਵਾਦ-ਰੁੱਖ ਲਗਾ ਕੇ ਦਿੱਤਾ ਸਨਮਾਨ

ਗੁਰਦਾਸਪੁਰ, 17 ਮਾਰਚ(ਜਗੀਰ ਸਿੰਘ ਮੰਡ/ ਸੁਰਿੰਦਰ ਸਿੰਘ ਬਸਰਾ) ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਹੋਈ ਭਰਤੀ ਰੈਲੀ ਸਿਵਲ-ਫੌਜੀ ਸਹਿਯੋਗ ਦਾ ਸ਼ਾਨਦਾਰ ਉਦਾਹਰਨ ਬਣੀ ਹੈ। ਡਾਇਰੈਕਟਰ ਭਰਤੀ ਬੋਰਡ ਕਰਨਲ ਜੇਮਸ ਜੈਕਬ ਨੇ ਭਾਰਤੀ ਫੌਜ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ, ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਦਾ ਵਿਸ਼ੇਸ਼ ਤੌਰ @ਤੇ ਧੰਨਵਾਦ ਕੀਤਾ। ਨਾਲ ਹੀ ਉਨ੍ਹਾਂ ਕਾਲਜ ਦੇ ਪ੍ਰਿੰਸੀਪਲ ਅਤੇ ਸਟਾਫ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਮਤਿਹਾਨਾਂ ਦੇ ਸਮੇਂ ਦੇ ਬਾਵਜੂਦ ਪੂਰਾ ਸਹਿਯੋਗ ਦਿੱਤਾ। ਇਸ ਮੌਕੇ ਸੂਬੇਦਾਰ ਮੇਜਰ ਸੰਜੇ ਵੀ ਮੌਜੂਦ ਸਨ।

ਉਨ੍ਹਾਂ ਖਾਸ ਧੰਨਵਾਦ ਜ਼ਿਲ੍ਹਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਦਾ ਕੀਤਾ,ਜਿਨ੍ਹਾਂ ਨੇ ਲਗਭਗ 1,000 ਉਮੀਦਵਾਰਾਂ ਲਈ ਰਹਿਣ ਅਤੇ ਖਾਣ-ਪੀਣ ਦੀ ਵਿਵਸਥਾ ਕੀਤੀ। ਉਨ੍ਹਾਂ ਕਿਹਾ ਕਿ ਭਾਰਤੀ ਸੰਸਕ੍ਰਿਤੀ ਤੋਂ ਪ੍ਰੇਰਿਤ ਹੋ ਕੇ, ਫੌਜ ਵੱਲੋਂ ਕਾਲਜ ਦੇ ਵਿਹੜੇ ਵਿੱਚ ਸਫਾਈ ਮੁਹਿੰਮ ਅਤੇ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਗਈ। ਜੋ ਮਿਲੇ ਉਸਨੂੰ ਹੋਰ ਚੰਗਾ ਕਰਕੇ ਵਾਪਸ ਕਰਨਾ ਦੀ ਪਰੰਪਰਾ ਅਨੁਸਾਰ ਸਾਰਾ ਖੇਤਰ ਸਾਫ਼ ਕੀਤਾ ਗਿਆ ਅਤੇ ਪੌਦੇ ਲਗਾਏ ਗਏ। ਉਨ੍ਹਾਂ ਦੱਸਿਆ ਇਸ ਰੈਲੀ ਵਿੱਚ ਲਗਭਗ 8,000 ਉਮੀਦਵਾਰਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਕਰੀਬ 3,000 ਦੇ ਚੁਣੇ ਜਾਣ ਦੀ ਸੰਭਾਵਨਾ ਹੈ, ਜੋ ਸ਼ਾਨਦਾਰ ਸਫਲਤਾ ਦਰ ਨੂੰ ਦਰਸਾਉਂਦਾ ਹੈ।ਉਨ੍ਹਾਂ ਇੱਕ ਵਾਰ ਫਿਰ ਭਾਰਤੀ ਫੌਜ ਵਲੋਂ ਜ਼ਿਲ੍ਹਾ ਪ੍ਰਸ਼ਾਸਨ, ਮੈਡੀਕਲ ਟੀਮਾਂ, ਇਲੈਕਟ੍ਰੀਸ਼ੀਅਨ, ਪੀ.ਡਬਲਯੂ.ਡੀ ਸਟਾਫ ਅਤੇ ਸਾਰੀਆਂ ਸਹਾਇਕ ਏਜੰਸੀਆਂ ਵਲੋ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ, ਜਿਨ੍ਹਾਂ ਦੇ ਤਾਲਮੇਲ ਵਾਲੇ ਯਤਨਾਂ ਨੇ ਇੱਕ ਸੁਚਾਰੂ, ਪਾਰਦਰਸ਼ੀ ਅਤੇ ਕੁਸ਼ਲ ਭਰਤੀ ਪ੍ਰਕਿਰਿਆ ਨੂੰ ਯਕੀਨੀ ਬਣਾਇਆ।

---

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਕੈਂਟ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਅਤੇ ਉਨ੍ਹਾਂ ਦੇ ਲਈ ਉੱਤਰ ਰੇਲਵੇ ਅੰਬਾਲਾ ਮੰਡਲ ਦੇ ਰੇਲਵੇ ਸਟੇਸ਼ਨਾਂ ਤੇ ਕਾਂਟਰੈਕਟਾਂ ਦੇ ਅਲਾਟਮੈਂਟ ਦੇ ਲਈ IREPS ਵੈਬਸਾਈਟ ਉਤੇ ਈ-ਆਕਸ਼ਨ ਦੇ ਮਾਧਿਅਮ ਨਾਲ ਬੋਲੀਆਂ ਦੀ ਮੰਗ ਕਰਦੇ ਹਨ।

| S.No. | Lot No. | Description | Auction Start Date Time |
|---|---|---|---|
| 1 | ADVT-UMB-NLDM-OH-347-26-1 | ਸਾਈਟ ਪਲਾਨ ਦੇ ਅਨੁਸਾਰ ਨੰਗਲ ਡੈਮ (NLDM) ਰੇਲਵੇ ਸਟੇਸ਼ਨ ਤੇ ਯੂਨਿਪੋਲ / ਹੋਰਡਿੰਗ ਦੇ ਮਾਧਿਅਮ ਨਾਲ ਵਿਗਿਆਪਨ ਦੇ ਲਈ ਕੁਲ ਦੋ (02) ਸਾਈਟਾਂ ਹਨ ਜਿਨ੍ਹਾਂ ਦਾ ਕੁਲ ਖੇਤਰਫਲ 870 ਵਰਗ ਫੁਟ ਹੈ। | 30.03.2026 12.00 Hrs |

ਈ-ਨੀਲਾਮੀ ਲੀਜ਼ਿੰਗ ਮੰਗ ਸੂਚਨਾ, ਨੀਲਾਮੀ ਫਾਰਮ, ਇਕ ਵਾਰ ਪੰਜੀਕਰਨ ਤੇ ਵਧੇਰੇ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in 'ਤੇ ਜਾਓ।

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ** 916/2026

---

pstcl

**Punjab State Transmission Corporation Limited**
**(Regd. Office: PSEB Head Office, The Mall, Patiala - 147001)**
**Corporate Identity Number : U40109PB2010SGC033814**
**(Officer : Sr. Xen, Hotline & Safety Division, PSTCL, Ludhiana)**
**Mobile : 96461-18225, Email : xen-hotline-ldh@pstcl.org**

**ਈ-ਟੈਂਡਰ ਨੋਟਿਸ**

**ਟੈਂਡਰ ਨੰ. 02/2025-26**

ਕੰਮ ਦਾ ਨਾਮ : ਸੀਨੀ. ਕਾ. ਕਾ. ਇੰਜੀ., ਹੌਟਲਾਈਨ ਅਤੇ ਸੇਫਟੀ ਮੰਡਲ ਲੁਧਿਆਣਾ ਦੇ ਦਫ਼ਤਰ ਲਈ 1 ਨੰ. ਆਊਟਸੋਰਸ ਗੱਡੀ Make MCV/Tata LPT 1109, 5 ਟਨ ਜਾਂ ਉਸ ਦੇ ਬਰਾਬਰ ਮਾਡਲ 2026 ਜਾਂ 5 ਸਾਲ ਤੋਂ ਘੱਟ ਪੁਰਾਣਾ ਮਹੀਨੇ ਦੇ ਅਧਾਰ ਤੇ ਇੱਕ ਸਾਲ ਲਈ ਹਾਇਰ ਕਰਨ ਸਬੰਧੀ।
ਬਿੱਡ ਲਗਾਉਣ ਦੀ ਆਖਰੀ ਮਿਤੀ : 16.04.2026 upto 11:00 AM
ਈ-ਟੈਂਡਰ ਓਪਨ ਕਰਨ ਦੀ ਮਿਤੀ : 17.04.2026 at 11:00 AM

ਨੋਟ : ਇਸ ਸਬੰਧ ਵਿੱਚ ਹੋਰ ਜ਼ਰੂਰੀ ਜਾਣਕਾਰੀ www.eproc.punjab.gov.in ਵੈੱਬਸਾਈਟ ਤੋਂ ਡਾਊਨਲੋਡ ਕੀਤੀ ਜਾ ਸਕਦੀ ਹੈ। ਇਸ ਸਬੰਧ ਵਿੱਚ ਜਾਰੀ ਕੀਤਾ ਗਿਆ ਕੋਈ ਵੀ ਕੋਰੀਜੰਡਮ ਸਿਰਫ www.eproc.punjab.gov.in ਅਤੇ www.pstcl.org ਵੈੱਬਸਾਈਟ ਤੇ ਅਪਲੋਡ ਕੀਤਾ ਜਾਵੇਗਾ।
ਸੀਨੀ., ਕਾ.ਕਾ. ਇੰਜੀ./ਹੌਟਲਾਈਨ ਅਤੇ ਸੇਫਟੀ ਮੰਡਲ, PSTCL ਲੁਧਿਆਣਾ
**Ro No. PR-Advt. No.: 1078 / 12 / 2025-26 / 9602 / Dated CHD : 17.03.2026**

# ਜ਼ਬਰੀ ਥੋਪੇ ਟੈੱਟ ਖ਼ਿਲਾਫ਼ ਅਧਿਆਪਕਾਂ ਨੇ ਫੂਕੀ ਸਰਕਾਰ ਦੀ ਅਰਥੀ



ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ) : ਜ਼ਿਲ੍ਹਾ ਲੁਧਿਆਣਾ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਨੇ ਜ਼ਬਰੀ ਥੋਪੇ ਟੈੱਟ ਦੇ ਖ਼ਿਲਾਫ਼ ਪੰਜਾਬ ਸਰਕਾਰ ਦੀ ਅਰਥੀ ਨੂੰ ਲਾਂਬੂ ਲਗਾਇਆ ਗਿਆ।

ਵਿਸ਼ਾਲ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਧੰਨਾ ਸਿੰਘ ਸਵੱਦੀ ਸਪੇਟਾ, ਅਰਵਿੰਦਰ ਸਿੰਘ ਭੰਗੂ ਡੀਟੀਐਫ, ਜਗਜੀਤ ਸਿੰਘ ਮਾਨ ਜੀ ਟੀ ਯੂ, ਜਗਜੀਤ ਸਿੰਘ ਝਾਂਡੇ ਬੀ ਐੱਡ ਫਰੰਟ, ਮਨੋਜ ਬੱਸੀ ਮਾਸਟਰ ਕੇਡਰ, ਮਨਰਾਜ ਸਿੰਘ ਐਸ ਐਸ ਏ ਰਮਸਾ, ਰਾਜਿੰਦਰ ਸਿੰਘ ਚੌਹਾਨ ਐਸੋਸੀਏਟ ਅਧਿਆਪਕ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਸਿੱਖਿਆ ਕ੍ਰਾਂਤੀ ਦਾ ਢੰਡੋਰਾ ਪਿੱਟਣ ਵਾਲੀ ਸੂਬਾ ਸਰਕਾਰ ਆਪਣੇ ਅਧਿਆਪਕਾਂ ਅਤੇ ਸਰਕਾਰੀ ਸਕੂਲਾਂ ਨਾਲ਼ ਖੜ੍ਹਨ ਦੀ ਬਜਾਏ, ਟੈਟ ਦੇ ਨਾਮ 'ਤੇ ਅਧਿਆਪਕਾਂ ਨੂੰ ਮਾਨਸਿਕ ਤਸ਼ੱਦਦ ਦਾ ਸ਼ਿਕਾਰ ਬਣਾ ਰਹੀ ਹੈ। ਅਧਿਆਪਕਾਂ ਦੀਆਂ ਭਰਤੀਆਂ ਅਤੇ ਤਰੱਕੀਆਂ ਦੇ ਸਮੇਂ ਉਨ੍ਹਾਂ ਦੀਆਂ ਯੋਗਤਾਵਾਂ ਦੇ ਪੈਮਾਨੇ ਬਦਲ-ਬਦਲ ਕੇ, ਇਨ੍ਹਾਂ ਤੋਂ ਭੱਜਣਾ ਪੰਜਾਬ ਦੀ ਆਪ ਸਰਕਾਰ ਦੀ ਇਕ ਪੱਕੀ ਨੀਤੀ ਬਣਦੀ ਦਿਖਾਈ ਦੇ ਰਹੀ ਹੈ। ਇਸ ਨੀਤੀ ਲਈ ਉਸ ਵੱਲੋਂ ਦਿਸ਼ਾ-ਨਿਰਦੇਸ਼, ਕੇਂਦਰ ਦੀ ਭਾਜਪਾ ਸਰਕਾਰ ਦੀ ਨਵੀਂ ਸਿੱਖਿਆ ਨੀਤੀ 2020 ਵਿੱਚੋਂ ਲਏ ਜਾ ਰਹੇ ਹਨ। ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ 2011 ਤੋਂ ਪਹਿਲਾਂ ਜੁਆਇਨ ਹੋਏ ਅਧਿਆਪਕਾਂ ਉੱਪਰ ਧੱਕੇ ਨਾਲ ਟੈੱਟ ਦੀ ਸ਼ਰਤ ਥੋਪੀ ਜਾ ਰਹੀ ਹੈ। ਇਸ ਸਿਲਸਿਲੇ ਵਿਚ, 14 ਸਤੰਬਰ 2017 ਨੂੰ ਜਾਰੀ ਕੀਤਾ ਪੱਤਰ, ਜਿਸ ਵਿੱਚ ਟੀ ਈ ਟੀ ਤੋਂ ਛੋਟ ਦਿੱਤੀ ਗਈ ਸੀ, ਪੰਜਾਬ ਸਰਕਾਰ ਨੇ ਰੱਦ ਕਰ ਦਿੱਤਾ ਅਤੇ 7 ਫਰਵਰੀ 2026 ਦੇ ਆਪਣੇ ਤਾਜ਼ਾ ਫੁਰਮਾਨ ਰਾਹੀ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੀ.ਈ.ਟੀ. ਲਾਜ਼ਮੀ ਕਰਨ ਦੀ ਸ਼ਰਤ ਲਗਾ ਦਿੱਤੀ। ਇਸਦੇ ਵਿਰੋਧ ਵਿੱਚ 22 ਫਰਵਰੀ ਨੂੰ ਪੰਜਾਬ ਦੀਆਂ ਸਮੂਹ ਅਧਿਆਪਕ ਜੱਥੇਬੰਦੀਆਂ ਵੱਲੋਂ ਸੂਬਾ ਪੱਧਰੀ ਵਿਸ਼ਾਲ ਰੋਸ ਰੈਲੀ ਕਰਨ ਤੋਂ ਬਾਅਦ, ਪੰਜਾਬ ਦੇ ਸਿੱਖਿਆ ਮੰਤਰੀ ਵੱਲੋਂ ਅੰਦੋਲਨਕਾਰੀ ਅਧਿਆਪਕ ਜੱਥੇਬੰਦੀਆਂ ਨੂੰ 27 ਫਰਵਰੀ ਦਾ ਸਮਾਂ ਦਿੱਤਾ ਗਿਆ, ਪਰ ਸਰਕਾਰ ਅਧਿਆਪਕ ਜੱਥੇਬੰਦੀਆਂ ਨਾਲ਼ ਗੱਲ ਕਰਨ ਤੋਂ ਭੱਜ ਗਈ ਹੈ ਅਤੇ ਹੁਣ ਆਪ ਹੀ ਲਿਖਤੀ ਪੱਤਰ ਰਾਹੀਂ ਦਿੱਤੇ ਮੀਟਿੰਗ ਦੇ ਸੱਦੇ ਤੋਂ ਭਗੌੜੇ ਵਾਲਾ ਅਖਤਿਆਰ ਕਰਦਿਆਂ, 6 ਮਾਰਚ ਦਾ ਸਮਾਂ ਦਿੱਤਾ ਗਿਆ ਹੈ। ਇਸ ਗੈਰਜ਼ਿੰਮੇਵਾਰਾਨਾ ਰਵੱਈਏ ਦਾ ਸਮੂਹ ਅਧਿਆਪਕ ਸੰਗਠਨਾਂ ਨੇ ਸਖ਼ਤ ਨੋਟਿਸ ਲਿਆ ਹੈ। ਇਸਦੇ ਨਤੀਜੇ ਵਜੋਂ ਅੱਜ ਅਧਿਆਪਕਾਂ ਨੂੰ ਟੈੱਟ ਦੀ ਬੇਲੋੜੀ ਸ਼ਰਤ ਲਗਾ ਕੇ ਤਰੱਕੀਆਂ ਤੋਂ ਵਾਂਝੇ ਕਰਨ ਦੇ ਖ਼ਿਲਾਫ਼, ਸਰਕਾਰ ਦੇ ਮੀਟਿੰਗ ਤੋਂ ਭੱਜਣ ਅਤੇ ਡੰਗ ਟਪਾਊ ਅਤੇ ਟਾਲ-ਮਟੋਲ ਦੀ ਨੀਤੀ ਦੇ ਖ਼ਿਲਾਫ਼ ਅਧਿਆਪਕਾਂ ਵੱਲੋਂ ਰੋਹ ਭਰਪੂਰ ਰੋਸ ਮਾਰਚ ਕਰਕੇ ਪੰਜਾਬ ਸਰਕਾਰ ਦੀ ਅਰਥੀ ਨੂੰ ਲਾਂਬੂ ਲਗਾਇਆ ਗਿਆ ਅਤੇ ਸਰਕਾਰ ਨੂੰ ਸੁਪਰੀਮ ਕੋਰਟ ਦੇ ਇਸ ਫੈਸਲੇ ਵਿਰੁੱਧ ਅਪੀਲ ਪਾਉਣ ਅਤੇ ਵਿਧਾਨ ਸਭਾ ਵਿੱਚ ਇਸ ਦੇ ਖ਼ਿਲਾਫ਼ ਮਤਾ ਲਿਆਉਣ ਅਤੇ ਰਾਜ ਵਿੱਚ ਅਧਿਆਪਕਾਂ ਦੀ ਭਰਤੀ ਅਤੇ ਪ੍ਰਮੋਸ਼ਨ ਲਈ ਰਾਜ ਸਰਕਾਰ ਦਾ ਵਿਸ਼ੇਸ਼ ਅਧਿਆਪਕ ਪੱਖੀ ਐਕਟ ਲਿਆਉਣ ਦੀ ਮੰਗ ਕੀਤੀ ਗਈ । ਇਸ ਸਮੇਂ ਧੰਨਾ ਸਿੰਘ ਸਵੱਦੀ ਸਪੇਟਾ, ਅਰਵਿੰਦਰ ਸਿੰਘ ਭੰਗੂ ਡੀਟੀਐਫ, ਜਗਜੀਤ ਸਿੰਘ ਮਾਨ ਜੀ ਟੀ ਯੂ, ਜਗਜੀਤ ਸਿੰਘ ਝਾਂਡੇ ਬੀ ਐੱਡ ਫਰੰਟ, ਮਨੋਜ ਬੱਸੀ ਮਾਸਟਰ ਕੇਡਰ, ਮਨਰਾਜ ਸਿੰਘ ਐਸ ਐਸ ਏ ਰਮਸਾ, ਰਾਜਿੰਦਰ ਸਿੰਘ ਚੌਹਾਨ ਐਸੋਸੀਏਟ ਅਧਿਆਪਕ ਯੂਨੀਅਨ, ਸਰਬਜੀਤ ਸਿੰਘ ਚੌਕੀਮਾਨ, ਹਰਦੇਵ ਮੁੱਲਾਂਪੁਰ, ਕੁਲਦੀਪ ਸਿੰਘ ਸੁਨੇਤ, ਗੁਰਇਕਬਾਲ ਸਿੰਘ ਧਾਲੀਵਾਲ, ਪ੍ਰਭਦਿਆਲ ਸਿੰਘ, ਬੇਅੰਤ ਸਿੰਘ, ਰੋਹਿਤ ਕੁਮਾਰ ਅਵਸਥੀ, ਸੁਮਨ ਜਿੰਦਲ, ਕਿਰਨਜੀਤ ਕੌਰ, ਰਮਨਦੀਪ ਸਾਹਨੇਵਾਲ, ਆਦਿ ਆਗੂ ਹਾਜ਼ਰ ਸਨ ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਧੀਨ ਬਹੁ ਕਰੋੜੀ ਹੈਰੋਇਨ ਤਸਕਰੀ ਨੈੱਟਵਰਕ 'ਤੇ ਵੱਡਾ ਵਾਰ

ਲੁਧਿਆਣਾ, 17 ਮਾਰਚ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਹੁਣ ਜੰਗੀ ਪੱਧਰ 'ਤੇ ਤੇਜ਼ ਹੋ ਗਈ ਹੈ। ਇਸ ਮੁਹਿੰਮ ਦੇ ਤਹਿਤ ਮੰਗਲਵਾਰ ਨੂੰ ਪਾਇਲ ਹਲਕੇ ਦੇ ਪਿੰਡ ਰਾਣੋ ਨਾਲ ਸਬੰਧਿਤ ਸਾਬਕਾ ਸਰਪੰਚ ਅਤੇ ਕਥਿਤ ਬਹੁ ਕਰੋੜੀ ਹੈਰੋਇਨ ਤਸਕਰੀ ਨੈੱਟਵਰਕ ਦੇ ਮੁੱਖ ਸਰਗਨਾ ਗੁਰਦੀਪ ਸਿੰਘ ਰਾਣੋ ਦੀ ਗੈਰ ਕਾਨੂੰਨੀ ਜਾਇਦਾਦ ਦੀ ਪੈਮਾਇਸ਼ ਕਰਕੇ ਅਗਲੀ ਕਾਰਵਾਈ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਜਲਦ ਹੀ ਗੈਰ ਕਾਨੂੰਨੀ ਜਾਇਦਾਦ ਖ਼ਿਲਾਫ਼ ਬੁਲਡੋਜ਼ਰ ਕਾਰਵਾਈ ਹੋ ਸਕਦੀ ਹੈ। ਜਾਣਕਾਰੀ ਅਨੁਸਾਰ ਗੁਰਦੀਪ ਸਿੰਘ ਰਾਣੋ ਖ਼ਿਲਾਫ਼ ਨਸ਼ਾ ਤਸਕਰੀ ਦੀਆਂ ਵੱਖ-ਵੱਖ ਧਾਰਾਵਾਂ ਅਧੀਨ 11 ਮੁੱਕਦਮੇਂ ਦਰਜ ਹਨ। ਸਾਲ 2020 'ਚ ਗੁਰਦੀਪ ਰਾਣੋ ਨੂੰ ਐਸ.ਟੀ.ਐਫ ਦੀ ਟੀਮ ਨੇ ਕਰੀਬ 31 ਕਿੱਲੋ ਹੈਰੋਇਨ ਦੇ ਨਾਲ ਗ੍ਰਿਫਤਾਰ ਕੀਤਾ ਸੀ। ਉਸਤੋਂ ਬਾਅਦ ਗੁਰਦੀਪ ਰਾਣੋ ਦੇ ਬਹੁ ਕਰੋੜੀ ਹੈਰੋਇਨ ਤਸਕਰੀ ਦਾ ਪਰਦਾਫਾਸ਼ ਹੋਇਆ ਸੀ। ਗੁਰਦੀਪ ਸਿੰਘ ਰਾਣੋ ਦੇ ਸਬੰਧ ਸਰਹੱਦ ਪਾਰ ਪਾਕਿਸਤਾਨ ਤੱਕ ਫੈਲੇ ਹੋਏ ਨਸ਼ਾ ਤਸਕਰੀ ਨੈੱਟਵਰਕ ਨਾਲ ਵੀ ਜੁੜੇ ਸੀ। ਇਸ ਮਾਮਲੇ ਵਿੱਚ ਪੁਲਿਸ ਅਤੇ ਹੋਰ ਜਾਂਚ ਏਜੰਸੀਆਂ ਵੱਲੋਂ ਪਹਿਲਾਂ ਵੀ ਕਈ ਵਾਰ ਵੱਡੀ ਮਾਤਰਾ ਵਿੱਚ ਨਸ਼ੇ ਦੀ ਬਰਾਮਦਗੀ ਕੀਤੀ ਗਈ ਸੀ।

ਮੰਗਲਵਾਰ ਨੂੰ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਦੇ ਅਧਿਕਾਰੀ ਭਾਰੀ ਪੁਲਿਸ ਬਲ ਦੇ ਸਾਥ ਨਾਲ ਗੁਰਦੀਪ ਸਿੰਘ ਰਾਣੋ ਦੀ ਆਲੀਸ਼ਾਨ ਕੋਠੀ ਵਿੱਚ ਪਹੁੰਚੇ ਅਤੇ ਘਰ ਦੀ ਚਾਰਦੀਵਾਰੀ ਸਮੇਤ ਪੂਰੀ ਜਾਇਦਾਦ ਦੀ ਮੌਕੇ 'ਤੇ ਮਿਣਤੀ ਕੀਤੀ। ਇਸ ਦੌਰਾਨ ਮੌਕੇ ਦੀ ਤਾਜ਼ਾ ਸਥਿਤੀ ਦੀਆਂ ਤਸਵੀਰਾਂ ਵੀ ਖਿੱਚੀਆਂ ਗਈਆਂ, ਜੋ ਉੱਚ ਅਧਿਕਾਰੀਆਂ ਨੂੰ ਅਗਲੀ ਕਾਰਵਾਈ ਲਈ ਭੇਜੀਆਂ ਜਾਣਗੀਆਂ। ਜੇ.ਈ. ਗਲਾਡਾ ਅਮਨਦੀਪ ਸਿੰਘ ਨੇ ਦੱਸਿਆ ਕਿ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੌਕੇ ਦੀ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮਕਾਨ ਦੀ ਉਸਾਰੀ ਤੋਂ ਪਹਿਲਾਂ ਗਲਾਡਾ ਤੋਂ ਨਕਸ਼ਾ ਪਾਸ ਨਹੀਂ ਕਰਵਾਇਆ ਗਿਆ ਅਤੇ ਬਿਨਾਂ ਮਨਜ਼ੂਰੀ ਇਹ ਕੋਠੀ ਗੈਰ ਕਾਨੂੰਨੀ ਢੰਗ ਨਾਲ ਤਿਆਰ ਕੀਤੀ ਗਈ ਹੈ।

ਉਨ੍ਹਾਂ ਹੋਰ ਦੱਸਿਆ ਕਿ ਇਸ ਕੋਠੀ ਨੂੰ ਢਾਹੁਣ ਤੋਂ ਰੋਕਣ ਲਈ ਪਰਿਵਾਰ



ਵੱਲੋਂ ਪਹਿਲਾਂ ਅਦਾਲਤ ਵਿੱਚ ਰਿੱਟ ਪਟੀਸ਼ਨ ਵੀ ਦਾਇਰ ਕੀਤੀ ਗਈ ਸੀ, ਜਿਸ ਨੂੰ 9 ਮਈ ਨੂੰ ਡਿਸਪੋਜ਼ ਆਫ ਕਰ ਦਿੱਤਾ ਗਿਆ ਸੀ। ਇਸ ਫੈਸਲੇ ਤੋਂ ਬਾਅਦ ਹੁਣ ਗਲਾਡਾ ਵੱਲੋਂ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕਰਨ ਦਾ ਰਾਹ ਸਾਫ ਹੋ ਗਿਆ ਹੈ। ਇਸ ਪੈਮਾਇਸ਼ ਦੌਰਾਨ ਡੀ.ਐਸ.ਪੀ (ਹੈਡਕੁਆਰਟਰ) ਖੰਨਾ ਪ੍ਰਿਤਪਾਲ ਸਿੰਘ ਸੰਧੂ, ਡੀ.ਐਸ.ਪੀ ਪਾਇਲ ਜਸਵਿੰਦਰ ਸਿੰਘ ਖਹਿਰਾ, ਐਸ.ਐਚ.ਓ ਪਾਇਲ ਤਰਵਿੰਦਰ ਕੁਮਾਰ ਬੇਦੀ, ਐਸ.ਐਚ.ਓ ਮਲੌਦ ਚਰਨਜੀਤ ਸਿੰਘ ਅਤੇ ਐਸ.ਐਚ.ਓ ਦੋਰਾਹਾ ਅਕਾਸ਼ ਦੱਤ ਸਮੇਤ ਵੱਡੀ ਗਿਣਤੀ ਵਿੱਚ ਪੁਲਿਸ ਕਰਮਚਾਰੀ ਮੌਜੂਦ ਰਹੇ। ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਲਈ ਕੋਠੀ ਦੇ ਚੱਪੇ-ਚੱਪੇ 'ਤੇ ਪੁਲਿਸ ਤਾਇਨਾਤ ਕੀਤੀ ਗਈ ਸੀ। ਪੁਲਿਸ ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਗੁਰਦੀਪ ਸਿੰਘ ਰਾਣੋ ਦੇ ਖਿਲਾਫ ਐਨ.ਡੀ.ਪੀ.ਐਸ ਐਕਟ ਸਮੇਤ ਹੋਰ ਸੰਗੀਨ ਧਾਰਾਵਾਂ ਹੇਠ ਕਰੀਬ 11 ਮਾਮਲੇ ਦਰਜ ਹਨ। ਨਸ਼ਿਆਂ ਦੀ ਵੱਡੀ ਮਾਤਰਾ ਵਿੱਚ ਬਰਾਮਦਗੀ ਤੋਂ ਬਾਅਦ ਉਹ ਪਿਛਲੇ ਕਰੀਬ ਪੰਜ ਸਾਲਾਂ ਦੌਰਾਨ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਰਿਹਾ ਹੈ।

ਪੁਲਿਸ ਨੇ ਇਹ ਵੀ ਖੁਲਾਸਾ ਕੀਤਾ ਕਿ ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਖੰਨਾ ਵਿੱਚ ਕਈ ਅਜਿਹੀਆਂ ਨਜਾਇਜ਼ ਉਸਾਰੀਆਂ ਨੂੰ ਢਾਹਿਆ ਜਾ ਚੁੱਕਾ ਹੈ ਜੋ ਨਸ਼ਾ ਤਸਕਰਾਂ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਬਣਾਈਆਂ ਗਈਆਂ ਸਨ। ਇਸ ਕਾਰਵਾਈ ਨਾਲ ਨਸ਼ਾ ਮਾਫੀਆ ਵਿੱਚ ਖਲਬਲੀ ਮਚੀ ਹੋਈ ਹੈ ਅਤੇ ਸਰਕਾਰ ਦੀ ਜ਼ੀਰੋ ਟਾਲਰੈਂਸ ਨੀਤੀ ਦਾ ਸਾਫ ਸੰਦੇਸ਼ ਜਾ ਰਿਹਾ ਹੈ। ਪੁਲਿਸ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਸੇਫ ਪੰਜਾਬ' ਐਪ ਜਾਂ ਹੈਲਪਲਾਈਨ ਨੰਬਰ 112 'ਤੇ ਨਸ਼ਾ ਤਸਕਰਾਂ ਬਾਰੇ ਗੁਪਤ ਸੂਚਨਾ ਦੇਣ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲੇ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਨਸ਼ਾ ਵਿਰੁੱਧ ਮੁਹਿੰਮ ਅਧੀਨ ਕਾਰਵਾਈਆਂ ਨਾਲ ਇਹ ਸੰਕੇਤ ਮਿਲ ਰਹੇ ਹਨ ਕਿ ਸੂਬਾ ਸਰਕਾਰ ਨਸ਼ਾ ਤਸਕਰੀ ਨੂੰ ਲੈ ਕੇ ਕੋਈ ਢਿੱਲ ਨਹੀਂ ਵਰਤੇਗੀ। ਗੁਰਦੀਪ ਸਿੰਘ ਰਾਣੋ ਦੀ ਕੋਠੀ 'ਤੇ ਹੋ ਸਕਣ ਵਾਲੀ ਬੁਲਡੋਜ਼ਰ ਕਾਰਵਾਈ ਹੁਣ ਇਸ ਮੁਹਿੰਮ ਦਾ ਅਗਲਾ ਵੱਡਾ ਕਦਮ ਮੰਨੀ ਜਾ ਰਹੀ ਹੈ, ਜਿਸ 'ਤੇ ਸਾਰੇ ਸੂਬੇ ਦੀ ਨਿਗਾਹ ਟਿਕੀ ਹੋਈ ਹੈ।

# ਭਾਰਤੀ ਕਿਸਾਨ ਯੂਨੀਅਨ ਚੜੂਨੀ ਇਸਤਰੀ ਵਿੰਗ ਦੀ ਪ੍ਰੀਤੀ ਅਰੋੜਾ ਬਣੀ ਜ਼ਿਲ੍ਹਾ ਪ੍ਰਧਾਨ



ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਰਤੀ ਕਿਸਾਨ ਯੂਨੀਅਨ ਚੜੂਨੀ ਨੇ ਗੁਰਪ੍ਰੀਤ ਕੌਰ (ਪ੍ਰੀਤੀ ਅਰੋੜਾ) ਨੂੰ ਲੁਧਿਆਣਾ ਸ਼ਹਿਰੀ ਦਾ ਇਸਤਰੀ ਵਿੰਗ ਦਾ ਪ੍ਰਧਾਨ ਲਗਾਇਆ ਗਿਆ ਹੈ ।ਇਸ ਮੌਕੇ ਪ੍ਰੀਤੀ ਅਰੋੜਾ ਨੂੰ ਯੂਨੀਅਨ ਦੇ ਪੰਜਾਬ ਦੇ ਜਨਰਲ ਸਕੱਤਰ ਜਗਜੀਤ ਸਿੰਘ ਅਰੋੜਾ, ਜੱਥੇਦਾਰ ਰੋਸ਼ਨ ਸਿੰਘ ਸਾਗਰ, ਕੈਪਟਨ ਕੁਲਵੰਤ ਸਿੰਘ, ਲੁਧਿਆਣਾ ਦੇ ਸੁਖਦੇਵ ਸਿੰਘ ਕਨੀਜ਼ਾਂ ਅਤੇ ਕੈਪਟਨ ਮਲਕੀਤ ਸਿੰਘ ਵਾਲੀਆ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੀਮਤੀ ਪ੍ਰੀਤੀ ਨੇ ਕਿਹਾ ਕਿ 23 ਮਾਰਚ ਨੂੰ ਹਰਿਆਣਾ ਦੇ ਪਿੱਪਲੀ ਵਿਖੇ ਹੋਣ ਵਾਲੀ ਕਿਸਾਨ ਮਜ਼ਦੂਰ ਜਨਕ੍ਰਾਂਤੀ ਰੈਲੀ ਵਿਚ ਉਹ ਵੱਧ ਤੋਂ ਵੱਧ ਇਸਤਰੀ ਵਿੰਗ ਦੀਆਂ ਬੀਬੀਆਂ ਨੂੰ ਲੈ ਕੇ ਸ਼ਾਮਲ ਹੋਣਗੇ।ਇਸ ਮੌਕੇ ਇਸ਼ਪ੍ਰੀਤ ਸਿੰਘ, ਨਿਹਾਰਿਕਾ ਅਰੋੜਾ, ਸਿਮਰਜੀਤ ਕੌਰ ਅਤੇ ਅਮਨ ਥਿੰਦ ਆਦਿ ਵੀ ਹਾਜ਼ਰ ਸਨ।

# ਬਾਬਾ ਕੁੰਦਨ ਸਿੰਘ ਅਤੇ ਬਾਬਾ ਭਜਨ ਸਿੰਘ ਦੀ ਮਿੱਠੀ ਯਾਦ ਵਿੱਚ ਖ਼ੂਨਦਾਨ ਕੈਂਪ ਲਗਾਇਆ

## ਮਰੀਜ਼ਾਂ ਲਈ ਖ਼ੂਨਦਾਨ ਕਰਕੇ ਜ਼ਿੰਦਗੀਆਂ ਬਚਾਉਣ ਵਾਲੇ ਮਹਾਂਦਾਨੀ : ਭਾਈ ਗੁਰਇਕਬਾਲ ਸਿੰਘ



ਲੁਧਿਆਣਾ, 17 ਮਾਰਚ, (ਕਰਨੈਲ ਸਿੰਘ ਐੱਮ.ਏ.): ਸੰਤ ਬਾਬਾ ਕੁੰਦਨ ਸਿੰਘ ਜੀ ਅਤੇ ਸੰਤ ਬਾਬਾ ਭਜਨ ਸਿੰਘ (ਵੱਡੇ) ਨਾਨਕਸਰ ਕਲੇਰਾਂ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਠਾਠ ਬਾਬਾ ਕੁੰਦਨ ਸਿੰਘ ਜੀ ਧਾਮ ਹਰੀਕੇ ਪੱਤਨ ਜਲ ਪ੍ਰਵਾਹ ਅਸਥਾਨ ਵਿਖੇ ਬਾਬਾ ਹਰੀ ਸਿੰਘ ਨਾਨਕਸਰ ਕਲੇਰਾਂ ਦੀ ਪ੍ਰੇਰਨਾ ਸਦਕਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਵੱਲੋਂ ਕੋਰ ਕਮੇਟੀ ਮੈਂਬਰ ਸਿੱਖ ਪ੍ਰਚਾਰਕ ਭਾਈ ਹਰਪਾਲ ਸਿੰਘ ਮਖੂ ਦੀ ਦੇਖ-ਰੇਖ ਹੇਠ 876ਵਾਂ ਮਹਾਨ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ 'ਤੇ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਗੁਰਇਕਬਾਲ ਸਿੰਘ ਜੀ ਨੇ ਕਿਹਾ ਕਿ ਖ਼ੂਨਦਾਨ ਵਰਗੇ ਪਰਉਪਕਾਰ ਨਾਲ ਦੁੱਖਾਂ ਦਾ ਨਾਸ਼ ਹੁੰਦਾ ਹੈ ਅਤੇ ਸੁੱਖਾਂ ਦਾ ਪ੍ਰਵੇਸ਼ ਹੁੰਦਾ ਹੈ । ਮਰੀਜ਼ਾਂ ਲਈ ਖ਼ੂਨਦਾਨ ਕਰਕੇ ਜ਼ਿੰਦਗੀਆਂ ਬਚਾਉਣ ਵਾਲੇ ਮਹਾਂਦਾਨੀ ਹਨ। ਇਸ ਮੌਕੇ 'ਤੇ ਭਾਈ ਗੁਰਇਕਬਾਲ ਸਿੰਘ, ਬਾਬਾ ਸੁਰਜੀਤ ਸਿੰਘ, ਬਾਬਾ ਸ਼ਿੰਦਾ ਸਿੰਘ ਭਿੱਖੀਵਿੰਡੀਏ, ਬਾਬਾ ਦਿਲਬਾਗ ਸਿੰਘ, ਬਾਬਾ ਚਮਕੌਰ ਸਿੰਘ, ਸ੍ਰ.ਹਰਚਰਨ ਸਿੰਘ ਗੋਹਵੜੀਆ ਨੇ ਸਿੱਖ ਪ੍ਰਚਾਰਕ ਭਾਈ ਹਰਪਾਲ ਸਿੰਘ ਮਖੂ, ਗੁਰਸੇਵਕ ਸਿੰਘ ਮਹਰੋ ਵਾਲੇ ਸਮੇਤ ਖ਼ੂਨਦਾਨੀ ਸੱਜਣਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਦਿੱਤਾ ਜਾਵੇਗਾ। ਇਸ ਮੌਕੇ ਸੁਖ ਸਾਗਰ (ਚੈ) ਟ੍ਰਸਟ ਵੱਲੋਂ ਡਾ: ਬਲਵਿੰਦਰ ਸਿੰਘ ਨੇ ਜਰਨਲ ਮੈਡੀਕਲ ਕੈਂਪ ਦੌਰਾਨ 150 ਮਰੀਜ਼ਾਂ ਦੀ ਜਾਂਚ ਅਤੇ ਮੁਫ਼ਤ ਦਵਾਈਆਂ ਵੰਡੀਆਂ। ਇਸ ਮੌਕੇ ਤੇ ਅਮਨਪ੍ਰੀਤ ਸਿੰਘ ਗੋਹਵੜੀਆ, ਗੁਰਿੰਦਰ ਸਿੰਘ ਸੰਧੂ ਕੀਰਤੋਵਾਲ, ਬਲਦੇਵ ਸਿੰਘ ਸੰਧੂ, ਪ੍ਰੋ: ਬਲਜਿੰਦਰ ਸਿੰਘ, ਬਲਦੇਵ ਸਿੰਘ ਭੁੱਲਰ, ਭਗਵੰਤ ਸਿੰਘ, ਕਾਰਜ ਸਿੰਘ, ਜਸਵਿੰਦਰ ਸਿੰਘ ਸੋਨੂੰ, ਗੁਰਦੀਪ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

# ਗਲਾਡਾ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਨਿਯਮਾਂ ਨੂੰ ਛਿੱਕੇ ਟੰਗ ਹੋ ਰਹੀਆਂ ਨਾਜਾਇਜ਼ ਉਸਾਰੀਆਂ



ਸਾਹਨੇਵਾਲ, ਕੁਹਾੜਾ, 17 ਮਾਰਚ (ਕੁਲਦੀਪ ਸਿੰਘ ਕੁਹਾੜਾ) : ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਨਾਲ ਲਗਦੇ ਪਿੰਡਾਂ ਦੀਆਂ ਜ਼ਮੀਨਾਂ ਵਿੱਚ ਕੱਟੀਆਂ ਨਜਾਇਜ਼ ਕਲੋਨੀਆਂ ਵਿੱਚ ਫੈਕਟਰੀਆਂ ਦੀਆਂ ਉਸਾਰੀਆਂ ਗਲਾਡਾ ਦੇ ਨਿਯਮਾਂ ਨੂੰ ਛਿੱਕੇ ਟੰਗਕੇ ਕੀਤੀਆਂ ਜਾ ਰਹੀਆਂ ਹਨ। ਇਸ ਸਾਰੇ ਮਾਮਲੇ ਵਿੱਚ ਗਲਾਡਾ ਦੇ ਕੁਝ ਅਧਿਕਾਰੀਆਂ ਦੀ ਕਥਿਤ ਮਿਲੀਭੁਗਤ ਦੇ ਦੋਸ਼ ਲੋਕਾਂ ਵੱਲੋਂ ਲਗਾਏ ਜਾ ਰਹੇ ਹਨ, ਜਿਸ ਕਾਰਨ ਸਰਕਾਰੀ ਨਿਯਮਾਂ ਦੀਆਂ ਖੁੱਲ੍ਹੀਆਂ ਧੱਜੀਆਂ ਉੱਡਦੀਆਂ ਨਜ਼ਰ ਆ ਰਹੀਆਂ ਹਨ।

ਸੂਤਰਾਂ ਮੁਤਾਬਕ ਕਈ ਥਾਵਾਂ 'ਤੇ ਬਿਨਾਂ ਮਨਜ਼ੂਰੀ ਫੈਕਟਰੀਆਂ ਦੀਆਂ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਸੰਬੰਧਤ ਵਿਭਾਗਾਂ ਵੱਲੋਂ ਇਹਨਾ ਖਿਲਾਫ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਗਈ। ਨਿਯਮਾਂ ਦੀ ਉਲੰਘਣਾ ਕਰਕੇ ਹੋ ਰਹੀਆਂ ਇਹ ਨਾਜਾਇਜ਼ ਉਸਾਰੀਆਂ ਨਾ ਸਿਰਫ ਕਾਨੂੰਨੀ ਪ੍ਰਕਿਰਿਆ ਨੂੰ ਠੇਸ ਪਹੁੰਚਾ ਰਹੀਆਂ ਹਨ , ਸਗੋਂ ਇਸ ਨਾਲ ਸਰਕਾਰੀ ਖਜਾਨੇ ਨੂੰ ਵੀ ਕਰੋੜਾ ਰੁਪਏ ਦਾ ਚੂਨਾ ਲੱਗਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

ਜਾਣਕਾਰਾਂ ਦੇ ਮੁਤਾਬਕ ਜੇਕਰ ਇਹ ਫੈਕਟਰੀਆਂ ਨਿਯਮਾਂ ਅਨੁਸਾਰ ਮਨਜ਼ੂਰੀ ਲੈ ਕੇ ਬਣਦੀਆਂ ਤਾਂ ਸਰਕਾਰ ਨੂੰ ਫੀਸਾਂ ਅਤੇ ਹੋਰ ਚਾਰਜਾਂ ਦੇ ਰੂਪ ਵਿੱਚ ਵੱਡੀ ਆਮਦਨ ਹੋ ਸਕਦੀ ਸੀ, ਪਰ ਬਿਨਾਂ ਮਨਜ਼ੂਰੀ ਹੋ ਰਹੀਆਂ ਉਸਾਰੀਆਂ ਕਾਰਨ ਇਹ ਸਾਰਾ ਰਿਵੈਨਿਊ ਹੱਥੋਂ ਨਿਕਲਦਾ ਜਾ ਰਿਹਾ ਹੈ।

ਇਲਾਕੇ ਦੇ ਲੋਕਾਂ ਨੇ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕਰਦਿਆਂ ਕਿਹਾ ਹੈ ਕਿ ਅਣਅਧਿਕਾਰਤ ਤਰੀਕੇ ਨਾਲ ਬਣ ਰਹੀਆਂ ਫੈਕਟਰੀਆਂ ਅਤੇ ਇਸ ਵਿੱਚ ਸ਼ਾਮਲ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਜਦੋਂ ਉਸਾਰੀਆਂ ਕਰਵਾਉਣ ਵਾਲੇ ਸੀ ਸਚਿਨ ਅਤੇ ਆਸ਼ੂ ਬਾਂਸਲ ਨਾਲ ਜਦੋਂ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਨਕਸ਼ਾ ਪਾਸ ਕਰਵਾਇਆ ਹੋਇਆ ਹੈ ਅਤੇ ਸਮੇਂ ਸਮੇਂ ਸਿਰ ਗਲਾਡਾ ਦੇ ਅਧਿਕਾਰੀ ਆ ਕੇ ਚੈੱਕ ਕਰਕੇ ਜਾਂਦੇ ਹਨ। ਅਸੀਂ ਜੋ ਵੀ ਉਸਾਰੀ ਦਾ ਕੰਮ ਕਰ ਰਹੇ ਹਾਂ ਉਹ ਕਾਨੂੰਨ ਅਨੁਸਾਰ ਹੀ ਕਰ ਰਹੇ ਹਾਂ ।

ਕੀ ਕਹਿਣਾ ਗਲਾਡਾ ਅਧਿਕਾਰੀ ਦਾ- ਜਦੋਂ ਇਸ ਸਬੰਧੀ ਗਲਾਡਾ ਦੇ ਉੱਚ ਅਧਿਕਾਰੀ ਪ੍ਰਦੀਪ ਕੁਮਾਰ ਨਾਲ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਜੋ ਗੈਰ ਕਾਨੂੰਨੀ ਢੰਗ ਨਾਲ ਬਿਨਾਂ ਮਨਜ਼ੂਰੀ ਤੋਂ ਅਤੇ ਬਿਨਾਂ ਨਕਸ਼ਾ ਪਾਸ ਕਰਵਾਏ ਉਸਾਰੀ ਕਰ ਰਿਹਾ ਹੈ, ਉਸ ਖਿਲਾਫ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਹੁਣ ਦੇਖਣਾ ਇਹ ਹੈ ਕਿ ਗਲਾਡਾ ਅਧਿਕਾਰੀ ਇਨ੍ਹਾਂ ਨਾਜਾਇਜ਼ ਤੌਰ 'ਤੇ ਹੋ ਰਹੀਆਂ ਉਸਾਰੀਆਂ ਖਿਲਾਫ ਕੋਈ ਕਾਰਵਾਈ ਕਰੇਗਾ ਜਾਂ ਫਿਰ ਨੋਟਿਸ ਜਾਰੀ ਕਰਕੇ ਖਾਨਾਪੂਰਤੀ ਕਰੇਗਾ, ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

# ਗੁਰਮਤਿ ਸਮਾਗਮ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਦੇ ਹਨ : ਲਾਇਲਪੁਰੀ



ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਕ ਵਿਖੇ ਜੱਪ-ਤੱਪ ਚੌਪਹਿਰਾ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ । ਸਮਾਗਮ ਦੌਰਾਨ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ। ਇਸ ਤੋਂ ਇਲਾਵਾ ਸੰਗਤਾਂ ਵੱਲੋਂ ਸਤਿਨਾਮ-ਵਾਹਿਗੁਰੂ ਜੀ ਦੇ ਜਾਪ ਕਰਕੇ ਆਤਮਕ ਸ਼ਾਂਤੀ ਦਾ ਅਨੁਭਵ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਕਿਹਾ ਕਿ ਅਜਿਹੇ ਗੁਰਮਤਿ ਸਮਾਗਮ ਸਾਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਦੇ ਹਨ ਅਤੇ ਸਾਡੀ ਜ਼ਿੰਦਗੀ ਨੂੰ ਸਹੀ ਦਿਸ਼ਾ ਦਿੰਦੇ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਨਿੱਤਨੇਮ ਅਤੇ ਗੁਰਬਾਣੀ ਨਾਲ ਜੁੜ ਕੇ ਆਪਣਾ ਜੀਵਨ ਸੁਖਮਈ ਬਣਾਉਣ।ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਵਿੰਦਰ ਕੌਰ ਸੋਹਲ, ਹਰਭਜਨ ਕੌਰ, ਹਰਮਿੰਦਰ ਕੌਰ, ਪਰਵਿੰਦਰ ਕੌਰ ਲਾਇਲਪੁਰੀ, ਅਮਰਜੀਤ ਕੌਰ, ਬਲਜੀਤ ਕੌਰ, ਅਨੂਪ ਕੌਰ, ਰਣਜੀਤ ਕੌਰ, ਮਨਜੀਤ ਕੌਰ ਬੱਬਲ, ਕੁਲਵੰਤ ਕੌਰ ਡੰਗ, ਪਰਮਜੀਤ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰ ਕੌਰ, ਸੁਖਵਿੰਦਰ ਕੌਰ, ਗੁਰਿੰਦਰ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਲਵਦੀਪ ਕੌਰ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਗਿੱਲ ਐਨਆਰਆਈ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਤੇਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਮੋਹਨ ਸਿੰਘ ਚੌਹਾਨ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ , ਸੁਰਿੰਦਰ ਸਿੰਘ. ਨਾਰੰਗ ਵੀ ਗੁਰੂ ਘਰ ਨਤਮਸਤਕ ਹੋਏ।

# ਡੀ.ਜੀ.ਪੀ ਨੇ ਨਸ਼ਿਆਂ ਦੇ ਹਾਟਸਪਾਟ ਤੋਂ ਬਾਹਰ ਕੱਢਣ ਦੇ ਉਪਰਾਲਿਆਂ ਲਈ ਐਸ.ਡੀ.ਐਮ. ਸਵਾਤੀ ਨੂੰ ਦਿੱਤਾ ਪ੍ਰਸ਼ੰਸਾ ਪੱਤਰ



ਲੁਧਿਆਣਾ, 17 ਮਾਰਚ (ਵਿਸ਼ਾਲ ਸ਼ਰਮਾ): ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ) ਪੰਜਾਬ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਨੇ ਉਪ ਮੰਡਲ ਮੈਜਿਸਟ੍ਰੇਟ (ਐਸ.ਡੀ.ਐਮ) ਖੰਨਾ ਸ੍ਰੀਮਤੀ ਸਵਾਤੀ ਟਿਵਾਣਾ ਪੀ.ਸੀ.ਐਸ ਨੂੰ ਨਸ਼ਿਆਂ ਦੇ ਬਣੇ ਹੌਟਸਪੌਟ ਮੀਟ ਮਾਰਕੀਟ ਖੰਨਾ ਨੂੰ ਤੋੜਨ ਅਤੇ ਨਸ਼ਿਆਂ ਦਾ ਸਫਾਇਆ ਕਰਨ ਲਈ ਅਤੇ ਇਸ ਹੌਟਸਪੌਟ ਏਰੀਆ ਨੂੰ ਗੋਦ ਲੈ ਕੇ ਇਸ ਏਰੀਆ ਦੇ ਗਰੀਬ ਪਰਿਵਾਰਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਇਹਨਾਂ ਪਰਿਵਾਰਾਂ ਦੇ ਬੱਚਿਆਂ ਨੂੰ ਮਿਆਰੀ/ਉੱਚ ਸਿੱਖਿਆ ਦਿਵਾਉਣ ਲਈ ਸਕੂਲਾਂ ਵਿੱਚ ਦਾਖਲਾ ਕਰਵਾਉਣ ਅਤੇ ਬੇਰੁਜ਼ਗਾਰ ਵਿਅਕਤੀਆਂ/ਔਰਤਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਸ਼ਲਾਘਾਯੋਗ ਉਪਰਾਲੇ ਲਈ ਪ੍ਰਸ਼ੰਸਾ ਪੱਤਰ ਦਿੱਤਾ ਗਿਆ ਹੈ। ਡੀ.ਜੀ.ਪੀ ਗੌਰਵ ਯਾਦਵ ਨੇ ਐਸ.ਡੀ.ਐਮ ਸਵਾਤੀ ਟਿਵਾਣਾ ਨੂੰ ਦਿੱਤੇ ਪ੍ਰਸ਼ੰਸਾ ਪੱਤਰ ਵਿੱਚ ਸ਼ਲਾਘਾ ਕਰਦਿਆਂ ਲਿਖਿਆ ਹੈ ਕਿ ਆਪ ਵੱਲੋਂ ਪੁਲਿਸ ਅਤੇ ਸਿਵਲ ਪ੍ਰਸ਼ਾਸ਼ਨ ਦੀ ਆਪਸੀ ਤਾਲਮੇਲ ਕਰਕੇ ਬੜੀ ਮਿਹਨਤ ਅਤੇ ਲਗਨ ਨਾਲ ਅਹਿਮ ਭੂਮਿਕਾ ਨਿਭਾਉਂਦੇ ਹੋਏ ਨਸ਼ਿਆਂ ਦੇ ਬਣੇ ਹੌਟਸਪੌਟ ਨੂੰ ਤੋੜਨ ਅਤੇ ਨਸ਼ਿਆਂ ਦਾ ਸਫਾਇਆ (ਖਤਮ) ਕਰਨ ਲਈ ਹੌਟਸਪੌਟ ਏਰੀਆ ਮੀਟ ਮਾਰਕੀਟ ਖੰਨਾ ਨੂੰ ਗੋਦ ਲੈ ਕੇ ਇਸ ਏਰੀਆ ਦੇ ਗਰੀਬ ਪਰਿਵਾਰਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਇਹਨਾਂ ਪਰਿਵਾਰਾਂ ਦੇ ਬੱਚਿਆਂ ਨੂੰ ਮਿਆਰੀ/ਉੱਚ ਸਿੱਖਿਆ ਦਿਵਾਉਣ ਲਈ ਸਕੂਲਾਂ ਵਿੱਚ ਦਾਖਲਾ ਕਰਵਾਉਣ ਅਤੇ ਬੇਰੁਜ਼ਗਾਰ ਵਿਅਕਤੀਆਂ/ਔਰਤਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਵਿੱਚ ਸ਼ਲਾਘਾਯੋਗ ਉਪਰਾਲੇ ਕੀਤੇ ਗਏ ਹਨ। ਡੀ.ਜੀ.ਪੀ ਗੌਰਵ ਯਾਦਵ ਨੇ ਪ੍ਰਸ਼ੰਸਾ ਪੱਤਰ ਵਿੱਚ ਐਸ.ਡੀ.ਐਮ ਸਵਾਤੀ ਟਿਵਾਣਾ ਨੂੰ ਅੱਗੇ ਕਿਹਾ ਹੈ ਕਿ ਇਸ ਤੋਂ ਇਲਾਵਾ ਆਪ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹਰ ਪੱਖ ਤੋਂ ਪੁਲਿਸ ਪ੍ਰਸ਼ਾਸ਼ਨ ਦਾ ਸਹਿਯੋਗ ਕਰਕੇ ਇਸ ਮੁਹਿੰਮ ਨੂੰ ਸਫਲ ਬਣਾਇਆ ਹੈ। ਉਨ੍ਹਾਂ ਐਸ.ਡੀ.ਐਮ ਖੰਨਾ ਨੂੰ ਕਿਹਾ ਮੈਂ ਆਪ ਵੱਲੋਂ ਕੀਤੇ ਕੰਮਾਂ ਦੀ ਸਰਾਹਣਾ ਕਰਦਾ ਹਾਂ। ਇਹ ਪ੍ਰਸ਼ੰਸਾ ਪੱਤਰ ਤੁਹਾਨੂੰ ਦੇਣ ਸਮੇਂ ਖੁਸ਼ੀ ਅਨੁਭਵ ਕਰਦਾ ਹਾਂ ਅਤੇ ਆਸ ਕਰਦਾ ਹਾਂ ਕਿ ਭਵਿੱਖ ਵਿੱਚ ਵੀ ਆਪ ਆਪਣੀ ਡਿਊਟੀ ਇਸੇ ਤਰਾਂ ਲਗਨ ਅਤੇ ਤਨਦੇਹੀ ਨਾਲ ਨਿਭਾਓਗੇ। ਐਸ.ਡੀ.ਐਮ ਖੰਨਾ ਸਵਾਤੀ ਟਿਵਾਣਾ ਨੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਸ੍ਰੀ ਗੌਰਵ ਯਾਦਵ ਦਾ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਸਬ ਡਿਵੀਜ਼ਨ ਖੰਨਾ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਲੋਕ ਜਾਗਰੂਕਤਾ ਫੈਲਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਉਣ ਅਤੇ ਲੋਕਾਂ ਦੀ ਭਲਾਈ ਲਈ ਪੁਲਿਸ ਪ੍ਰਸ਼ਾਸਨ ਨਾਲ ਮਿਲ ਕੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦੇ ਰਹਿਣਗੇ ਤਾਂ ਜੋ ਲੋਕਾਂ ਦਾ ਜੀਵਨ ਪੱਧਰ ਉੱਚਾ ਚੱਕਿਆ ਜਾ ਸਕੇ।

# ਸਪਰਿੰਗ ਡੇਲ ਸਕੂਲ ਦੇ ਚੇਅਰਪਰਸਨ ਵਾਲੀਆ 'ਸ਼ੀ ਕਨੈਕਟਸ ਵੈਬਸਾਈਟ' ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਨਮਾਨਤ




ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ) : ਸਪਰਿੰਗ ਡੇਲ ਪਬਲਿਕ ਸਕੂਲ ਨੂੰ ਇਹ ਐਲਾਨ ਕਰਦੇ ਹੋਏ ਬਹੁਤ ਖ਼ੁਸ਼ੀ ਮਹਿਸੂਸ ਹੋ ਰਹੀ ਹੈ ਕਿ ਸਕੂਲ ਦੀ ਮਾਣਯੋਗ ਚੇਅਰਪਰਸਨ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ ਜੀ ਨੂੰ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਦੀ ਉਦਯੋਗਿਕ ਸਮਰੱਥਾ ਨੂੰ ਨਿਖਾਰਨ ਲਈ ਕੰਮ ਕਰਨ ਵਾਲ਼ੀ ਸੰਸਥਾ 'ਸ਼ੀ ਕਨੈਕਟਸ' ਦੀ ਅਧਿਕਾਰਕ ਵੈਬਸਾਈਟ ਦੇ ਉਦਘਾਟਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਵਿਸ਼ੇਸ਼ ਮੌਕੇ 'ਤੇ ਸ਼੍ਰੀਮਤੀ ਵਾਲੀਆ ਨੇ ਰਸਮੀ ਤੌਰ 'ਤੇ ਬਟਨ ਦਬਾ ਕੇ ਵੈਬਸਾਈਟ ਦਾ ਉਦਘਾਟਨ ਕੀਤਾ, ਜਿਸ ਨਾਲ਼ ਉਭਰ ਰਹੀਆਂ ਮਹਿਲਾ ਉਦਯੋਗਪਤੀਆਂ ਲਈ ਇੱਕ ਨਵੇਂ ਡਿਜ਼ਿਟਲ ਮੰਚ ਦੀ ਸ਼ੁਰੂਆਤ ਹੋਈ। ਇਸ ਸਮਾਗਮ ਨੂੰ ਸ਼੍ਰੀਮਤੀ ਰਜਨੀ ਬੈਕਟਰ ਅਤੇ ਲੁਧਿਆਣਾ ਦੇ ਮੇਅਰ ਇੰਦਰਜੀਤ ਕੌਰ ਅਤੇ 'ਸ਼ੀ ਕਨੈਕਟਸ' ਦੇ ਪ੍ਰਤਿਨਿਧੀਆਂ ਦੀ ਹਾਜ਼ਰੀ ਨੇ ਮਹੱਤਵਪੂਰਨ ਬਣਾ ਦਿੱਤਾ।ਸਿੱਖਿਆ ਦੇ ਖ਼ੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਕੀਤੀਆਂ ਲਗਾਤਾਰ ਕੋਸ਼ਿਸ਼ਾਂ ਦੇ ਮੱਦੇਨਜ਼ਰ ਸ਼੍ਰੀਮਤੀ ਵਾਲੀਆ ਨੂੰ ਸਮਾਰੋਹ ਦੌਰਾਨ ਸਨਮਾਨ ਚਿੰਨ੍ਹ ਨਾਲ਼ ਸਨਮਾਨਿਤ ਕੀਤਾ ਗਿਆ।

ਇਸ ਮੌਕੇ 'ਤੇ ਸੰਬੋਧਨ ਕਰਦੇ ਹੋਏ ਸ਼੍ਰੀਮਤੀ ਵਾਲੀਆ ਨੇ ਸਮਾਜ ਦੇ ਨਿਰਮਾਣ ਵਿੱਚ ਮਹਿਲਾਵਾਂ ਦੀ ਅਹਿਮ ਭੂਮਿਕਾ 'ਤੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ,ਜਦੋਂ ਮਹਿਲਾਵਾਂ ਨੂੰ ਸਹੀ ਮੌਕੇ ਅਤੇ ਹੌਸਲਾ ਅਫ਼ਜ਼ਾਈ ਮਿਲਦੀ ਹੈ, ਤਾਂ ਉਹ ਨਾ ਸਿਰਫ਼ ਆਪਣੀ ਜ਼ਿੰਦਗੀ ਬਦਲਦੀਆਂ ਹਨ, ਸਗੋਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਦੀ ਪ੍ਰੇਰਕ ਵੀ ਬਣਦੀਆਂ ਹਨ। ਸਕੂਲ ਦੇ ਡਾਇਰੈਕਟਰਜ਼ ਮਨਦੀਪ ਵਾਲੀਆ, ਕਮਲਪ੍ਰੀਤ ਕੌਰ, ਡਿਪਟੀ- ਡਾਇਰੈਕਟਰ ਸੋਨੀਆ ਵਰਮਾ, ਪ੍ਰਿੰਸੀਪਲ ਅਨਿਲ ਸ਼ਰਮਾ ਅਤੇ ਸਟਾਫ਼ ਨੇ ਮਾਣਯੋਗ ਚੇਅਰਪਰਸਨ ਦੀ ਇਸ ਉਪਲੱਬਧੀ 'ਤੇ ਉਨ੍ਹਾਂ ਨੂੰ ਇਸ ਸਨਮਾਨ ਲਈ ਵਧਾਈ ਵੀ ਦਿੱਤੀ।

# ਵਿਧਾਨ ਸਭਾ ਵਿੱਚ ਬਾਜਵਾ ਦੇ ਪੰਜਾਬੀਆਂ ਦੀਆਂ ਹੱਕੀ ਮੰਗਾਂ ਲਈ ਲਏ ਸਟੈਂਡ ਦੀ ਸਰਾਹਨਾ



ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ) : ਪੰਜਾਬ ਵਿਧਾਨ ਸਭਾ ਸੈਸ਼ਨ ਦੇ ਅਖੀਰਲੇ ਦਿਨ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਗ੍ਰਹਿ ਪਹੁੰਚੇ ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ, ਵਿਧਾਇਕ ਕੁਲਦੀਪ ਸਿੰਘ ਢਿੱਲੋਂ ਬਰਨਾਲਾ, ਵਿਧਾਇਕ ਬਿਕਰਮਜੀਤ ਸਿੰਘ ਚੌਧਰੀ ਫਿਲੌਰ, ਕਮਲ ਧਾਲੀਵਾਲ, ਸੀਨੀਅਰ ਨੇਤਾ ਪਰਮਜੀਤ ਘਵੱਦੀ ਨੇ ਮਿਲ ਕੇ ਸ. ਬਾਜਵਾ ਵੱਲੋਂ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਪੰਜਾਬ ਦੀਆਂ ਹੱਕੀ ਮੰਗਾਂ ਲਈ ਲਏ ਸਟੈਂਡ ਦੀ ਭਰਪੂਰ ਸਰਾਹਨਾ ਕੀਤੀ ਅਤੇ 'ਆਪ' ਸਰਕਾਰ ਦੇ ਨੇਤਾਵਾਂ ਦੇ ਝੂਠ ਦਾ ਪਰਦਾਫਾਸ਼ ਕਰਕੇ ਪੰਜਾਬ ਦੇ ਦੂਰਅੰਦੇਸ਼ ਸੋਚ ਦੇ ਮਾਲਕ ਲੋਕਾਂ ਸਾਹਮਣੇ ਸੱਚਾਈ, ਨਿਡਰਤਾ ਅਤੇ ਦਲੇਰੀ ਨਾਲ ਦਲੀਲਾਂ ਦੇ ਕੇ ਪੇਸ਼ ਕੀਤੀਆਂ, ਜਿਸ 'ਤੇ ਸਭ ਕਾਂਗਰਸੀ ਨੇਤਾਵਾਂ ਨੇ ਵਧਾਈ ਦਿੱਤੀ। ਇਸ ਸਮੇਂ ਬਾਜਵਾ ਨੇ ਕਿਹਾ ਕਿ 'ਆਪ' ਸਰਕਾਰ ਦੇ ਝੂਠੇ ਵਾਅਦਿਆਂ ਲਾਰਿਆਂ, ਐਲਾਨਾਂ ਦੀ ਪੋਲ ਪੰਜਾਬ ਦੇ ਲੋਕਾਂ ਸਾਹਮਣੇ ਖੁੱਲ੍ਹ ਗਈ ਹੈ। ਉਹਨਾਂ ਕਿਹਾ ਕਿ ਜੋ ਨੇਤਾ ਬਹਿਬਲ ਕਲਾਂ ਦੀ ਘਟਨਾ ਦਾ ਇਨਸਾਫ ਸਰਕਾਰ ਬਣਨ ਤੋਂ ਕੁਝ ਦਿਨਾਂ ਵਿੱਚ ਦੇਣ ਦੀ ਗੱਲ ਕਰਦੇ ਸਨ, ਉਹ ਚਾਰ ਸਾਲ ਵਿੱਚ ਕੁਝ ਨਹੀਂ ਕਰ ਸਕੇ। ਇਹਨਾਂ ਤੋਂ ਹੋਰ ਕੀ ਆਸ ਰੱਖੀ ਜਾ ਸਕਦੀ ਹੈ।ਇਸ ਸਮੇਂ ਸ੍ਰੀ ਬਾਜਵਾ ਨੇ ਉਨ੍ਹਾਂ ਨੂੰ ਅਤੇ ਸੁਖਪਾਲ ਸਿੰਘ ਖਹਿਰਾ ਨੂੰ ਆਪਣੇ ਦੋਹਤਰੇ ਦੇ ਵਿਆਹ ਸਮਾਗਮ 'ਤੇ ਲੁਧਿਆਣਾ ਆਉਣ ਦਾ ਸੱਦਾ ਦਿੱਤਾ।

# '23 ਮਾਰਚ ਦੇ ਸ਼ਹੀਦ ਅਤੇ ਅੱਜ ਦੇ ਹਾਲਾਤ' ਵਿਸ਼ੇ 'ਤੇ ਸੈਮੀਨਾਰ 27 ਨੂੰ



ਲੁਧਿਆਣਾ, 17 ਮਾਰਚ (ਰਵਿੰਦਰ ਸਿੰਘ ਨਿੱਝਰ) : ਲੁਧਿਆਣਾ ਦੀਆਂ ਜਨਤਕ ਜਮਹੂਰੀ ਜੱਥੇਬੰਦੀਆਂ ਦੀ ਸਾਂਝੀ ਮੀਟਿੰਗ ਵਿੱਚ ਮਹਿਸੂਸ ਕੀਤਾ ਗਿਆ, ਕਿ 23 ਮਾਰਚ ਦੇ ਸ਼ਹੀਦਾਂ ਦੇ ਵਿਚਾਰਾਂ ਨੂੰ ਅੱਜ ਦੀ ਸਮਾਜਕ ਹਾਲਤ ਅਨੁਸਾਰ ਸਮਝਣਾ ਬੇਹੱਦ ਜ਼ਰੂਰੀ ਹੈ। ਇਸ ਲਈ ਫੈਸਲਾ ਲਿਆ ਗਿਆ ਕਿ ਇਸ ਨੂੰ ਆਮ ਲੋਕਾਂ ਦੀ ਸਮਝ ਦਾ ਹਿੱਸਾ ਬਣਾਉਣ ਲਈ ਉਪਰਾਲਾ ਕੀਤਾ ਜਾਵੇ ।ਇਸ ਸਬੰਧੀ 27 ਮਾਰਚ ਨੂੰ ਸਥਾਨਕ ਪੈਨਸ਼ਨ ਭਵਨ ਵਿਖੇ ਦੁਪਹਿਰ 2.30 ਵਜੇ ਸਾਂਝੇ ਤੌਰ 'ਤੇ ਇੱਕ ਸੈਮੀਨਾਰ ਕਰਨਾ ਤਹਿ ਕੀਤਾ ਗਿਆ ਜਿਸ ਦਾ ਵਿਸ਼ਾ '23 ਮਾਰਚ ਦੇ ਸ਼ਹੀਦ ਅਤੇ ਅੱਜ ਦੇ ਹਾਲਾਤ' ਹੋਵੇਗਾ। ਇਸ ਵਿਸ਼ੇ ਬਾਰੇ ਸਮੁੱਚੀ ਵਿਆਖਿਆ ਕਰਨ ਲਈ ਪ੍ਰੋ ਜਗਮੋਹਨ ਸਿੰਘ ਅਤੇ ਐਡਵੋਕੇਟ ਹਰਪ੍ਰੀਤ ਜ਼ੀਰਖ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕਰਨਗੇ। ਜੱਥੇਬੰਦੀਆਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਡੈਮੋਕ੍ਰੇਟਿਕ ਇੰਪਲਾਈਜ ਫਰੰਟ, ਪੰਜਾਬ ਲੋਕ ਸਭਿਆਚਾਰਕ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਸ਼ਾਮਲ ਸਨ।ਇਹਨਾਂ ਦੇ ਆਗੂਆਂ ਪ੍ਰੋ ਜਗਮੋਹਨ ਸਿੰਘ, ਜਸਵੰਤ ਜ਼ੀਰਖ, ਰਮਨਜੀਤ ਸੰਧੂ, ਸੁਖਵਿੰਦਰ ਲੀਲ, ਕਸਤੂਰੀ ਲਾਲ, ਸਤੀਸ਼ ਸੱਚਦੇਵਾ,ਅਜਮੇਰ ਦਾਖਾ, ਰਾਜਿੰਦਰ ਜੰਡਿਆਲੀ,ਹਿੰਮਤ ਸਿੰਘ ਵੱਲੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਦੇਸ਼ ਵਿੱਚ ਸਰਕਾਰੀ ਸਰਪ੍ਰਸਤੀ ਹੇਠ ਮਨੁੱਖਤਾ ਨੂੰ ਧਰਮਾਂ, ਜ਼ਾਤਾਂ, ਮਜ਼੍ਹਬਾਂ ਵਿੱਚ ਵੰਡ ਕੇ ਫਿਰਕੂ ਨਫ਼ਰਤ ਫੈਲਾਉਣ ਦੇ ਸਿਰ ਤੋੜ ਯਤਨ ਕੀਤੇ ਜਾ ਰਹੇ ਹਨ। ਇਹਨਾਂ ਸਮਾਜ ਵਿਰੋਧੀ ਅਲਾਮਤਾਂ ਵਿੱਚੋਂ ਮੁਕਤ ਕਰਨ ਲਈ 23 ਮਾਰਚ ਦੇ ਸ਼ਹੀਦਾਂ ਦੀ ਵਿਚਾਰਧਾਰਾ ਬਾਰੇ ਜਾਣੂ ਕਰਵਾ ਕੇ ਹੀ ਲੋਕਾਂ ਨੂੰ ਇੱਕ ਦੂਜੇ ਪ੍ਰਤੀ ਪੈਦਾ ਕੀਤੀ ਜਾਰੀ ਨਫ਼ਰਤ ਤੋਂ ਬਚਾਇਆ ਜਾ ਸਕਦਾ ਹੈ। ਉਹਨਾਂ ਇਨਸਾਫ ਪਸੰਦ ਅਤੇ ਜਮਹੂਰੀਅਤ ਦੇ ਮਦਈ ਲੋਕਾਂ ਨੂੰ ਇਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

# ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਨੇ ਪੁਲਿਸ ਨੂੰ ਗਊ ਰੱਖਿਆ ਸੈੱਲਾਂ ਲਈ ਨੋਡਲ ਅਫ਼ਸਰ ਨਿਯੁਕਤ ਕਰਨ ਦੇ ਦਿੱਤੇ ਨਿਰਦੇਸ਼



ਲੁਧਿਆਣਾ, 17 ਮਾਰਚ (ਸੰਜੀਵ ਲਹਿਲ) : ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਸੋਮਵਾਰ ਨੂੰ ਪੁਲਿਸ ਵਿਭਾਗ ਨੂੰ ਜ਼ਿਲ੍ਹਾ ਪੱਧਰੀ ਗਊ ਰੱਖਿਆ ਸੈੱਲਾਂ ਦੇ ਨੋਡਲ ਅਫ਼ਸਰ ਵਜੋਂ ਐਸ.ਪੀ ਅਤੇ ਡੀ.ਐਸ.ਪੀ ਰੈਂਕ ਦੇ ਅਧਿਕਾਰੀਆਂ ਨੂੰ ਨਿਯੁਕਤ ਕਰਨ ਦੇ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਨਰਿੰਦਰ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਿਤ ਬੈਂਬੀ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਸਿੰਘ ਖੰਗੂੜਾ ਅਤੇ ਹੋਰਾਂ ਦੇ ਨਾਲ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਗਊ ਸੇਵਾ ਕਮਿਸ਼ਨ ਪਸ਼ੂਆਂ ਦੀ ਦੇਖਭਾਲ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਅਧਿਕਾਰੀਆਂ ਨੂੰ ਅਵਾਰਾ ਪਸ਼ੂਆਂ ਨੂੰ ਚੁੱਕਣ ਅਤੇ ਉਨ੍ਹਾਂ ਨੂੰ ਪਿੰਡ ਬੁਰਜ ਪਵਾਤ ਗਊਸ਼ਾਲਾ ਵਿੱਚ ਤਬਦੀਲ ਕਰਨ ਲਈ ਇੱਕ ਨਵਾਂ ਵਾਹਨ ਖਰੀਦਣ ਲਈ ਕਿਹਾ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਨਗਰ ਨਿਗਮ ਨੇ ਗਊ ਸੈੱਸ ਵਜੋਂ 18 ਕਰੋੜ ਰੁਪਏ ਇਕੱਠੇ ਕੀਤੇ ਹਨ ਅਤੇ ਇਸ ਰਕਮ ਦੀ ਵਰਤੋਂ ਗਊਸ਼ਾਲਾਵਾਂ ਦੇ ਪ੍ਰਭਾਵਸ਼ਾਲੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਕੀਤੀ ਜਾਣੀ ਚਾਹੀਦੀ ਹੈ। ਅਧਿਕਾਰੀਆਂ ਨੂੰ ਗਊਸ਼ਾਲਾਵਾਂ ਵਿੱਚ ਹਰੇਕ ਪਸ਼ੂ ਦਾ ਟੀਕਾਕਰਨ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ ਹੈ।

ਉਪ ਚੇਅਰਮੈਨ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਹੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਬਿਹਤਰ ਤਾਲਮੇਲ ਲਈ ਇੱਕ ਮੀਟਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਅਜਿਹੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ ਤਾਂ ਜੋ ਪ੍ਰਸ਼ਾਸਨ, ਗਊਸ਼ਾਲਾਵਾਂ ਅਤੇ ਆਮ ਜਨਤਾ ਦੇ ਸਹਿਯੋਗ ਨਾਲ ਅਵਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਤਬਦੀਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਉਨ੍ਹਾਂ ਡੇਅਰੀ ਫਾਰਮਾਂ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰਨ ਜੋ ਸਵੇਰੇ ਸੜਕਾਂ 'ਤੇ ਪਸ਼ੂ ਛੱਡਦੇ ਹਨ। ਉਨ੍ਹਾਂ ਨੇ ਉਨ੍ਹਾਂ ਨੂੰ ਗਊਸ਼ਾਲਾਵਾਂ ਦੇ ਸਾਰੇ ਬਕਾਏ ਅਦਾ ਕਰਨ ਲਈ ਵੀ ਕਿਹਾ ਗਿਆ।

ਕੀਮਤੀ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਵਾਰਾ ਪਸ਼ੂਆਂ ਦੇ ਮੁੱਦੇ ਨੂੰ ਹੱਲ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਗਊ ਸੇਵਾ ਕਮਿਸ਼ਨ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਵਾਰਾ ਪਸ਼ੂਆਂ ਨੂੰ ਸਹੀ ਆਸਰਾ ਅਤੇ ਦੇਖਭਾਲ ਮਿਲੇ ਅਤੇ ਕੀਮਤੀ ਮਨੁੱਖੀ ਜਾਨਾਂ ਨਾ ਜਾਣ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਆਮ ਜਨਤਾ ਨੂੰ ਗਊ ਸੇਵਾ ਕਮਿਸ਼ਨ ਅਤੇ ਪੰਜਾਬ ਸਰਕਾਰ ਵੱਲੋਂ ਪਸ਼ੂਆਂ ਦੀ ਦੇਖਭਾਲ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

# ਮਾਝਾ-ਦੁਆਬਾ

ਆਸ ਪਾਸ

## ਭੰਡਾਲ 'ਚ ਚਮੜੀ ਰੋਗਾਂ ਦਾ ਮੁਫਤ ਜਾਂਚ ਕੈਂਪ ਲਗਾਇਆ

ਕਲਾਨੌਰ,17 ਮਾਰਚ (ਇਕਬਾਲ ਵਾਲੀਆ ਕਮਲਜੀਤ ਸਿੰਘ)–ਪਿੰਡ ਭੰਡਾਲ ਵਿਖੇ ਚਮੜੀ ਦੇ ਰੋਗਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਚਮੜੀ ਰੋਗਾਂ ਦੇ ਮਾਹਿਰ ਡਾਕਟਰ ਜੈਸਮੀਨ (ਐਮਬੀਬੀਐਸ, ਐਮਡੀ ਸਕਿਨ) ਦੀ ਟੀਮ ਸਮੇਤ ਹਾਜ਼ਰ ਹੋਏ। ਡਾਕਟਰ ਜੈਸਮੀਨ ਵੱਲੋਂ ਕੈਂਪ ਵਿੱਚ ਸ਼ਾਮਿਲ 60 ਦੇ ਕਰੀਬ ਮਰੀਜ਼ਾਂ ਦੀ ਸੰਭਾਲ ਕਰਕੇ ਉਹਨਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੌਰਾਨ ਡਾਕਟਰ ਜੈਸਮੀਨ ਨੇ ਕਿਹਾ ਕਿ ਕੈਂਪ ਵਿੱਚ ਫੰਗਲ ਇਨਫੈਕਸ਼ਨ ਦੀ ਸਮੱਸਿਆ ਤੋਂ ਇਲਾਵਾ ਚਿਹਰੇ ਦੀਆਂ ਝੁਰੀਆਂ, ਅਲਰਜੀ, ਸਫੇਦ ਦਾਗ, ਖੁਜਲੀ, ਵਾਲਾਂ ਦਾ ਝੜਨਾ ਵੀ ਪਾਏ ਗਏ ਅਤੇ ਇਹਨਾਂ ਨੂੰ ਠੀਕ ਕਰਨ ਅਤੇ ਆਉਣ ਵਾਲੇ ਸਮੇਂ ਵਿੱਚ ਬਚਾਅ ਲਈ ਮਰੀਜ਼ਾਂ ਨੂੰ ਦਿਸ਼ਾ–ਨਿਰਦੇਸ਼ ਦਿੱਤੇ ਗਏ। ਉਹਨਾਂ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਗਰਮੀ ਦੇ ਮੌਸਮ ਵਿੱਚ ਫੰਗਸ ਇਨਫੈਕਸ਼ਨ ਦਾ ਖਤਰਾ ਵੱਧ ਸਕਦਾ ਹੈ, ਜਿਸ ਲਈ ਲੋਕਾਂ ਨੂੰ ਸਫਾਈ ਵਿੱਚ ਸੁਧਾਰ ਤੇ ਖੁਲੇ ਕੱਪੜੇ ਪਹਿਨਣ ਤੇ ਇਲਾਜ ਲਈ ਨਜ਼ਦੀਕੀ ਡਾਕਟਰ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ ਗਈ। ਇਸ ਮੌਕੇ ਤੇ ਨੰਬਰਦਾਰ ਗੁਰਦੇਵ ਸਿੰਘ, ਮਾਸਟਰ ਜਸਵੀਰ ਸਿੰਘ ਬਾਜਵਾ, ਅਮਰਜੀਤ ਸਿੰਘ, ਕੁਲਦੀਪ ਸਿੰਘ, ਕੇਵਲ ਸਿੰਘ, ਮੰਗਲ ਸਿੰਘ, ਗੁਰਜਿੰਦਰ ਸਿੰਘ, ਮਨਮੀਤ ਸਿੰਘ ਵੀ ਮੌਜੂਦ ਸਨ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਵਿੱਤੀ ਸਾਲ 2026-27 ਦਾ 773 ਕਰੋੜ 17 ਲੱਖ 42 ਹਜ਼ਾਰ ਦਾ ਬਜਟ ਪਾਸ

ਅੰਮ੍ਰਿਤਸਰ, 17 ਮਾਰਚ ( ਗੁਰਦਿਆਲ ਸਿੰਘ ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਤੀ ਸਾਲ 2026-27 ਬਜਟ ਨੂੰ ਅੱਜ ਯੂਨੀਵਰਸਿਟੀ ਦੀ ਸਿੰਡੀਕੇਟ ਅਤੇ ਸੈਨੇਟ ਦੋਵਾਂ ਸਦਨਾਂ ਵੱਲੋਂ 773 ਕਰੋੜ 17 ਲੱਖ 42 ਹਜ਼ਾਰ ਰੁਪਏ ਨੂੰ ਸਰਬ-ਸੰਮਤੀ ਨਾਲ ਪ੍ਰਵਾਨਗੀ ਦੇ ਦਿਤੀ ਗਈ। ਇਸ ਬਜਟ ਵਿਚ ਜਿੱਥੇ ਪ੍ਰਮੁੱਖ ਤੌਰ ਤੇ ਅਧਿਆਪਨ, ਖੋਜ, ਅਤੇ ਕਿਤਾ ਮੁਖੀ ਕੋਰਸਾਂ ਨੂੰ ਉਤਸ਼ਾਹਿਤ ਕਰਨ ਤੇ ਜ਼ੋਰ ਦਿਤਾ ਗਿਆ ਹੈ ਉਥੇ ਯੂਨੀਵਰਸਿਟੀ ਦੇ ਮੁਢਲੇ ਢਾਂਚੇ ਤੇ ਵਾਤਾਵਰਣ ਨੂੰ ਹੋਰ ਵੀ ਵਧੀਆ ਬਣਾਉਣ ਲਈ ਵੀ ਵਿਸ਼ੇਸ਼ ਬਜਟ ਰਖਿਆ ਗਿਆ ਹੈ। ਯੂਨੀਵਰਸਿਟੀ ਇਸ ਬੱਜਟ ਵਿਚੋਂ 46.50 ਫੀਸਦ ਰਕਮ ਅਧਿਆਪਨ, ਅਲਾਈਡ ਅਧਿਆਪਨ, ਖੋਜ ਅਤੇ ਸਿੱਖਿਆ ਵਿਚ ਸੁਧਾਰ ਲਿਆਉਣ ਲਈ ਖਰਚ ਕਰਨ ਜਾ ਰਹੀ ਹੈ। ਯੂਨੀਵਰਸਿਟੀ ਦੇ ਸਿੰਡੀਕੇਟ ਤੇ ਸੈਨੇਟ ਦੋਵਾਂ ਸਦਨਾਂ ਦੀਆਂ ਵੱਖ-ਵੱਖ ਇਕੱਤਰਤਾਵਾਂ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋਫੈਸਰ ਕਰਮਜੀਤ ਸਿੰਘ ਨੇ ਕੀਤੀ, ਜਦੋਂਕਿ ਰਜਿਸਟਰਾਰ ਪ੍ਰੋ. ਕੇ.ਐਸ. ਚਾਹਲ ਨੇ ਦੋਵਾਂ ਮੀਟਿੰਗਾਂ ਵਿਚ ਏਜੰਡਾ ਪੇਸ਼ ਕੀਤਾ।ਡੀਨ ਅਕਾਦਮਿਕ ਮਾਮਲੇ, ਪ੍ਰੋ. ਐਚ.ਐਸ. ਸੈਣੀ ਤੋਂ ਇਲਾਵਾ ਇਸ ਮੌਕੇ ਵੱਡੀ ਗਿਣਤੀ ਵਿਚ ਮੈਂਬਰ ਦੋਵਾਂ ਸਦਨਾਂ ਵਿਚ ਹਾਜ਼ਰ ਸਨ। ਪ੍ਰੋ. ਕਰਮਜੀਤ ਸਿੰਘ ਨੇ ਦੱਸਿਆ ਕਿ ਬਜਟ ਦਾ 46.50 ਫੀਸਦ ਅਧਿਆਪਨ ਅਲਾਈਡ ਖੋਜ ਅਤੇ ਸਿੱਖਿਆ ਦੇ ਸੁਧਾਰ 'ਤੇ ਖਰਚ ਕੀਤਾ ਜਾਵੇਗਾ, ਨਾਨ ਟੀਚਿੰਗ ਵਿਭਾਗਾਂ ਤੇ 11.36 ਫੀਸਦ, ਜਨਰਲ ਐਡਮਿਨਿਸਟਰੇਸ਼ਨ ਤੇ 10.53 ਫੀਸਦ, ਪ੍ਰੀਖਿਆਵਾਂ ਦੇ ਸੰਚਾਲਨ ਤੇ 2.97 ਫੀਸਦ, ਆਮ ਮੱਦਾਂ (ਟੀਚਿੰਗ ਅਤੇ ਨਾਨ ਟੀਚਿੰਗ) ਤੇ 6.80 ਫੀਸਦ, ਇਮਾਰਤਾਂ ਦੀ ਉਸਾਰੀ ਤੇ 6.05 ਫੀਸਦ ਅਤੇ ਪੈਨਸ਼ਨ ਅਤੇ ਹੋਰ ਦੂਸਰੇ ਸੇਵਾ-ਮੁਕਤੀ ਲਾਭ ਉਪਰ 15.79 ਫੀਸਦ ਖਰਚ ਕੀਤਾ ਜਾਵੇਗਾ। ਵਾਈਸ ਚਾਂਸਲਰ ਨੇ ਦੱਸਿਆ ਕਿ ਸਾਲ 2025-26 ਦੌਰਾਨ ਹੋਣਹਾਰ ਅਤੇ ਲੋੜਵੰਦ ਵਿਦਿਆਰਥੀ ਦੀ ਆਰਥਿਕ ਮਦਦ ਲਈ ਪਿਛਲੇ ਸਾਲ ਨਾਲੋਂ ਵੱਧ ਕੁੱਲ 4 ਕਰੋੜ 16 ਲੱਖ 28 ਹਜ਼ਾਰ ਰੁਪਏ ਦੀ ਟਿਊਸ਼ਨ ਫੀਸ (ਪੂਰੀ ਅਤੇ ਅੱਧੀ) ਦੀ ਮੁਆਫੀ ਦਿੱਤੀ ਗਈ। ਇਸੇ ਤਰ੍ਹਾਂ ਪੋਸਟ ਮੈਟਰਿਕ ਸਕਾਲਰਸ਼ਿਪ ਟੂ ਐਸ.ਸੀ. ਸਟੂਡੈਂਟ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ 2377 ਵਿਦਿਆਰਥੀਆਂ ਦੀ 22 ਕਰੋੜ 24 ਲੱਖ 69 ਹਜ਼ਾਰ ਰੁਪਏ ਦਾ ਫੀਸ ਕਲੇਮ ਪੰਜਾਬ ਸਰਕਾਰ ਨੂੰ ਭੇਜਿਆ ਜਾ ਚੁੱਕਿਆ ਹੈ। ਇਸ ਤੋਂ ਛੁੱਟ ਨੈਸ਼ਨਲ ਸਕਾਲਰਸ਼ਿਪ ਪੋਰਟਲ 'ਤੇ ਲਗਪਗ 35 ਵਿਦਿਆਰਥੀਆਂ ਦੇ ਫਾਰਮ ਆਨਲਾਈਨ ਸਰਕਾਰ ਪਾਸ ਭੇਜੇ ਜਾ ਚੁੱਕੇ ਹਨ। ਯੂਨੀਵਰਸਿਟੀ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਵਿਦਿਆਰਥੀਆਂ ਦੀ ਹਰ ਪੱਖ ਤੋਂ ਮਦਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਤਾਂ ਜੋ ਉਹ ਉਚੇਰੀ ਵਿਦਿਆ ਹਾਸਲ ਕਰਕੇ ਦੇਸ਼ ਦੀ ਤਰੱਕੀ ਵਿਚ ਆਪਣਾ ਯੋਗਦਾਨ ਪਾ ਸਕਣ।ਰਜਿਸਟਰਾਰ ਪ੍ਰੋ. ਕੇ.ਐਸ. ਚਾਹਲ ਨੇ ਦੱਸਿਆ ਕਿ ਰਿਸਰਚ ਦੇ ਕੰਮ ਨੂੰ ਹੋਰ ਉਤਸਾਹਿਤ ਕਰਨ ਦੇ ਮੰਤਵ ਲਈ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੇ ਵਿਸ਼ੇਸ਼ ਉਪਰਾਲੇ ਅਤੇ ਅਣਥੱਕ ਮਿਹਨਤ ਸਦਕਾ ਦੇਸ ਅਤੇ ਵਿਦੇਸ਼ ਦੇ ਦਾਨੀ-ਸਜਨਾ ਪਾਸੋਂ ਵਿੱਤੀ ਸਹਾਇਤਾ ਪ੍ਰਾਪਤ ਹੋ ਰਹੀਆਂ ਹਨ। ਯੂਨੀਵਰਸਿਟੀ ਬਜਟ ਵਿਚ 200 ਰਿਸਰਚ ਸਕਾਲਰਾਂ ਨੂੰ 8000 ਰੁਪਏ ਪ੍ਰਤੀ ਮਹੀਨਾ ਫਿਕਸਡ ਸਕਾਲਰਸ਼ਿਪ ਦੇਣ ਲਈ ਵਿਵਸਥਾ ਕੀਤੀ ਗਈ ਹੈ। ਸਾਲ 2025 ਦੌਰਾਨ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਵਿੱਦਿਆ ਪ੍ਰਾਪਤ ਕਰਨ ਉਪਰੰਤ ਕੁੱਲ 624 ਵਿਦਿਆਰਥੀਆਂ ਦੀ ਪਲੇਸਮੈਂਟ ਭਾਰਤ ਅਤੇ ਵਿਦੇਸ਼ਾਂ ਦੀਆਂ ਉਚੀਆਂ ਕੰਪਨੀਆਂ ਵਿਚ ਹੋਈ ਹੈ।ਵਾਈਸ ਚਾਂਸਲਰ ਨੇ ਦੱਸਿਆ ਕਿ ਯੂਨੀਵਰਸਿਟੀ ਅਤੇ ਇਸ ਦੇ ਕਾਲਜ ਵਿਦਿਆਰਥੀਆਂ ਵੱਲੋਂ ਖੇਡਾਂ ਦੇ ਖੇਤਰ ਵਿਚ ਵੀ ਮੱਲਾਂ ਮਾਰੀਆਂ ਜਾ ਰਹੀਆਂ ਹਨ।

## ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀਡੀਓ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਸਖ਼ਤ ਨੋਟਿਸ

ਅੰਮ੍ਰਿਤਸਰ, 17 ਮਾਰਚ (ਗੁਰਦਿਆਲ ਸਿੰਘ) : ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਤਕਨੀਕ ਨਾਲ ਵੀਡੀਓ ਬਣਾ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਰਯਾਦਾ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਘਟਨਾਵਾਂ ਦੇ ਲਗਾਤਾਰ ਵੱਧ ਰਹੇ ਰੁਝਾਨ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗਹਿਰੀ ਚਿੰਤਾ ਪ੍ਰਗਟਾਈ ਹੈ। ਵੱਖ-ਵੱਖ ਸ਼ੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਅਪਲੋਡ ਹੋਈਆਂ ਵੀਡੀਓ ਸਾਹਮਣੇ ਆਉਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਖਾਤਿਆਂ ਅਤੇ ਵਿਅਕਤੀਆਂ ਵਿਰੁੱਧ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਆਰਟੀਫੀਸ਼ਲ ਇੰਟੈਲੀਜੈਂਸ ਦੀ ਦੁਰਵਰਤੋਂ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਸੱਟ ਵੱਜ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਜਿਹੇ ਮਾਮਲਿਆਂ ਦੀ ਗੰਭੀਰਤਾ ਨੂੰ ਲੈ ਕੇ ਸੰਜੀਦਾ ਪਹੁੰਚ ਅਪਨਾ ਰਹੀ ਹੈ ਅਤੇ ਏਆਈ ਖੇਤਰ ਦੇ ਮਾਹਿਰਾਂ ਦੇ ਸਹਿਯੋਗ ਨਾਲ ਇਸ ਨੂੰ ਰੋਕਣ ਲਈ ਯਤਨਸ਼ੀਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਅਸਥਾਨ ਹੈ, ਜਿੱਥੋਂ ਸਮੁੱਚੀ ਮਨੁੱਖਤਾ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਮਿਲਦਾ ਹੈ। ਕੁਝ ਲੋਕਾਂ ਵੱਲੋਂ ਇਸ ਪਾਵਨ ਅਸਥਾਨ ਦੀਆਂ ਗ਼ਲਤ ਤਰੀਕੇ ਨਾਲ ਵੀਡੀਓ ਬਣਾ ਕੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਜਾ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਬੇਹੱਦ ਗੰਭੀਰ ਮਾਮਲਾ ਹੈ, ਜਿਸ ਪ੍ਰਤੀ ਸਰਕਾਰ ਨੂੰ ਵੀ ਸੰਜੀਦਾ ਪਹੁੰਚ ਅਪਨਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਯਕੀਨੀ ਬਣਾਏ, ਤਾਂ ਜੋ ਕੋਈ ਵੀ ਅਜਿਹੀ ਹਰਕਤ ਨਾ ਕਰੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਵੀਡੀਓ ਨੂੰ ਅੱਗੇ ਸੇਅਰ ਨਾ ਕਰਨ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜਦੀ ਹੋਵੇ।

## ਬਾਲ ਭਿਖਿਆ ਰੋਕੂ ਜ਼ਿਲ੍ਹਾ ਟਾਸਕ ਫੌਰਸ ਵੱਲੋਂ ਕੀਤੀ ਗਈ ਚੈਕਿੰਗ



ਦਸੂਹਾ, 17 ਮਾਰਚ (ਰਜਿੰਦਰ ਸਿੰਘ) : ਪੰਜਾਬ ਸਰਕਾਰ ਵੱਲੋਂ ਬਾਲ ਭਿੱਖਿਆ ਦੀ ਰੋਕਥਾਮ ਲਈ ਚਲਾਈ ਜਾ ਰਹੇ ਪ੍ਰਾਜੈਕਟ ਜੀਵਨਜੋਤ-2 ਤਹਿਤ ਦਸੂਹਾ ਦੇ ਵੱਖ-ਵੱਖ ਏਰੀਆ ਰੇਲਵੇ ਸਟੇਸ਼ਨ, ਬੱਸ ਅੱਡਾ, ਹਾਜੀਪੁਰ ਚੌਂਕ, ਬਲੱਗਣਾ ਚੌਕ ਵਿਖੇ ਬਾਲ ਭਿੱਖਿਆ ਰੁਕੋ ਰੇਡਜ਼ ਕੀਤੀਆਂ ਗਈਆ ਅਤੇ ਆਮ ਜਨਤਾ ਨੂੰ ਬਾਲ ਭਿੱਖਿਆ ਦੇ ਦੂਰ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਰਹਿਨੁਮਾਈ ਹੇਠ ਸਮੇਂ-ਸਮੇਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਇਹ ਚੈਕਿੰਗ ਭਲਾਈ ਕਮੇਟੀ ਦੀ ਚੇਅਰਪਰਸਨ ਦੀ ਅਗਵਾਈ ਵਿਚ ਹਰਜੀਤ ਕੌਰ ਦੀ ਟੀਮ ਦੁਆਰਾ ਬਾਲ ਭਿਖਿਆ ਰੋਕੂ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਨਾਲ ਕੀਤੀ ਗਈ ਜਿਸ ਦੌਰਾਨ ਹਾਜੀਪੁਰ ਤੋਂ 3 ਬੱਚੇ ਬਾਲ ਭਿੱਖਿਆ ਤੋਂ ਮੁਕਤ ਕਰਵਾਏ ਗਏ ਅਤੇ ਬਾਲ ਭਲਾਈ ਕਮੇਟੀ, ਹੁਸ਼ਿਆਰਪੁਰ ਸਾਹਮਣੇ ਪੇਸ਼ ਕੀਤਾ ਗਿਆ । ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕੌਂਸਲਿੰਗ ਕੀਤੀ ਗਈ ਅਤੇ ਬੱਚਿਆਂ ਦੀ ਭਲਾਈ ਨੂੰ ਮੁੱਖ ਰਖੱਦੇ ਹੋਏ ਬੱਚਿਆਂ ਦੀ ਭਲਾਈ ਲਈ ਫੈਸਲਾ ਲੈਂਦੇ ਹੋਏ ਨਾਰੀ ਨਿਕੇਤਨ, ਜਲੰਧਰ ਵਿਖੇ ਦਾਖਲ ਕੀਤਾ ਗਿਆ । ਚੇਅਰਪਰਸਨ ਬਾਲ ਭਲਾਈ ਕਮੇਟੀ ਵੱਲੋਂ ਆਮ ਜਨਤਾ ਨੂੰ ਅਪੀਲ ਵੀ ਕੀਤੀ ਗਈ ਜੇਕਰ ਤੁਹਾਨੂੰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਹੋਇਆ ਮਿਲਦਾ ਹੈ, ਤਾਂ ਉਸ ਦੀ ਸੂਚਨਾ ਬਾਲ ਹੈਲਪਲਾਈਨ 1098 'ਤੇ ਦਿੱਤੀ ਜਾਵੇ, ਤਾਂ ਜੋ ਤੁਹਾਡੀ ਇੱਕ ਪਹਿਲ ਕਿਸੇ ਬੱਚੇ ਦੀ ਜ਼ਿੰਦਗੀ ਬਦਲ ਸਕੇ। ਉਨ੍ਹਾਂ ਦੱਸਿਆ ਕਿ 0 ਤੋਂ 18 ਸਾਲ ਦੇ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵਿਖੇ ਜਾਂ ਬਾਲ ਹੈਲਪਲਾਈਨ 1098 'ਤੇ ਫੋਨ ਕਰਕੇ ਲਈ ਜਾ ਸਕਦੀ ਹੈ । ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਚੈਕਿੰਗ ਪਹਿਲਾਂ ਵੀ ਹੋ ਰਹੀਆਂ ਹਨ ਅਤੇ ਇਹ ਲਗਾਤਾਰ ਜਾਰੀ ਰਹਿਣਗੀਆਂ। ਜੇਕਰ ਕੋਈ ਮਾਤਾ-ਪਿਤਾ ਬੱਚੇ ਤੋਂ ਬਾਲ ਭਿਖਿਆ ਕਰਵਾਉਂਦਾ ਪਾਇਆ ਗਿਆ, ਤਾਂ ਮਾਤਾ-ਪਿਤਾ 'ਤੇ ਵੀ ਕਾਰਵਾਈ ਕੀਤੀ ਜਾਵੇਗੀ। ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਨਾਲ ਹਮੇਸ਼ਾ ਤਾਲਮੇਲ ਕੀਤਾ ਜਾ ਸਕਦਾ ਹੈ । ਇਸ ਰੇਡ ਦੌਰਾਨ ਮੈਂਬਰ ਬਾਲ ਭਲਾਈ ਕਮੇਟੀ ਜਗਦੀਸ਼ ਮਿੱਤਰ, ਕੇਸ ਵਰਕਰ ਜਸਵਿੰਦਰ ਸਿੰਘ ਅਤੇ ਦਸੂਹਾ ਪੁਲਿਸ ਕਰਮਚਾਰੀ ਵੀ ਮੌਜੂਦ ਸਨ।

## ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਪਹਿਲਗਾਮ ਵਿਖੇ ਸੰਤ ਭੂਰੀ ਵਾਲਿਆਂ ਵੱਲੋਂ ਸੇਵਾ ਦੀ ਸ਼ੁਰੂਆਤ

ਅੰਮ੍ਰਿਤਸਰ, 17 ਮਾਰਚ ( ਬਬਲੂ ਮਹਾਜਨ ) : ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਜੰਮੂ ਕਸ਼ਮੀਰ ਸੂਬੇ ਦੇ ਪ੍ਰਸਿੱਧ ਸ਼ਹਿਰ ਪਹਿਲਗਾਮ ਵਿਖੇ ਇਤਿਹਾਸਿਕ ਅਸਥਾਨ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਡਿਸਟਰਿਕਟ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਮੂ-ਕਸ਼ਮੀਰ ਦੇ ਸਹਿਯੋਗ ਨਾਲ ਕਾਰ ਸੇਵਾ ਸ਼ੁਰੂ ਕੀਤੀ ਗਈ ਹੈ । ਅਰਦਾਸ ਉਪਰੰਤ ਅੱਜ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਨਾਨਕ ਸਿੰਘ ਜੀ , ਬਾਬਾ ਸੋਹਨ ਸਿੰਘ ਜੀ , ਬਾਬਾ ਪ੍ਰੇਮ ਸਿੰਘ ਜੀ ਅਤੇ ਗ੍ਰੰਥੀ ਗਿਆਨੀ ਗਰੀਬ ਸਿੰਘ ਜੀ ਨੇ ਪੰਜ ਪਿਆਰਿਆਂ ਦੇ ਰੂਪ ਵਿੱਚ ਸੇਵਾ ਦੀ ਆਰੰਭਤਾ ਦਾ ਟੱਪਾ ਲਗਾਇਆ ।ਇਸ ਦੌਰਾਨ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਦੱਸਿਆ ਕਿ ਇਹ ਇਤਿਹਾਸਕ ਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਜੀ ਪਾਵਨ ਯਾਦ ਨਾਲ ਜੁੜਿਆ ਹੋਇਆ ਹੈ। ਵੱਡੀ ਗਿਣਤੀ ਵਿੱਚ ਸੰਗਤਾਂ ਇੱਥੇ ਨਤਮਸਤਕ ਹੁੰਦੀਆਂ ਹਨ ।ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਥੇ ਲੰਗਰ ਦੀ ਇਮਾਰਤ, ਸੰਗਤਾਂ ਦੀ ਰਿਹਾਇਸ਼ ਲਈ ਅਤੀ ਆਧੁਨਿਕ ਸਰਾਂ , ਇਸ਼ਨਾਨ ਘਰ ਅਤੇ ਨਵਾਂ ਪ੍ਰਬੰਧਕੀ ਬਲਾਕ ਬਣਾਇਆ ਜਾਵੇਗਾ। ਸੇਵਾ



ਦੀ ਆਰੰਭਤਾ ਦਾ ਅੱਜ ਟੱਪਾ ਲਗਾਇਆ ਗਿਆ ਹੈ। ਗੁਰਦੁਆਰਾ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਹ ਸੇਵਾ ਦੇ ਇਹ ਕਾਰਜ ਜਲਦ ਮੁਕੰਮਲ ਕੀਤੇ ਜਾਣਗੇ, ਤਾਂ ਜੋ ਯਾਤਰੀਆਂ ਨੂੰ ਲੋੜੀਂਦੀਆਂ ਬੁਨਿਆਦੀ ਸੁਵਿਧਾਵਾਂ ਮਿਲ ਸਕਣ।ਡਿਸਟਰਿਕਟ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਨਾਨਕ ਸਿੰਘ ਨੇ ਭਰੋਸਾ ਦਿੱਤਾ ਕਿ ਗੁਰਦੁਆਰਾ ਕਮੇਟੀ ਸੰਗਤਾਂ ਦੀ ਹਰ ਸੁਖ-ਸਹੂਲਤ ਲਈ ਵਚਨਬੱਧ ਹੈ ਅਤੇ ਸੇਵਾ ਕਾਰਜਾਂ ਵਿੱਚ ਮਹਾਂਪੁਰਸ਼ਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਸੇਵਾ ਸਮੇਂ ਸਿਰ ਮੁਕੰਮਲ ਹੋ ਸਕੇ।ਇਸ ਸਮਾਗਮ ਵਿੱਚ ਡਿਸਟਰਿਕਟ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਮੂ ਕਸ਼ਮੀਰ ਦੇ ਸਕੱਤਰ ਜਰਨੈਲ ਸਿੰਘ, ਖਜਾਨਚੀ ਸ ਨਿਰੰਜਨ ਸਿੰਘ ,ਮੈਂਬਰਾਨ ਅਵਤਾਰ ਸਿੰਘ , ਸ ਪ੍ਰਭ ਸਿੰਘ ਸ ਜੋਗਿੰਦਰ ਸਿੰਘ ਤੇ ਸ ਦਾਰਾ ਸਿੰਘ,ਬਾਬਾ ਪਰਮਜੀਤ ਸਿੰਘ ,ਬਾਬਾ ਕਰਨ ਸਿੰਘ, ਬਾਬਾ ਨਾਜ਼ਰ ਸਿੰਘ , ਬਾਬਾ ਪ੍ਰਤਾਪ ਸਿੰਘ ,ਬਾਬਾ ਲਸ਼ਕਰ ਸਿੰਘ, ਬਾਬਾ ਜਗਜੀਤ ਸਿੰਘ, ਬਾਬਾ ਸੇਵਾ ਸਿੰਘ, ਬਾਬਾ ਗੁਰਭੇਜ ਸਿੰਘ, ਬਾਬਾ ਗੁਰਸਾਜਨ ਸਿੰਘ, ਬਾਬਾ ਕੁਲਵਿੰਦਰ ਸਿੰਘ ,ਬਾਬਾ ਗੁਰਬਖਸ਼ ਸਿੰਘ, ਬਾਬਾ ਜੋਧਬੀਰ ਸਿੰਘ ,ਬਾਬਾ ਅਮਰੀਕ ਸਿੰਘ ਠੇਕੇਦਾਰ, ਬਾਬਾ ਤੇਜਪਾਲ ਸਿੰਘ, ਬਾਬਾ ਦਵਿੰਦਰ ਸਿੰਘ ,ਬਾਬਾ ਸਰਨਜੀਤ ਸਿੰਘ, ਆਰਕੀਟੈਕਟ ਜਸਪ੍ਰੀਤ ਸਿੰਘ , ਬਾਬਾ ਨਿਰਮਲ ਸਿੰਘ, ਸਰਪੰਚ ਕੁਲਦੀਪ ਸਿੰਘ, ਸ ਮਨਜੀਤ ਸਿੰਘ, ਸ ਅਵਤਾਰ, ਸ ਜਸਵੰਤ ਸਿੰਘ , ਕਰਨ ਸਿੰਘ, ਗੁਰਸੇਵਕ ਸਿੰਘ,ਰਵਿੰਦਰ ਸਿੰਘ , ਮਲਕੀਤ ਸਿੰਘ ਜਤਿੰਦਰ ਸਿੰਘ, ਰਾਜਨ ਸਿੰਘ, ਦਿਲਪ੍ਰੀਤ ਸਿੰਘ , ਬਾਦਲ ਸਿੰਘ ਤੇ ਬਾਬੂ ਸਿੰਘ ਸੇਵਾਦਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

## ਰਿਆੜਕੀ ਪਬਲਿਕ ਸਕੂਲ ਦੇ 39 ਵਿਦਿਆਰਥੀ ਸਾਇੰਸ ਓਲੰਪੀਆਡ ਵਿੱਚ ਛਾਏ

ਘੁਮਾਣ ਸ੍ਰੀ ਹਰਗੋਬਿੰਦਪੁਰ ਸਾਹਿਬ, 17 ਮਾਰਚ ( ਡਾਕਟਰ ਨਰਿੰਦਰ ਸਿੰਘ ਘੁਮਾਣ, ਜਗੀਰ ਸਿੰਘ ਮੰਡ ) :ਆਰਪੀਐਸ ਵਜੋਂ ਜਾਣੇ ਜਾਂਦੇ, ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਨੇ ਸਾਇੰਸ ਓਲੰਪੀਆਡ ਫਾਊਂਡੇਸ਼ਨ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਨਵਾਂ ਮਿਆਰ ਸਥਾਪਿਤ ਕੀਤਾ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਆਪਣੇ ਉੱਤਮ ਨਤੀਜਿਆਂ ਨਾਲ ਨਾ ਸਿਰਫ਼ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਪੂਰੇ ਖੇਤਰ ਵਿੱਚ ਅਕਾਦਮਿਕ ਉਤਕ੍ਰਿਸ਼ਟਤਾ ਦਾ ਸਪੱਸ਼ਟ ਸੰਦੇਸ਼ ਦਿੱਤਾ ਹੈ। ਇਸ ਮਹਾਨ ਸਫਲਤਾ ਨੂੰ ਮਨਾਉਣ ਲਈ ਸਕੂਲ ਆਡੋਰੀਅਮ ਵਿੱਚ ਇੱਕ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਗੌਰਵ ਅਤੇ ਪ੍ਰੇਰਣਾ ਦਾ ਵਿਲੱਖਣ ਮਾਹੌਲ ਦੇਖਣ ਨੂੰ ਮਿਲਿਆ।ਇਸ ਮੌਕੇ ਕੁੱਲ 39 ਵਿਦਿਆਰਥੀਆਂ ਨੂੰ ਸਾਇੰਸ, ਅੰਗਰੇਜ਼ੀ, ਕਾਮਰਸ ਅਤੇ ਆਮ



ਗਿਆਨ ਵਿਸ਼ਿਆਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਮੌਕੇ ਸੰਸਥਾ ਦੇ ਪ੍ਰਬੰਧਕ ਸ੍ਰ ਗਗਨਦੀਪ ਸਿੰਘ ਵਿਰਕ ਨੇ ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਬੱਚਿਆਂ ਵਿੱਚ ਆਤਮ ਵਿਸ਼ਵਾਸ, ਤਰਕਸ਼ੀਲ ਸੋਚ ਅਤੇ ਵਿਸ਼ਿਆਂ ਦੀ ਡੂੰਘੀ ਸਮਝ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਇਹ ਵੀ ਉਲੇਖ ਕੀਤਾ ਕਿ ਰਿਆੜਕੀ ਪਬਲਿਕ ਸਕੂਲ ਹਮੇਸ਼ਾਂ ਹੀ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੋਂ ਉਪਰ ਉਠ ਕੇ ਵਿਸ਼ਵ ਪੱਧਰ ਦੀ ਸੋਚ ਅਤੇ ਯੋਗਤਾ ਦੇਣ ਲਈ ਵਚਨਬੱਧ ਹੈ।ਇਸ ਮੌਕੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦਾ ਉਦੇਸ਼ ਹਰ ਬੱਚੇ ਵਿੱਚ ਛੁਪੀ ਸਮਰੱਥਾ ਨੂੰ ਨਿਖਾਰਨਾ ਹੈ। ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ, ਕੋਆਰਡੀਨੇਟਰ ਹਰਕਿੰਦਰਬੀਰ ਸਿੰਘ ਅਤੇ ਸੁਖਦੀਪ ਕੌਰ ਸਮੇਤ ਸਮੂਹ ਅਧਿਆਪਕ ਮੌਜੂਦ ਸਨ, ਜਿਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਸਮਰਪਣ ਨਾਲ ਇਹ ਸਫਲਤਾ ਸੰਭਵ ਹੋਈ ਹੈ।

## ਸੁਰਜੀਤ ਮੈਮੋਰੀਅਲ ਕਾਲਜ ਤੋਂ ਜੇ.ਸੀ.ਪੀ. ਹੁਸੈਨੀਵਾਲਾ ਤੱਕ ਮੈਰਾਥਨ 22 ਨੂੰ

ਫਿਰੋਜ਼ਪੁਰ, 17 ਮਾਰਚ: ਤਿਵਾੜੀ :ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 22 ਮਾਰਚ 2026 ਨੂੰ (ਸਵੇਰੇ 05:30 ਵਜੇ ਤੋਂ ਸਵੇਰੇ 07:30 ਵਜੇ) ਸੁਰਜੀਤ ਮੈਮੋਰੀਅਲ ਕਾਲਜ ਮੋਗਾ ਰੋਡ ਫ਼ਿਰੋਜ਼ਪੁਰ ਤੋਂ ਜੇ.ਸੀ.ਪੀ. ਹੁਸੈਨੀਵਾਲਾ ਫ਼ਿਰੋਜ਼ਪੁਰ ਤੱਕ ਬੀ.ਐਸ.ਐਫ. ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਮੈਰਾਥਨ ਦਾ ਆਯੋਜਨ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਕਾਰਵਾਈ ਜਾ ਰਹੀ ਇਸ ਮੈਰਾਥਨ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਦਿਆਂ ਖੇਡਾਂ ਅਤੇ ਤੰਦਰੁਸਤ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨਾ ਹੈ। ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਕਿਹਾ ਕਿ ਸਮੂਹ ਵਿਭਾਗਾਂ ਨੂੰ ਮੈਰਾਥਨ ਦੌਰਾਨ ਸੁਰੱਖਿਆ, ਟ੍ਰੈਫਿਕ ਪ੍ਰਬੰਧ ਅਤੇ ਮੈਡੀਕਲ ਸਹੂਲਤਾਂ ਸਮੇਤ ਹਰ ਤਰ੍ਹਾਂ ਦੇ ਇੰਤਜ਼ਾਮ ਯਕੀਨੀ ਬਣਾਏ ਜਾਣ ਸਬੰਧੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ, ਤਾਂ ਜੋ ਭਾਗ ਲੈਣ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ।ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ, ਵਿਦਿਆਰਥੀਆਂ, ਖਿਡਾਰੀਆਂ, ਸਮਾਜਿਕ ਸੰਸਥਾਵਾਂ ਅਤੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੈਰਾਥਨ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸਨੂੰ ਸਫ਼ਲ ਬਣਾਉਣ।

## ਡੀ.ਸੀ. ਨੇ ਸ਼ਹੀਦੀ ਸਮਾਗਮ ਸਬੰਧੀ ਚੱਲ ਰਹੀ ਤਿਆਰੀਆਂ ਦਾ ਲਿਆ ਜਾਇਜ਼ਾ



ਬੰਗਾ, 17 ਮਾਰਚ (ਸੁਖਦੇਵ ਸਿੰਘ ਉੜਾਪੜ) : ਦੇਸ਼ ਦੇ ਸੁਤੰਤਰਤਾ ਸੰਗਰਾਮ ਦੌਰਾਨ ਸ਼ਹਾਦਤ ਦਾ ਜਾਮ ਪੀਣ ਵਾਲੇ ਮਹਾਨ ਆਜ਼ਾਦੀ ਘੁਲਾਟੀਆਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ 23 ਮਾਰਚ ਨੂੰ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਅੱਜ ਅਧਿਕਾਰੀਆਂ ਸਮੇਤ ਖਟਕੜ ਕਲਾਂ ਦਾ ਦੌਰਾ ਕੀਤਾ ਅਤੇ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਨੁਸਾਰ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਪਰਿਵਾਰ ਦਾ ਜੱਦੀ ਘਰ ਸਥਿਤ ਹੋਣ ਕਾਰਨ ਅਤੇ ਉਨ੍ਹਾਂ ਦੀ ਯਾਦ 'ਚ ਸਥਾਪਿਤ ਮਿਊਜ਼ੀਅਮ ਵਿਖੇ ਉਨ੍ਹਾਂ ਦੇ ਬੁੱਤ ਅਤੇ ਪਿਤਾ ਸਵ. ਕਿਸ਼ਨ ਸਿੰਘ ਦੀ ਯਾਦਗਾਰ 'ਤੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ ਨੂੰ ਹਰ ਸਾਲ ਦੇਸ-ਪ੍ਰਦੇਸ ਤੋਂ ਵੱਡੀ ਗਿਣਤੀ 'ਚ ਲੋਕ ਸ਼ਰਧਾ ਸੁਮਨ ਭੇਟ ਕਰਨ ਆਉਂਦੇ ਹਨ। ਇਸ ਵਾਰ 23 ਮਾਰਚ ਨੂੰ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਵੀ ਵੱਡੀ ਗਿਣਤੀ 'ਚ ਇਨ੍ਹਾਂ ਆਜ਼ਾਦੀ ਦੇ ਪ੍ਰਵਾਨਿਆਂ ਦੇ ਵੱਡੀ ਗਿਣਤੀ 'ਚ ਪ੍ਰਸ਼ੰਸਕਾਂ ਦੇ ਪੁੱਜਣ ਦੀ ਸੰਭਾਵਨਾ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਵੱਲੋਂ ਲੋੜੀਂਦੇ ਪ੍ਰਬੰਧਾਂ ਦੀ ਨਜ਼ਰਸਾਨੀ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਮਿਊਜ਼ੀਅਮ ਦੇ ਬਾਹਰ ਸਥਿਤ ਬੁੱਤ ਅਤੇ ਪਿਤਾ ਸ. ਕਿਸ਼ਨ ਸਿੰਘ ਦੀ ਯਾਦਗਾਰ ਵਾਲੇ ਥਾਂ, ਪਿਛਲੇ ਪਾਸੇ ਸਥਿਤ ਰੈਲੀ ਗਰਾਊਂਡ, ਪਿੰਡ 'ਚ ਸਥਿਤ ਜੱਦੀ ਘਰ, ਮਾਤਾ ਵਿਦਿਆਵਤੀ ਪਾਰਕ ਅਤੇ ਸ਼ਹੀਦ-ਏ-ਆਜ਼ਮ ਤੇ ਪਰਿਵਾਰ ਨਾਲ ਜੁੜੀਆਂ ਹੋਰਨਾਂ ਥਾਂਵਾਂ ਦੀ ਮੁਕੰਮਲ ਸਾਫ਼-ਸਫ਼ਾਈ ਦੇ ਆਦੇਸ਼ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਟ੍ਰੈਫਿਕ ਬੰਦੋਬਸਤ,ਪਿੰਡ ਨੂੰ ਜਾਦੀ ਸੜ੍ਹਕ, ਨਾਲ ਲੱਗਦੀ ਗ੍ਰੀਨ ਬੈਲਟ ਆਦਿ ਦਾ ਜਾਇਜ਼ਾ ਵੀ ਲਿਆ ਗਿਆ ਹੈ।

## ਸੰਧਵਾਂ ਵੱਲੋਂ ਕ੍ਰਿਤਿਕਾ ਚੌਧਰੀ ਦਾ ਕੀਤਾ ਗਿਆ ਵਿਸ਼ੇਸ਼ ਸਨਮਾਨ



ਨਵਾਂ ਸ਼ਹਿਰ,17 ਮਾਰਚ (ਸੁਖਦੇਵ ਸਿੰਘ ਉੜਾਪੜ) : ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਇਜਲਾਸ ਦੇ ਆਖਰੀ ਦਿਨ ਪੰਜਾਬ ਦੇ ਯੂਪੀਐਸਸੀ ਕਲੀਅਰ ਕਰਨ ਵਾਲੇ ਬੱਚਿਆ ਲਈ ਖਾਸ ਬਣਾ ਦਿੱਤਾ ਦਰਅਸਲ ਪੰਜਾਬ ਭਰ ਵਿੱਚੋਂ ਯੂਪੀਐਸਸੀ ਕਲੀਅਰ ਕਰਨ ਵਾਲਿਆ ਨੂੰ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਇਜਲਾਸ ਦੇਖਣ ਲਈ ਸੱਦਾ ਪੱਤਰ ਭੇਜਿਆ ਗਿਆ ਸੀ ਅਤੇ ਇਸ ਦੌਰਾਨ ਕੁਲਤਾਰ ਸਿੰਘ ਸੰਧਵਾਂ ਵੱਲੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ ਜਿਨ੍ਹਾਂ ਵਿੱਚੋਂ ਮੋਹਾਲੀ ਦੀ ਕ੍ਰਿਤਿਕਾ ਚੌਧਰੀ ਵੀ ਸ਼ਾਮਿਲ ਸਨ ਕ੍ਰਿਤਿਕਾ ਚੌਧਰੀ ਆਪਣੇ ਪੂਰੇ ਪਰਿਵਾਰ ਸਮੇਤ ਵਿਧਾਨ ਸਭਾ ਵਿਖੇ ਪਹੁੰਚੇ ਜਿਨਾਂ ਦਾ ਸਰਦਾਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਇੰਨਾ ਹੀ ਨਹੀਂ ਵਿਧਾਨ ਸਭਾ ਵਿੱਚ ਮੌਜੂਦ ਵੱਖ-ਵੱਖ ਸਿਆਸੀ ਆਗੂਆਂ ਸਨੇ ਕੈਬਿਨਟ ਮੰਤਰੀ ਹਰਦੀਪ ਸਿੰਘ ਮੁੰਡੀਆ ਅਤੇ ਗੁਰਮੀਤ ਸਿੰਘ ਖੁਡੀਆਂ ਨੇ ਵੀ ਵਿਸ਼ੇਸ਼ ਤੌਰ ਤੇ ਕ੍ਰਿਤਿਕਾ ਚੌਧਰੀ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ ।ਦੱਸ ਦਈਏ ਕਿ ਕ੍ਰਿਤਿਕਾ ਚੌਧਰੀ ਨੇ ਯੂਪੀਐਸਸੀ ਵਿੱਚੋਂ 312ਵਾਂ ਰੈਂਕ ਦੇਸ਼ ਭਰ ਚੋਂ ਹਾਸਿਲ ਕੀਤਾ ਜਿਸ ਤੋਂ ਬਾਅਦ ਪੂਰੇ ਗੁੱਜਰ ਭਾਈਚਾਰੇ ਵੱਲੋਂ ਪਰਿਵਾਰ ਨੂੰ ਵਧਾਈਆਂ ਭੇਜੀਆਂ ਜਾ ਰਹੀਆਂ ਹਨ । ਪੰਜਾਬ ਵਿਧਾਨ ਸਭਾ ਵਿੱਚ ਕ੍ਰਿਤਿਕਾ ਚੌਧਰੀ ਦੇ ਪਿਤਾ ਰਾਜੀਵ ਚੌਧਰੀ ਜੋ ਕਿ ਪੰਜਾਬ ਪੁਲਿਸ ਵਿੱਚ ਸੇਵਾਵਾਂ ਨਿਭਾ ਰਹੇ ਨੇ ਉਨਾਂ ਸਮੇਤ ਕ੍ਰਿਤੀਕਾ ਦੇ ਮਾਤਾ ਦਰਸ਼ਨਾ ਕੁਮਾਰੀ, ਭਰਾ ਆਸ਼ੂਤੋਸ਼ ਗੁੱਜਰ ਅਤੇ ਕ੍ਰਿਤਿਕਾ ਦੀ ਭਾਬੀ ਦੀਕਸ਼ਾ ਚੌਧਰੀ ਵੀ ਮੌਜੂਦ ਰਹੇ।

## ਸ਼੍ਰੋਮਣੀ ਕਮੇਟੀ ਨੇ ਵਾਤਾਵਰਨ ਦਿਹਾੜੇ ਵਜੋਂ ਮਨਾਇਆ ਸ੍ਰੀ ਗੁਰੂ ਹਰਿਰਾਇ ਸਾਹਿਬ ਦਾ ਗੁਰਤਾਗੱਦੀ ਦਿਵਸ

ਅੰਮ੍ਰਿਤਸਰ, 17 ਮਾਰਚ-(ਗੁਰਦਿਆਲ ਸਿੰਘ) ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਤਾਵਰਣ ਦਿਵਸ ਦੇ ਰੂਪ ਵਿਚ ਮਨਾਇਆ ਗਿਆ। ਇਸ ਸਬੰਧੀ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਬਲਵਿੰਦਰ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਸੱਤਵੇਂ ਪਾਤਸ਼ਾਹ ਜੀ ਨੇ ਸ੍ਰੀ



ਕੀਰਤਪੁਰ ਸਾਹਿਬ ਵਿਖੇ ਬਾਗ਼ ਲਗਾ ਕੇ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦਿੱਤਾ।ਨੁਮਾਇੰਦਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਗੁਰਤਾਗੱਦੀ ਦਿਵਸ ਨੂੰ ਹਰ ਸਾਲ ਵਾਤਾਵਰਣ ਦਿਵਸ ਵਜੋਂ ਮਨਾ ਕੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ ਅਨੁਸਾਰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਆ ਜਾਂਦਾ ਹੈ।ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਦੀ ਵਧਾਈ ਦਿੱਤੀ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਪ੍ਰੇਰਨਾ ਵੀ ਕੀਤੀ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਤੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਚਕਾਰ ਸਥਿਤ ਗੁਰੂ ਕੇ ਬਾਗ ਵਿਖੇ ਵਾਤਾਵਰਣ ਦੀ ਸਾਂਭ-ਸੰਭਾਲ ਦੇ ਸੁਨੇਹੇ ਤਹਿਤ ਬੂਟੇ ਲਗਾ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ।ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਯੁਵਰਾਜ ਸਿੰਘ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਸ. ਗੁਰਪ੍ਰਤਾਪ ਸਿੰਘ ਆਦਿ ਮੌਜੂਦ ਸਨ।

## ਸਬ-ਤਹਿਸੀਲ ਰਾਜਾਸਾਂਸੀ ਵਿਖੇ ਕਿਸੇ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ : ਨਾਇਬ ਤਹਿਸੀਲਦਾਰ

ਚੋਗਾਵਾਂ, 17 ਮਾਰਚ (ਸੁਬੇਗ ਸਿੰਘ ਸੋਨਾ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਬ-ਤਹਿਸੀਲ ਰਾਜਾ ਸਾਂਸੀ ਵਿਖੇ ਕੰਮ ਕਾਜ ਕਰਵਾਉਣ ਵਾਲੇ ਹਰੇਕ ਵਿਅਕਤੀ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਪਹਿਲ ਦੇ ਅਧਾਰ 'ਤੇ ਲੋਕਾਂ ਦੇ ਕੰਮ ਕੀਤੇ ਜਾਣਗੇ।ਉਕਤ ਵਿਚਾਰਾਂ ਦਾ ਪ੍ਰਗਟਾਵਾ ਸਬ-ਤਹਿਸੀਲ ਰਾਜਾ ਸਾਂਸੀ ਦੇ ਨਾਇਬ ਤਹਿਸੀਲਦਾਰ ਰਮਿੰਦਰ ਪਾਲ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕੀ ਜੇਕਰ ਸਬ ਤਹਿਸੀਲ ਰਾਜਾ ਸਾਂਸੀ ਵਿਖੇ ਵਿਭਾਗ ਨਾਲ ਸੰਬੰਧਿਤ ਕੋਈ ਵੀ ਪਰੇਸ਼ਾਨੀ ਆਉਂਦੀ ਹੈ ਤਾਂ ਉਹ ਮੇਰੇ ਨਾਲ ਸਿੱਧਾ



ਸੰਪਰਕ ਕਰ ਸਕਦੇ ਹਨ। ਹਰੇਕ ਵਿਅਕਤੀ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਅਤੇ ਦਫਤਰੀ ਕੰਮ ਸਮੇਂ ਸਿਰ ਨੇਪਰੇ ਚਾੜ੍ਹੇ ਜਾਣਗੇ। ਇਸ ਮੌਕੇ ਉਹਨਾਂ ਸਮੁੱਚੇ ਸਟਾਫ ਨੂੰ ਆਪਣਾ ਕੰਮ ਪੂਰੀ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕਰਨ ਲਈ ਕਿਹਾ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਨਾ ਆਵੇ।

## 45 ਸ਼ਰਧਾਲੂਆਂ ਦਾ ਜਥਾ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ

### ਮੁੱਖ ਮੰਤਰੀ ਤੀਰਥ ਯਾਤਰਾ ਵਿੱਚ ਜਾ ਰਹੇ ਸ਼ਰਧਾਲੂਆਂ ਵਿੱਚ ਪੂਰਾ ਉਤਸ਼ਾਹ-ਰਮਨ ਬਹਿਲ

ਗੁਰਦਾਸਪੁਰ, 17 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ) : ਮੁੱਖ ਮੰਤਰੀ ਪੰਜਾਬ , ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਗੁਰਦਾਸਪੁਰ, ਰਮਨ ਬਹਿਲ ਨੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਪਿੰਡ ਭੁੱਲੇਚੱਕ ਤੋਂ 45 ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਉਪਰੰਤ ਕੀਤਾ।ਪੱਤਰਕਾਰਾਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ



ਦਰਸ਼ਨ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਦੇ ਠਹਿਰਣ ਅਤੇ ਲੰਗਰ ਦੇ ਬਹੁਤ ਵਧੀਆ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ। ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਉਹਨਾਂ ਲੋਕਾਂ ਲਈ ਵੀ ਵਰਦਾਨ ਸਾਬਿਤ ਹੋ ਰਹੀ ਹੈ ਜਿਹੜੇ ਵਿੱਤੀ ਕਮੀਆਂ, ਗਰੀਬੀ, ਬਿਰਧ ਅਵਸਥਾ ਜਾਂ ਹੋਰ ਕਾਰਨਾਂ ਕਰਕੇ ਪਵਿੱਤਰ ਤੀਰਥ ਅਸਥਾਨਾਂ ਦੇ ਦਰਸ਼ਨ ਨਹੀਂ ਕਰ ਸਕਦੇ ਸਨ ਪਰ ਮੁੱਖ ਮੰਤਰੀ ਤੀਰਥ ਯਾਤਰਾ ਸ਼ੁਰੂ ਹੋਣ ਸ਼ਰਧਾਲੂਆਂ ਵਿੱਚ ਖੁਸ਼ੀ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਯਾਤਰਾਵਾਂ ਮਹਾਨ ਗੁਰੂ ਸਾਹਿਬਾਨਾਂ ਦੀਆਂ ਉੱਚੀਆਂ ਅਤੇ ਜੀਵਨ ਮਾਰਗ ਦਰਸ਼ਨ ਸਿੱਖਿਆਵਾਂ ਬਾਰੇ ਗਿਆਨ ਵਧਾਉਣ ਵਿੱਚ ਵੀ ਲਾਹੇਵੰਦ ਸਾਬਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ, ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਇਸ ਮੌਕੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।ਇਸ ਮੌਕੇ ਚੇਅਰਮੈਨ ਰਣਜੇਤ ਸਿੰਘ ਬਾਠ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਗੁਰਦਾਸਪੁਰ ਦੇ ਕੋਆਰਡੀਨੇਟਰ ਗਗਨ ਮਹਾਜਨ, ਲਖਵਿੰਦਰ ਸਿੰਘ ਸਰਪੰਚ ਭੁੱਲੇਚੱਕ ਅਤੇ ਬਲਵਿੰਦਰ ਸਿੰਘ ਖਾਲਸਾ ਮੌਜੂਦ ਸਨ

## ਹੁਸ਼ਿਆਰਪੁਰ 'ਚ ਜਨਗਣਨਾ 2027 ਸੰਬੰਧੀ ਦੋ ਦਿਨਾਂ ਸਿਖਲਾਈ ਵਰਕਸ਼ਾਪ ਸ਼ੁਰੂ

ਹੁਸ਼ਿਆਰਪੁਰ, 17 ਮਾਰਚ (ਦੀਪਕ ਅਗਨੀਹੋਤਰੀ):ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਜਨਗਣਨਾ 2027 ਦੀਆਂ ਤਿਆਰੀਆਂ ਦੇ ਤਹਿਤ ਅੱਜ ਦੋ ਦਿਨਾਂ ਟ੍ਰੇਨਿੰਗ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ। ਇਸ ਵਰਕਸ਼ਾਪ ਦੌਰਾਨ ਜਨਗਣਨਾ ਨਾਲ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪ੍ਰਕਿਰਿਆ, ਡਿਜੀਟਲ ਪ੍ਰਣਾਲੀ ਅਤੇ ਫੀਲਡ ਪੱਧਰ 'ਤੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਦੀ ਹਾਜ਼ਰੀ ਵਿੱਚ ਜਨਗਣਨਾ ਵਿਭਾਗ ਦੇ ਸਹਾਇਕ ਡਾਇਰੈਕਟਰ ਸੁਪਰਿਆ ਵੱਲੋਂ ਭਾਗ ਲੈਣ ਵਾਲਿਆਂ ਨੂੰ ਜਨਗਣਨਾ ਦੀ ਪੂਰੀ ਪ੍ਰਕਿਰਿਆ ਬਾਰੇ ਤਕਨੀਕੀ ਟ੍ਰੇਨਿੰਗ ਪ੍ਰਦਾਨ ਕੀਤੀ ਗਈ। ਸਹਾਇਕ ਡਾਇਰੈਕਟਰ ਸੁਪਰਿਆ ਨੇ ਇਸ ਮੌਕੇ ਦੱਸਿਆ ਕਿ ਆਉਣ ਵਾਲੀ ਜਨਗਣਨਾ ਪਹਿਲੀ ਵਾਰ ਪੂਰੀ ਤਰ੍ਹਾਂ ਡਿਜੀਟਲ ਮੋਡ ਵਿੱਚ ਕਰਵਾਈ ਜਾ ਰਹੀ ਹੈ। ਇਸ ਵਾਰ ਸਰਕਾਰ ਵੱਲੋਂ 'ਸੈਲਫ ਇਨਯੂਮਰੇਸ਼ਨ ਦੀ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਕੋਈ ਵੀ ਨਾਗਰਿਕ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਖੁਦ ਆਨਲਾਈਨ ਤਰੀਕੇ ਨਾਲ ਆਪਣੇ ਘਰ ਦੀ ਗਿਣਤੀ ਦਰਜ ਕਰ ਸਕੇਗਾ। ਇਸ ਤੋਂ ਬਾਅਦ ਜਨਗਣਨਾ ਦਾ ਪਹਿਲਾ ਫੇਜ਼ 15 ਮਈ 2026 ਤੋਂ 13 ਜੂਨ 2026 ਤੱਕ 'ਹਾਊਸ ਲਿਸਟਿੰਗ' ਦੇ ਰੂਪ ਵਿੱਚ ਕਰਵਾਇਆ ਜਾਵੇਗਾ। ਇਸ ਦੌਰਾਨ ਗਣਨਾਕਰਤਾ ਘਰ-ਘਰ ਜਾ ਕੇ ਮਕਾਨਾਂ ਦੀ ਜਾਣਕਾਰੀ ਇਕੱਠੀ ਕਰਨਗੇ ਅਤੇ ਨਾਗਰਿਕਾਂ ਨੂੰ ਕੁੱਲ 33 ਸਵਾਲ ਪੁੱਛੇ ਜਾਣਗੇ। ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਨਗਣਨਾ ਦੇਸ਼ ਦੀ ਮਹੱਤਵਪੂਰਨ ਪ੍ਰਕਿਰਿਆ ਹੈ ਅਤੇ ਇਸ ਰਾਹੀਂ ਸਰਕਾਰ ਨੂੰ ਲੋਕਾਂ ਦੀ ਸਮਾਜਿਕ ਤੇ ਆਰਥਿਕ ਸਥਿਤੀ ਬਾਰੇ ਸਹੀ ਜਾਣਕਾਰੀ ਮਿਲਦੀ ਹੈ। ਇਸ ਲਈ ਹਰ ਨਾਗਰਿਕ ਨੂੰ ਚਾਹੀਦਾ ਹੈ ਕਿ ਉਹ ਸਰਕਾਰ ਵੱਲੋਂ ਕਰਵਾਈ ਜਾ ਰਹੀ ਇਸ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਵੇ। ਇਸ ਟ੍ਰੇਨਿੰਗ ਵਰਕਸ਼ਾਪ ਵਿੱਚ ਐਸ.ਡੀ.ਐਮ. ਮੁਕੇਰੀਆਂ ਜਿਓਤਸਨਾ, ਉਪ ਅਰਥ ਅੰਕੜਾ ਸਲਾਹਕਾਰ ਸੁਨੀਤਾ ਪਾਲ, ਸਮੂਹ ਤਹਿਸੀਲਦਾਰਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਕਾਰਜਸਾਧਕ ਅਧਿਕਾਰੀਆਂ, ਸਬੰਧਤ ਚਾਰਜ ਅਫਸਰਾਂ ਦੇ ਕਲਰਕਾਂ ਅਤੇ ਤਕਨੀਕੀ ਸਹਾਇਕਾਂ ਨੇ ਭਾਗ ਲਿਆ।



ਰੋਜ਼ਾਨਾ ਚੜ੍ਹਦੀਕਲਾ

# ਸਿਹਤ ਖ਼ਬਰਨਾਮਾ



## ਸਵੇਰੇ ਔਲੇ ਦਾ ਜੂਸ ਪੀਓ, ਸਰੀਰ ਵਿੱਚ ਆਉਣਗੇ ਹੈਰਾਨ ਕਰਨ ਵਾਲੇ ਬਦਲਾਅ

ਔਲੇ, ਜਿਸਨੂੰ ਅਮਲਕੀ ਵੀ ਕਿਹਾ ਜਾਂਦਾ ਹੈ, ਆਯੁਰਵੇਦ ਵਿੱਚ ਬਹੁਤ ਮਹੱਤਵਪੂਰਨ ਫਲ ਮੰਨਿਆ ਜਾਂਦਾ ਹੈ। ਇਸਨੂੰ ਸਿਹਤ ਦਾ ਖਜ਼ਾਨਾ ਕਿਹਾ ਜਾਂਦਾ ਹੈ ਕਿਉਂਕਿ ਇਸ ਵਿੱਚ ਵਿਟਾਮਿਨ 3, ਐਂਟੀ-ਆਕਸੀਡੈਂਟ, ਫਾਈਬਰ, ਕੈਲਸ਼ੀਅਮ, ਆਇਰਨ ਅਤੇ



ਹੋਰ ਕਈ ਪੋਸ਼ਕ ਤੱਤ ਵੱਧ ਮਾਤਰਾ ਵਿੱਚ ਮਿਲਦੇ ਹਨ। ਜੇ ਤੁਸੀਂ ਹਰ ਸਵੇਰੇ ਖਾਲੀ ਪੇਟ ਆਂਵਲੇ ਦਾ ਜੂਸ ਪੀਣਾ ਸ਼ੁਰੂ ਕਰ ਦਿਓ, ਤਾਂ ਕੁਝ ਹੀ ਦਿਨਾਂ ਵਿੱਚ ਸਰੀਰ ਵਿੱਚ ਕਈ ਚੰਗੇ ਬਦਲਾਅ ਮਹਿਸੂਸ ਹੋਣ ਲੱਗ ਪੈਣਗੇ।

**ਸਰੀਰ ਨੂੰ ਡਿਟਾਕਸ ਕਰਦਾ;** ਸਵੇਰੇ ਖਾਲੀ ਪੇਟ ਆਂਵਲੇ ਦਾ ਜੂਸ ਪੀਣ ਨਾਲ ਸਰੀਰ ਵਿੱਚ ਜਮੀਆਂ ਟਾਕਸਿਨ ਬਾਹਰ ਨਿਕਲਦੇ ਹਨ। ਇਹ ਲਿਵਰ ਨੂੰ ਸਾਫ਼ ਰੱਖਦਾ ਹੈ ਅਤੇ ਸਰੀਰ ਦੀ ਕੁੱਲ ਸਿਹਤ ਨੂੰ ਸੁਧਾਰਦਾ ਹੈ।

**ਅੱਖਾਂ ਦੀ ਰੌਸ਼ਨੀ ਵਧਾਉਂਦਾ ਹੈ;** ਆਂਵਲੇ ਦਾ ਜੂਸ ਅੱਖਾਂ ਲਈ ਵੀ ਲਾਭਦਾਇਕ ਹੈ। ਇਸ ਵਿੱਚ ਮੌਜੂਦ ਵਿਟਾਮਿਨ 3 ਅਤੇ ਐਂਟੀ-ਆਕਸੀਡੈਂਟ ਅੱਖਾਂ ਦੀ ਰੌਸ਼ਨੀ ਨੂੰ ਮਜ਼ਬੂਤ ਕਰਦੇ ਹਨ।ਇਹ ਅੱਖਾਂ ਦੀ ਲਾਲੀ, ਜਲਨ ਅਤੇ ਪਾਣੀ ਆਉਣ ਦੀ ਸਮੱਸਿਆ ਨੂੰ ਘਟਾਉਂਦਾ ਹੈ।

**ਖੂਨ ਨੂੰ ਸ਼ੁੱਧ ਕਰਦਾ ਹੈ ;** ਆਂਵਲਾ ਖੂਨ ਨੂੰ ਡਿਟਾਕਸ ਕਰਦਾ ਹੈ ਅਤੇ ਸਰੀਰ ਵਿੱਚ ਜਮੀਆਂ ਗੰਦਗੀਆਂ ਨੂੰ ਬਾਹਰ ਕੱਢਣ ਵਿੱਚ ਮਦਦ ਕਰਦਾ ਹੈ।

**ਦਿਲ ਦੀ ਸਿਹਤ ਸੁਧਾਰਦਾ ਹੈ ;** ਆਂਵਲੇ ਦੇ ਜੂਸ ਵਿੱਚ ਮੌਜੂਦ ਐਂਟੀ-ਆਕਸੀਡੈਂਟ ਅਤੇ ਐਮੀਨੋ ਐਸਿਡ ਦਿਲ ਦੀਆਂ ਨਸਾਂ ਨੂੰ ਸਾਫ਼ ਰੱਖਦੇ ਹਨ। ਇਹ ਖੂਨ ਵਿੱਚ ਕੋਲੇਸਟਰੋਲ ਦੀ ਮਾਤਰਾ ਨੂੰ ਕੰਟਰੋਲ ਕਰਦਾ ਹੈ ਅਤੇ ਦਿਲ ਦੀਆਂ ਬਿਮਾਰੀਆਂ ਦੇ ਖਤਰੇ ਨੂੰ ਘਟਾਉਂਦਾ ਹੈ।

**ਵਜ਼ਨ ਘਟਾਉਣ ਵਿੱਚ ਮਦਦ ;** ਜੇ ਤੁਸੀਂ ਵਜ਼ਨ ਘਟਾਉਣ ਦੀ ਕੋਸ਼ਿਸ਼ ਕਰ ਰਹੇ ਹੋ, ਤਾਂ ਆਂਵਲੇ ਦਾ ਜੂਸ ਤੁਹਾਡੇ ਲਈ ਬਹੁਤ ਲਾਭਦਾਇਕ ਹੋ ਸਕਦਾ ਹੈ। ਇਹ ਮੈਟਾਬੋਲਿਜ਼ਮ ਨੂੰ ਤੇਜ਼ ਕਰਦਾ ਹੈ ਅਤੇ ਸਰੀਰ ਵਿੱਚ ਫੈਟ ਬਰਨਿੰਗ ਦੀ ਪ੍ਰਕਿਰਿਆ ਨੂੰ ਵਧਾਉਂਦਾ ਹੈ।ਇਹ ਪੇਟ ਨੂੰ ਲੰਬੇ ਸਮੇਂ ਤੱਕ ਭਰਿਆ ਰੱਖਦਾ ਹੈ, ਜਿਸ ਨਾਲ ਬੇਵਜ੍ਹਾ ਖਾਣ ਦੀ ਆਦਤ ਘਟਦੀ ਹੈ।

## ਚੀਨੀ ਯੂਨੀਵਰਸਿਟੀ ਨੇ ਵਿਦੇਸ਼ੀ ਭਾਸ਼ਾ ਦੇ ਕੋਰਸਾਂ ’ਚ ਪੰਜਾਬੀ ਨੂੰ ਕੀਤਾ ਸ਼ਾਮਲ

ਬੀਜਿੰਗ, 17 ਮਾਰਚ, (ਚ.ਨ.ਸ.) : ਚੀਨ ਤੋਂ ਪੰਜਾਬੀਆਂ ਲਈ ਇੱਕ ਬੇਹੱਦ ਮਾਣ ਵਾਲੀ ਅਤੇ ਖ਼ੁਸ਼ੀ ਦੀ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਚੀਨ ਦੀ ਬੀਜਿੰਗ ਫਾਰੇਨ ਸਟੱਡੀਜ਼ ਯੂਨੀਵਰਸਿਟੀ (ਬੀ.ਐਫ.ਐਸ.ਯੂ.) ਨੇ ਆਪਣੇ ਵਿਦੇਸ਼ੀ ਭਾਸ਼ਾ ਦੇ ਕੋਰਸਾਂ ਵਿੱਚ ਪੰਜਾਬੀ ਨੂੰ ਸ਼ਾਮਲ ਕਰ ਲਿਆ ਹੈ। ਬੀ.ਐਫ.ਐਸ.ਯੂ. ਨੇ ਪੰਜਾਬੀ ਭਾਸ਼ਾ ਪੜ੍ਹਾਉਣ ਲਈ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਦੇ ਸਕੂਲ ਆਫ਼ ਲੈਂਗੂਏਜ, ਲਿਟਰੇਚਰ ਐਂਡ ਕਲਚਰ ਦੇ ਸਾਬਕਾ ਡੀਨ ਪ੍ਰੋਫੈਸਰ ਜ਼ਮੀਰਪਾਲ ਕੌਰ ਸੰਧੂ ਬਾਜਵਾ ਨੂੰ ਨਿਯੁਕਤ ਕੀਤਾ ਹੈ। ਕੌਰ ਨੇ ਦੱਸਿਆ ਕਿ ਭਾਸ਼ਾ ਪੜ੍ਹਾਉਣ ਤੋਂ ਇਲਾਵਾ, ਉਹ ਪੰਜਾਬੀ ਇਤਿਹਾਸ ਅਤੇ ਸੱਭਿਆਚਾਰ ਵਿੱਚ ਕਲਾਸਾਂ ਲਵੇਗੀ ਅਤੇ ਚੀਨੀ ਅਧਿਆਪਕਾਂ ਨੂੰ ਪੰਜਾਬੀ ਭਾਸ਼ਾ ਸਿਖਾਉਣ ਲਈ ਸਿਖਲਾਈ ਦੇਵੇਗੀ।ਹੁਣ ਚੀਨੀ ਵਿਦਿਆਰਥੀ ਵੀ ਪੰਜਾਬੀ ਭਾਸ਼ਾ ਦੀ ਬਾਰੀਕੀ ਨੂੰ ਸਮਝਣਗੇ ਅਤੇ ਇਸ ਨੂੰ ਸਿੱਖਣਗੇ। ਇਹ ਕਦਮ ਪੰਜਾਬੀ ਭਾਸ਼ਾ ਦੇ ਅੰਤਰਰਾਸ਼ਟਰੀ ਪੱਧਰ @ਤੇ ਵਧ ਰਹੇ ਪ੍ਰਭਾਵ ਨੂੰ ਦਰਸਾਉਂਦਾ ਹੈ। ਯੂਨੀਵਰਸਿਟੀ ਵੱਲੋਂ ਪੰਜਾਬੀ ਨੂੰ ਆਪਣੇ ਪਾਠਕ੍ਰਮ ਦਾ ਹਿੱਸਾ ਬਣਾਉਣਾ ਦੋਵਾਂ ਦੇਸ਼ਾਂ ਦੇ ਸੱਭਿਆਚਾਰਕ ਸਾਂਝ ਨੂੰ ਵਧਾਉਣ ਵਿੱਚ ਵੀ ਸਹਾਇਕ ਸਾਬਤ ਹੋ ਸਕਦਾ ਹੈ।ਇਸ ਤੋਂ ਇਲਾਵਾ, ਇਸਨੇ ਪੰਜਾਬੀ ਨੂੰ ਆਪਣੀਆਂ ਭਾਸ਼ਾਵਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ, ਜਿਸ ਨਾਲ ਇਹ 102-ਭਾਸ਼ਾਵਾਂ ਦਾ ਕੋਰਸ ਬਣ ਗਿਆ।






ਅਦਾਰਾ ਚੜ੍ਹਦੀਕਲਾ ਵਿਖੇ ਪਹੁੰਚਣ ਮੌਕੇ ਗੁਰਪ੍ਰੀਤ ਸਿੰਘ ਪਟਵਾਰੀ, ਬਲਕਾਰ ਸਿੰਘ ਪਟਵਾਰੀ ਅਤੇ ਪ੍ਰਿੰਸ ਸਿੰਘ ਪਟਵਾਰੀ ਨੂੰ ਸਨਮਾਨਤ ਕਰਦੇ ਹੋਏ ਗਰੁੱਪ ਦੇ ਚੇਅਰਮੈਨ ਪਦਮ ਸ਼੍ਰੀ ਡਾ. ਜਗਜੀਤ ਸਿੰਘ ਦਰਦੀ।

## ਕਾਬੁਲ ਹਵਾਈ ਹਮਲੇ ਤੋਂ ਬਾਅਦ ਤਾਲਿਬਾਨ ਦਾ ਵੱਡਾ ਐਲਾਨ : ਹੋਰ ਗੱਲਬਾਤ ਨਹੀਂ ; ਅਸੀਂ ਪਾਕਿ ਤੋਂ ਲਵਾਂਗੇ ਆਪਣਾ ਬਦਲਾ

ਕਾਬੁਲ, 17 ਮਾਰਚ, (ਚ.ਨ.ਸ.) : ਅਫਗਾਨਿਸਤਾਨ ਅਤੇ ਪਾਕਿਸਤਾਨ ਵਿਚਕਾਰ ਚੱਲ ਰਿਹਾ ਤਣਾਅ ਦਿਨੋ-ਦਿਨ ਵਧਦਾ ਜਾ ਰਿਹਾ ਹੈ। ਇਹ ਟਕਰਾਅ ਹੁਣ ਇੱਕ ਮਹੀਨੇ ਦੇ ਨਿਸ਼ਾਨ ਦੇ ਨੇੜੇ ਆ ਰਿਹਾ ਹੈ; ਫਿਰ ਵੀ, ਇਸ ਦੇ ਬਾਵਜੂਦ, ਸਥਿਤੀ - ਸੁਧਰਨ ਤੋਂ ਬਹੁਤ ਦੂਰ - ਵਿਗੜਦੀ ਜਾ ਰਹੀ ਹੈ। ਦੋਵੇਂ ਦੇਸ਼ ਲਗਾਤਾਰ ਹਮਲਿਆਂ ਦੇ ਆਦਾਨ-ਪ੍ਰਦਾਨ ਵਿੱਚ ਰੁੱਝੇ ਹੋਏ ਹਨ, ਜਿਸ ਦੇ ਨਤੀਜੇ ਵਜੋਂ ਭਾਰੀ ਜਾਨੀ ਨੁਕਸਾਨ ਅਤੇ ਨਾਗਰਿਕ ਆਬਾਦੀ ਲਈ ਬਹੁਤ ਜ਼ਿਆਦਾ ਦੁੱਖ ਹੋ ਰਹੇ ਹਨ।ਹਾਲ ਹੀ ਵਿੱਚ, ਸੋਮਵਾਰ ਦੇਰ ਰਾਤ, ਪਾਕਿਸਤਾਨ ਨੇ ਅਫਗਾਨਿਸਤਾਨ ਦੀ ਰਾਜਧਾਨੀ ਕਾਬੁਲ ਵਿੱਚ ਸਥਿਤ ਇੱਕ ਡਰੱਗ ਪੁਨਰਵਾਸ ਕੇਂਦਰ ‘ਤੇ ਹਮਲਾ ਕੀਤਾ।



ਰਿਪੋਰਟਾਂ ਦਰਸਾਉਂਦੀਆਂ ਹਨ ਕਿ ਹਮਲੇ ਦੇ ਸਮੇਂ ਲਗਭਗ 2,000 ਲੋਕ ਸਹੂਲਤ ‘ਤੇ ਮੌਜੂਦ ਸਨ। ਹਮਲੇ ਦੇ ਨਤੀਜੇ ਵਜੋਂ 400 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਲਗਭਗ 250 ਹੋਰ ਗੰਭੀਰ ਜ਼ਖਮੀ ਹੋਏ। ਬਹੁਤ ਸਾਰੇ ਜ਼ਖਮੀਆਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ, ਜਿਸ ਨਾਲ ਇਹ ਡਰ ਪੈਦਾ ਹੋ ਗਿਆ ਹੈ ਕਿ ਮੌਤਾਂ ਦੀ ਗਿਣਤੀ ਹੋਰ ਵੱਧ ਸਕਦੀ ਹੈ। ਹਮਲੇ ਦੇ ਨਤੀਜੇ ਵਜੋਂ, ਹਸਪਤਾਲ ਕੰਪਲੈਕਸ ਦਾ ਇੱਕ ਮਹੱਤਵਪੂਰਨ ਹਿੱਸਾ ਅੱਗ ਦੀ ਲਪੇਟ ਵਿੱਚ ਆ ਗਿਆ, ਜਿਸ ਨਾਲ ਵਿਆਪਕ ਢਾਂਚਾਗਤ ਨੁਕਸਾਨ ਹੋਇਆ।ਪਾਕਿਸਤਾਨ ਦੇ ਇਸ ਹਮਲੇ ਦੇ ਮੱਦੇਨਜ਼ਰ, ਤਾਲਿਬਾਨ ਨੇ ਸਖ਼ਤ ਸ਼ਬਦਾਂ ਵਿੱਚ ਜਵਾਬ ਦਿੱਤਾ ਹੈ। ਤਾਲਿਬਾਨ ਦੇ ਬੁਲਾਰੇ ਜ਼ਬੀਹੁੱਲਾ ਮੁਜਾਹਿਦ ਨੇ ਐਲਾਨ ਕੀਤਾ ਕਿ ਗੱਲਬਾਤ ਅਤੇ ਕੂਟਨੀਤੀ ਦਾ ਸਮਾਂ ਹੁਣ ਲੰਘ ਗਿਆ ਹੈ। ਉਸਨੇ ਜ਼ੋਰ ਦੇ ਕੇ ਕਿਹਾ ਕਿ ਹੁਣ ਹੋਰ ਕੋਈ ਗੱਲਬਾਤ ਨਹੀਂ ਹੋਵੇਗੀ, ਇਹ ਕਹਿੰਦੇ ਹੋਏ ਕਿ ਕੂਟਨੀਤਕ ਰਸਤਾ ਹੁਣ ਬੰਦ ਹੋ ਗਿਆ ਹੈ। ਉਸਨੇ ਸਹੁੰ ਖਾਧੀ ਕਿ ਤਾਲਿਬਾਨ ਹੁਣ ਪਾਕਿਸਤਾਨ ਤੋਂ ਬਦਲਾ ਲਵੇਗਾ। ਉਸਨੇ ਅੱਗੇ ਕਿਹਾ ਕਿ ਪਾਕਿਸਤਾਨ ਨੇ ਕਾਬੁਲ ਦੇ ਅੰਦਰ ਕਈ ਥਾਵਾਂ ਨੂੰ ਨਿਸ਼ਾਨਾ ਬਣਾਇਆ ਹੈ, ਜਿਸ ਨਾਲ ਪਹਿਲਾਂ ਹੀ ਗੰਭੀਰ ਸਥਿਤੀ ਹੋਰ ਵਿਗੜ ਗਈ ਹੈ।

## ਪ੍ਰੋ. ਜ਼ਮੀਰਪਾਲ ਕੌਰ ਸੰਧੂ ਬਾਜਵਾ ਨੂੰ ਬੀਜਿੰਗ ਫੌਰਨਰ ਸਟੱਡੀਜ਼ ਯੂਨੀਵਰਸਿਟੀ ਵਿੱਚ ਵਿਦੇਸ਼ੀ ਮਾਹਰ ਕੀਤਾ ਨਿਯੁਕਤ




ਬੀਜਿੰਗ, 17 ਮਾਰਚ (ਸੁਖਦੇਵ ਸਿੰਘ ਉੜਾਪੜ) : ਬੀਜਿੰਗ ਫਾਰੇਨ ਸਟੱਡੀਜ਼ ਯੂਨੀਵਰਸਿਟੀ, ਬੀਜਿੰਗ ਨੇ ਪ੍ਰੋਫੈਸਰ ਜ਼ਮੀਰਪਾਲ ਕੌਰ ਸੰਧੂ ਬਾਜਵਾ, ਮੌਜੂਦਾ ਪ੍ਰੋਫੈਸਰ ਅਤੇ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਵਿਖੇ ਭਾਸ਼ਾਵਾਂ, ਸਾਹਿਤ ਅਤੇ ਸੱਭਿਆਚਾਰ ਸਕੂਲ ਦੇ ਸਾਬਕਾ ਡੀਨ, ਨੂੰ 2026-27 ਦੇ ਅਕਾਦਮਿਕ ਸੈਸ਼ਨ ਲਈ ਦੱਖਣੀ ਏਸ਼ੀਆਈ ਅਧਿਐਨ ਅਤੇ ਪੰਜਾਬੀ ਭਾਸ਼ਾ ਵਿੱਚ ਵਿਦੇਸ਼ੀ ਮਾਹਰ ਨਿਯੁਕਤ ਕੀਤਾ ਹੈ। ਬੀਜਿੰਗ ਫਾਰੇਨ ਸਟੱਡੀਜ਼ ਯੂਨੀਵਰਸਿਟੀ (BFSU) ਚੀਨ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚੋਂ ਇੱਕ ਹੈ ਜੋ ਪੀਪਲਜ਼ ਰੀਪਬਲਿਕ ਆਫ਼ ਚਾਈਨਾ ਦੇ ਸਿੱਖਿਆ ਮੰਤਰਾਲੇ ਅਧੀਨ ਕੰਮ ਕਰ ਰਹੀ ਹੈ। ਯੂਨੀਵਰਸਿਟੀ ਨੂੰ ਪ੍ਰੋਜੈਕਟ 211 ਅਤੇ ਡਬਲ ਫਸਟ-ਕਲਾਸ ਯੂਨੀਵਰਸਿਟੀ ਪਲਾਨ ਦੋਵਾਂ ਵਿੱਚ ਸ਼ਾਮਲ ਕੀਤਾ ਗਿਆ ਹੈ, ਦੋ ਪ੍ਰਮੁੱਖ ਰਾਸ਼ਟਰੀ ਪਹਿਲਕਦਮੀਆਂ ਜਿਨ੍ਹਾਂ ਦਾ ਉਦੇਸ਼ ਚੀਨ ਦੇ ਉੱਚ ਸਿੱਖਿਆ ਸੰਸਥਾਵਾਂ ਨੂੰ ਮਜ਼ਬੂਤ ਕਰਨਾ ਹੈ। BFSU ਵਰਤਮਾਨ ਵਿੱਚ 101 ਵਿਸ਼ਵ ਭਾਸ਼ਾਵਾਂ ਵਿੱਚ ਸਿੱਖਿਆ ਪ੍ਰਦਾਨ ਕਰਦਾ ਹੈ, ਅਤੇ ਪੰਜਾਬੀ ਦੀ ਸ਼ੁਰੂਆਤ ਨਾਲ, ਕੁੱਲ ਗਿਣਤੀ 102 ਭਾਸ਼ਾਵਾਂ ਹੋ ਜਾਵੇਗੀ। ਯੂਨੀਵਰਸਿਟੀ ਦਾ ਇੱਕ ਵਿਲੱਖਣ ਸਾਬਕਾ ਵਿਦਿਆਰਥੀਆਂ ਦਾ ਨੈੱਟਵਰਕ ਹੈ: 400 ਤੋਂ ਵੱਧ ਗ੍ਰੈਜੂਏਟ ਰਾਜਦੂਤ ਵਜੋਂ ਸੇਵਾ ਨਿਭਾ ਚੁੱਕੇ ਹਨ ਅਤੇ 2,000 ਤੋਂ ਵੱਧ ਸਲਾਹਕਾਰਾਂ ਵਜੋਂ ਸੇਵਾ ਨਿਭਾ ਚੁੱਕੇ ਹਨ ਜਿਨ੍ਹਾਂ ਨੇ ਹੁਣ ਤੱਕ BFSU ਨੂੰ ਡਿਪਲੋਮੈਟਾਂ ਲਈ ਪੰਘੂੜਾ ਵਜੋਂ ਪ੍ਰਸਿੱਧੀ ਦਿਵਾਈ ਹੈ। ਸਾਲਾਂ ਦੌਰਾਨ, BFSU ਨੇ ਮਜ਼ਬੂਤ ਭਾਸ਼ਾਈ ਅਤੇ ਅੰਤਰ-ਸੱਭਿਆਚਾਰਕ ਯੋਗਤਾ ਵਾਲੇ ਪੇਸ਼ੇਵਰਾਂ ਦੀ ਇੱਕ ਵੱਡੀ ਗਿਣਤੀ ਨੂੰ ਸਿਖਲਾਈ ਦਿੱਤੀ ਹੈ ਜੋ ਚੀਨ ਦੇ ਅੰਦਰ ਅਤੇ ਬਾਹਰ ਡਿਪਲੋਮੈਟ, ਰਾਜਦੂਤ, ਸਲਾਹਕਾਰ, ਅਨੁਵਾਦਕ, ਦੁਭਾਸ਼ੀਏ, ਪੱਤਰਕਾਰ, ਵਕੀਲ ਅਤੇ ਬੈਂਕਰ ਵਜੋਂ ਸੇਵਾ ਕਰਦੇ ਹਨ। ਆਉਣ ਵਾਲੇ ਦੋ ਸਮੈਸਟਰਾਂ ਦੌਰਾਨ, ਪ੍ਰੋਫੈਸਰ ਬਾਜਵਾ BFSU ਵਿਖੇ ਵਿਦੇਸ਼ੀ ਅਧਿਐਨਾਂ ਵਿੱਚ ਮਾਹਰ ਚੀਨੀ ਵਿਦਿਆਰਥੀਆਂ, ਅਧਿਕਾਰੀਆਂ ਅਤੇ ਡਿਪਲੋਮੈਟਾਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਲੋਕਧਾਰਾ; ਪੰਜਾਬ ਇਤਿਹਾਸ ਅਤੇ ਸੱਭਿਆਚਾਰ; ਸੰਸਕ੍ਰਿਤ ਕਾਵਿ ਸ਼ਾਸਤਰ ਅਤੇ ਸਾਹਿਤਕ ਸਿਧਾਂਤ; ਅਤੇ ਉਰਦੂ ਭਾਸ਼ਾ ਦੇ ਕੋਰਸ ਪੜ੍ਹਾਉਣਗੇ। ਉਹ ਸਕੂਲ ਆਫ਼ ਸਾਊਥ ਏਸ਼ੀਅਨ ਸਟੱਡੀਜ਼ ਵਿਖੇ ਆਪਣੇ ਮੁਹਾਰਤ ਦੇ ਖੇਤਰਾਂ ਵਿੱਚ ਮਾਹਰ ਭਾਸ਼ਣ ਵੀ ਦੇਵੇਗੀ। BFSU ਵਿਖੇ ਆਪਣੇ ਕਾਰਜਕਾਲ ਦੌਰਾਨ, ਪ੍ਰੋਫੈਸਰ ਬਾਜਵਾ ਨੂੰ ਚੀਨੀ ਭਾਸ਼ਾ ਸਿੱਖਣ ਦਾ ਮੌਕਾ ਵੀ ਮਿਲੇਗਾ, ਕਿਉਂਕਿ ਯੂਨੀਵਰਸਿਟੀ ਆਪਣੇ ਵਿਦੇਸ਼ੀ ਮਾਹਰਾਂ ਲਈ ਵਿਸ਼ੇਸ਼ ਤੌਰ ’ਤੇ ਤਿਆਰ ਕੀਤਾ ਗਿਆ ਇੱਕ ਵਿਸ਼ੇਸ਼ ਚੀਨੀ ਭਾਸ਼ਾ ਕੋਰਸ ਪੇਸ਼ ਕਰਦੀ ਹੈ। 14 ਮਾਰਚ, 2026 ਨੂੰ ਬੀਜਿੰਗ ਵਿੱਚ ਭਾਰਤੀ ਦੂਤਾਵਾਸ ਦੇ ਰਾਜਦੂਤ ਨਿਵਾਸ ਵਿਖੇ ਵਸੰਤ ਮੇਲੇ ਵਿੱਚ ਸ਼ਾਮਲ ਹੋਣ ਲਈ ਆਪਣੀ ਫੇਰੀ ਦੌਰਾਨ, ਪ੍ਰੋਫੈਸਰ ਬਾਜਵਾ ਨੇ ਬੀਜਿੰਗ ਵਿੱਚ ਤਾਇਨਾਤ ਭਾਰਤੀ ਡਿਪਲੋਮੈਟਾਂ ਨਾਲ ਮੁਲਾਕਾਤ ਕੀਤੀ ਅਤੇ ਵੱਖ-ਵੱਖ ਮੁੱਦਿਆਂ ’ਤੇ ਚਰਚਾ ਕੀਤੀ।

## ਈਰਾਨ ਅਜੇ ਵੀ ਬਾਜ਼ੀ ਪਲਟਣ ਦੀ ਤਾਕਤ ਰੱਖਦੈ : ਮਾਹਿਰ

ਵਾਸ਼ਿੰਗਟਨ, 17 ਮਾਰਚ, (ਚ.ਨ.ਸ.) : ਈਰਾਨ ਦੇ ਖ਼ਿਲਾਫ਼ ਜੰਗ ਲੜਦਿਆਂ ਅਮਰੀਕਾ-ਇਜ਼ਰਾਈਲ ਨੂੰ 17 ਦਿਨ ਹੋ ਚੁੱਕੇ ਹਨ, ਪਰ ਅਜੇ ਤੱਕ ਇਸ ਦਾ ਕੋਈ ਨਤੀਜਾ ਨਹੀਂ ਨਿਕਲਿਆ ਹੈ। ਹੁਣ ਕਿਹਾ ਜਾ ਰਿਹਾ ਹੈ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਜਲਦੀ ਹੀ ਈਰਾਨ ’ਤੇ ਜਿੱਤ ਦਾ ਐਲਾਨ ਕਰ ਸਕਦੇ ਹਨ। ਹਾਲਾਂਕਿ, ਅੰਤਿਮ ਨਤੀਜਾ ਇਸ ਗੱਲ ’ਤੇ ਨਿਰਭਰ ਕਰੇਗਾ ਕਿ ਈਰਾਨ ਕੀ ਕਦਮ ਚੁੱਕਦਾ ਹੈ। ਰਿਪੋਰਟ ਦੇ ਮੁਤਾਬਕ, ਜੇਕਰ ਈਰਾਨ ਇਸ ਜੰਗ ਨੂੰ ਜਾਰੀ ਰੱਖਦਾ ਹੈ, ਜਹਾਜ਼ਾਂ ’ਤੇ ਹਮਲੇ ਨਹੀਂ ਰੋਕਦਾ ਜਾਂ ਫਿਰ ਅਮਰੀਕਾ-ਇਜ਼ਰਾਈਲ ਨੂੰ ਇਸੇ ਤਰ੍ਹਾਂ ਜਵਾਬ ਦਿੰਦਾ ਰਹਿੰਦਾ ਹੈ, ਤਾਂ ਅਸਲ ਵਿੱਚ ਇਹ ਜੰਗ ਖਤਮ ਨਹੀਂ ਹੋਵੇਗੀ। ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਈਰਾਨ ਦੀ ਜਲ ਸੈਨਾ (ਨੇਵੀ) ਦਾ ਇੱਕ ਵੱਡਾ ਹਿੱਸਾ ਤਬਾਹ ਕਰ ਦਿੱਤਾ ਗਿਆ ਹੈ ਅਤੇ ਉਸ ਦੀਆਂ ਕਈ ਮਿਜ਼ਾਈਲਾਂ ਖਤਮ ਹੋ ਚੁੱਕੀਆਂ ਹਨ। ਇਸ ਦੇ ਨਾਲ ਹੀ ਉਸ ਦੇ ਕਈ ਚੋਟੀ ਦੇ ਆਗੂ (ਟੌਪ ਲੀਡਰਸ) ਵੀ ਮਾਰੇ ਜਾ ਚੁੱਕੇ ਹਨ।ਦੂਜੇ ਪਾਸੇ, ਟਰੰਪ ਦਾ ਸਿਆਸੀ ਮਕਸਦ ਅਜੇ ਪੂਰਾ ਨਹੀਂ ਹੋਇਆ ਹੈ, ਜਿਸ ਬਾਰੇ ਉਹ ਕਈ ਵਾਰ ਗੱਲ ਕਰ ਚੁੱਕੇ ਹਨ। ਈਰਾਨ ਵਿੱਚ ਅਜੇ ਸੱਤਾ ਪਰਿਵਰਤਨ ਨਹੀਂ ਹੋਇਆ ਹੈ ਅਤੇ ਇੰਨਾ ਹੀ ਨਹੀਂ, ਹੋਰਮੁਜ਼ ਸਟ੍ਰੇਟ ’ਤੇ ਕਬਜ਼ਾ ਕਰਕੇ ਉਸਨੇ ਪੂਰੀ ਦੁਨੀਆ ਦੇ ਤੇਲ ਬਾਜ਼ਾਰ ਵਿੱਚ ਵੀ ਹਲਚਲ ਮਚਾਈ ਹੋਈ ਹੈ। ਇਸ ਸਬੰਧੀ ਮਾਹਿਰਾਂ ਦਾ ਕਹਿਣਾ ਹੈ ਕਿ ਈਰਾਨ ਅਜੇ ਵੀ ਬਾਜ਼ੀ ਪਲਟਣ ਦੀ ਤਾਕਤ ਰੱਖਦਾ ਹੈ।ਇਸ ਜੰਗ ਦਾ ਅਸਰ ਹੁਣ ਅਮਰੀਕਾ ਵਿੱਚ ਵੀ ਦਿਖਾਈ ਦੇਣ ਲੱਗਾ ਹੈ। ਹਮਲੇ ਤੋਂ ਬਾਅਦ ਪੈਟਰੋਲ ਦੀਆਂ ਕੀਮਤਾਂ ਵਿੱਚ ਲਗਪਗ 25 ਪ੍ਰਤੀਸ਼ਤ ਦਾ ਵਾਧਾ ਦਰਜ ਕੀਤਾ ਗਿਆ ਹੈ। ਕਿਸਾਨਾਂ ਲਈ ਖਾਦ ਮਹਿੰਗੀ ਹੋ ਗਈ ਹੈ ਅਤੇ ਮਾਰੇ ਗਏ ਫ਼ੌਜੀਆਂ ਦੀ ਗਿਣਤੀ 13 ਤੱਕ ਪਹੁੰਚ ਗਈ ਹੈਇਹ ਸਥਿਤੀ ਟਰੰਪ ਲਈ ਮੁਸ਼ਕਲਾਂ ਖੜ੍ਹੀਆਂ ਕਰ ਰਹੀ ਹੈ। ਉਨ੍ਹਾਂ ਦੀ ਆਪਣੀ ਪਾਰਟੀ ਦੇ ਲੋਕ ਹੁਣ ਜੰਗ ਖਤਮ ਕਰਨ ਅਤੇ ਆਰਥਿਕਤਾ ’ਤੇ ਧਿਆਨ ਦੇਣ ਦੀ ਗੱਲ ਕਹਿ ਰਹੇ ਹਨ। ਇਸੇ ਸਾਲ ਅਮਰੀਕਾ ਵਿੱਚ ਮਿਡਟਰਮ ਚੋਣਾਂ ਵੀ ਹੋਣ ਵਾਲੀਆਂ ਹਨ।



## ਅਮਰੀਕਾ ’ਚ ਮੌਸਮ ਨੇ ਢਾਹਿਆ ਕਹਿਰ ! ਬਰਫ ’ਚ ਦਬ ਗਈਆਂ ਸੜਕਾਂ, ਵਿਭਾਗ ਵੱਲੋਂ ਅਲਰਟ ਜਾਰੀ

ਵਾਸ਼ਿੰਗਟਨ, 17 ਮਾਰਚ, (ਚ.ਨ.ਸ.) : ਅਮਰੀਕਾ ਦੇ ਕਈ ਹਿੱਸਿਆਂ ਵਿਚ ਆਏ ਭਿਆਨਕ ਬਰਫੀਲੇ ਤੂਫ਼ਾਨ ਨੇ ਭਾਰੀ ਤਬਾਹੀ ਮਚਾਈ ਹੋਈ ਹੈ। ਮੱਧ-ਪੱਛਮੀ ਖੇਤਰ ਵਿਚ ਬਰਫ਼ਬਾਰੀ ਅਤੇ ਤੇਜ਼ ਹਵਾਵਾਂ ਕਾਰਨ ਸੜਕਾਂ ਬੰਦ ਹੋ ਗਈਆਂ ਹਨ, ਜਦਕਿ ਪੂਰਬੀ ਤੱਟ ’ਤੇ ਵਾਵਰੋਲਾ ਅਤੇ ਤੇਜ਼ ਹਵਾਵਾਂ ਦਾ ਖ਼ਤਰਾ ਵਧ ਗਿਆ ਹੈ। ਰਾਸ਼ਟਰੀ ਮੌਸਮ ਵਿਭਾਗ ਨੇ ਚਿਤਾਵਨੀ ਜਾਰੀ ਕੀਤੀ ਹੈ ਕਿ ਮੱਧ ਅਟਲਾਂਟਿਕ ਸੂਬਿਆਂ, ਵਾਸ਼ਿੰਗਟਨ ਡੀ.ਸੀ. ਸਮੇਤ ਕਈ ਇਲਾਕਿਆਂ ਵਿਚ ਸਭ ਤੋਂ ਵੱਧ ਖ਼ਤਰਾ ਹੈ। ਮੌਸਮ ਮਾਹਿਰਾਂ ਅਨੁਸਾਰ, ਇਹ ਸੀਤ ਲਹਿਰ ਮੰਗਲਵਾਰ ਤੱਕ ਪੂਰਬੀ ਤੱਟ ਤੋਂ ਦੂਰ ਚਲੀ ਜਾਵੇਗੀ, ਪਰ ਇਸ ਨਾਲ ਅਚਾਨਕ ਤੇਜ਼ ਠੰਢ ਵਧ ਸਕਦੀ ਹੈ।ਖਾੜੀ ਤੱਟ, ਫਲੋਰੀਡਾ ਪੈਨਹੈਂਡਲ ਅਤੇ ਦੱਖਣ-ਪੂਰਬੀ ਖੇਤਰਾਂ ਵਿਚ ਤਾਪਮਾਨ ਜ਼ੀਰੋ ਤੋਂ ਹੇਠਾਂ ਡਿੱਗਣ ਦੀ ਸੰਭਾਵਨਾ ਹੈ। ਅਰਕਾਨਸਸ, ਓਕਲਾਹੋਮਾ, ਲੂਈਸਿਆਨਾ ਅਤੇ ਟੈਕਸਾਸ ਦੇ ਕੁਝ ਹਿੱਸਿਆਂ ਵਿਚ ਵੀ ਠੰਢ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। ਰਿਪੋਰਟ ਅਨੁਸਾਰ, ਉੱਤਰ ਵਿਚ ਠੰਢੀਆਂ ਹਵਾਵਾਂ ਕਾਰਨ ਬਾਰਿਸ਼ ਬਰਫ਼ ਵਿਚ ਬਦਲ ਰਹੀ ਹੈ, ਜਦਕਿ ਪੱਛਮੀ ਵਰਜੀਨੀਆ ਦੇ ਮੱਧ ਅੱਪਲਾਚੀਅਨ ਖੇਤਰ ’ਚ 15 ਸੈਂਟੀਮੀਟਰ ਤੋਂ ਵੱਧ ਬਰਫ਼ ਜਮ੍ਹਾ ਹੋਣ ਦੀ ਸੰਭਾਵਨਾ ਹੈ। ਮਿਨੀਸੋਟਾ, ਵਿਸਕਾਨਸਿਨ ਅਤੇ ਮਿਸ਼ੀਗਨ ਵਿਚ ਭਾਰੀ ਬਰਫ਼ਬਾਰੀ ਦਰਜ ਕੀਤੀ ਗਈ ਹੈ।



## ਸ਼੍ਰੀਲੰਕਾ ਨੇ ਵੀ ਤੇਲ ਸੰਕਟ ਅੱਗੇ ਟੇਕੇ ਗੋਡੇ, ਹੁਣ ਹਫ਼ਤੇ ’ਚ ਸਿਰਫ਼ 4 ਦਿਨ ਖੁੱਲ੍ਹਣਗੇ ਦਫ਼ਤਰ ਤੇ ਸਕੂਲ

ਕੋਲੰਬੋ, 17 ਮਾਰਚ, (ਚ.ਨ.ਸ.) : ਮੱਧ ਪੂਰਬ (ਮਿਡਲ ਈਸਟ) ਵਿੱਚ ਵਧਦੇ ਤਣਾਅ ਅਤੇ ਡੂੰਘੇ ਹੋ ਰਹੇ ਊਰਜਾ ਸੰਕਟ ਦੇ ਮੱਦੇਨਜ਼ਰ ਸ਼੍ਰੀਲੰਕਾ ਸਰਕਾਰ ਨੇ ਇੱਕ ਵੱਡਾ ਫੈਸਲਾ ਲਿਆ ਹੈ। ਦੇਸ਼ ਵਿੱਚ ਈਂਧਨ (ਤੇਲ) ਦੀ ਬੱਚਤ ਕਰਨ ਲਈ ਹੁਣ ਸਰਕਾਰੀ ਅਦਾਰਿਆਂ, ਸਕੂਲਾਂ ਅਤੇ ਯੂਨੀਵਰਸਿਟੀਆਂ ਵਿੱਚ ਹਫ਼ਤੇ ਵਿੱਚ ਸਿਰਫ਼ 4 ਦਿਨ ਹੀ ਕੰਮ ਹੋਵੇਗਾ। ਸ਼੍ਰੀਲੰਕਾ ਸਰਕਾਰ ਨੇ ਸੋਮਵਾਰ, 16 ਮਾਰਚ ਨੂੰ ਦੇਸ਼ ਵਿੱਚ ਚਾਰ ਦਿਨਾਂ ਦਾ ਕਾਰਜ ਹਫ਼ਤਾ ਲਾਗੂ ਕਰਨ ਦਾ ਐਲਾਨ ਕੀਤਾ ਹੈ। ਇਸ ਨਵੇਂ ਫੈਸਲੇ ਅਨੁਸਾਰ ਹੁਣ ਹਰ ਬੁੱਧਵਾਰ ਨੂੰ ਸਰਕਾਰੀ ਦਫ਼ਤਰਾਂ, ਸਕੂਲਾਂ ਅਤੇ ਯੂਨੀਵਰਸਿਟੀਆਂ ਵਿੱਚ ਛੁੱਟੀ ਰਹੇਗੀ।

ਜ਼ਰੂਰੀ ਸੇਵਾਵਾਂ ਦੇ ਕਮਿਸ਼ਨਰ ਜਨਰਲ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਤੇਲ ਦੀ ਖਪਤ ਨੂੰ ਘਟਾਉਣ ਅਤੇ ਸੀਮਤ ਭੰਡਾਰ ਨੂੰ ਲੰਬੇ ਸਮੇਂ ਤੱਕ ਚਲਾਉਣ ਲਈ ਇਹ ਸਖ਼ਤ ਕਦਮ ਚੁੱਕਣਾ ਜ਼ਰੂਰੀ ਹੋ ਗਿਆ ਸੀ।ਹਾਲਾਂਕਿ ਕੰਮ ਦੇ ਦਿਨ ਘਟਾ ਦਿੱਤੇ ਗਏ ਹਨ, ਪਰ ਸਿਹਤ, ਬੰਦਰਗਾਹ, ਪਾਣੀ ਦੀ ਸਪਲਾਈ ਅਤੇ ਕਸਟਮ ਵਰਗੇ ਮਹੱਤਵਪੂਰਨ ਵਿਭਾਗਾਂ ਵਿੱਚ ਕੰਮ ਪਹਿਲਾਂ ਵਾਂਗ ਜਾਰੀ ਰਹੇਗਾ।

ਸਰਕਾਰ ਨੇ ਨਿੱਜੀ ਖੇਤਰ (ਪ੍ਰਾਈਵੇਟ ਸੈਕਟਰ) ਨੂੰ ਵੀ ਅਪੀਲ ਕੀਤੀ ਹੈ ਕਿ ਉਹ ਵੀ ਊਰਜਾ ਸੰਕਟ ਦੇ ਪ੍ਰਭਾਵ ਨੂੰ ਘਟਾਉਣ ਲਈ ਆਪਣੇ ਕਰਮਚਾਰੀਆਂ ਦੇ ਕਾਰਜ ਦਿਨ ਘਟਾਉਣ ਦੇ ਬਦਲ @ਤੇ ਵਿਚਾਰ ਕਰਨ।ਤੇਲ ਦੀ ਵੰਡ ਨੂੰ ਸੁਚਾਰੂ ਬਣਾਉਣ ਅਤੇ ਕਾਲਾਬਾਜ਼ਾਰੀ ਰੋਕਣ ਲਈ ਸਰਕਾਰ ਨੇ ਕਿਊ ਆਰ ਕੋਡ ਅਧਾਰਤ ਡਿਜੀਟਲ ਰਾਸ਼ਨਿੰਗ ਪ੍ਰਣਾਲੀ ਸ਼ੁਰੂ ਕੀਤੀ ਹੈ।




## ਹੋਰਮੁਜ਼ ’ਤੇ ਦੋਸਤਾਂ ਨੇ ਛੱਡਿਆ ਸਾਥ ਤਾਂ ਟਰੰਪ ਨੇ ਕੱਢੀ ਭੜਾਸ., ਸਾਨੂੰ ਕਿਸੇ ਦੀ ਲੋੜ ਨਹੀਂ....,

ਵਾਸ਼ਿੰਗਟਨ, 17 ਮਾਰਚ, (ਚ.ਨ.ਸ.) : ਮੱਧ ਪੂਰਬ ਵਿੱਚ ਜਾਰੀ ਭਿਆਨਕ ਜੰਗ ਕਾਰਨ ਵਿਸ਼ਵ ਪੱਧਰ ’ਤੇ ਤੇਲ ਸੰਕਟ ਡੂੰਘਾ ਹੁੰਦਾ ਜਾ ਰਿਹਾ ਹੈ। ਖ਼ਾਸ ਕਰਕੇ ਈਰਾਨ ਦੇ ਕੰਟਰੋਲ ਵਾਲੇ ਹੋਰਮੁਜ਼ ਸਟ੍ਰੇਟ (Strait of Hormuz) ਦੇ ਬੰਦ ਹੋਣ ਨਾਲ ਪੂਰੀ ਦੁਨੀਆ ਦੀ ਚਿੰਤਾ ਵਧੀ ਹੈ। ਇਸ ਰਸਤੇ ਨੂੰ ਮੁੜ ਖੋਲ੍ਹਣ ਲਈ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਆਪਣੇ ਸਹਿਯੋਗੀ ਦੇਸ਼ਾਂ ਤੋਂ ਮੰਗੀ ਗਈ ਮਦਦ ਦੇ ਜਵਾਬ ਵਿੱਚ ਮਿਲੀ ਨਾਕਾਮਯਾਬੀ ਤੋਂ ਬਾਅਦ ਟਰੰਪ ਦਾ ਗੁੱਸਾ ਫੁੱਟ ਪਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ, ਰਾਸ਼ਟਰਪਤੀ ਟਰੰਪ ਨੇ ਜਰਮਨੀ, ਜਾਪਾਨ, ਆਸਟ੍ਰੇਲੀਆ, ਬ੍ਰਿਟੇਨ, ਇਟਲੀ ਅਤੇ ਸਪੇਨ ਸਮੇਤ ਕਈ ਹੋਰ ਸਹਿਯੋਗੀ ਦੇਸ਼ਾਂ ਨੂੰ ਹੋਰਮੁਜ਼ ਵਿੱਚ ਆਪਣੇ ਯੁੱਧਪੋਤ (Warships) ਤਾਇਨਾਤ ਕਰਨ ਦੀ ਅਪੀਲ ਕੀਤੀ ਸੀ। ਹਾਲਾਂਕਿ, ਇਨ੍ਹਾਂ ਦੇਸ਼ਾਂ ਨੇ ਜਾਂ ਤਾਂ ਸਿੱਧਾ @ਨਾ@ ਕਹਿ ਦਿੱਤਾ ਜਾਂ ਫਿਰ ਚੁੱਪੀ ਸਾਧ ਲਈ। ਜਰਮਨ ਚਾਂਸਲਰ ਫ੍ਰੇਡਰਿਕ ਮਰਜ਼ ਨੇ ਸਪੱਸ਼ਟ ਕੀਤਾ ਕਿ ਜੰਗ ਸ਼ੁਰੂ ਕਰਨ ਤੋਂ ਪਹਿਲਾਂ ਵਾਸ਼ਿੰਗਟਨ ਜਾਂ ਇਜ਼ਰਾਈਲ ਨੇ ਬਰਲਿਨ ਨਾਲ ਕੋਈ ਸਲਾਹ-ਮਸ਼ਵਰਾ ਨਹੀਂ ਸੀ ਕੀਤਾ, ਅਤੇ ਉਨ੍ਹਾਂ ਕੋਲ ਇਸ ਸਬੰਧੀ ਸੰਯੁਕਤ ਰਾਸ਼ਟਰ ਜਾਂ ਨਾਟੋ ਵੱਲੋਂ ਕੋਈ ਪ੍ਰਵਾਨਗੀ ਨਹੀਂ ਹੈ।ਰੰਪ ਸਹਿਯੋਗੀ ਦੇਸ਼ਾਂ ਦੇ ਇਸ ਰੁਖ਼ ਤੋਂ ਨਾਰਾਜ਼ ਟਰੰਪ ਨੇ ਬੇਹੱਦ ਸਖ਼ਤ ਬਿਆਨ ਜਾਰੀ ਕਰਦਿਆਂ ਕਿਹਾ, ÷ਸਾਨੂੰ ਕਿਸੇ ਦੀ ਕੋਈ ਲੋੜ ਨਹੀਂ ਹੈ। ਅਸੀਂ ਦੁਨੀਆ ਦੇ ਸਭ ਤੋਂ ਸ਼ਕਤੀਸ਼ਾਲੀ ਦੇਸ਼ ਹਾਂ ਅਤੇ ਸਾਡੇ ਕੋਲ ਦੁਨੀਆ ਦੀ ਸਭ ਤੋਂ ਮਜ਼ਬੂਤ ਫੌਜ ਹੈ।



## ਸਿੱਖਿਆ ਸਕੱਤਰ ਨੇ ਮਨਾਲੀ ਲਈ ਐਨ.ਸੀ.ਸੀ. ਰਾਜ-ਪੱਧਰੀ ਸਾਹਸੀ ਕੈਂਪ ਨੂੰ ਹਰੀ ਝੰਡੀ ਦਿਖਾਈ



ਚੰਡੀਗੜ੍ਹ, 17 ਮਾਰਚ, (ਚ.ਨ.ਸ.): ਸਿੱਖਿਆ ਸਕੱਤਰ ਸ਼੍ਰੀਮਤੀ ਪ੍ਰੇਰਨਾ ਪੁਰੀ ਨੇ, ਚੰਡੀਗੜ੍ਹ ਪ੍ਰਸ਼ਾਸਨ ਦੀ ਉੱਚ ਸਿੱਖਿਆ ਨਿਰਦੇਸ਼ਕ ਸ਼੍ਰੀਮਤੀ ਰਾਧਿਕਾ ਸਿੰਘ ਦੇ ਨਾਲ, ਅੱਜ NSS ਵਲੰਟੀਅਰਾਂ ਲਈ 10-ਦਿਨਾਂ ਰਾਜ-ਪੱਧਰੀ ਸਾਹਸੀ ਕੈਂਪ ਨੂੰ ਹਰੀ ਝੰਡੀ ਦਿਖਾਈ। ਇਹ ਕੈਂਪ 18 ਤੋਂ 28 ਮਾਰਚ, 2026 ਤੱਕ ਹਿਮਾਚਲ ਪ੍ਰਦੇਸ਼ ਦੇ ਮਨਾਲੀ ਵਿੱਚ ਆਯੋਜਿਤ ਕੀਤਾ ਜਾਵੇਗਾ।ਇਹ ਕੈਂਪ ਚੰਡੀਗੜ੍ਹ NSS ਸੈੱਲ ਦੁਆਰਾ ਅਟਲ ਬਿਹਾਰੀ ਵਾਜਪਾਈ ਇੰਸਟੀਚਿਊਟ ਆਫ ਮਾਊਂਟੇਨੀਅਰਿੰਗ ਐਂਡ ਅਲਾਈਡ ਸਪੋਰਟਸ, ਮਨਾਲੀ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। NSS ਦੇ ਸਟੇਟ ਸੰਪਰਕ ਅਧਿਕਾਰੀ ਡਾ. ਨੇਮੀ ਚੰਦ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਅਤੇ ਪੰਜਾਬ ਇੰਜੀਨੀਅਰਿੰਗ ਕਾਲਜ ਸਮੇਤ 22 ਉੱਚ ਵਿਦਿਅਕ ਸੰਸਥਾਵਾਂ ਦੇ ਕੁੱਲ 60 NSS ਵਲੰਟੀਅਰ ਕੈਂਪ ਵਿੱਚ ਹਿੱਸਾ ਲੈ ਰਹੇ ਹਨ। ਇਸ ਕੈਂਪ ਦੌਰਾਨ ਪਰਬਤਾਰੋਹਣ, ਚੱਟਾਨ ਚੜ੍ਹਨਾ, ਟ੍ਰੈਕਿੰਗ, ਸਕੀਇੰਗ, ਵਾਟਰ ਸਪੋਰਟਸ, ਏਅਰੋ ਸਪੋਰਟਸ ਅਤੇ ਪਹਾੜੀ ਬਾਈਕਿੰਗ ਵਰਗੀਆਂ ਕਈ ਸਾਹਸੀ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ, ਜਿਸਦਾ ਉਦੇਸ਼ ਭਾਗੀਦਾਰਾਂ ਵਿੱਚ ਸਰੀਰਕ ਤੰਦਰੁਸਤੀ, ਟੀਮ ਭਾਵਨਾ ਅਤੇ ਲੀਡਰਸ਼ਿਪ ਹੁਨਰ ਵਿਕਸਤ ਕਰਨਾ ਹੈ। ਸਿੱਖਿਆ ਸਕੱਤਰ ਅਤੇ ਉੱਚ ਸਿੱਖਿਆ ਨਿਰਦੇਸ਼ਕ ਨੇ ਚੰਡੀਗੜ੍ਹ ਐਨਐਸਐਸ ਸੈੱਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਐਨਐਸਐਸ ਵਲੰਟੀਅਰਾਂ ਦੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਆਪਣੇ ਸ਼ਹੀਦਾਂ ਦਾ ਬਦਲਾ ਲਵਾਂਗੇ ; ਰੀਅਰ ਐਡਮਿਰਲ ਸ਼ਹਰਾਮ ਈਰਾਨੀ

ਤਹਿਰਾਨ, 17 ਮਾਰਚ, (ਚ.ਨ.ਸ.) : ਈਰਾਨੀ ਜਲ ਸੈਨਾ ਦੇ ਕਮਾਂਡਰ ਰੀਅਰ ਐਡਮਿਰਲ ਸ਼ਹਰਾਮ ਈਰਾਨੀ ਨੇ ਅਮਰੀਕਾ ਦੇ ਖ਼ਿਲਾਫ਼ ਵੱਡਾ ਕਦਮ ਚੁੱਕਣ ਦੀ ਕਸਮ ਖਾਧੀ ਹੈ। ਉਨ੍ਹਾਂ ਕਿਹਾ ਹੈ ਕਿ ਈਰਾਨੀ ਜਲ ਸੈਨਾ ਆਪਣੇ 87 ਨਾਵਿਕਾਂ ਦੀ ਮੌਤ ਦਾ ਬਦਲਾ ਜ਼ਰੂਰ ਲਵੇਗੀ।ਇਹ ਹਮਲਾ 4 ਮਾਰਚ ਨੂੰ ਹੋਇਆ ਸੀ, ਜਦੋਂ ਇੱਕ ਅਮਰੀਕੀ ਪਣਡੁੱਬੀ ਨੇ ਅੰਤਰਰਾਸ਼ਟਰੀ ਪਾਣੀਆਂ ਵਿੱਚ ਸ਼੍ਰੀਲੰਕਾ ਦੇ ਗੱਲੇ ਤੱਟ ਦੇ ਕੋਲ ਈਰਾਨੀ ਜਲ ਸੈਨਾ ਦੇ ਜਹਾਜ਼ IRIS Dena ਨੂੰ ਡੁਬੋ ਦਿੱਤਾ ਸੀ। ਇਸ ਘਟਨਾ ਵਿੱਚ ਘੱਟੋ-ਘੱਟ 87 ਈਰਾਨੀ ਨਾਵਿਕ ਮਾਰੇ ਗਏ ਸਨ, ਜਦਕਿ ਕੁਝ ਨੂੰ ਬਚਾ ਲਿਆ ਗਿਆ ਸੀ।ਈਰਾਨੀ ਜਲ ਸੈਨਾ ਦਾ ਇਹ ਜਹਾਜ਼ ਭਾਰਤ ਦੇ ਨਾਲ ਸਾਂਝੇ ਨੌਸੈਨਿਕ ਅਭਿਆਸ ਵਿੱਚ ਹਿੱਸਾ ਲੈਣ ਤੋਂ ਬਾਅਦ ਵਾਪਸ ਈਰਾਨ ਪਰਤ ਰਿਹਾ ਸੀ। ਈਰਾਨੀ ਸਰਕਾਰੀ ਮੀਡੀਆ ਪ੍ਰੈਸ ਟੀਵੀ ਦੇ ਮੁਤਾਬਕ, ਰੀਅਰ ਐਡਮਿਰਲ ਸ਼ਹਰਾਮ ਈਰਾਨੀ ਨੇ ਮੰਗਲਵਾਰ ਨੂੰ ਕਿਹਾ, ਅਸੀਂ ਦੁਸ਼ਮਣ ਦੇ ਇਸ ਅਪਰਾਧ ਨੂੰ ਕਦੇ ਨਹੀਂ ਭੁੱਲਾਂਗੇ ਅਤੇ ਆਪਣੇ ਸ਼ਹੀਦਾਂ ਦੇ ਖ਼ੂਨ ਦਾ ਬਦਲਾ ਜ਼ਰੂਰ ਲਵਾਂਗੇ।ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਦੁਸ਼ਮਣ ’ਤੇ ਅਜਿਹੀ ਜਗ੍ਹਾ ਤੋਂ ਘਾਤਕ ਹਮਲਾ ਕੀਤਾ ਜਾਵੇਗਾ, ਜਿੱਥੋਂ ਉਹ ਉਮੀਦ ਵੀ ਨਹੀਂ ਕਰੇਗਾ।ਈਰਾਨੀ ਜਲ ਸੈਨਾ ਮੁਖੀ ਨੇ ਅੱਗੇ ਕਿਹਾ, ਅੱਜ ਅਸੀਂ ਆਪਣੇ ਪਿਆਰਿਆਂ ਲਈ ਸੋਗ ਮਨਾ ਰਹੇ ਹਾਂ, ਪਰ ਅੱਲ੍ਹਾ ਦੀ ਮਿਹਰਬਾਨੀ ਨਾਲ ਅਸੀਂ ਦੁਸ਼ਮਣ ਨੂੰ ਗੋਡਿਆਂ ਭਾਰ ਲਿਆ ਦਿੱਤਾ ਹੈ।



## ਕੈਨੇਡਾ ’ਚ ਵੱਖ-ਵੱਖ ਥਾਈਂ ਤਿੰਨ ਪੰਜਾਬੀ ਨੌਜਵਾਨਾਂ ਦੀ ਹੱਤਿਆ



ਵੈਨਕੂਵਰ, 17 ਮਾਰਚ, (ਚ.ਨ.ਸ.) : ਕੈਨੇਡਾ ’ਚ ਵੱਖ-ਵੱਖ ਥਾਈਂ ਬੀਤੇ ਹਫ਼ਤੇ ਦੇ ਅਖ਼ੀਰ ਵਿੱਚ ਤਿੰਨ ਪੰਜਾਬੀ ਨੌਜਵਾਨਾਂ ਦੀ ਹੱਤਿਆ ਕਰ ਦਿੱਤੀ ਗਈ ਹੈ। ਪਹਿਲੀ ਘਟਨਾ ਫੋਰਟ ਸੇਂਟ ਪੌਲ ਜੌਹਨ ਸ਼ਹਿਰ ਵਿਖੇ ਵਾਪਰੀ, ਜਿੱਥੇ ਦੋ ਗਰੁੱਪਾਂ ਦੀ ਲੜਾਈ ’ਚ ਗੁਰਕੀਰਤ ਸਿੰਘ ਮਨੋਚਾ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਮੁਢਲੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਉਹ ਉੱਥੇ ਇੱਕ ਸਟੋਰ ’ਚ ਕੰਮ ਕਰਦਾ ਸੀ। ਉਹ ਉਜੈਨ ਤੋਂ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਸਾਲ ਕੁ ਪਹਿਲਾਂ ਕੈਨੇਡਾ ਆਇਆ ਸੀ। ਪੁਲੀਸ ਜਾਂਚ ਕਰ ਰਹੀ ਹੈ ਕਿ ਉਹ ਲੜਾਈ ‘ਚ ਅਚਾਨਕ ਮਾਰਿਆ ਗਿਆ ਜਾਂ ਉਸ ਦੀ ਮਿੱਥ ਕੇ ਹੱਤਿਆ ਕੀਤੀ ਗਈ।ਦੂਜੀ ਘਟਨਾ ਸਸਕੈਚਵਨ ਸੂਬੇ ਦੇ ਬਰੈਂਟਫੋਰਡ ਸ਼ਹਿਰ ਦੀ ਹੈ, ਜਿੱਥੇ ਟੈਕਸੀ ਚਾਲਕ ਦਵਿੰਦਰ ਸਿੰਘ (30) ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਜਾਣਕਾਰੀ ਮੁਤਾਬਕ ਘਟਨਾ ਮੌਕੇ ਉਹ ਮੋਟਲ ਦੇ ਬਾਹਰ ਕਿਸੇ ਯਾਤਰੀ ਦੀ ਉਡੀਕ ਵਿੱਚ ਟੈਕਸੀ ’ਚ ਬੈਠਾ ਸੀ। ਮੋਟਲ ਚੋਂ ਨਿਕਲੀ ਔਰਤ ਉੱਤੇ ਕਿਸੇ ਵਲੋਂ ਚਲਾਈ ਜਾਨਲੇਵਾ ਗੋਲੀ ਖੁੰਝ ਕੇ ਉਸ ਦੇ ਆ ਵੱਜੀ ਅਤੇ ਉਹ ਮੌਤ ਦੇ ਮੂੰਹ ਜਾ ਪੁੱਜਾ। ਉਹ ਮੋਗਾ ਜ਼ਿਲ੍ਹੇ ਦੇ ਪਿੰਡ ਦੌਲਤਪੁਰ ਨਾਲ ਸਬੰਧ ਰੱਖਦਾ ਸੀ ਤੇ ਕੁਝ ਸਾਲ ਪਹਿਲਾਂ ਪਰਿਵਾਰ ਸਮੇਤ ਕੈਨੇਡਾ ਆਇਆ ਸੀ।ਤੀਜੀ ਘਟਨਾ ਐਡਮਿੰਟਨ ਨੇੜਲੇ ਸ਼ਹਿਰ ਵਿੱਚ ਵਾਪਰੀ ਜਿਥੇ ਬੀਰਇੰਦਰ ਸਿੰਘ ਦੀ ਗੋਲੀ ਲੱਗਣ ਕਾਰਨ ਜਾਨ ਚਲੀ ਗਈ। ਉਹ ਚਾਰ ਕੁ ਸਾਲ ਪਹਿਲਾਂ ਸਟੱਡੀ ਵੀਜੇ @ਤੇ ਕੈਨੇਡਾ ਆਇਆ ਸੀ। ਹੱਤਿਆ ਦਾ ਕਾਰਨ ਸੜਕ @ਤੇ ਹੋਇਆ ਬੋਲ ਬੁਲਾਰਾ (ਰੋਡ ਰੇਜ਼) ਦੱਸਿਆ ਗਿਆ ਹੈ।ਬੇਸ਼ੱਕ ਤਿੰਨਾਂ ਘਟਨਾਵਾਂ ਦਾ ਆਪਸ ’ਚ ਕੋਈ ਸਬੰਧ ਨਹੀਂ ਹੈ ਪਰ ਇਸ ਕਾਰਨ ਇੱਥੇ ਵੱਸਦੇ ਪੰਜਾਬੀ ਭਾਈਚਾਰੇ ਵਿੱਚ ਚਿੰਤਾ ਦਾ ਮਾਹੌਲ ਹੈ।

### ਜਨਮ ਦਿਨ ਮੁਬਾਰਕ



ਹਰਸ਼ਪ੍ਰੀਤ ਕੌਰ

# ਵਿਧਾਇਕ ਨਰਿੰਦਰ ਕੌਰ ਭਰਾਜ ਨੇ 3.46 ਕਰੋੜ ਦੀ ਲਾਗਤ ਵਾਲੇ ਸੜਕ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ



ਭਵਾਨੀਗੜ੍ਹ, 17 ਮਾਰਚ (ਅਮਨਦੀਪ ਸਿੰਘ ਮਾਝਾ) : ਵਿਧਾਨ ਸਭਾ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਹਲਕੇ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਕਰੀਬ 3.46 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਵੱਖ-ਵੱਖ ਸੜਕ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ। ਉਨ੍ਹਾਂ ਦੱਸਿਆ ਕਿ 2.41 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਭਰਾਜ ਵਿਖੇ ਐਨ.ਐਚ.-07 ਤੋਂ ਭਰਾਜ ਤੱਕ 2.30 ਕਿਲੋਮੀਟਰ ਲੰਬੀ ਸੜਕ ਨੂੰ 10 ਫੁੱਟ ਤੋਂ ਵਧਾ ਕੇ 18 ਫੁੱਟ ਚੌੜਾ ਕੀਤਾ ਜਾਵੇਗਾ। ਇਸ ਨਾਲ ਪਿੰਡ ਵਾਸੀਆਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ ਅਤੇ ਇਲਾਕੇ ਦੀ ਕਨੈਕਟਿਵਿਟੀ ਵਿੱਚ ਸੁਧਾਰ ਆਵੇਗਾ। ਵਿਧਾਇਕ ਭਰਾਜ ਨੇ ਅੱਗੇ ਦੱਸਿਆ ਕਿ 57.33 ਲੱਖ ਰੁਪਏ ਦੀ ਲਾਗਤ ਨਾਲ ਐਨ.ਐਚ.-07 ਤੋਂ ਭਵਾਨੀਗੜ੍ਹ-ਦਿੜ੍ਹਬਾ ਰੋਡ ਮਾਈਨਰ ਦੇ ਨਾਲ ਬਕਾਇਆ 1.20 ਕਿਲੋਮੀਟਰ ਸੜਕ ਦੀ ਨਵੀਂ ਉਸਾਰੀ ਕਰਵਾਈ ਜਾਵੇਗੀ, ਜਿਸ ਨਾਲ ਇਸ ਰਸਤੇ ਦੀ ਆਵਾਜਾਈ ਹੋਰ ਸੁਚੱਜੀ ਹੋਵੇਗੀ। ਇਸ ਤੋਂ ਇਲਾਵਾ 47.36 ਲੱਖ ਰੁਪਏ ਦੀ ਲਾਗਤ ਨਾਲ ਭਵਾਨੀਗੜ੍ਹ-ਸਮਾਣਾ ਰੋਡ ਤੋਂ ਪਿੰਡ ਬਾਲਦ ਕਲਾਂ ਤੱਕ 1.00 ਕਿਲੋਮੀਟਰ ਸੜਕ ਦੀ ਉਸਾਰੀ ਦਾ ਵੀ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਬਾਲਦ ਕਲਾਂ ਦੇ ਸਰਪੰਚ ਗੁਰਪ੍ਰੀਤ ਸਿੰਘ ਤੇਜੇ, ਲਖਵਿੰਦਰ ਸਿੰਘ ਲੱਖਾ ਫੱਗੂਵਾਲਾ ਸਮੇਤ ਇਲਾਕੇ ਦੇ ਪਿੰਡਾਂ ਦੇ ਲੋਕ ਅਤੇ ਪਾਰਟੀ ਵਰਕਰ ਮੌਜੂਦ ਸਨ।

# ਤੀਜੇ ਰੁਜ਼ਗਾਰ ਮੇਲੇ ਦੌਰਾਨ ਖ਼ਾਲਸਾ ਕਾਲਜ ਦੇ 13 ਵਿਦਿਆਰਥੀਆਂ ਦੀ ਹੋਈ ਚੋਣ




ਭਗਤਾ ਭਾਈ ਕਾ, 17 ਮਾਰਚ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੀ ਰਹਿਨੁਮਾਈ ਅਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਕਲਗੀਧਰ ਨਿਵਾਸ 27 ਬੀ ਚੰਡੀਗੜ੍ਹ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਦੇ ਉਪਰਾਲੇ ਸਦਕਾ 14 ਮਾਰਚ 2026 ਨੂੰ ਕਰਵਾਏ ਗਏ ਤੀਜੇ ਰੁਜ਼ਗਾਰ ਮੇਲੇ ਵਿੱਚ 26 ਕੰਪਨੀਆਂ ਨੇ ਸ਼ਮੂਲੀਅਤ ਕੀਤੀ । ਜਿਸ ਵਿੱਚ ਪ੍ਰਿੰਸੀਪਲ ਡਾ. ਸਤਿੰਦਰ ਕੌਰ ਯੋਗ ਅਗਵਾਈ ਹੇਠ ਚੱਲ ਰਹੇ ਕਾਲਜ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਭਗਤਾ ਭਾਈਕਾ ਦੇ ਪਲੇਸਮੈਂਟ ਸੈੱਲ ਵੱਲੋਂ 15 ਵਿਦਿਆਰਥੀਆਂ ਨੇ ਪੂਰੇ ਆਤਮ ਵਿਸ਼ਵਾਸ ਨਾਲ ਭਾਗ ਲਿਆ। ਪਲੇਸਮੈਂਟ ਅਫਸਰ ਡਾ. ਅਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਸਿਰਫ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਹੀ ਭਾਗ ਲਿਆ। ਇਸ ਦੌਰਾਨ ਸੰਸਥਾ ਦੇ 13 ਵਿਦਿਆਰਥੀਆਂ ਦੀ ਵੱਖ-ਵੱਖ ਕੰਪਨੀਆਂ ਵਿੱਚ ਚੋਣ ਹੋਈ, ਜਿਸ ਤਹਿਤ ਜਿਸ ਵਿੱਚ ਇੰਸਟੀਟਿਊਟ ਆਫ ਬੈਂਕਿੰਗ ਸਕਿਲਸ ਐਂਡ ਕੈਰੀਅਰ ਰਾਜਵੀਰ ਕੌਰ ਅਤੇ ਹਿਮਾਂਸ਼ੂ ਬੀ.ਏ ਭਾਗ ਤੀਜਾ ਦੇ ਵਿਦਿਆਰਥੀਆਂ ਦੀ ਚੋਣ ਹੋਈ, ਐਕਸਿਸ ਬੈਂਕ ਵਿੱਚ ਹਰਮਲਪ੍ਰੀਤ ਕੌਰ ਬੀਐਸਸੀ ਭਾਗ ਤੀਜਾ, ਹਰਮਨਜੋਤ ਕੌਰ ਭਾਗ ਤੀਜਾ, ਹਿਮਾਂਸ਼ੂ ਬੀ.ਏ ਭਾਗ ਤੀਜਾ, ਗੁਰਨੂਰ ਕੌਰ ਬੀ.ਕਾਮ ਭਾਗ ਤੀਜਾ ਚਾਰ ਵਿਦਿਆਰਥੀਆਂ ਦੀ ਚੋਣ ਹੋਈ। ਐਚਡੀ ਬੀ ਫਾਈਨੈਂਸ਼ੀਅਲ ਸਰਵਿਸਿਸ ਲਿਮਿਟਡ ਵਿੱਚ ਹਿਮਾਂਸ਼ੂ ਬੀ.ਏ ਭਾਗ ਤੀਜਾ, ਗੁਰਨੂਰ ਕੌਰ ਬੀ.ਕਾਮ ਭਾਗ ਤੀਜਾ, ਗੁਰਨੂਰ ਸਿੰਘ ਬੀ.ਕਾਮ ਭਾਗ ਤੀਜਾ, ਹਰਕੀਰਤ ਸਿੰਘ ਬੀ.ਏ ਭਾਗ ਤੀਜਾ ਚਾਰ ਵਿਦਿਆਰਥੀਆਂ ਦੀ ਚੋਣ ਹੋਈ, ਥੈਂਕ ਨੈਕਸਟ ਟੈਕਨੋਲਜੀਸ ਵਿੱਚ ਐਮਐਸਸੀ ਆਈਟੀ ਦੇ ਦੋ ਵਿਦਿਆਰਥੀ ਲਵਪ੍ਰੀਤ ਕੌਰ ਤੇ ਤੀਰਥ ਸਿੰਘ ਦੀ ਚੋਣ ਹੋਈ, ਲਵਪ੍ਰੀਤ ਕੌਰ, ਜਸ਼ਨਦੀਪ ਕੌਰ ਤੀਰਥ ਸਿੰਘ ਤੇ ਸੁਖਵੀਰ ਕੌਰ ਚਾਰ ਵਿਦਿਆਰਥੀਆਂ ਦੀ ਕਵੈਂਸ ਕਾਰਪੋਰੇਸ਼ਨ ਵਿੱਚ ਚੋਣ ਹੋਈ, ਟੈਕਐਡ ਵਿੱਚ ਲਵਪ੍ਰੀਤ ਕੌਰ ਐਮਐਸਸੀ ਆਈਟੀ ਦੀ ਵਿਦਿਆਰਥਣ ਚੋਣ ਹੋਈ, ਐਕਿਊਟਸ ਸਮਾਲ ਫਾਈਨੈਂਸ ਬੈਂਕ ਵਿੱਚ ਅਨਮੋਲਜੋਤ ਕੌਰ ਐਮਐਸਸੀ ਆਈਟੀ ਵਿਦਿਆਰਥਣ ਦੀ ਚੋਣ ਹੋਈ ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਸਤਿੰਦਰ ਕੌਰ ਮਾਨ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ ਜੋ ਵਿਦਿਆਰਥੀਆਂ ਨੂੰ ਅਜਿਹੇ ਵਡਮੁੱਲੇ ਮੌਕੇ ਪ੍ਰਦਾਨ ਕਰ ਰਹੇ ਹਨ। ਇਸ ਰੁਜ਼ਗਾਰ ਮੇਲੇ ਦੌਰਾਨ ਪ੍ਰੋਫੈਸਰ ਲਖਵੀਰ ਕੌਰ ਅਤੇ ਪ੍ਰੋਫੈਸਰ ਵੀਰਪਾਲ ਕੌਰ ਨੇ ਭਰਪੂਰ ਸਹਿਯੋਗ ਦਿੱਤਾ।

# ਅਮਰੀਕ ਸਿੰਘ ਗਰੇਵਾਲ ਨੇ ਮੁੱਖ ਥਾਣਾ ਅਫਸਰ ਦਾ ਅਹੁਦਾ ਸੰਭਾਲਿਆ



ਬਠਿੰਡਾ, 17 ਮਾਰਚ (ਜਗਸੀਰ ਸਿੰਘ ਭੁੱਲਰ): ਸਬ-ਇੰਸਪੈਕਟਰ ਪਦਉੱਨਤ ਹੋਣ ਉਪਰੰਤ ਪੁਲਸ ਵਿਭਾਗ ਵਿੱਚ ਮਿਹਨਤੀ ਅਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਅਮਰੀਕ ਸਿੰਘ ਗਰੇਵਾਲ ਨੇ ਥਾਣਾ ਤਲਵੰਡੀ ਸਾਬੋ ਵਿਖੇ ਬਤੌਰ ਮੁੱਖ ਅਫਸਰ ਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ 'ਤੇ ਥਾਣੇ ਦੇ ਸਮੂਹ ਸਟਾਫ਼ ਵੱਲੋਂ ਉਹਨਾਂ ਦਾ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਉਪਰੰਤ ਉਹਨਾਂ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਅਹਿਮ ਜ਼ਿੰਮੇਵਾਰੀ ਦੇਣ ਲਈ ਮੈਡਮ ਜਯੋਤੀ ਯਾਦਵ ਬੈਂਸ (ਆਈ. ਪੀ. ਐੱਸ.) ਦਾ ਧੰਨਵਾਦ ਕਰਦਿਆਂ ਸਮੂਹ ਆਮ ਨਾਗਰਿਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਪ੍ਰਤੀ ਆਪਣੀ ਵਚਬੱਧਤਾ ਪ੍ਰਗਟਾਈ। ਉਹਨਾਂ ਕਿਹਾ ਕਿ ਮਾਨਯੋਗ ਡੀ.ਐੱਸ.ਪੀ ਤਲਵੰਡੀ ਸਾਬੋ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਅਮਨ ਸ਼ਾਂਤੀ ਦਾ ਮਾਹੌਲ ਕਾਇਮ ਕੀਤਾ ਜਾਵੇਗਾ।

# ਦੁੱਧ ਤੋਂ ਬਣੇ ਖਾਧ ਪਦਾਰਥਾਂ 'ਚ ਮਿਲਾਵਟ ਦਾ ਮੁੱਦਾ ਲੈਕੇ ਵਿਧਾਨ ਸਭਾ 'ਚ ਬੋਲੇ ਵਿਧਾਇਕ ਬਲਕਾਰ ਸਿੱਧੂ



ਰਾਮਪੁਰਾ ਫੂਲ, 17 ਮਾਰਚ (ਮਨਪ੍ਰੀਤ ਮਿੰਟੂ): ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਵਿਧਾਨ ਸਭਾ 'ਚ ਲੋਕ- ਮੁੱਦਿਆਂ ਨੂੰ ਲਗਾਤਾਰ ਚੁੱਕ ਕੇ ਸਰਗਰਮ ਭੂਮਿਕਾ ਨਿਭਾ ਰਹੇ ਹਨ। ਸ਼ਹਿਰ ਦੇ ਟੀ - ਪੁਆਇੰਟ ਤੇ ਹੁੰਦੇ ਹਾਦਸੇ ਅਤੇ ਇਹਨਾਂ ਦੇ ਵਾਜਬ ਹੱਲ ਲਈ ਸਰਕਾਰ ਤੇ ਜ਼ੋਰ ਦੇਣ ਤੋਂ ਬਾਅਦ ਉਹਨਾਂ ਖਾਧ ਪਦਾਰਥਾਂ ਚ ਮਿਲਾਵਟ ਦਾ ਮੁੱਦਾ ਉਠਾਇਆ ਅਤੇ ਸਿਹਤ ਵਿਭਾਗ ਵਲੋਂ ਕੀਤੀ ਜਾ ਰਹੀ ਕਾਰਵਾਈ ਬਾਰੇ ਜਾਣਕਾਰੀ ਵੀ ਮੰਗੀ। ਵਿਧਾਇਕ ਨੇ ਵਿਧਾਨ ਸਭਾ 'ਚ ਸਵਾਲ ਉਠਾਉਂਦਿਆਂ ਕਿਹਾ ਕਿ ਪੰਜਾਬ ਅੰਦਰ ਦੁੱਧ ਅਤੇ ਦੁੱਧ ਤੋਂ ਬਣੇ ਖਾਧ ਪਦਾਰਥਾਂ ਵਿੱਚ ਵੱਡੇ ਪੱਧਰ 'ਤੇ ਮਿਲਾਵਟ ਹੋ ਰਹੀ ਹੈ, ਜਿਸ ਨਾਲ ਲੋਕਾਂ ਦੀ ਸਿਹਤ ਨੂੰ ਗੰਭੀਰ ਨੁਕਸਾਨ ਪੁੱਜ ਰਿਹਾ ਹੈ। ਉਹਨਾਂ ਕਿਹਾ ਕਿ ਇਹ ਚਿੰਤਾ ਦਾ ਵਿਸ਼ਾ ਹੈ। ਵਿਧਾਇਕ ਸਿੱਧੂ ਨੇ ਆਪਣੀ ਗੱਲ ਜਾਰੀ ਰੱਖਦਿਆਂ ਸਿਹਤ ਵਿਭਾਗ ਤੋਂ ਅਜਿਹੇ ਮਾਮਲਿਆਂ 'ਚ ਪ੍ਰਗਤੀ ਰਿਪੋਰਟ ਵੀ ਮੰਗੀ। ਉਹਨਾਂ ਕਿਹਾ ਕਿ ਇਸ ਗੱਲ ਤੋਂ ਸਦਨ ਨੂੰ ਜਾਣੂੰ ਕਰਵਾਇਆ ਜਾਵੇ ਕਿ ਪਿਛਲੇ ਦੋ ਸਾਲਾਂ ਅੰਦਰ ਕੁੱਲ ਕਿੰਨੇ ਨਮੂਨੇ ਫੇਲ੍ਹ ਪਾਏ ਗਏ ਹਨ ਅਤੇ ਦੋਸ਼ੀਆਂ ਖ਼ਿਲਾਫ ਕੀ ਕਾਰਵਾਈ ਕੀਤੀ ਗਈ ਹੈ? ਵਿਧਾਇਕ ਨੇ ਇਹ ਵੀ ਪੁੱਛਿਆ ਕਿ ਸਰਕਾਰ ਅਜਿਹੀ ਮਿਲਾਵਟਖੋਰੀ ਦੇ ਖਿਲਾਫ ਕੀ ਠੋਸ ਕਦਮ ਚੁੱਕ ਰਹੀ ਹੈ ?? ਬਲਕਾਰ ਸਿੱਧੂ ਦੇ ਸਵਾਲ ਨੂੰ ਲੋਕ ਹਿਤੈਸ਼ੀ ਅਤੇ ਮਹੱਤਵਪੂਰਨ ਮੁੱਦਾ ਸਮਝਦਿਆਂ ਸਰਕਾਰ ਦੇ ਸਿਹਤ ਮੰਤਰੀ ਬਲਵੀਰ ਸਿੰਘ ਨੇ ਇਸਦਾ ਜਵਾਬ ਬੜੀ ਤਫ਼ਸੀਲ ਨਾਲ ਦਿੱਤਾ। **ਮਿਲਾਵਟਖੋਰਾਂ ਖ਼ਿਲਾਫ਼ ਸਰਕਾਰ ਸਖ਼ਤ , ਲੋਕ ਜੇਕਰ ਸੂਚਨਾ ਦੇਣ ਤਾਂ ਹੋਵੇਗੀ ਕਾਰਵਾਈ*** : * *ਸਿਹਤ ਮੰਤਰੀ ਨੇ ਦੱਸਿਆ ਕਿ ਮਿਲਾਵਟਖੋਰਾਂ ਖ਼ਿਲਾਫ਼ ਤਿਉਹਾਰਾਂ ਦੇ ਸਮੇਂ ਤੋਂ ਇਲਾਵਾ ਰੁਟੀਨ ਵਿਚ ਵੀ ਜੰਗੀ ਕਾਰਵਾਈ ਕੀਤੀ ਜਾ ਰਹੀ ਹੈ।ਮੰਤਰੀ ਨੇ ਵਿਧਾਇਕ ਬਲਕਾਰ ਸਿੱਧੂ ਅਤੇ ਸਦਨ ਨੂੰ ਜਾਣੂੰ ਕਰਵਾਇਆ

# ਅਧਿਆਪਕਾਂ ਦੇ ਸਨਮਾਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਗਿਆਨ ਜੋਤਿ ਸਮਾਰੋਹ ਕਰਵਾਇਆ

ਤਲਵੰਡੀ ਸਾਬੋ, 17 ਮਾਰਚ (ਸੰਦੀਪ ਜੋਸੀ): ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿੱਦਿਆ ਤੇ ਕਲਾ ਦੇ ਪਸਾਰ ਲਈ ਯਤਨਸ਼ੀਲ ਸਖਸ਼ੀਅਤਾਂ, ਅਧਿਆਪਕਾਂ ਅਤੇ ਕਲਾਕਾਰਾਂ ਦੇ ਸਨਮਾਨ ਲਈ ਗਿਆਨ ਜੋਤਿ ਸਮਾਰੋਹ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ । ਇਸ ਮੌਕੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਜਦਕਿ ਕਾਰਜਕਾਰੀ ਉਪ-ਕੁਲਪਤੀ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਅਤੇ ਸਿਵਿਲ ਸਰਵਿਸ ਪ੍ਰੀਖਿਆ 2026 ਵਿੱਚ 136ਵਾਂ ਸਥਾਨ ਹਾਸਲ ਕਰਨ ਵਾਲੀ ਬੀਬਾ ਮਨਪ੍ਰੀਤ ਕੌਰ ਨੇ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਰੋਹ ਵਿੱਚ ਪ੍ਰੋ.ਵਾਈਸ ਚਾਂਸਲਰ ਡਾ.ਪੀਯੂਸ਼ ਵਰਮਾ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ ਵੱਖ-ਵੱਖ ਵਿਭਾਗਾਂ ਦੇ ਡੀਨ, 50 ਤੋਂ ਵੱਧ ਸਕੂਲਾਂ ਦੇ ਪ੍ਰਬੰਧਕੀ ਮੈਂਬਰਾਂ, ਵੱਖ- ਵੱਖ ਵਿੱਦਿਅਕ ਸੰਸਥਾਵਾਂ ਦੇ ਪ੍ਰਿੰਸੀਪਲ ਅਤੇ ਲੱਗਭੱਗ 300 ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਸਿੱਖਿਆ ਵਿੱਚ ਆ ਰਹੇ ਬਦਲਾਵਾਂ ਕਾਰਨ ਸਾਨੂੰ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਪੱਧਤੀਆਂ ਨਾਲ ਜੋੜਨਾ ਪਵੇਗਾ ਤੇ ਉਹਨਾਂ ਨਾਲ ਸੰਵਾਦ ਸਥਾਪਿਤ ਕਰਨਾ ਹੋਵੇਗਾ, ਉਹਨਾਂ ਕਿਹਾ ਕਿ ਜੀ.ਕੇ.ਯੂ ਸਰਬੱਤ ਦੇ ਭਲੇ ਦੀ ਸੋਚ ਨੂੰ ਸਮਰਪਿਤ ਹੈ। ਇੱਥੇ 17 ਦੇਸ਼ਾਂ ਅਤੇ ਭਾਰਤ ਦੇ 22 ਰਾਜਾਂ ਦੇ ਵਿਦਿਆਰਥੀ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਦੁਨਿਆਵੀ ਸਿੱਖਿਆ ਮਾਨਸ ਕੀ ਜਾਤ ਸਭੈ ਏਕੈ ਪਹਿਚਾਨਬੋ ਵੀ ਹਾਸਿਲ ਕਰ ਰਹੇ ਹਨ ਅਤੇ ਇਸ ਨੂੰ ਅਸਲ ਜ਼ਿੰਦਗੀ ਵਿੱਚ ਵੀ ਢਾਲ ਰਹੇ ਹਨ। ਉਹਨਾਂ ਮਾਨਸਾ ਦੀ ਧੀ ਮਨਪ੍ਰੀਤ ਕੌਰ ਜਿਸਨੇ ਸਿਵਲ ਸਰਵਿਸ ਵਿੱਚ ਕਾਮਯਾਬੀ ਪ੍ਰਾਪਤ ਕੀਤੀ ਹੈ, ਦੀ ਉਦਾਹਰਨ ਦਿੰਦਿਆਂ ਕਿਹਾ ਪ੍ਰਾਪਤੀਆਂ ਨਿੱਜ ਉਦੱਮ ਦੇ ਲੱਗਣ ਨਾਲ ਹੁੰਦੀਆਂ ਹਨ ਨਾ ਕਿ ਪਰਿਵਾਰਿਕ ਅਮੀਰੀ ਜਾ ਇਲਾਕੇ ਦੀ ਖੁਸ਼ਹਾਲੀ ਨਾਲ ।ਵਾਈਸ ਚਾਂਸਲਰ ਡਾ.ਧੀਮਾਨ ਨੇ ਗਿਆਨ ਜੋਤਿ ਸਮਾਰੋਹ ਦੀ ਮਹੱਤਤਾ ਅਤੇ ਮਕਸਦ ਦੀ ਗੱਲ ਕਰਦਿਆਂ ਕਿਹਾ ਕਿ ਦੇਸ਼ ਅਤੇ ਨਿੱਗਰ ਸਮਾਜ ਦੇ ਨਿਰਮਾਣ ਵਿੱਚ ਅਧਿਆਪਕਾਂ ਦਾ ਵੱਡਾ ਯੋਗਦਾਨ ਹੁੰਦਾ ਹੈ, ਕਿਉਂਕਿ ਦੇਸ਼ ਦਾ ਭਵਿੱਖ ਨੌਜਵਾਨ ਵਰਗ ਇਹਨਾਂ ਤੋਂ ਸਿੱਖਿਆ ਹਾਸਿਲ ਕਰਦਾ ਹੈ। ਉਹਨਾਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਨੈਤਿਕ ਸਿੱਖਿਆ ਵੀ ਦਿੰਦੇ ਹਨ। ਉਹਨਾਂ ਵਰਸਿਟੀ ਵੱਲੋਂ ਹਰ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਬਾਰੇ ਵੀ ਚਾਨਣਾ ਪਾਇਆ। ਉਹਨਾਂ ਕਿਹਾ ਕਿ ਦੁਨੀਆਂ ਵਿੱਚ ਗਿਆਨ ਜੋਤ ਨੂੰ ਪ੍ਰਜਵਲਤ ਰੱਖਣ ਵਿੱਚ ਅਧਿਆਪਕਾਂ ਦਾ ਵਿਸ਼ੇਸ਼ ਯੋਗਦਾਨ ਹੁੰਦਾ ਹੈ।ਬੀਬਾ ਮਨਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲਗਨ ਅਤੇ ਮਿਹਨਤ ਨਾਲ ਕੋਈ ਵੀ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ। ਇਸ ਮੌਕੇ ਆਯੋਜਕਾਂ ਵੱਲੋ ਮਨਪ੍ਰੀਤ ਕੌਰ ਅਤੇ ਉਹਨਾਂ ਦੇ ਮਾਪਿਆਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਡਾ. ਵਰਮਾ ਨੇ ਸਕਿਲ ਐਜੂਕੇਸ਼ਨ ਦੀ ਮਹੱਤਤਾ ਅਤੇ ਡਾ. ਅਹਿਮਦ ਨੇ ਯੂਨੀਵਰਸਿਟੀ ਦੇ ਆਕਦਮਿਕ ਕਾਰਜਾਂ ਅਤੇ ਵੱਖ-ਵੱਖ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਸਮਾਰੋਹ ਵਿੱਚ ਡਾਇਰੈਕਟਰ ਦਾਖ਼ਲੇ ਡਾ. ਗੁਰਪ੍ਰੀਤ ਸਿੰਘ ਨੇ ਵਰਸਿਟੀ ਵਿਖੇ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਵਜ਼ੀਫਿਆਂ ਅਤੇ ਚੱਲ ਰਹੇ ਪ੍ਰੋਗਰਾਮਾਂ ਬਾਰੇ ਵਿਸਥਾਰ ਪੂਰਵਕ ਦੱਸਿਆ। ਇਸ ਮੌਕੇ ਡਾਇਰੈਕਟਰ ਯੁਵਾ ਅਤੇ ਸੱਭਿਆਚਾਰਕ ਮਾਮਲੇ ਡਾ.ਕੰਵਲਜੀਤ ਕੌਰ ਦੇ ਨਿਰਦੇਸ਼ਨ ਹੇਠ ਪੇਸ਼ ਕੀਤੇ ਰੰਗਾਂ-ਰੰਗ ਪ੍ਰੋਗਰਾਮ ਨੇ ਦਰਸ਼ਕਾਂ ਦੀ ਖ਼ੂਬ ਵਾਹ-ਵਾਹ ਖੱਟੀ। ਪ੍ਰੋਗਰਾਮ ਵਿੱਚ ਦੇਸ਼ ਦੇ ਸਮੁੱਚੇ ਪ੍ਰਦੇਸ਼ਾਂ ਦੀਆਂ ਸਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਵਿਸ਼ੇਸ਼ ਤੌਰ 'ਤੇ ਪੰਜਾਬੀ ਲੋਕ-ਨਾਚ ਭੰਗੜੇ ਦੇ ਕਲਾਕਾਰਾਂ ਨੇ ਹਾਜ਼ਰ ਲੋਕਾਂ ਨੂੰ ਤਾੜੀਆਂ ਮਾਰਨ ਲਈ ਮਜ਼ਬੂਰ ਕੀਤਾ। ਰੰਗਾਂ-ਰੰਗ ਪ੍ਰੋਗਰਾਮ ਵਰਸਿਟੀ ਦੇ ਮੰਚ ਤੇ ਅਨੇਕਤਾ ਵਿੱਚ ਏਕਤਾ ਦੀ ਮਿਸਾਲ ਪੇਸ਼ ਕਰ ਰਿਹਾ ਸੀ।ਆਯੋਜਕਾਂ ਵੱਲੋਂ ਸਿੱਖਿਆ ਅਦਾਰਿਆਂ ਦੇ ਪ੍ਰਬੰਧਕਾਂ, ਪ੍ਰਿੰਸੀਪਲਾਂ ਅਤੇ ਹਾਜ਼ਰ ਅਧਿਆਪਕਾਂ ਨੂੰ ਸਰਟੀਫਿਕੇਟ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਡਿਪਟੀ ਡਾਇਰੈਕਟਰ ਲੋਕ-ਸੰਪਰਕ ਲਵਲੀਨ ਸਚਦੇਵਾ ਅਤੇ ਮੈਡਮ ਜੀਨੀਅਸ ਵਾਲੀਆ ਨੇ ਬਾਖੂਬੀ ਨਿਭਾਈ।

# ਸੇਂਟ ਜ਼ੇਵੀਅਰਜ ਸਕੂਲ 'ਚ ਹੋਇਆ ਇਨਾਮ ਵੰਡ ਸਮਾਰੋਹ



ਰਾਮਪੁਰਾ ਫੂਲ,17 ਮਾਰਚ (ਮਨਪ੍ਰੀਤ ਮਿੰਟੂ): ਰਾਮਪੁਰਾ ਫੂਲ ਦੇ ਨਾਮੀ ਸਕੂਲ ਸੇਂਟ ਜ਼ੇਵੀਅਰਜ ਵਿੱਚ ਜੂਨੀਅਰ ਵਿਦਿਆਰਥੀਆਂ ਲਈ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਤੇ ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਕੀਤੀ। ਮੁੱਖ ਮਹਿਮਾਨ ਦੇ ਤੌਰ 'ਤੇ ਫਾਦਰ ਪਾਸ਼ਾਓ ਗੋਨਸਲਵਿਸ ਤੇ ਫਾਦਰ ਮਥਾਇਅਸ ਸ਼ਾਮਲ ਹੋਏ । ਵਿਦਿਆਰਥੀਆਂ ਦੀ ਸਾਰੇ ਸਾਲ ਦੀ ਕਾਰਗੁਜ਼ਾਰੀ ਨੂੰ ਵੱਖ-ਵੱਖ ਮੁਕਾਬਲਿਆਂ ਰਾਹੀਂ ਪਰਖਿਆ ਗਿਆ। ਕਰਵਾਏ ਗਏ ਮੁਕਾਬਲਿਆਂ ਵਿੱਚੋਂ ਪਹਿਲੇ ਸਥਾਨ ਹਾਸਲ ਕਰਨ ਵਾਲੇ ਨੰਨ੍ਹੇ ਵਿਦਿਆਰਥੀਆਂ ਨੂੰ ਟਰਾਫ਼ੀਆਂ, ਸੋਨ ਤਮਗੇ, ਸਿਲਵਰ ਤਮਗੇ ਤੇ ਕਾਸੇ ਦੇ ਤਮਗਿਆਂ ਨਾਲ ਸਨਮਾਨਿਤ ਕੀਤਾ। ਫਾਦਰ ਪਾਸ਼ਾਓ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਰਾਹੀਂ ਬੱਚਿਆਂ ਦਾ ਹੌਂਸਲਾ ਵਧਾਇਆ ਅਤੇ ਸਕੂਲ ਪ੍ਰਬੰਧਕਾਂ ਦੇ ਇਸ ਵਿਲੱਖਣ ਉਪਰਾਲੇ ਦੀ ਸਹਾਰਨਾ ਕੀਤੀ। ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਆਪਣੇ ਭਾਸ਼ਣ ਰਾਹੀਂ ਨੰਨ੍ਹੇ ਵਿਦਿਆਰਥੀਆਂ ਦੇ ਵੱਖ- ਵੱਖ ਮੁਕਾਬਲਿਆਂ ਬਾਰੇ ਤੇ ਅਧਿਆਪਕਾਂ ਦੀ ਕੀਤੀ ਅਣਥੱਕ ਮਿਹਨਤ ਦੀ ਪ੍ਰਸ਼ੰਸਾ ਕੀਤੀ। 43 ਵਿਦਿਆਰਥੀਆਂ ਨੂੰ ਸੋਨ ਤਮਗੇ ਤੇ 25 ਵਿਦਿਆਰਥੀਆਂ ਨੂੰ ਚਾਂਦੀ ਦੇ ਤਮਗੇ ਅਤੇ 25 ਵਿਦਿਆਰਥੀਆਂ ਨੂੰ ਕਾਸੇ ਦੇ ਤਮਗਿਆਂ ਨਾਲ ਸਨਮਾਨਿਤ ਕੀਤਾ ਗਿਆ 9 ਵਿਦਿਆਰਥੀਆਂ ਨੂੰ ਸਰਵੋਤਮ ਪ੍ਰਦਰਸ਼ਕਾਰ(ਯੰਗ ਚੈਂਪੀਅਨ) ਦਾ ਐਵਾਰਡ ਦਿੱਤਾ ਗਿਆ। 13 ਵਿਦਿਆਰਥੀਆਂ ਨੂੰ ਪਹਿਲੇ ਰਨਰ ਅੱਪ(ਯੰਗ ਐਕਸਪਲੋਰਰ) ਤੇ 16 ਵਿਦਿਆਰਥੀਆਂ ਨੂੰ ਦੂਜੇ ਰਨਰ ਅੱਪ (ਯੰਗ ਅਚੀਵਰ) ਦਾ ਐਵਾਰਡ ਦਿੱਤਾ ਗਿਆ। ਇਨਾਮ ਪ੍ਰਾਪਤ ਕਰਨ ਵਾਲੇ ਨੰਨ੍ਹੇ ਵਿਦਿਆਰਥੀਆਂ ਦੇ ਚਿਹਰਿਆਂ ਉੱਤੇ ਇੱਕ ਵਿਸ਼ੇਸ਼ ਜਜ਼ਬਾ ਤੇ ਜੇਤੂ ਮੁਸਕਾਨ ਦੇਖਣ ਨੂੰ ਮਿਲੀ। ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਨੇ ਨੰਨ੍ਹੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਟਰਾਫ਼ੀਆਂ ਤੇ ਤਮਗੇ ਜਿੱਤਣ ਲਈ ਪ੍ਰੇਰਿਤ ਕੀਤਾ। ਨਰਸਰੀ, ਐੱਲ.ਕੇ.ਜੀ. ਤੇ ਯੂ. ਕੇ. ਜੀ. ਜਮਾਤ ਦੇ ਵਿਦਿਆਰਥੀਆਂ ਦੇ ਸਾਰੇ ਸਾਲ ਦੇ ਮੁਕਾਬਲਿਆਂ ਲਈ ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਅਤੇ ਮੈਡਮ ਅੰਜੂ ਬਾਲਾ ਨੇ ਅਣਥੱਕ ਮਿਹਨਤ ਕੀਤੀ । ਖੇਡਾਂ ਦੇ ਮਾਹਰ ਅਧਿਆਪਕ ਗੁਰਪਿੰਦਰ ਸਿੰਘ ਭੁੱਲਰ ਨੇ ਨੰਨ੍ਹੇ ਵਿਦਿਆਰਥੀਆਂ ਨੂੰ ਖੇਡ ਗਤੀਵਿਧੀਆਂ ਕਰਵਾਈਆਂ ।ਇਨਾਮ ਪ੍ਰਾਪਤ ਕਰਨ ਵਾਲੇ ਨੰਨ੍ਹੇ ਵਿਦਿਆਰਥੀਆਂ ਦਾ ਘਰ ਵਾਪਸ ਜਾਣ ਵੇਲੇ ਜਨੂੰਨ ਠਾਠਾਂ ਮਾਰ ਰਿਹਾ ਸੀ।ਇਸ ਮੌਕੇ 'ਤੇ ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਅਤੇ ਖੇਡਾਂ ਦੇ ਮਾਹਰ ਅਧਿਆਪਕ ਸਰਦਾਰ ਗੁਰਪਿੰਦਰ ਸਿੰਘ ਭੁੱਲਰ ਤੇ ਸਕੂਲ ਦਾ ਸਾਰਾ ਸਟਾਫ਼ ਵੀ ਹਾਜ਼ਰ ਸੀ

# ਮੁਫ਼ਤ ਬਨਾਵਟੀ ਅੰਗ ਕੈਂਪ 22 ਨੂੰ

ਦਿੜ੍ਹਬਾ ਮੰਡੀ, 17 ਮਾਰਚ ( ਸੁਖਵਿੰਦਰ ਸਿੰਘ ਵਿਰਕ ) ਨਾਰਾਇਣ ਸੇਵਾ ਸੰਸਥਾਨ ਅਤੇ ਸਮਾਣਾ ਭੰਡਾਰਾਂ ਕਮੇਟੀ (ਰਜਿ. 883) ਵੱਲੋਂ ਸਮਾਜ ਸੇਵਾ ਦੇ ਤਹਿਤ ਇੱਕ ਵਿਸ਼ੇਸ਼ ਮੁਫ਼ਤ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਸਬੰਧੀ ਦਿੜ੍ਹਬਾ ਵਿਖੇ ਜਾਣਕਾਰੀ ਦਿੰਦਿਆਂ ਪ੍ਰਧਾਨ ਫ਼ਕੀਰ ਚੰਦ ਬਾਂਸਲ, ਵਾਈਸ ਪ੍ਰਧਾਨ ਸ਼ਿਵ ਨਰਾਇਣ ਗਰਗ, ਸਰਪ੍ਰਸਤ ਵਿਨੋਦ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੰਗ-ਹੀਣ ਅਤੇ ਦਿਵਿਆਂਗ ਲੋਕਾਂ ਲਈ ਕ੍ਰਿਤ੍ਰਿਮ ਅੰਗ (ਬਨਾਵਟੀ )ਮੁਹੱਈਆ ਕਰਵਾਏ ਜਾਣਗੇ।ਉਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਹ ਕੈਂਪ 22 ਮਾਰਚ 2026 ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਸਤੀ ਮੰਦਰ, ਨੇੜੇ ਬੱਸ ਸਟੈਂਡ, ਘੱਗਾ ਰੋਡ, ਸਮਾਣਾ (ਜ਼ਿਲ੍ਹਾ ਪਟਿਆਲਾ) ਵਿਖੇ ਲਗਾਇਆ ਜਾਵੇਗਾ।ਸੰਸਥਾ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕੈਂਪ ਵਿੱਚ ਲੋੜਵੰਦ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫ਼ਤ ਕ੍ਰਿਤ੍ਰਿਮ ਅੰਗ ਲਗਾਏ ਜਾਣਗੇ। ਇਲਾਜ ਅਤੇ ਸਹਾਇਤਾ ਦੀ ਸਾਰੀ ਸੇਵਾ ਬਿਲਕੁਲ ਮੁਫ਼ਤ ਹੋਵੇਗੀ।ਆਯੋਜਕਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਨੂੰ ਇਸ ਸੂਲਤ ਦੀ ਲੋੜ ਹੈ ਉਹ ਸਮੇਂ ਸਿਰ ਪਹੁੰਚ ਕੇ ਲਾਭ ਲੈਣ ਅਤੇ ਆਧਾਰ ਕਾਰਡ ਜਾ ਕੋਈ ਹੋਰ ਸ਼ਨਾਖਤ ਦਸਤਾਵੇਜ਼ ਲੈਕੇ ਆਉਣ ਨਰਾਇਣ ਸੇਵਾ ਸੰਸਥਾ ਅਤੇ ਸਮਾਣਾ ਭੰਡਾਰਾ ਕਮੇਟੀ ਨੇ ਕੈਂਪ ਸਬੰਧੀ ਜਾਣਕਾਰੀ ਲੈਣ ਲਈ ਨੰਬਰ ਵੀ ਜਾਰੀ ਕੀਤੇ ਹਨ 90411-41412 ਅਤੇ 92164-00645 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਚੋਣਾਂ ਵੇਲੇ ਕੀਤਾ ਵਾਅਦਾ ਭੁੱਲੀ 'ਆਪ' ਸਰਕਾਰ : ਸਿੰਗਲਾ

ਸਰਦੂਲਗੜ੍ਹ , 17 ਮਾਰਚ (ਲਛਮਣ ਸਿੱਧੂ ): ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਆਰਥਿਕ ਸਹਾਇਤਾ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਨਾ ਕਰਨ ਦੇ ਵਿਰੋਧ ਵਿੱਚ ਅੱਜ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਹਲਕਾ ਵਿਧਾਇਕ ਡਾ. ਵਿਜੈ ਸਿੰਗਲਾ ਦੀ ਰਿਹਾਇਸ਼ ਦੇ ਬਾਹਰ ਜ਼ੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਹ ਧਰਨਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ ਕਾਂਗਰਸੀ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਹਿੱਸਾ ਲਿਆ। ਧਰਨੇ ਦੌਰਾਨ ਮਹਿਲਾਵਾਂ ਨੇ ਪੰਜਾਬ ਸਰਕਾਰ ਖਿਲਾਫ ਪਿੱਟ ਸਿਆਪਾ ਕਰਦਿਆਂ ਨਾਅਰੇਬਾਜ਼ੀ ਵੀ ਕੀਤੀ ਅਤੇ ਸਰਕਾਰ ਨੂੰ ਆਪਣੇ ਵਾਅਦੇ ਯਾਦ ਕਰਵਾਏ। ਧਰਨੇ ਦੌਰਾਨ ਮੌਜੂਦ ਮਹਿਲਾਵਾਂ ਅਤੇ ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦਾ ਵੱਡਾ ਵਾਅਦਾ ਕੀਤਾ ਸੀ। ਇਸ ਕਾਰਨ ਮਹਿਲਾਵਾਂ ਨੂੰ ਹੁਣ ਚਾਰ ਸਾਲ ਦਾ ਲੱਗਭੱਗ 48000 ਰੁਪਏ ਪ੍ਰਤੀ ਮਹਿਲਾ ਬਕਾਇਆ ਬਣਦਾ ਹੈ, ਜੋ ਸਰਕਾਰ ਵੱਲੋਂ ਦੇਣਾ ਚਾਹੀਦਾ ਹੈ। ਇਸ ਮੌਕੇ ਬੋਲਦਿਆਂ ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਮੌਜੂਦਾ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਪੰਜਾਬ ਦੀਆਂ ਮਹਿਲਾਵਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ ਅਤੇ ਇਹ ਕਿਹਾ ਗਿਆ ਸੀ, ਕਿ ਸਰਕਾਰ ਬਣਦੇ ਹੀ ਹਰ ਮਹਿਲਾ ਨੂੰ ਹਰ ਮਹੀਨੇ 1000 ਰੁਪਏ ਦਿੱਤੇ ਜਾਣਗੇ ਤਾਂ ਜੋ ਉਹ ਆਰਥਿਕ ਤੌਰ 'ਤੇ ਮਜ਼ਬੂਤ ਹੋ ਸਕਣ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੇ ਵੀ ਇਸ ਵਾਅਦੇ 'ਤੇ ਭਰੋਸਾ ਕਰਦਿਆਂ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨੂੰ ਵੋਟਾਂ ਦਿੱਤੀਆਂ, ਪਰ ਹੁਣ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਇਹ ਵਾਅਦਾ ਸਿਰਫ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵਾਕਈ ਮਹਿਲਾਵਾਂ ਦੀ ਭਲਾਈ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਚਾਰ ਸਾਲਾਂ ਦਾ ਬਕਾਇਆ 48000 ਰੁਪਏ ਹਰ ਮਹਿਲਾ ਨੂੰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਹੋਰ ਕਿਹਾ ਕਿ ਹੁਣ ਜਦੋਂ ਵਿਧਾਨ ਸਭਾ ਚੋਣਾਂ ਨੇੜੇ ਆਉਣ ਲੱਗੀਆਂ ਹਨ ਤਾਂ ਆਮ ਆਦਮੀ ਪਾਰਟੀ ਦੁਬਾਰਾ ਉਹੀ ਪੁਰਾਣਾ ਵਾਅਦਾ ਕਰਕੇ ਲੋਕਾਂ ਨੂੰ ਭੁਲਾਵਾ ਦੇਣ ਦੀ ਕੋਸ਼ਿਸ਼ ਕਰ ਰਹੀ ਹੈ।

# ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕ ਕੇ ਕੀਤੀ ਨਾਅਰੇਬਾਜ਼ੀ*



ਲਹਿਰਾਗਾਗਾ, 17 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ): ਸਾਂਝਾ ਅਧਿਆਪਕ ਮੋਰਚਾ ਅਤੇ ਅਧਿਆਪਕ ਜਥੇਬੰਦੀਆਂ ਦੇ ਆਗੂ ਸੁਖਜਿੰਦਰ ਸਿੰਘ ਹਰੀਕਾ, ਸਤਵੰਤ ਸਿੰਘ ਆਲਮਪੁਰ, ਹਰਭਗਵਾਨ ਸਿੰਘ ਗੁਰਨੇ, ਮੇਘ ਰਾਜ, ਕਿਰਨਪਾਲ ਗਾਗਾ ਸਿੰਦਰਪਾਲ ਸਿੰਘ, ਮਹਾਂਵੀਰ ਸਿੰਘ ਗੁਰਬਿੰਦਰ ਸਿੰਘ ਦੀ ਅਗਵਾਈ ਵਿੱਚ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਦਫਤਰ ਅੱਗੇ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਨਾਅਰੇਬਾਜੀ ਕੀਤੀ ਗਈ। ਇਕੱਠੇ ਹੋਏ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ ਦੀ ਬਿਲਕੁਲ ਬੇਲੋੜੀ, ਗੈਰਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵੱਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਪ੍ਰਤੀ ਸਮੁੱਚੇ ਅਧਿਆਪਕ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ। ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਣ ਦੇ ਨਾਂ 'ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ। ਸਰਕਾਰ ਵੱਲੋਂ ਖਜਾਨਾ ਭਰੇ ਹੋਣ ਦੇ ਦਮਗਜੇ ਮਾਰੇ ਜਾ ਰਹੇ ਹਨ, ਪਰ ਅਧਿਆਪਕਾਂ ਦੇ ਵਿੱਤੀ ਮਸਲੇ ਹੱਲ ਨਹੀਂ ਕੀਤੇ ਜਾ ਰਹੇ।

# ਫਰੀਦਕੋਟ ਪੁਲਿਸ ਵੱਲੋ ਜ਼ਿਲ੍ਹੇ 'ਚ ਵੱਡੇ ਪੱਧਰ 'ਤੇ ਚਲਾਇਆ ਗਿਆ ਸਰਚ ਆਪ੍ਰੇਸ਼ਨ,

## ਪੁਲਿਸ ਦੀਆਂ ਟੀਮਾਂ ਵੱਲੋ ਜ਼ਿਲ੍ਹੇ ਅੰਦਰ ਨਸ਼ਾ ਤਸਕਰਾਂ ਦੇ ਸ਼ੱਕੀ ਟਿਕਾਣਿਆ ਦੀ ਕੀਤੀ ਗਈ ਸਰਚ



ਫਰੀਦਕੋਟ, 17 ਮਾਰਚ (ਅਵਤਾਰ ਸਿੰਘ ਮੱਲਾ): ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਦੇ ਨਾਮ ਪਰ ਇੱਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਤਹਿਤ ਪੂਰੇ ਪੰਜਾਬ ਭਰ ਵਿਚ ਨਸ਼ਾ ਤਸਕਰਾਂ ਅਤੇ ਨਸ਼ਾ ਵਿਕਣ ਵਾਲੇ ਸਥਾਨਾਂ ਦੀ ਸ਼ਨਾਖਤ ਕੀਤੀ ਜਾ ਰਹੀ ਹੈ। ਇਸੇ ਤਹਿਤ ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਜੀ ਦੀ ਅਗਵਾਈ ਵਿੱਚ ਫਰੀਦਕੋਟ ਪੁਲਿਸ ਵੱਲੋਂ ਸਮੁੱਚੇ ਜ਼ਿਲ੍ਹੇ ਵਿਚ ਵੱਡੇ ਪੱਧਰ 'ਤੇ ਕਾਰਡਨ ਐਂਡ ਸਰਚ ਓਪਰੇਸ਼ਨ) ਚਲਾਇਆ ਗਿਆ। ਇਹ ਸਰਚ ਨਸ਼ੇ ਦੇ ਹਾਟਸਪਾਟ ਅਤੇ ਸੰਵੇਦਨਸ਼ੀਲ ਖੇਤਰਾਂ ਵਿੱਚ ਕੀਤੀ ਗਈ, ਜਿਸਦਾ ਮੁੱਖ ਉਦੇਸ਼ 'ਪੌਇੰਟ ਆਫ ਸੇਲ' ਪੱਧਰ 'ਤੇ ਨਸ਼ੇ ਦੀ ਸਪਲਾਈ ਨੂੰ ਰੋਕਣਾ ਸੀ।ਇਹ ਆਪਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ ) ਪੰਜਾਬ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜਿਲ੍ਹੇ ਦੀਆ ਸਾਰੀਆਂ 03 ਸਬ-ਡਵੀਜਨਾ ਵਿੱਚ ਇੱਕੋ ਸਮੇਂ ਚਲਾਇਆ ਗਿਆ। ਇਹ ਸਰਚ ਆਪਰੇਸ਼ਨ ਸ਼੍ਰੀ ਮਨਵਿੰਦਰਬੀਰ ਸਿੰਘ ਐਸ.ਪੀ(ਸਥਾਨਕ) ਫਰੀਦਕੋਟ ਅਤੇ ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ, ਐਸ.ਪੀ(ਇੰਨਵੈਸਟੀਗੇਸ਼ਨ) ਫਰੀਦੋਕਟ ਦੀ ਸੁਪਰਵੀਜਨ ਹੇਠ ਫਰੀਦਕੋਟ ਅੰਦਰ ਚਲਾਇਆ ਗਿਆ। ਜਿਸ ਦੌਰਾਨ ਡੀ.ਐਸ.ਪੀ ਰੈਕ ਦੇ ਅਧਿਕਾਰੀਆਂ ਨੂੰ ਆਪਣੀ-ਆਪਣੀ ਸਬ-ਡਵੀਜਨਾ ਵਿੱਚ ਇਸ ਆਪਰੇਸ਼ਨ ਦੀ ਨਿੱਜੀ ਤੌਰ 'ਤੇ ਦੇਖ-ਰੇਖ ਕਰਨ ਲਈ ਕਿਹਾ ਗਿਆ ਸੀ।ਇਸ ਸਰਚ ਆਪਰੇਸ਼ਨ ਦੌਰਾਨ 100 ਤੋਂ ਵੱਧ ਪੁਲਿਸ ਕਰਮਚਾਰੀਆਂ ਦੀਆਂ ਸਪੈਸ਼ਲ ਟੀਮਾਂ ਗਠਿਤ ਕਰਕੇ ਵੱਖ-ਵੱਖ ਨਸ਼ਾ ਤਸਕਰਾਂ ਦੇ ਸ਼ੱਕੀ ਟਿਕਾਣਿਆ 'ਤੇ ਅਚਨਚੇਤ ਛਾਪੇਮਾਰੀ ਕਰਕੇ ਚੈਕਿੰਗ ਕੀਤੀ ਗਈ।ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵੱਲੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿ ਮਾਨਯੋਗ ਡੀ.ਜੀ.ਪੀ ਪੰਜਾਬ ਸ਼੍ਰੀ ਗੌਰਵ ਯਾਦਵ ਜੀ ਦੀਆਂ ਹਦਾਇਤਾ ਅਨੁਸਾਰ ਨਸ਼ੇ ਨੂੰ ਜੜ੍ਹ ਤੋ ਖਤਮ ਕਰਨ ਲਈ ਲਗਾਤਾਰ ਸਖਤ ਕਾਰਵਾਈ ਕੀਤੀ ਜਾ ਰਹੀ ਹੈ, ਫਰੀਦਕੋਟ ਪੁਲਿਸ ਵੱਲੋਂ ਚਲਾਇਆ ਗਿਆ ਇਹ ਸਰਚ ਆਪਰੇਸ਼ਨ ਵੀ ਇਸੇ ਹੀ ਕਾਰਵਾਈ ਦਾ ਹਿੱਸਾ ਹੈ।ਉਹਨਾਂ ਦੱਸਿਆ ਕਿ ਇਸ ਦੌਰਾਨ ਜਿਨਾਂ ਵਿਅਕਤੀਆਂ 'ਤੇ ਪਹਿਲਾਂ ਐਨ.ਡੀ.ਪੀ.ਐਸ ਤਹਿਤ ਮੁਕੱਦਮੇਂ ਦਰਜ ਹਨ ਅਤੇ ਜਿਨ੍ਹਾਂ ਦੇ ਕ੍ਰਿਮੀਨਲ ਰਿਕਾਰਡ ਹਨ, ਉਹਨਾਂ ਉੱਪਰ ਪੁਲਿਸ ਪਾਰਟੀਆਂ ਵੱਲੋਂ ਰੇਡ ਕਰਕੇ ਸਰਚ ਕੀਤਾ ਗਿਆ ਹੈ। ਇਸ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ ਅਤੇ ਵਹੀਕਲਾ ਦੀ ਸ਼ੱਕ ਦੇ ਅਧਾਰ 'ਤੇ ਜਾਚ ਕੀਤੀ ਗਈ। ਇਸ ਦੇ ਨਾਲ ਹੀ ਏਰੀਏ ਨੂੰ ਨਾਕਾ ਬੰਦੀ ਕਰ ਬਾਹਰ ਅਤੇ ਅੰਦਰ ਆਉਣ ਵਾਲੇ ਰਸਤਿਆਂ ਨੂੰ ਸੀਲ ਕਰਕੇ ਸ਼ੱਕੀ ਵਿਅਕਤੀਆਂ ਨੂੰ ਰਾਊਡ ਅੱਪ ਵੀ ਕੀਤਾ ਗਿਆ। ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਇਹ ਵੀ ਸਪੱਸ਼ਟ ਕੀਤਾ ਕਿ ਪੁਲਿਸ ਅਧਿਕਾਰੀਆਂ ਨੂੰ ਐਕਟ ਅਧੀਨ ਦਰਜ ਸਾਰੇ ਕੇਸਾਂ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਬਾਰੀਕੀ ਨਾਲ ਜਾਂਚ ਕਰਨ ਅਤੇ ਜੋ ਵੀ ਨਸ਼ਾ ਤਸਕਰੀ ਵਿੱਚ ਸ਼ਾਮਿਲ ਹੋਣ, ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਇਸ ਦੇ ਨਾਲ ਹੀ ਨਸ਼ਾ ਪੀੜਿਤਾ ਨੂੰ ਨਸਾ ਛੱਡਣ ਲਈ ਪ੍ਰੇਰਿਤ ਕਰਕੇ ਨਸ਼ਾ ਛੁਡਾਊ ਕੇਦਰਾ ਵਿੱਚ ਵੀ ਭਰਤੀ ਕਰਵਾਇਆ ਜਾ ਰਿਹਾ ਹੈ। ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਫਰੀਦਕੋਟ ਪੁਲਿਸ ਵੱਲੋ ਨਸ਼ੇ ਵਿਰੁੱਧ ਕੀਤੀ ਜਾ ਰਹੀ ਕਠੋਰ ਮਿਹਨਤ ਦੇ ਨਤੀਜੇ ਵਜੋ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਮਾਰਚ-2025 ਤੋਂ ਹੁਣ ਤੱਕ 1112 ਮੁਕੱਦਮੇ ਦਰਜ ਕਰਕੇ 1686 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਦੌਰਾਨ 39 ਕਿਲੋ ਤੋ ਵੱਧ ਹੈਰੋਇਨ, 07 ਕਿਲੋ ਅਫੀਮ, 20 ਕੁਇੰਟਲ ਦੇ ਕਰੀਬ ਪੋਸਤ, 22 ਹਜਾਰ ਨਸ਼ੀਲੀਆਂ ਗੋਲੀਆ/ਕੈਪਸੂਲ ਅਤੇ 16 ਲੱਖ ਦੇ ਕਰੀਬ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਨਸ਼ਿਆਂ ਦੇ ਸੋਦਾਗਰਾਂ/ਸਮੱਗਲਰਾਂ ਵੱਲੋਂ ਨਸ਼ਿਆਂ ਦੀ ਕਮਾਈ ਨਾਲ ਬਣਾਈ ਗਈ ਚੱਲ/ਅਚੱਲ ਪ੍ਰਾਪਰਟੀ ਨੂੰ ਵੈਰੀਫਾਈ ਕਰਨ ਉਪਰੰਤ ਪਿਛਲੇ 19 ਮਹੀਨਿਆਂ ਦੌਰਾਨ ਨਸ਼ਾ ਤਸਕਰਾ ਦੀ 09 ਕਰੋੜ ਤੋਂ ਜ਼ਿਆਦਾ ਕੀਮਤ ਦੀ ਜਾਇਦਾਦ ਸਬੰਧਿਤ ਅਥਾਰਟੀ ਪਾਸੋ ਮੰਨਜੂਰੀ ਹਾਸਲ ਕਰਨ ਉਪਰੰਤ ਫਰੀਜ ਕਰਵਾਈ ਗਈ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਬਜ਼ੁਰਗਾਂ ਦੀਆਂ ਦੁਆਵਾਂ ਖੱਟ ਰਹੇ ਹਨ ਮਾਨ : ਮਿੰਕੂ ਜਵੰਧਾ



ਭਵਾਨੀਗੜ੍ਹ, 17 ਮਾਰਚ (ਅਮਨਦੀਪ ਸਿੰਘ ਮਾਝਾ): ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਅੱਜ ਸੰਗਰੂਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਚਾਰ ਸਾਲ ਪੰਜਾਬ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖੇ ਜਾਣਗੇ। ਉਨ੍ਹਾਂ ਕਿਹਾ ਕਿ 'ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ' ਦੇ ਨਾਅਰੇ ਹੇਠ ਸਰਕਾਰ ਨੇ ਹਰ ਵਰਗ ਦੇ ਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਹਨ। ਡਾ. ਜਵੰਧਾ ਨੇ ਵਿਸ਼ੇਸ਼ ਤੌਰ 'ਤੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਸਕੀਮ ਰਾਹੀਂ ਬਜ਼ੁਰਗਾਂ ਨੂੰ ਦੇਸ਼ ਦੇ ਵੱਖ-ਵੱਖ ਧਾਰਮਿਕ ਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾ ਕੇ ਮੁੱਖ ਮੰਤਰੀ ਭਗਵੰਤ ਮਾਨ ਉਨ੍ਹਾਂ ਦਾ ਬੇਅੰਤ ਪਿਆਰ ਅਤੇ ਦੁਆਵਾਂ ਖੱਟ ਰਹੇ ਹਨ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀਆਂ ਇਨ੍ਹਾਂ ਦੁਆਵਾਂ ਦੀ ਦੁਨੀਆਂ ਵਿੱਚ ਕੋਈ ਕੀਮਤ ਨਹੀਂ ਹੈ ਅਤੇ ਇਹੀ ਪਿਆਰ ਮਾਨ ਸਰਕਾਰ ਦੀ ਸਭ ਤੋਂ ਵੱਡੀ ਤਾਕਤ ਹੈ। ਬਹੁਤ ਸਾਰੇ ਬਜ਼ੁਰਗ ਅਜਿਹੇ ਸਨ ਜੋ ਆਰਥਿਕ ਤੰਗੀ ਕਾਰਨ ਆਪਣੇ ਜੀਵਨ ਵਿੱਚ ਧਾਰਮਿਕ ਅਸਥਾਨਾਂ 'ਤੇ ਜਾਣ ਦੀ ਇੱਛਾ ਪੂਰੀ ਨਹੀਂ ਕਰ ਸਕੇ ਸਨ, ਪਰ ਮਾਨ ਸਰਕਾਰ ਨੇ ਉਨ੍ਹਾਂ ਦਾ ਇਹ ਸੁਪਨਾ ਸਾਕਾਰ ਕੀਤਾ ਹੈ। ਪੰਜਾਬ ਦੇ ਕੁਦਰਤੀ ਸਰੋਤਾਂ ਬਾਰੇ ਬੋਲਦਿਆਂ ਚੇਅਰਮੈਨ ਮਿੰਕੂ ਜਵੰਧਾ ਨੇ ਕਿਹਾ ਕਿ ਮਾਨ ਸਰਕਾਰ ਨੇ ਸੂਬੇ ਦੇ ਧਰਤੀ ਹੇਠਲੇ ਪਾਣੀ ਦੀ ਬਚਤ ਅਤੇ ਨਹਿਰੀ ਪਾਣੀ ਦੀ ਯੋਗ ਵਰਤੋਂ ਲਈ ਉਹ ਕੰਮ ਕਰਕੇ ਦਿਖਾਏ ਹਨ, ਜੋ ਪਿਛਲੀਆਂ ਸਰਕਾਰਾਂ ਨੇ ਕਦੇ ਸੋਚੇ ਤੱਕ ਵੀ ਨਹੀਂ ਸਨ। ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਅਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਉਤਸ਼ਾਹਿਤ ਕਰਕੇ ਸਰਕਾਰ ਨੇ ਪੰਜਾਬ ਦੇ ਵਾਤਾਵਰਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵੱਲ ਵੱਡੀਆਂ ਪੁਲਾਂਘਾਂ ਪੁੱਟੀਆਂ ਹਨ।

# ਅਮਨ-ਕਾਨੂੰਨ ਦੀ ਸਥਿਤੀ ਕਿਸੇ ਵੀ ਕੀਮਤ 'ਤੇ ਭੰਗ ਨਹੀਂ ਹੋਣ ਦੇਵਾਂਗੇ : ਕੁਲਦੀਪ ਸਿੰਘ

ਮੂਨਕ, (ਪਟਿਆਲਾ), 17 ਮਾਰਚ (ਸਮਸ਼ੇਰ ਸਿੰਘ ਭੁਟਾਲ): ਐਸ ਐਸ ਪੀ ਪਟਿਆਲਾ ਸ੍ਰੀ ਵਰਣ ਸ਼ਰਮਾ ਦੇ ਦਿਸ਼ਾ ਨਿਰਦੇਸ਼ ਤਹਿਤ ਡੀਐਸ ਪੀ ਜਗਜੀਤ ਸਿੰਘ ਦੀ ਰਹਿਨੁਮਾਈ ਹੇਠ ਐਸ ਐਚ ਓ ਗੁਰਪ੍ਰੀਤ ਸਿੰਘ ਅਰਬਨ ਸਟੇਟ ਦੀ ਸੁਚੱਜੀ ਅਗਵਾਈ ਵਾਲੀ ਪੁਲਿਸ ਪਾਰਟੀ ਦੇ ਉਦਮ ਭਰੇ ਸਮਾਜ ਸੁਧਾਰ ਯਤਨਾਂ ਸਦਕਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਹਮਣੇ ਬਣੇ ਪੁਲ ਥੱਲੇ ਆਪੋਂ ਬਣਾਈਆਂ ਦੁਕਾਨਾਂ ਖਾਲੀ ਕਰਵਾ ਕੇ ਪੁਲ ਥੱਲੇ ਚਿਰਾਂ ਤੋਂ ਬਣੀ ਰਹਿੰਦੀ ਆ ਰਹੀ ਬੇਲੋੜੀ ਭੀੜ ਨੂੰ ਸੁਚਾਰੂ ਢੰਗ ਅਤੇ ਸਿਆਣਪਤਾ ਨਾਲ ਤਿੱਤਰ ਬਿੱਤਰ ਕਰਕੇ ਲਾਅ-ਐਂਡ-ਆਰਡਰ ਦੀ ਸਥਿਤੀ ਬਣਾਈ ਰੱਖਣ ਵਿੱਚ ਕਾਮਯਾਬੀ ਹਾਸਲ ਕੀਤੀ।ਪੁਲਿਸ ਦੇ ਇਸ ਰਾਹਤ ਭਰੇ ਸੁਧਾਰਕ, ਸ਼ਲਾਘਾਯੋਗ ਕਦਮ ਦੀ ਸ਼ਹਿਰਵਾਸੀ, ਇਲਾਕਾ ਨਿਵਾਸੀ,ਪੰਜਾਬੀ ਯੂਨੀਵਸਟੀ ਵਿਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਸਮੇਤ ਹਰ ਪਾਸਿਓ ਪ੍ਰਸ਼ੰਸਾ ਕੀਤੀ ਜਾ ਰਹੀ ਹੈ।ਵਰਨਣਯੋਗ ਹੈ ਕਿ ਪੁਲ ਥੱਲੇ ਦੋਵੇਂ ਪਾਸੇ ਸਾਈਡਾਂ 'ਤੇ ਆਪੋ-ਆਪ ਬਣਾਈਆਂ ਦੁਕਾਨਾਂ ਤੇ ਭੀੜ ਬਾਕੀ ਰਹਿੰਦੇ ਹਿੱਸੇ ਵਿੱਚ ਅਮੀਰ ਜਾਦੇ ਕਾਕੇ ਆਪਣੇ ਮੋਟਰਸਾਈਕਲ ਅਤੇ ਵੱਡੀਆਂ ਗੱਡੀਆਂ ਵਿੱਚ ਸਾਥੀਆਂ ਸਮੇਤ ਸਵਾਰ ਹੋ ਕੇ ਇਥੇ ਹਾਜ਼ਰੀ ਲਵਾਉਣੀ ਜ਼ਰੂਰੀ ਸਮਝਦੇ ਸਨ ਤੇ ਬੇਖੌਫ ਹੋ ਕੇ ਇੱਥੇ ਮਾੜੀਆਂ ਹਰਕਤਾਂ ਕਰਦੇ ਤੇ ਗੱਡੀਆਂ ਰਸਤੇ ਵਿੱਚ ਖੜ੍ਹਾ ਕੇ ਰਸਤਾ ਬਲੌਕ ਕਰ ਦਿੰਦੇ ਤੇ ਆਵਾਜਾਈ ਵਿੱਚ ਵਿਘਨ ਪਾਉਂਦੇ , ਜਿਸ ਕਰਕੇ ਭੀੜ -ਭੜੱਕਾ ਅਤੇ ਸ਼ੋਰ ਸ਼ਰਾਬਾ ਬਣਿਆ ਰਹਿੰਦਾ ਸੀ। ਹਰ ਵਰਗ ਇਸ ਪੱਖੋਂ ਪਰੇਸ਼ਾਨ ਸੀ, ਜਿਸ ਦੀ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਇਸ ਨੂੰ ਦਰੁਸਤ ਕਰਨ ਲਈ ਸਫਲ ਕਾਰਵਾਈ ਕੀਤੀ ।

# ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਾਹਿਤਕ ਇਕੱਤਰਤਾ,



ਸੁਨਾਮ ਊਧਮ ਸਿੰਘ ਵਾਲਾ, 17 ਮਾਰਚ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ):ਸਾਹਿਤ ਸਭਾ ਸਨਾਮ ਵੱਲੋਂ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਾਹਿਤਿਕ ਇਕੱਤਰਤਾ ਸ਼ਹੀਦ ਊਧਮ ਸਿੰਘ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਕੀਤੀ ਗਈ। ਗੁਰਮੁਖ ਸਿੰਘ ਅਤੇ ਸੁਪਿੰਦਰ ਭਾਰਦਵਾਜ ਦੀ ਪ੍ਰਧਾਨਗੀ ਵਿੱਚ ਹੋਈ ਇਕੱਤਰਤਾ ਦੌਰਾਨ ਸਭਾ ਦੇ ਸਰਪ੍ਰਸਤ ਗਿਆਨੀ ਜੰਗੀਰ ਸਿੰਘ ਰਤਨ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਰਦਾਰ ਭਗਤ ਸਿੰਘ ਛੋਟੀ ਉਮਰ ਦਾ ਵੱਡਾ ਚਿੰਤਕ ਸੀ। ਉਹ ਹਥਿਆਰਾਂ ਨਾਲ ਨਹੀਂ, ਸਗੋਂ ਵਿਚਾਰਾਂ ਨਾਲ ਇਨਕਲਾਬ ਲਿਆਉਣ ਦਾ ਹਾਮੀ ਸੀ। ਡਾ. ਅਮਰੀਕ ਅਮਨ ਨੇ ਆਪਣੀ ਰਚਨਾ ਅਤੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨਾ ਬਰਾਬਰੀ, ਲੁੱਟ ਖਸੁੱਟ, ਭ੍ਰਿਸ਼ਟਾਚਾਰ, ਰਿਸ਼ਵਤ ਖੋਰੀ ਅਤੇ ਜ਼ਬਰ ਜ਼ੁਲਮ ਨੂੰ ਖ਼ਤਮ ਕਰਨ ਲਈ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਹੋਰਾਂ ਨੇ ਸ਼ਹਾਦਤ ਦਿੱਤੀ ਸੀ ਉਹ ਸਾਰਾ ਕੁਝ ਅੱਜ ਵੀ ਉਸੇ ਤਰ੍ਹਾਂ ਚੱਲ ਰਿਹਾ ਹੈ। ਸਭਾ ਦੇ ਪ੍ਰਧਾਨ ਜਸਵੰਤ ਸਿੰਘ ਅਸਮਾਨੀ ਨੇ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਦਾ ਹੋਕਾ ਦਿੰਦੀ ਰਚਨਾ ਸਾਂਝੀ ਕੀਤੀ। ਗੁਰਮੁਖ ਸਿੰਘ ਨੇ ਸਵਰਗੀ ਕਰਨੈਲ ਸਿੰਘ ਕਵੀਸ਼ਰ ਦੀ ਰਚਨਾ ਹੈ ਆਉਣ ਜਾਣ ਬਣਿਆ, ਦੁਨੀਆਂ ਚਾਰ ਦਿਨਾਂ ਦਾ ਮੇਲਾ ਗਾ ਕੇ ਰੰਗ ਬੰਨ੍ਹ ਦਿੱਤਾ। ਗੁਰਮੀਤ ਸੁਨਾਮੀ ਨੇ ਸ਼ਹੀਦ ਊਧਮ ਸਿੰਘ ਦੇ ਜੁਝਾਰੂ ਜਜ਼ਬੇ ਸੂਰਬੀਰਤਾ ਦੀ ਗੱਲ ਕਰਦੀ ਰਚਨਾ ਲੰਦਨ ਵਿੱਚ ਊਧਮ ਨੇ ਗੋਰਾ ਗੋਲੀਆਂ ਨਾਲ ਉਡਾਤਾ। ਪਰਮਿੰਦਰ ਸਿੰਘ ਸੰਗਰੂਰ ਨੇ ਕਿਰਤ ਸੱਭਿਆਚਾਰ ਦੀ ਗੱਲ ਕਰਦੀ ਰਚਨਾ ਘਾਹ ਖੋਦਦੀਏ ਮੁਟਿਆਰੇ ਨੀ ਨਾਲ ਹਾਜ਼ਰੀ ਲਗਵਾਈ। ਪਵਨ ਕੁਮਾਰ ਹੋਸੀ ਨੇ ਨਸ਼ਿਆਂ ਦੇ ਖਿਲਾਫ ਆਵਾਜ਼ ਬੁਲੰਦ ਕਰਦੀ ਰਚਨਾ ਸਾਂਝੀ ਕੀਤੀ। ਇਹਨਾਂ ਤੋਂ ਇਲਾਵਾ ਸਰਬਜੀਤ ਸਿੰਘ ਸੰਗਰੂਰਵੀ, ਬਲਵਿੰਦਰ ਸਿੰਘ ਜ਼ਿਲੇਦਾਰ, ਡਾਕਟਰ ਅਮਰੀਕ ਅਮਨ, ਸੁਖਦੇਵ ਸਿੰਘ, ਅਵਤਾਰ ਸਿੰਘ ਉਗਰਾਹਾਂ, ਮਾਸਟਰ ਗੁਰਜੰਟ ਸਿੰਘ ਉਗਰਾਹਾਂ, ਗੁਰਮੀਤ ਸੁਨਾਮੀ, ਸੁਪਿੰਦਰ ਭਾਰਦਵਾਜ, ਹਰਦੀਪ ਸਿੰਘ ਕੜੈਲ, ਹਰਮੇਲ ਸਿੰਘ, ਜਸਵੰਤ ਸਿੰਘ ਅਸਮਾਨੀ, ਜੰਗੀਰ ਸਿੰਘ ਰਤਨ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਨਾਲ ਸ਼ਾਨਦਾਰ ਹਾਜ਼ਰੀ ਲਗਵਾਈ।

# ਮਾਤਾ ਅਮਰਜੀਤ ਕੌਰ ਦੇ ਅੰਤਿਮ ਅਰਦਾਸ ਮੌਕੇ ਧਾਰਮਿਕ ਤੇ ਰਾਜਨੀਤਕ ਆਗੂਆਂ ਨੇ ਹਾਜ਼ਰੀ ਲਗਵਾਈ



ਅਰਨੋ, 17 ਮਾਰਚ (ਕਰਮਵੀਰ ਸਿੰਘ): ਧਾਰਮਿਕ ਤੇ ਰਾਜਨੀਤਕ ਦੇ ਵੱਖ ਵੱਖ ਆਗੂਆਂ ਅਤੇ ਹਰਿਆਨਾ ਤੋਂ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਦਾਦੂਵਾਲ ਤੇ ਮੌਜੂਦਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ, ਇਸ ਤੋਂ ਇਲਾਵਾ ਵੱਖ-ਵੱਖ ਉਦੇਦਾਰਾ, ਨੇੜੇ- ਤੇੜੇ ਦੇ ਪਿੰਡਾਂ ਦੇ ਲੋਕ ਬਹੁਤ ਵੱਡੀ ਗਿਣਤੀ ਵਿਚ ਜਸਵਿੰਦਰ ਸਿੰਘ ਸ਼ੇਰਗੜ੍ਹ ਨੰਬਰਦਾਰ ਦੇ ਮਾਤਾ ਸਰਦਾਰਨੀ ਅਮਰਜੀਤ ਕੌਰ ਸਾਬਕਾ ਸਰਪੰਚ ਦੀ ਅੰਤਿਮ ਅਰਦਾਸ ਮੌਕੇ ਵਿਧਾਇਕ ਸਰਦਾਰ ਕੁਲਵੰਤ ਸਿੰਘ ਬਾਜੀਗਰ, ਕੁਲਦੀਪ ਥਿੰਦ, ਰਣਜੀਤ ਸਿੰਘ ਟਰੱਕ ਯੂਨੀਅਨ ਦੇ ਪ੍ਰਧਾਨ, ਉਹਨਾਂ ਨਾਲ ਬਾਬਾ ਬੀਰਾ ਰਾਮ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬਗੈਲ ਸਿੰਘ ਸਾਬਕਾ ਸਰਪੰਚ ਅਰਨੋ,ਸੁਖਾ ਰਾਮ ਸਾਬਕਾ ਸਰਪੰਚ ਅਰਨੋ, ਦਰਸ਼ਨ ਸਿੰਘ ਮੈਲੂਵਾਲੀਆ, ਹੈਪੀ ਮੈਲੂਵਾਲੀਆ, ਮਲਕੀਤ ਸਿੰਘ, ਰੇਸ਼ਮ ਸਿੰਘ, ਸੰਦੀਪ ਸਿੰਘ ਨੰਬਰਦਾਰ, ਸੁਖਵਿੰਦਰ ਸਿੰਘ, ਹਰਭਜਨ ਸਿੰਘ ਵਿਰਕ, ਮਨਜੀਤ ਸਿੰਘ ਕੰਬੋਜ, ਮਾਲਕ ਸੰਧੂ, ਬੀ ਕੇ ਯੂ ਖੋਸਾ ਬਲਜੀਤ ਸਿੰਘ ਕਿਸਾਨ ਯੂਨੀਅਨ ਜ਼ਿਲ੍ਹਾ ਪਟਿਆਲਾ ਪ੍ਰਧਾਨ, ਆਦਿ ਹਾਜ਼ਰ ਸਨ।

# ਅੱਖਾਂ ਦਾ ਮੁਫ਼ਤ ਉਪਰੇਸ਼ਨ ਕੈਂਪ ਭਲਕੇ

## ਲੋੜਵੰਦ ਵਿਧਵਾਵਾਂ ਅਤੇ ਅਪਾਹਜ਼ਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈਕ ਵੰਡੇ : ਸਿੱਧੂ



ਬਰਨਾਲਾ, 17 ਮਾਰਚ (ਹਮੀਰ ਸਿੰਘ) : ਗੁਰਦੁਵਾਰਾ ਸਾਹਿਬ ਪਾਤਸ਼ਾਹੀ ਨੌਵੀਂ ਪਾਤਸ਼ਾਹੀ ਗੁਰੂ ਘਰ ਗੁਰੂ ਸਰ ਪੱਕਾ ਹੰਡਿਆਇਆ ਵਿਖੇ 19 ਮਾਰਚ ਨੂੰ ਸਵੇਰੇ 9 ਵਜੇ ਤੋਂ 2 ਵਜੇ ਤੱਕ ਅੱਖਾਂ ਦਾ ਮੁਫ਼ਤ ਓਪਰੇਸ਼ਨ ਕੈਂਪ ਸਰਬੱਤ ਦਾ ਭਲਾ ਟਰੱਸਟ ਬ੍ਰਾਂਚ ਬਰਨਾਲਾ ਵੱਲੋਂ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਪ੍ਰੈਸ ਦੇ ਨਾਂ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਜਾਰੀ ਕਰਦਿਆ ਦੱਸਿਆ ਕਿ ਇਸ ਕੈਂਪ ਵਿੱਚ ਪੰਜਾਬ ਆਈ ਹਸਪਤਾਲ ਬਰਨਾਲਾ ਤੋਂ ਡਾਕਟਰ ਗੁਰਪਾਲ ਸਿੰਘ ਅਤੇ ਉਹਨਾਂ ਦੀ ਟੀਮ ਮਰੀਜ਼ਾਂ ਦਾ ਮੁਇਆਨਾ ਕਰੇਗੀ ਜਿਨਾ ਨੂੰ ਜ਼ਰੂਰਤ ਹੋਵੇਗੀ। ਉਹਨਾਂ ਨੂੰ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਜਾਣਗੀਆਂ ਅਤੇ ਜਿਨਾ ਮਰੀਜ਼ਾਂ ਨੂੰ ਲੋੜ ਹੋਵੇਗੀ। ਉਹਨਾਂ ਦੇ ਲੈਂਜ ਓਪਰੇਸ਼ਨ ਕਰਕੇ ਮੁਫ਼ਤ ਪਾਏ ਜਾਣਗੇ। ਸੰਸਥਾ ਵੱਲੋਂ ਲੋੜਵੰਦ 185 ਵਿਧਵਾਵਾਂ ਅਤੇ ਵਿਕਲਾਂਗ ਵਿਅਕਤੀਆਂ ਨੂੰ ਮਹੀਨਾ ਵਾਰ ਪੈਨਸ਼ਨ ਦੇ ਚੈੱਕ ਗੁਰੂ ਘਰ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਵਿੱਖੇ ਵੰਡੇ ਗਏ ਅਤੇ 10 ਮੈਡੀਕਲ ਸਹਾਇਤਾ ਦੇ ਚੈੱਕ ਵੰਡੇ ਗਏ ਇਸ ਮੌਕੇ ਜਥੇਦਾਰ ਸੁਖਦਰਸ਼ਨ ਸਿੰਘ ਕੁਲਵਿੰਦਰ ਸਿੰਘ ਕਾਲਾ ਜਥੇਦਾਰ ਗੁਰਮੀਤ ਸਿੰਘ ਧੌਲਾ ਕੈਪਟਨ ਬਿੱਕਰ ਸਿੰਘ ਸੂਬੇਦਾਰ ਗੁਰਜੰਟ ਸਿੰਘ ਹੌਲਦਾਰ ਬਸੰਤ ਸਿੰਘ ਉੱਗੋਕੇ ਗੁਰਦੇਵ ਸਿੰਘ ਮੱਕੜ ਗੁਰਜੰਤ ਸਿੰਘ ਸੋਨਾ ਅਤੇ ਪਾਲ ਸਿੰਘ ਮੌਜੂਦ ਸਨ।

# ਯੂ.ਐਚ.ਵੀ-ਆਈ ਪ੍ਰੋਗਰਾਮ ਲਈ ਵਾਈ.ਐਸ. ਕਾਲਜ ਦੀ ਨੁਮਾਇੰਦਗੀ ਕਰਨਗੇ ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ

ਬਰਨਾਲਾ, 17 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ ਦੇ ਮਹੱਤਵਪੂਰਨ ਵਿਕਾਸ ਦੇ ਤੌਰ 'ਤੇ, ਸੰਸਥਾ ਦੇ ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੂੰ 19 ਤੋਂ 21 ਮਾਰਚ ਤੱਕ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਹੋਣ ਵਾਲੇ 3 ਦਿਨਾਂ ਦੇ ਮੁੱਖ-ਮੁੱਖ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਇੰਟਰੋਡਕਟਰੀ ਯੂਨੀਵਰਸਲ ਹਿਊਮਨ ਵੈਲਿਊਜ਼ (ਯੂ.ਐਚ.ਵੀ-ਆਈ) ਵਿੱਚ ਸ਼ਾਮਲ ਹੋਣ ਲਈ ਚੁਣਿਆ ਗਿਆ ਹੈ। ਇਹ ਪ੍ਰੋਗਰਾਮ ਅਧਿਆਪਕਾਂ ਨੂੰ ਸਮੱਗਰੀਕ ਸਿੱਖਿਆ, ਮੁੱਲ-ਅਧਾਰਿਤ ਸਿੱਖਿਆ ਅਤੇ ਅਧਿਆਪਨ ਪ੍ਰਕਿਰਿਆ ਵਿੱਚ ਨੈਤਿਕ ਅਤੇ ਮਨੁੱਖੀ ਮੁੱਲਾਂ ਦੇ ਸਮਾਵੇਸ਼ ਬਾਰੇ ਡੂੰਘੀ ਸਮਝ ਦੇਣ ਲਈ ਤਿਆਰ ਕੀਤਾ ਗਿਆ ਹੈ। ਡਾ. ਗੁਰਪਾਲ ਸਿੰਘ ਰਾਣਾ ਦੀ ਇਸ ਪ੍ਰਸਿੱਧ ਪ੍ਰੋਗਰਾਮ ਲਈ ਚੋਣ ਉਨ੍ਹਾਂ ਦੀ ਅਕਾਦਮਿਕ ਅਗਵਾਈ, ਸੰਸਥਾਤਮਕ ਵਿਕਾਸ ਪ੍ਰਤੀ ਸਮਰਪਣ ਅਤੇ ਕਾਲਜ ਵਿੱਚ ਮੁੱਲ-ਅਧਾਰਿਤ ਸਿੱਖਣ ਨੂੰ ਉਤਸ਼ਾਹਿਤ ਕਰਨ ਦੇ ਉਨ੍ਹਾਂ ਦੇ ਲਗਾਤਾਰ ਯਤਨਾਂ ਨੂੰ ਦਰਸਾਉਂਦੀ ਹੈ। ਉਨ੍ਹਾਂ ਦੀ ਭਾਗੀਦਾਰੀ ਨਾਲ ਸੰਸਥਾ ਨੂੰ ਨਵੀਆਂ ਸੋਚਾਂ ਅਤੇ ਨਵੇਂ ਦ੍ਰਿਸ਼ਟੀਕੋਣ ਪ੍ਰਾਪਤ ਹੋਣ ਦੀ ਉਮੀਦ ਹੈ, ਜੋ ਵਿਦਿਆਰਥੀਆਂ ਨੂੰ ਜ਼ਿੰਮੇਵਾਰ, ਨੈਤਿਕ ਅਤੇ ਸਮਾਜਕ ਤੌਰ 'ਤੇ ਸਚੇਤ ਨਾਗਰਿਕ ਬਣਾਉਣ ਦੇ ਵਿਜ਼ਨ ਨੂੰ ਹੋਰ ਮਜ਼ਬੂਤ ਕਰੇਗਾ। ਇਹ ਪ੍ਰੋਗਰਾਮ ਅਧਿਆਪਕਾਂ ਨੂੰ ਮੁੱਲ-ਅਧਾਰਿਤ ਜੀਵਨ ਵੱਲ ਪ੍ਰੇਰਿਤ ਕਰਦਾ ਹੈ ਅਤੇ ਵਿਦਿਆਰਥੀਆਂ ਨੂੰ ਸੰਤੁਲਿਤ ਅਤੇ ਅਰਥਪੂਰਨ ਜੀਵਨ ਜਿਉਣ ਲਈ ਮਾਰਗਦਰਸ਼ਨ ਦੇਣ ਯੋਗ ਬਣਾਉਂਦਾ ਹੈ। ਡਾਇਰੈਕਟਰ ਵਰੁਣ ਭਾਰਤੀ ਨੇ ਇਸ ਉਪਲੱਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਪ੍ਰਿੰਸੀਪਲ ਦੀ ਚੋਣ ਸੰਸਥਾ ਦੀ ਵਧ ਰਹੀ ਅਕਾਦਮਿਕ ਮਾਣ-ਮਰਿਆਦਾ ਦਾ ਪ੍ਰਮਾਣ ਹੈ। ਉਨ੍ਹਾਂ ਨੇ ਕਿਹਾ ਕਿ ਆਜ ਦੇ ਸਮੇਂ ਵਿੱਚ ਯੂਨੀਵਰਸਲ ਹਿਊਮਨ ਵੈਲਿਊਜ਼ ਬਹੁਤ ਜ਼ਰੂਰੀ ਹਨ, ਜਿੱਥੇ ਸਿੱਖਿਆ ਦਾ ਧਿਆਨ ਸਿਰਫ਼ ਅਕਾਦਮਿਕ ਸਫਲਤਾ ਤੱਕ ਸੀਮਿਤ ਨਾ ਰਹਿ ਕੇ ਚਰਿੱਤਰ ਨਿਰਮਾਣ ਅਤੇ ਨੈਤਿਕ ਵਿਕਾਸ 'ਤੇ ਵੀ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਤੋਂ ਮਿਲਣ ਵਾਲੀਆਂ ਸਿੱਖਿਆਵਾਂ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਬਹੁਤ ਲਾਭਕਾਰੀ ਸਾਬਤ ਹੋਣਗੀਆਂ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੌਕੇ ਸਿੱਖਿਆ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਕਿਹਾ ਕਿ ਮੁੱਲ-ਅਧਾਰਿਤ ਸਿੱਖਿਆ ਸਮੇਂ ਦੀ ਲੋੜ ਹੈ।

# ਜ਼ਿਲ੍ਹਾ ਪੱਧਰੀ ਵਿਜੀਲੈਂਸ ਅਤੇ ਮਾਨੀਟਰਿੰਗ ਕਮੇਟੀ ਦੀ ਮੀਟਿੰਗ, 12 ਕੇਸ ਕੀਤੇ ਜਾ ਚੁੱਕੇ ਹਨ ਮਨਜ਼ੂਰ



ਬਰਨਾਲਾ, 17 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ (ਅੱਤਿਆਚਾਰ ਨਿਵਾਰਨ) ਐਕਟ 1989 ਦੇ ਨਿਯਮ 17 ਅਧੀਨ ਜ਼ਿਲ੍ਹਾ ਪੱਧਰੀ ਵਿਜੀਲੈਂਸ ਅਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ.ਏ.ਐੱਸ ਦੀ ਪ੍ਰਧਾਨਗੀ ਹੇਠ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਹੋਈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਸ. ਗੁਰਿੰਦਰਜੀਤ ਸਿੰਘ ਨੇ ਕਮੇਟੀ ਮੈਂਬਰਾਂ ਨੂੰ ਐਕਟ ਬਾਰੇ ਵਿਸਥਾਰਿਤ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਐਕਟ ਤਹਿਤ ਅਨੁਸੂਚਿਤ ਜਾਤੀ/ ਅਨੁਸੂਚਿਤ ਕਬੀਲਿਆਂ ਨਾਲ ਸਬੰਧਤ ਪੀੜਤ/ ਪੀੜਤ ਦੇ ਪਰਿਵਾਰ ਨੂੰ ਐਕਟ ਵਿਚ ਦਰਜ ਵੱਖ-ਵੱਖ ਧਰਾਵਾਂ ਤਹਿਤ ਮੁਆਵਜ਼ਾ ਰਾਸ਼ੀ ਦੇਣ ਦਾ ਉਪਬੰਧ ਹੈ। ਇਸ ਐਕਟ ਤਹਿਤ 20 ਕੇਸ ਪ੍ਰਕਿਰਿਆ ਅਧੀਨ ਹਨ ਅਤੇ 12 ਕੇਸਾਂ ਦੀ ਸਮੀਖਿਆ ਕਰਕੇ ਕਾਰਜਬਾਅਦ ਪ੍ਰਵਾਨਗੀ ਦਿੱਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵਲੋਂ ਐਕਟ ਦੇ ਨਿਯਮਾਂ ਅਨੁਸਾਰ ਪੀੜਤਾਂ ਨੂੰ ਨਿਆਂ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇ ਅਤੇ ਮੁਆਵਜ਼ਾ ਕੇਸਾਂ ਦਾ ਨਿਬੇੜਾ ਤੇਜ਼ੀ ਨਾਲ ਕੀਤਾ ਜਾਵੇ। ਉਨ੍ਹਾਂ ਕਮੇਟੀ ਮੈਂਬਰਾਂ ਨੂੰ ਕਿਹਾ ਕਿ ਅਨੁਸੂਚਿਤ ਜਾਤੀਆਂ/ਅਨੁਸੂਚਿਤ ਕਬੀਲਿਆਂ ਨਾਲ ਸਬੰਧਤ ਲੋਕਾਂ ਨੂੰ ਐਕਟ, ਨਿਆਂ ਪ੍ਰਾਪਤੀ ਪ੍ਰਕਿਰਿਆ ਅਤੇ ਮੁਆਵਜ਼ਾ ਰਾਸ਼ੀ ਸਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ ਤਾਂ ਜੋ ਹਰ ਪੀੜਤ/ਪੀੜਤ ਦੇ ਪਰਿਵਾਰ ਨੂੰ ਇਨਸਾਫ਼ ਮਿਲ ਸਕੇ। ਇਸ ਮੌਕੇ ਡਿਪਟੀ ਡਾਇਰੈਕਟ ਬਾਗਬਾਨੀ ਮਲਕੀਤ ਸਿੰਘ, ਗੌਰਵ ਗਰਗ ਨੁਮਾਇੰਦਾ ਐਸਐਸਪੀ ਦਫ਼ਤਰ, ਸਹਾਇਕ ਜ਼ਿਲ੍ਹਾ ਅਟਾਰਨੀ ਸੋਨੀ ਗਰਗ, ਮਿਉਂਸੀਪਲ ਕੌਂਸਲਰ ਜਗਰਾਜ ਸਿੰਘ, ਮਨਪ੍ਰੀਤ ਸਿੰਘ, ਕੰਵਲਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਮੱਛੀ ਪਾਲਣ ਦਫ਼ਤਰ ਤੋਂ ਨੁਮਾਇੰਦਾ ਹਾਜ਼ਰ ਸੀ।

# ਪੰਜਾਬ ਵਿੱਚ ਹੋਈ ਗੜ੍ਹੇਮਾਰੀ ਨੇ ਲੋਕਾਂ ਦੇ ਦੁਬਾਰਾ ਕਢਵਾਏ ਕੰਬਲ, ਫਸਲਾਂ ਦਾ ਵੀ ਹੋਇਆ ਨੁਕਸਾਨ



ਭਦੌੜ 17 ਮਾਰਚ( ਸੁਖਵਿੰਦਰ ਪਲਾਹ) : ਬੀਤੇ ਦਿਨੀ ਪੰਜਾਬ ਵਿੱਚ ਵੱਖ ਵੱਖ ਥਾਵਾਂ ਤੇ ਹੋਈ ਗੜ੍ਹੇਮਾਰੀ ਕਾਰਨ ਪੰਜਾਬ ਵਿੱਚ ਦੁਬਾਰਾ ਸੀਤ ਲਹਿਰ ਸ਼ੁਰੂ ਹੋ ਗਈ ਹੈ, ਇਸੇ ਤਰ੍ਹਾਂ ਹੀ ਕਸਬਾ ਭਦੌੜ ਵਿਖੇ ਵੀ ਲੋਕਾਂ ਵੱਲੋਂ ਸਵੈਟਰ ,ਕੋਟੀਆਂ, ਜੈਕੇਟਾਂ ਲੋਈਆਂ ਆਦਿ ਗਰਮ ਕੱਪੜੇ ਦੁਬਾਰਾ ਕੱਢ ਕੇ ਵਰਤਨੇ ਸ਼ੁਰੂ ਕਰ ਦਿੱਤੇ ਗਏ ਹਨ। ਨਾਨਕਸਰ ਰੋਡ ਤੇ ਰਹਿਣ ਵਾਲੇ ਹਰਪ੍ਰੀਤ ਸਿੰਘ ਮਿੰਟਾਂ ਸੇਖੋਂ ਤੇ ਮਿੱਠੂ ਡਰਾਈਵਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਗੜੇਮਾਰੀ ਤੋਂ ਪਹਿਲਾਂ ਘਰਾਂ ਵਿੱਚ ਪੱਖੇ ਚੱਲਣੇ ਸ਼ੁਰੂ ਹੋ ਗਏ ਸਨ, ਪਰ ਇਸ ਗੜ੍ਹੇਮਾਰੀ ਨੇ ਲੋਕਾਂ ਦੇ ਪੱਖੇ ਤੱਕ ਵੀ ਬੰਦ ਕਰਵਾ ਦਿੱਤੇ ਹਨ। ਉਹਨਾਂ ਕਿਹਾ ਕਿ ਹੁਣ ਘੱਟ ਘੱਟ 15 ਦਿਨ ਏਅਰ ਕੰਡੀਸ਼ਨਰ ਹੋਰ ਲੇਟ ਚੱਲਣਗੇ। ਵੇਖਣ ਵਿੱਚ ਆਇਆ ਹੈ ਕਿ ਦੁਪਹੀਆ ਵਾਹਨਾ ਵਾਲੇ ਚਾਲਕ ਆਪਣੇ ਉੱਪਰ ਮੋਟਾ ਕੱਪੜਾ ਲੈ ਕੇ ਚਲਾਉਂਦੇ ਨਜ਼ਰ ਆਏ ਇਸ ਤੋਂ ਇਲਾਵਾ ਘਰਾਂ ਦੀਆਂ ਸੁਆਣੀਆਂ ਵੱਲੋਂ ਮੋਟੇ ਕੱਪੜੇ ਤਹਿ ਲਾ ਕੇ ਸਾਂਭ ਦਿੱਤੇ ਗਏ ਸਨ ਪਰ ਕੁਦਰਤ ਦੀ ਇਸ ਖੇਡ ਨੇ ਸਾਂਭ ਕੇ ਰੱਖੇ ਹੋਏ ਕੋਟ, ਕੋਟੀਆਂ ਤੇ ਮੋਟੇ ਕੱਪੜੇ ਦੁਬਾਰਾ ਕਢਵਾ ਦਿੱਤੇ ਹਨ ਇਸ ਤੋਂ ਇਲਾਵਾ ਜੋ ਲੋਕ ਅੱਜ ਤੋਂ 10 ਦਿਨ ਪਹਿਲਾਂ ਛਾਂਵੇਂ ਬੈਠਣਾ ਪਸੰਦ ਕਰਦੇ ਸਨ ਉਹ ਧੁੱਪ ਸੇਕਦੇ ਅਤੇ ਧੂਣੀਆਂ ਲਾ ਕੇ ਸੇਕਦੇ ਨਜ਼ਰ ਆਉਣ ਲੱਗੇ। ਕਿਸਾਨਾਂ ਦਾ ਕਹਿਣਾ ਹੈ ਕਿ ਇਸ ਵੇ-ਵਕਤੀ ਹੋਈ ਗੜ੍ਹੇਮਾਰੀ ਕਾਰਨ ਫਸਲਾਂ ਦਾ ਝਾੜ ਘੱਟ ਹੋਵੇਗਾ ਕਿਉਂਕਿ ਸਾਰੀਆਂ ਹੀ ਫਸਲਾਂ ਪੱਕਣ ਤੇ ਆਈਆਂ ਹੋਈਆਂ ਸਨ ਅਤੇ ਕਣਕ ਦੀ ਫਸਲ 20 ਤੋਂ 25 ਦਿਨਾਂ ਤੱਕ ਵੱਢਣ ਲਈ ਤਿਆਰ ਹੋ ਜਾਣੀ ਸੀ ਕਿਉਂਕਿ ਕਣਕ ਦੀ ਫ਼ਸਲ ਦੀਆਂ ਵੱਲੀਆਂ ਵਿੱਚ ਦਾਣੇ ਪੈ ਚੁੱਕੇ ਸਨ ਅਤੇ ਇਸ ਗੜ੍ਹੇਮਾਰੀ ਨੇ ਕਿਸਾਨਾਂ ਦੀਆਂ ਉਮੀਦਾਂ ਤੇ ਪਾਣੀ ਫੇਰ ਦਿੱਤਾ ਹੈ। ਕਿਸਾਨਾਂ ਵੱਲੋਂ ਹੁਣ ਰੱਬ ਅੱਗੇ ਫਰਿਆਦਾਂ ਕੀਤੀਆਂ ਜਾ ਰਹੀਆਂ ਹਨ ਕਿ ਫਸਲ ਕੱਟੇ ਜਾਣ ਤੱਕ ਇਹੋ ਜਿਹੀ ਹੋਰ ਕੋਈ ਵੀ ਕਰੋਪੀ ਨਾ ਆਵੇ ਤਾਂ ਕਿ ਦੇਸ਼ ਦਾ ਅੰਨਦਾਤਾ ਬਰਬਾਦ ਹੋਣ ਤੋਂ ਬਚ ਸਕੇ।

# ਚੈਕ ਦੇ ਕੇਸ ਵਿੱਚੋਂ ਮੁਲਜ਼ਮ ਬਾਇੱਜ਼ਤ ਬਰੀ



ਬਰਨਾਲਾ, 17 ਮਾਰਚ (ਹਮੀਰ ਸਿੰਘ) : ਮਾਨਯੋਗ ਅਦਾਲਤ ਮੈਡਮ ਨਿਹਾਰਿਕਾ ਸਿੰਗਲਾ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਸਾਹਿਬ, ਬਰਨਾਲਾ ਵੱਲੋਂ ਐਡਵੋਕੇਟ ਸ਼੍ਰੀ ਮਨਿੰਦਰ ਸਿੰਘ ਗਿੱਲ ਅਤੇ ਸ਼੍ਰੀ ਅਮਨਦੀਪ ਸਿੰਘ ਸੰਧੂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਜਸਵਿੰਦਰ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਅਸਪਾਲ ਕਲਾਂ ਨੂੰ 5,30,000/- ਰੁਪਏ ਦੇ ਚੈਕ ਦੇ ਕੇਸ ਵਿੱਚੋਂ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਦੀ ਬਰਨਾਲਾ ਪ੍ਰਾਇਮਰੀ ਕੋ-ਆਪਰੇਟਿਵ ਐਗਰੀਕਲਚਰ ਡਿਵੈਲਪਮੈਂਟ ਬੈਂਕ ਲਿਮਿਟਡ, ਧਨੌਲਾ ਰੋਡ ਬਰਨਾਲਾ ਨੇ ਦੋਸ਼ ਲਗਾਇਆ ਸੀ ਕਿ ਜਸਵਿੰਦਰ ਸਿੰਘ ਨੇ ਬੈਂਕ ਪਾਸੋਂ ਮੁਬਲਿਗ 3,00,000/- ਰੁਪਏ ਦਾ ਕੇ.ਸੀ.ਸੀ. ਲੋਨ ਹਾਸਲ ਕੀਤਾ ਸੀ ਅਤੇ ਰਕਮ ਵਾਪਸ ਕਰਨ ਦੀ ਇਵਜ਼ ਵਿੱਚ ਮਿਤੀ 16-07-2021 ਨੂੰ 5,30,000/- ਰੁਪਏ ਦਾ ਚੈਕ ਜਾਰੀ ਕੀਤਾ ਸੀ ਜੋ ਚੈਕ ਡਿਸਆਨਰ ਹੋ ਗਿਆ ਜਿਸ ਤੇ ਬੈਂਕ ਵੱਲੋਂ ਜਸਵਿੰਦਰ ਸਿੰਘ ਦੇ ਖਿਲਾਫ ਕੰਪਲੇਂਟ ਜੇਰੇ ਦਫਾ 138 ਐਨ.ਆਈ. ਐਕਟ ਤਹਿਤ ਮਾਨਯੋਗ ਅਦਾਲਤ ਬਰਨਾਲਾ ਵਿਖੇ ਦਾਇਰ ਕੀਤੀ ਗਈ। ਜੋ ਅੱਜ ਮਾਨਯੋਗ ਅਦਾਲਤ ਵੱਲੋਂ ਮੁਲਜ਼ਮ ਧਿਰ ਦੇ ਵਕੀਲ ਸਾਹਿਬਾਨਾਂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਏ ਕਿ ਉਕਤ ਚੈਕ ਖਾਤੇ ਵਿੱਚ ਰਕਮ ਘੱਟ ਹੋਣ ਕਰਕੇ ਡਿਸਆਨਰ ਨਹੀਂ ਹੋਇਆ ਬਲਕਿ ਬੈਂਕ ਦੀ ਕਨੈਕਟੀਵਿਟੀ ਫੇਲ੍ਹ ਹੋਣ ਕਾਰਨ ਡਿਸਆਨਰ ਹੋ ਗਿਆ ਸੀ ਜਿਸ ਲਈ ਬੈਂਕ ਜ਼ੁੰਮੇਵਾਰ ਹੈ ਅਤੇ ਬੈਂਕ ਉਕਤ ਦੇ ਖਿਲਾਫ ਕੋਈ ਪੁਖਤਾ ਸਬੂਤ ਪੇਸ਼ ਨਹੀਂ ਕਰ ਸਕੀ, ਉਕਤ ਕੇਸ ਵਿੱਚੋਂ ਜਸਵਿੰਦਰ ਸਿੰਘ ਨੂੰ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

# ਤਹਿਸੀਲਦਾਰ ਕੁਲਦੀਪ ਸਿੰਘ ਨੇ ਅਹੁਦਾ ਸੰਭਾਲਿਆ



ਬਰਨਾਲਾ 17 ਮਾਰਚ (ਬਘੇਲ ਸਿੰਘ ਧਾਲੀਵਾਲ \ਹਰਮਨ) : ਮਾਲ ਵਿਭਾਗ ਵਿੱਚ ਮਿਹਨਤੀ ਅਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਤਹਿਸੀਲਦਾਰ ਕੁਲਦੀਪ ਸਿੰਘ ਨੇ ਬਰਨਾਲਾ ਵਿਖੇ ਅਹੁਦਾ ਸੰਭਾਲ ਲਿਆ ਹੈ। ਬਤੌਰ ਤਹਿਸੀਲਦਾਰ ਅਤੇ ਵਾਧੂ ਚਾਰਜ ਸਬ ਰਜਿਸਟਰਾਰ ਅਹੁਦਾ ਸੰਭਾਲਣ ਤੇ ਤਹਿਸੀਲ ਦੇ ਸਮੂਹ ਸਟਾਫ਼ ਵੱਲੋਂ ਉਹਨਾਂ ਦਾ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਉਪਰੰਤ ਉਹਨਾਂ ਕੁੱਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਅਹਿਮ ਜ਼ਿੰਮੇਵਾਰੀ ਦੇਣ ਲਈ ਪੰਜਾਬ ਸਰਕਾਰ ਅਤੇ ਮਾਨਯੋਗ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਦਾ ਧੰਨਵਾਦ ਕਰਦਿਆਂ ਸਮੂਹ ਆਮ ਨਾਗਰਿਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਪ੍ਰਤੀ ਆਪਣੀ ਵਚਬੱਧਤਾ ਪ੍ਰਗਟਾਈ। ਉਹਨਾਂ ਕਿਹਾ ਕਿ ਮਾਨਯੋਗ ਡਿਪਟੀ ਕਮਿਸ਼ਨਰ ਬਰਨਾਲਾ ਸ੍ਰ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਲ ਵਿਭਾਗ ਦੇ ਸਮੂਹ ਕੰਮ ਇਮਾਨਦਾਰੀ ਨਾਲ ਨੇਪਰੇ ਚਾੜੇ ਜਾਣਗੇ ਅਤੇ ਆਮ ਜਨਤਾ ਦੇ ਰਜਿਸਟਰੀਆਂ ,ਇੰਤਕਾਲਾਂ ਦੇ ਕੰਮ ਬਿਨਾਂ ਕਿਸੇ ਦੇਰੀ ਦੇ ਕੀਤੇ ਜਾਣਗੇ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਰਹਿੰਦੇ ਕੰਮ ਪੂਰੇ ਕੀਤੇ ਜਾਣਗੇ।

# ਫ਼ੌਜ, ਅਰਧ ਸੈਨਿਕ ਬਲ ਤੇ ਪੁਲਿਸ ਵਿੱਚ ਭਰਤੀ ਲਈ ਸਰਕਾਰੀ ਮੁਫ਼ਤ ਕੈਂਪ ਸ਼ੁਰੂ



ਬਰਨਾਲਾ, 17 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪਾਂ ਵਿੱਚ ਫੌਜ, ਅਰਧ ਸੈਨਿਕ ਬਲ ਤੇ ਪੁਲਿਸ ਦੀ ਭਰਤੀ ਲਈ ਤਿਆਰੀ ਸ਼ੁਰੂ ਹੋ ਚੁੱਕੀ ਹੈ। ਚਾਹਵਾਨ ਨੌਜਵਾਨ ਆਪਣੇ ਨਜ਼ਦੀਕ ਦੇ ਸੀ-ਪਾਈਟ ਕੈਂਪ ਵਿੱਚ ਜਾ ਕੇ ਹੋਰ ਵਧੇਰੇ ਜਾਣਕਾਰੀ ਲੈ ਸਕਦੇ ਹਨ। ਇਹਨਾਂ ਕੈਂਪਾਂ ਵਿੱਚ ਭਰਤੀ ਸਬੰਧੀ ਲਿਖਤੀ ਪੇਪਰ ਅਤੇ ਸਰੀਰਕ ਪ੍ਰੀਖਿਆ ਦੀ ਤਿਆਰੀ ਬਿਲਕੁਲ ਮੁਫ਼ਤ ਕਰਵਾਈ ਜਾਂਦੀ ਹੈ, ਇਸ ਦੇ ਨਾਲ ਨਾਲ ਰਹਿਣ ਅਤੇ ਖਾਣ ਦਾ ਪ੍ਰਬੰਧ ਵੀ ਸਰਕਾਰ ਵੱਲੋਂ ਮੁਫ਼ਤ ਹੈ। ਸੀ-ਪਾਈਟ ਕੈਂਪ ਨਾਭਾ ਦੇ ਸਿਖਲਾਈ ਅਧਿਕਾਰੀ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਸਾਰੇ ਕੈਂਪਾਂ ਵਿੱਚ ਸੀਟਾਂ ਸੀਮਿਤ ਹਨ, ਜੋ ਨੌਜਵਾਨ ਭਰਤੀ ਹੋਣ ਦੇ ਇਛੱਕ ਹਨ, ਉਹ ਆਪਣੀ ਰਜਿਸਟਰੇਸ਼ਨ ਜਲਦੀ ਤੋਂ ਜਲਦੀ ਕਰਵਾ ਕੇ ਕੈਂਪ ਵਿੱਚ ਰਿਪੋਰਟ ਕਰਨ। ਕੈਂਪ ਵਿੱਚ ਯੋਗ ਅਧਿਆਪਕਾਂ ਦੁਆਰਾ ਤਿਆਰੀ ਕਰਵਾਈ ਜਾਂਦੀ ਹੈ। ਇਹਨਾਂ ਕੈਂਪਾਂ ਵਿੱਚ ਨੌਜਵਾਨਾਂ ਲਈ ਲਿਖਤੀ ਪੇਪਰ ਦੀ ਤਿਆਰੀ, ਸਰੀਰਕ ਪ੍ਰੀਖਿਆ, ਰਹਿਣ ਅਤੇ ਖਾਣੇ ਦੀ ਕੋਈ ਵੀ ਫੀਸ ਨਹੀਂ ਹੈ।

# ਐੱਚ.ਪੀ.ਵੀ. ਟੀਕਾਕਰਨ ਸਬੰਧੀ ਅਫ਼ਵਾਹਾਂ ਤੋਂ ਬਚੋ : ਡਾ. ਸਤਵੰਤ ਸਿੰਘ ਔਜਲਾ




ਧਨੌਲਾ, 17 ਮਾਰਚ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਹਰਜੀਤ ਸਿੰਘ ਦੀ ਅਗਵਾਈ ਵਿੱਚ ਸੀ.ਐੱਚ.ਸੀ ਧਨੌਲਾ ਵਿਖੇ ਚੱਲ ਰਹੀ ਐੱਚ.ਪੀ.ਵੀ ਟੀਕਾਕਰਨ ਮੁਹਿੰਮ ਤਹਿਤ 14 ਤੋਂ 15 ਸਾਲ ਦੀਆਂ ਕੁੜੀਆਂ ਦੇ ਟੀਕਾਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਬੱਚੇਦਾਨੀ ਦੇ ਕੈਂਸਰ ਤੋਂ ਸੁਰੱਖਿਆ ਪ੍ਰਦਾਨ ਕਰਨ ਵਾਲਾ ਇਹ ਟੀਕਾ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਲਕੁਲ ਮੁਫ਼ਤ ਲਗਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਜਿੱਥੇ ਸੋਸ਼ਲ ਮੀਡੀਆ 'ਤੇ ਫ਼ੈਲ ਰਹੀਆਂ ਅਫ਼ਵਾਹਾਂ ਕਾਰਨ ਕੁਝ ਮਾਪਿਆਂ ਵੱਲੋਂ ਆਪਣੇ ਬੱਚਿਆਂ ਦੇ ਇਹ ਟੀਕਾ ਲਗਵਾਉਣ ਤੋਂ ਗੁਰੇਜ਼ ਕੀਤਾ ਜਾ ਰਿਹਾ ਹੈ, ਉੱਥੇ ਹੀ ਸਿਹਤ ਵਿਭਾਗ ਦੀ ਟੀਮ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਅਤੇ ਪਿੰਡ ਦੀਆਂ ਮੋਹਤਬਰ ਸ਼ਖਸੀਅਤਾਂ/ਬੁੱਧੀਜੀਵੀਆਂ ਵੱਲੋਂ ਗੁਰਦੁਆਰਿਆਂ ਵਿੱਚ ਅਨਾਊਂਸਮੈਂਟ ਕਰਵਾਉਣ ਉਪਰੰਤ ਬਹੁਤ ਸਾਰੇ ਮਾਪਿਆਂ ਵੱਲੋਂ ਆਪਣੇ ਬੱਚਿਆਂ ਦਾ ਟੀਕਾਕਰਨ ਕਰਵਾਇਆ ਜਾ ਰਿਹਾ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਬਾਕੀ ਮਾਪਿਆਂ ਨੂੰ ਵੀ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਫ਼ਵਾਹਾਂ ਤੋਂ ਬਚਣ ਅਤੇ ਮਨ ਵਿਚ ਕਿਸੇ ਵੀ ਤਰ੍ਹਾਂ ਦਾ ਸ਼ੰਕਾ ਹੋਣ +ਤੇ ਮੈਡੀਕਲ ਖੇਤਰ ਦੇ ਮਾਹਿਰਾਂ ਦੀ ਰਾਏ ਲੈਣ ਦੀ ਸਲਾਹ ਦਿੱਤੀ ਹੈ। ਬੀ.ਈ.ਈ ਰਤਿਕਾ ਓਬਰਾਏ ਨੇ ਦੱਸਿਆ ਕਿ ਰਾਜੀਆ ਵਿਖੇ ਏ.ਐੱਨ.ਐੱਮ ਵਜੋਂ ਸੇਵਾਵਾਂ ਨਿਭਾ ਰਹੀ ਸਵਰਨ ਲਤਾ ਨਾਲ ਆਪਣੀ ਬੇਟੀ ਪ੍ਰੀਤ ਕੌਰ ਦਾ ਟੀਕਾ ਲਗਵਾਉਣ ਆਏ ਉਸਦੇ ਮਾਤਾ ਨਰਿੰਦਰ ਕੌਰ ਨੇ ਸਾਰੇ ਮਾਪਿਆਂ ਨੂੰ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਫ਼ਵਾਹਾਂ ਤੋਂ ਬਚਣ ਅਤੇ ਆਪਣੀਆਂ ਬੇਟੀਆਂ ਦੇ ਸੁਰੱਖਿਅਤ ਭਵਿੱਖ ਲਈ ਉਹਨਾਂ ਦਾ ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ ਹੈ। ਇਸੇ ਤਰ੍ਹਾਂ ਧੂਰਕੋਟ ਵਿਖੇ ਏ.ਐੱਨ.ਐੱਮ ਕੁਲਦੀਪ ਕੌਰ ਨਾਲ ਟੀਕਾ ਲਗਵਾਉਣ ਆਈ ਇੱਕ ਲਾਭਪਾਤਰੀ ਨੇ ਆਪਣੇ ਹਾਣ ਦੀਆਂ ਕੁੜੀਆਂ ਨੂੰ ਬੱਚੇਦਾਨੀ ਦੇ ਕੈਂਸਰ ਤੋਂ ਬਚਾਅ ਲਈ ਬਿਨਾਂ ਡਰੇ ਇਹ ਟੀਕਾ ਲਗਵਾਉਣ ਦੀ ਸਲਾਹ ਦਿੱਤੀ ਹੈ। ਭੱਠਲਾਂ ਤੋਂ ਆਪਣੀ ਬੇਟੀ ਮਹਿਕਪ੍ਰੀਤ ਕੌਰ ਦਾ ਟੀਕਾਕਰਨ ਕਰਵਾਉਣ ਆਏ ਉਸਦੇ ਪਿਤਾ ਹਰਭੋਲ ਸਿੰਘ ਨੇ ਬੱਚੇਦਾਨੀ ਦੇ ਕੈਂਸਰ ਤੋਂ ਬਚਾਅ ਲਈ ਮੁਫ਼ਤ ਟੀਕਾਕਰਨ ਮੁਹਿੰਮ ਚਲਾਉਣ ਲਈ ਸਰਕਾਰ ਦਾ ਧੰਨਵਾਦ ਕੀਤਾ ਹੈ।

# ਐਮ. ਟੀ. ਐਸ. ਸਕੂਲ ਬਰਨਾਲਾ ਵਿੱਚ ਖੁਸ਼ੀਆਂ ਭਰੀ ਸ਼ੁਰੂਆਤ



ਬਰਨਾਲਾ, 17 ਮਾਰਚ (ਇਸ਼ੇਨ ਕੰਗ) : ਅਕਾਦਮਿਕ ਸੈਸ਼ਨ 2026-27 ਦੇ ਪਹਿਲੇ ਦਿਨ ਪਲੇ ਸਕੂਲ ਅਤੇ ਨਰਸਰੀ ਤੱਕ ਦੇ ਵਿਦਿਆਰਥੀਆਂ ਦਾ ਐਮ ਟੀ ਐਸ ਬਰਨਾਲਾ ਵਿੱਚ ਬੜੇ ਜੋਸ਼ ਅਤੇ ਖੁਸ਼ੀ ਨਾਲ ਸਵਾਗਤ ਕੀਤਾ ਗਿਆ। ਸਕੂਲ ਕੈਂਪਸ ਨੂੰ ਰੰਗ-ਬਿਰੰਗੇ ਗੁਬਾਰਿਆਂ, ਸੁੰਦਰ ਸਜਾਵਟ ਅਤੇ ਸਵਾਗਤੀ ਸੁਨੇਹਿਆਂ ਨਾਲ ਸਜਾਇਆ ਗਿਆ ਸੀ। ਅਧਿਆਪਕਾਂ ਨੇ ਨਵੇਂ ਬੱਚਿਆਂ ਦਾ ਮੁਸਕਰਾਹਟ ਨਾਲ ਗਰਮਜੋਸ਼ੀ ਨਾਲ ਸਵਾਗਤ ਕੀਤਾ, ਜਿਸ ਨਾਲ ਉਹ ਆਪਣੇ ਆਪ ਨੂੰ ਆਰਾਮਦਾਇਕ ਅਤੇ ਖੁਸ਼ ਮਹਿਸੂਸ ਕਰਨ। ਦਿਨ ਭਰ ਮਨੋਰੰਜਕ ਗਤੀਵਿਧੀਆਂ, ਖੇਡਾਂ, ਸੰਗੀਤ ਅਤੇ ਨੱਚ ਦੇ ਪ੍ਰੋਗਰਾਮ ਕਰਵਾਏ ਗਏ। ਨੰਨੇ ਮੁੰਨੇ ਬੱਚਿਆਂ ਨੇ ਖੁਸ਼ੀ-ਖੁਸ਼ੀ ਨਵੇਂ ਮਾਹੌਲ ਨੂੰ ਅਪਣਾਇਆ। ਇਹ ਦਿਨ ਉਹਨਾਂ ਦੀ ਪੜ੍ਹਾਈ ਦੀ ਯਾਤਰਾ ਦੀ ਇਕ ਸੁਹਾਵਣੀ ਅਤੇ ਯਾਦਗਾਰ ਸ਼ੁਰੂਆਤ ਬਣ ਗਿਆ।

# ਸ਼੍ਰੋਮਣੀ ਅਕਾਲੀ ਦਲ 'ਚ ਔਰਤਾਂ ਦੀ ਸ਼ਮੂਲੀਅਤ ਨਾਲ ਸ਼ਹਿਰੀ ਇਸਤਰੀ ਵਿੰਗ ਬਰਨਾਲਾ ਹੋਇਆ ਮਜ਼ਬੂਤ



ਬਰਨਾਲਾ, 17 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸ਼੍ਰੋਮਣੀ ਅਕਾਲੀ ਦਲ ਹਲਕਾ ਬਰਨਾਲਾ ਦੇ ਇੰਚਾਰਜ ਕੁਲਵੰਤ ਸਿੰਘ ਕੀਤੂ ਦੀ ਦੇਖਰੇਖ 'ਚ ਪਾਰਟੀ ਦੀ ਇਸਤਰੀ ਵਿੰਗ ਦੀ ਸੂਬਾ ਸਕੱਤਰ ਅਨੀਤਾ ਮੱਟੂ ਦੀ ਪ੍ਰੇਰਨਾ ਸਦਕਾ ਅਨੇਕਾਂ ਔਰਤਾਂ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। ਇਸ ਮੌਕੇ ਬੋਲਦਿਆਂ ਇਸਤਰੀ ਵਿੰਗ ਦੀ ਸੂਬਾ ਸਕੱਤਰ ਅਨੀਤਾ ਮੱਟੂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ। ਸਰਕਾਰ ਨਸ਼ਿਆਂ ਨੂੰ ਠੱਲ੍ਹ ਨਹੀਂ ਪਾ ਸਕੀ, ਅਮਨ ਕਾਨੂੰਨ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਚੋਰੀਆਂ ਲੁੱਟਾਂ ਖੋਹਾਂ ਦਾ ਬੋਲਬਾਲਾ ਹੈ। ਸਮਾਜ ਦਾ ਹਰ ਵਰਗ ਸੰਘਰਸ਼ ਦੇ ਰਾਹ ਪਿਆ ਹੋਇਆ ਹੈ। ਸਰਕਾਰ ਨੇ ਚਾਰ ਸਾਲਾਂ ਬਾਅਦ ਔਰਤਾਂ ਨੂੰ ਹਜ਼ਾਰ ਹਜ਼ਾਰ ਰੁਪਏ ਦੇਣ ਦੀ ਸਹੂਲਤ ਦਾ ਐਲਾਨ ਕੀਤਾ ਹੈ। ਜਾਰੀ ਕੀਤੇ ਐਲਾਨ ਅਨੁਸਾਰ ਜਨਰਲ ਕੈਟੇਗਰੀ ਦੀਆਂ ਔਰਤਾਂ ਨੂੰ ਪਿਛਲੇ ਚਾਰ ਸਾਲ ਦਾ 48 ਹਜਾਰ ਰੁਪਏ ਅਤੇ ਐਸ ਸੀ ਔਰਤਾਂ ਨੂੰ ਪਿਛਲੇ ਚਾਰ ਸਾਲ ਦਾ 72000 ਰੁਪਏ ਦਾ ਬਕਾਇਆ ਦੇਣ ਦਾ ਜ਼ਿਕਰ ਨਹੀਂ ਕੀਤਾ ਗਿਆ। ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਫ਼ੈਸਲਿਆਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਯਾਦ ਕਰਦੇ ਹੋਏ ਮੁੜ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ। ਇਸ ਮੌਕੇ ਸਮੂਹ ਹਾਜ਼ਰ ਔਰਤਾਂ ਦਾ ਧੰਨਵਾਦ ਕਰਦਿਆਂ ਕੁਲਵੰਤ ਸਿੰਘ ਨੇ ਕਿਹਾ ਕਿ ਪਾਰਟੀ ਚ ਸ਼ਾਮਿਲ ਹੋਣ ਵਾਲੀਆਂ ਔਰਤਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਚ ਸ਼ਾਮਿਲ ਹੋਈ ਜਸਵਿੰਦਰ ਕੌਰ ਜਟਾਣਾ ਨੂੰ ਮੀਤ ਪ੍ਰਧਾਨ ਸ਼ਹਿਰੀ ਬਰਨਾਲਾ ਨਿਯੁਕਤ ਕੀਤਾ ਗਿਆ ਹੈ। ਸ਼ਾਮਿਲ ਹੋਣ ਵਾਲੀਆਂ ਹੋਰ ਔਰਤਾਂ 'ਚ ਹਰਪ੍ਰੀਤ ਕੌਰ, ਰੇਖਾ ਰਾਣੀ, ਸਕੁੰਤਲਾ ਦੇਵੀ, ਕੋਮਲ ਰਾਣੀ, ਜਸਬੀਰ ਕੌਰ, ਮਨਦੀਪ ਕੌਰ ਤੇ ਸੀਮਾ ਰਾਣੀ ਆਦਿ ਸ਼ਾਮਿਲ ਹਨ। ਸ਼ਹਿਰੀ ਮੀਤ ਪ੍ਰਧਾਨ ਜਸਵਿੰਦਰ ਕੌਰ ਜਟਾਣਾ ਨੇ ਪਾਰਟੀ ਆਗੂਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਹਮੇਸ਼ਾ ਤਨਦੇਹੀ ਨਾਲ ਕੰਮ ਕਰਨਗੇ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਵਿਖੇ ਬੱਚਿਆਂ ਨੂੰ ਅਖ਼ਬਾਰਾਂ ਦੀ ਮਹੱਤਤਾ ਬਾਰੇ ਦੱਸਿਆ



ਧਨੌਲਾ, 17 ਮਾਰਚ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਬੱਚਿਆਂ ਨੂੰ ਅਖ਼ਬਾਰਾਂ ਦੀ ਮਹੱਤਤਾ ਬਾਰੇ ਜਾਣੂੰ ਕਰਵਾਉਂਦਿਆ ਅਸਿਸਟੈਂਟ ਕੋਆਰਡੀਨੇਟਰ ਨੋਵਲਪ੍ਰੀਤ ਨੇ ਚਾਨਣਾ ਪਾਇਆ ਕਿ ਅਖ਼ਬਾਰ ਪੜ੍ਹਨਾ ਸਾਡੇ ਜੀਵਨ ਵਿੱਚ ਬਹੁਤ ਮਹੱਤਵਪੂਰਨ ਹੈ। ਇਹ ਸਾਨੂੰ ਹਰ ਰੋਜ਼ ਦੀਆਂ ਨਵੀਆਂ ਘਟਨਾਵਾਂ ਅਤੇ ਜਾਣਕਾਰੀ ਨਾਲ ਜੋੜ ਕੇ ਰੱਖਦਾ ਹੈ। ਅਖ਼ਬਾਰ ਪੜ੍ਹਨ ਨਾਲ ਸਾਨੂੰ ਤਾਜ਼ਾ ਖ਼ਬਰਾਂ ਦੀ ਜਾਣਕਾਰੀ ਮਿਲਦੀ ਹੈ। ਜਿਸ ਨਾਲ ਦੇਸ਼ ਅਤੇ ਵਿਦੇਸ਼ ਵਿੱਚ ਹੋ ਰਹੀਆਂ ਘਟਨਾਵਾਂ ਬਾਰੇ ਅਪਡੇਟ ਰੱਖਦੇ ਹਨ। ਅਤੇ ਗਿਆਨ ਵਿੱਚ ਅਥਾਹ ਵਾਧਾ ਕਰਦੇ ਹਨ ਜਿਵੇਂ ਰਾਜਨੀਤੀ, ਖੇਡਾਂ, ਵਿਗਿਆਨ, ਸਿੱਖਿਆ ਆਦਿ ਬਾਰੇ ਜਾਣਕਾਰੀ ਮਿਲਦੀ ਹੈ। ਮੈਡਮ ਨੇ ਬੱਚਿਆਂ ਨੂੰ ਦੱਸਿਆ ਕਿ ਅਖ਼ਬਾਰ ਪੜ੍ਹਨ ਨਾਲ ਸਾਡੀ ਭਾਸ਼ਾ ,ਪੜ੍ਹਨ ਅਤੇ ਲਿਖਣ ਦੀ ਕਾਬਲੀਅਤ ਵਿੱਚ ਸੁਧਾਰ ਹੁੰਦਾ ਹੈ। ਇਸ ਤੋਂ ਇਲਾਵਾ ਮੈਡਮ ਨੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਕਿ ਅਖ਼ਬਾਰਾਂ ਵਿੱਚ ਲੇਖ ਅਤੇ ਸੰਪਾਦਕੀ ਪੜ੍ਹ ਕੇ ਅਸੀਂ ਵੱਖ-ਵੱਖ ਵਿਚਾਰਾਂ ਨੂੰ ਸਮਝ ਸਕਦੇ ਹਾਂ ਅਤੇ ਆਪਣੀ ਸੋਚ ਨੂੰ ਮਜ਼ਬੂਤ ਕਰ ਸਕਦੇ ਹਾਂ। ਇਸ ਉਪਰੰਤ ਬੱਚਿਆਂ ਨੂੰ ਦੱਸਿਆ ਗਿਆ ਕਿ ਕਿਵੇਂ ਅਖ਼ਬਾਰ ਵਿੱਚ ਖ਼ਬਰਾਂ ਛਪਦੀਆਂ ਹਨ, ਲੋਕਾਂ ਦੀਆਂ ਸਮੱਸਿਆਵਾਂ ਕਿਵੇਂ ਖ਼ਬਰਾਂ ਦੇ ਰੂਪ ਵਿੱਚ ਸਾਹਮਣੇ ਲਿਆਂਦੀਆਂ ਜਾ ਸਕਦੀਆਂ ਹਨ, ਰਾਜਨੀਤਿਕ, ਸਮਾਜਿਕ, ਧਾਰਮਿਕਤਾ ਆਦਿ ਮੁੱਦਿਆਂ ਨੂੰ ਕਿਵੇਂ ਉਭਾਰਿਆ ਜਾਂਦਾ ਹੈ ,ਸਮੇਤ ਵੱਖ-ਵੱਖ ਵਿਸ਼ਿਆਂ 'ਤੇ ਖੁੱਲ੍ਹ ਕੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਚੇਅਰਮੈਨ ਸ.ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਸਾਡੇ ਲਈ ਅਖ਼ਬਾਰ ਪੜ੍ਹਨੇ ਬਹੁਤ ਜ਼ਰੂਰੀ ਹਨ , ਕਿਉਂਕਿ ਅਖ਼ਬਾਰਾਂ ਰਾਹੀਂ ਹੀ ਸਾਨੂੰ ਦੇਸ਼-ਦੁਨੀਆ ਤੋਂ ਇਲਾਵਾ ਅਜਿਹੀ ਮੁੱਢਲੀ ਜਾਣਕਾਰੀ ਹਾਸਿਲ ਹੁੰਦੀ ਹੈ, ਜਿਸ ਨਾਲ ਸਾਡੀ ਜਨਰਲ ਨਾਲੇਜ ਵਿੱਚ ਅੱਜ ਅਥਾਹ ਵਾਧਾ ਹੁੰਦਾ ਹੈ, ਉੱਥੇ ਸਾਨੂੰ ਆਪਣਾ ਕਰੀਅਰ ਬਣਾਉਣ ਵਿੱਚ ਵੀ ਸਹਾਇਤਾ ਮਿਲਦੀ ਹੈ। ਸਾਨੂੰ ਖ਼ਬਰਾਂ ਤੋਂ ਇਲਾਵਾ ਅਖ਼ਬਾਰਾਂ ਵਿਚਲੇ ਆਰਟੀਕਲ ਅਤੇ ਲੇਖ ਵੀ ਪੜ੍ਹਨੇ ਚਾਹੀਦੇ ਹਨ , ਜਿਸ ਨਾਲ ਸਾਹਿਤ ਨਾਲ ਜੁੜਨ ਅਤੇ ਪੜ੍ਹਨ ਦੀ ਰੁਚੀ ਪੈਦਾ ਹੁੰਦੀ ਹੈ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ,ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਕੋਆਰਡੀਨੇਟਰ ਸੰਜੀਤ ਕੌਰ ਅਤੇ ਅਧਿਆਪਕ ਨਰਿੰਦਰ ਸਿੰਘ ਆਦਿ ਹਾਜ਼ਰ ਸਨ।

# ਐਚ.ਪੀ.ਵੀ. ਵੈਕਸੀਨ ਲੜਕੀਆਂ ਵਿੱਚ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਮਦਦਗਾਰ : ਡਾ. ਗੁਰਤੇਜਿੰਦਰ ਕੌਰ



ਮਹਿਲ ਕਲਾਂ\ ਬਰਨਾਲਾ 17 ਮਾਰਚ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਵੱਲੋਂ ਲੜਕੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਚਲਾਈ ਗਈ ਐਚ.ਪੀ.ਵੀ ਵੈਕਸੀਨ ਮੁਹਿੰਮ ਦੀ ਸ਼ੁਰੂਆਤ ਸਿਹਤ ਬਲਾਕ ਮਹਿਲ ਕਲਾਂ ਵਿੱਚ ਕੀਤੀ ਜਾ ਚੁੱਕੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਔਰਤਾਂ ਵਿੱਚ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਹਰ ਸਾਲ ਬਹੁਤ ਮੌਤਾਂ ਦਾ ਕਾਰਨ ਬਣਦਾ ਹੈ। ਸਿਹਤ ਵਿਭਾਗ ਵੱਲੋਂ 14 ਸਾਲ ਦੀਆਂ ਲੜਕੀਆਂ ਨੂੰ ਇਸ ਬਿਮਾਰੀ ਤੋਂ ਬਚਾਉਣ ਲਈ ਵੈਕਸੀਨੇਸ਼ਨ ਦੀ ਸ਼ੁਰੂਆਤ ਕੀਤੀ ਗਈ ਜੋ ਭਵਿੱਖ ਵਿੱਚ ਉਹਨਾਂ ਦਾ ਸਰਵਾਈਕਲ ਕੈਂਸਰ ਤੋਂ ਬਚਾਅ ਕਰੇਗੀ। ਉਨ੍ਹਾਂ ਕਿਹਾ ਕਿ ਵੈਕਸੀਨ ਸਬੰਧੀ ਸੋਸ਼ਲ ਮੀਡੀਆ @ਤੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ ਕਿ ਇਹ ਵੈਕਸੀਨ ਲੜਕੀਆਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪਾਉਂਦੀ ਹੈ ਜਦਕਿ ਅਜਿਹਾ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਵੈਕਸੀਨ ਵਿਸ਼ਵ ਸਿਹਤ ਸੰਗਠਨ ਦੁਆਰਾ ਪ੍ਰਮਾਣਤ ਹੈ ਅਤੇ ਪੂਰੀ ਤਰ੍ਹਾਂ ਸੁਰੱਖਿਅਤ ਹੈ। ਉਹਨਾਂ ਨੇ ਦੱਸਿਆ ਕਿ ਹਿਊਮਨ ਪੈਪੀਲੋਮਾਵਾਇਰਸ (ਐਚ.ਪੀ.ਵੀ.) ਇੱਕ ਆਮ ਪਰ ਗੰਭੀਰ ਲਾਗ ਹੈ ਜੋ ਮੁੱਖ ਤੌਰ ਉੱਤੇ ਚਮੜੀ ਤੋਂ ਚਮੜੀ ਦੇ ਸੰਪਰਕ ਰਾਹੀਂ ਫੈਲਦੀ ਹੈ। ਕੁਝ ਉੱਚ-ਜ਼ੋਖਮ ਵਾਲੀਆਂ ਕਿਸਮਾਂ ਸਰਵਾਈਕਲ ਕੈਂਸਰ, ਗਲੇ ਦਾ ਕੈਂਸਰ ਸਮੇਤ ਹੋਰ ਕੈਂਸਰਾਂ ਦਾ ਕਾਰਨ ਬਣ ਸਕਦੀਆਂ ਹਨ। ਜੇਕਰ ਉਹ ਲੰਬੇ ਸਮੇਂ ਤੱਕ ਸਰੀਰ ਵਿੱਚ ਬਣੇ ਰਹਿੰਦੇ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਤੋਂ 14 ਤੋਂ 15 ਸਾਲ ਦੇ ਵਿਚਕਾਰ ਦੀਆਂ ਲੜਕੀਆਂ ਨੂੰ ਇਹ ਵੈਕਸੀਨ ਲਗਵਾਉਣ। ਇਸ ਦੌਰਾਨ ਬਲਾਕ ਐਕਸਟੈਨਸ਼ਨ ਐਜੂਕੇਟਰ ਸ਼ਿਵਾਨੀ ਅਰੋੜਾ ਨੇ ਦੱਸਿਆ ਕਿ (ਐਚ.ਪੀ.ਵੀ.) ਟੀਕੇ, ਜੋ ਕਿ (ਐਚ.ਪੀ.ਵੀ.) ਲਾਗ ਨੂੰ ਰੋਕਣ ਲਈ ਵਰਤੇ ਜਾਂਦੇ ਹਨ ਦੀ ਵਿਸ਼ਵ ਪੱਧਰ ਉੱਤੇ ਵਿਆਪਕ ਖੋਜ ਕੀਤੀ ਗਈ ਹੈ ਅਤੇ ਸਾਕਾਰਾਤਮਕ ਨਤੀਜੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਸਿਹਤ ਮਾਹਿਰਾਂ ਦੇ ਅਨੁਸਾਰ, ਦੁਨੀਆ ਭਰ ਵਿੱਚ (ਐਚ.ਪੀ.ਵੀ.) ਟੀਕੇ ਦੀਆਂ 50 ਕਰੋੜ ਤੋਂ ਵੱਧ ਖੁਰਾਕਾਂ ਦਿੱਤੀਆਂ ਗਈਆਂ ਹਨ। ਕਲੀਨਿਕਲ ਅਧਿਐਨਾਂ ਨੇ ਦਿਖਾਇਆ ਹੈ ਕਿ (ਐਚ.ਪੀ.ਵੀ.) ਟੀਕਾਕਰਨ ਸਰਵਾਈਕਲ ਕੈਂਸਰ ਨੂੰ ਰੋਕਣ ਵਿੱਚ ਬਹੁਤ ਪ੍ਰਭਾਵਸ਼ਾਲੀ ਹੈ। ਉਨ੍ਹਾਂ ਵੱਲੋਂ ਲੋਕਾਂ ਨੂੰ ਇਸ ਟੀਕਾਕਰਨ ਮੁਹਿੰਮ ਵਿੱਚ ਸਿਹਤ ਵਿਭਾਗ ਦਾ ਸਹਿਯੋਗ ਕਰਨ ਲਈ ਅਪੀਲ ਕੀਤੀ ਗਈ।

# ਪੰਜਾਬ ਦੀ ਸਿੱਖਿਆ ਕ੍ਰਾਂਤੀ ਵਿੱਚ ਉਲਝੇ ਅਧਿਆਪਕ-ਵਿਦਿਆਰਥੀ

## ਪੜ੍ਹਾਈ ਦੀ ਉਡੀਕ 'ਚ ਸਿੱਖਿਆ ਕ੍ਰਾਂਤੀ ਨੇ ਪੜ੍ਹਨੇ ਪਾਏ ਅਧਿਆਪਕ, ਪ੍ਰਾਇਮਰੀ ਸਕੂਲਾਂ 'ਚ ਪੜ੍ਹਾਈ ਠੱਪ : ਪ੍ਰਧਾਨ ਬਿੰਦੀ



ਬਰਨਾਲਾ, 17 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਦੀ ਸਿੱਖਿਆ ਕ੍ਰਾਂਤੀ ਵਿਚ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਦੇ ਉਲਝਣ ਕਰਕੇ ਪ੍ਰਾਇਮਰੀ ਸਕੂਲਾਂ ਦੇ ਵਿਦਿਆਰਥੀ ਪਿਛਲੇ ਕਈ ਮਹੀਨਿਆਂ ਤੋਂ ਲੈ ਕੇ ਪੜਾਈ ਦੀ ਉਡੀਕ ਵਿਚ ਹਨ। ਪ੍ਰਾਇਮਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪੜਾਉਣ ਦੀ ਬਜਾਏ ਪ੍ਰਾਇਮਰੀ ਸਕੂਲਾਂ ਦੇ ਆਧਿਆਪਕ ਖੁਦ ਛੁੱਟੀਆਂ ਲੈ ਕੇ ਪੜਨੇ ਪਏ ਹੋਏ ਹਨ। ਆਰਥਿਕ ਤੌਰ 'ਤੇ ਕਮਜ਼ੋਰ ਪ੍ਰਾਇਮਰੀ ਸਕੂਲਾਂ ਵਿਚ ਪੜ ਦੇ ਵਿਦਿਆਰਥੀਆਂ ਦੀ ਪੜ੍ਹਾਈ ਦੇ ਹੋ ਰਹੇ ਨੁਕਸਾਨ ਸਬੰਧੀ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਅਣਜਾਣ ਜਾਪ ਰਹੀ ਹੈ। ਉਕਤ ਜਾਣਕਾਰੀ ਦਿੰਦੇ ਹੋਏ ਯੰਗ ਸਵਰਨਕਾਰ ਸੰਘ ਭਾਰਤ ਦੇ ਕੌਮੀ ਪ੍ਰਧਾਨ ਰਵਿੰਦਰਜੀਤ ਸਿੰਘ ਬਿੰਦੀ ਪੱਖੋ ਕਲਾਂ, ਜਰਨਲ ਸਕੱਤਰ ਕੇਵਲ ਸਿੰਘ ਮਹਿਲਾ ਚੌਂਕ, ਪ੍ਰੈਸ ਸਕੱਤਰ ਯਾਦਵਿੰਦਰ ਸਿੰਘ ਮਿਸਾਉਣ ਬਠਿੰਡਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਨੇ ਪੰਜਾਬ ਦੇ ਹਾਈ ਸਕੂਲਾਂ ਵਿਚ 3200 ਖਾਲੀ ਵਿਸ਼ਾ ਮਾਹਿਰਾਂ ਦੀਆਂ ਪੋਸਟਾਂ ਸਿੱਧੀਆਂ ਭਰਨ ਦੀ ਬਜਾਏ ਪ੍ਰਾਇਮਰੀ ਸਕੂਲਾਂ ਦੇ ਈ.ਟੀ.ਟੀ ਅਧਿਆਪਕਾਂ ਨੂੰ ਪ੍ਰਮੋਟ ਕਰਕੇ ਹਾਈ ਸਕੂਲਾਂ ਵਿਚ 3200 ਖਾਲੀ ਅਸਾਮੀਆਂ ਭਰਨ ਦਾ ਫੈਸਲਾ ਕਰਦਿਆਂ ਪ੍ਰਮੋਸ਼ਨ ਲਿਸਟ ਪਾ ਦਿੱਤੀ ਗਈ। ਇਹ ਫੈਸਲੇ ਤੋਂ ਬਾਅਦ ਆਪਣੀ ਪ੍ਰਮੋਸਨ ਕਰਵਾਉਣ ਲਈ ਪ੍ਰਾਇਮਰੀ ਸਕੂਲਾਂ ਦੇ ਅਧਿਆਪਕ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੇ ਦਫ਼ਤਰਾਂ ਵਿਚ ਗੇੜੇ ਮਾਰ ਕੇ ਖੱਜਲ ਖੁਆਰ ਹੁੰਦੇ ਰਹੇ। ਮਾਨਯੋਗ ਹਾਈਕੋਰਟ ਵਿਚ ਉਕਤ ਮਾਮਲੇ ਸਬੰਧੀ ਪਹਿਲਾ ਹੀ ਟੈਟ ਪਾਸ ਅਧਿਆਪਕਾਂ ਵਲੋਂ ਪਟੀਸਨ ਪਾਉਣ ਉਪਰੰਤ ਹਾਈਕੋਰਟ ਦਾ ਫੈਸਲਾ ਆਇਆ ਕਿ ਸਿੱਖਿਆ ਵਿਭਾਗ ਆਪਣੇ ਪੱਧਰ 'ਤੇ 3200 ਅਧਿਆਪਕਾਂ ਤੋਂ ਇਲਾਵਾ ਸਾਰੇ ਅਧਿਆਪਕਾਂ ਦਾ ਟੈਟ ਦਾ ਟੈਸਟ ਲੈ ਸਕਦਾ ਹੈ, ਜਿਸ ਕਰਕੇ ਸਾਰੇ ਅਧਿਆਪਕਾਂ ਦਾ ਟੈਟ ਦਾ ਟੈਸਟ ਲੈਣ ਦੇ ਸਿੱਖਿਆ ਵਿਭਾਗ ਪੰਜਾਬ ਦੇ ਆਏ ਫੁਰਮਾਨ ਨੇ ਪੰਜਾਬ ਦੇ ਪ੍ਰਾਇਮਰੀ ਸਕੂਲਾਂ ਦੇ ਸਾਰੇ ਅਧਿਆਪਕ ਪੜ੍ਹਨੇ ਪਾਏ ਹੋਏ ਹਨ। ਦੇਸ਼ ਦੀਆਂ ਸਭ ਤੋਂ ਵੱਡੀਆਂ ਪ੍ਰਸ਼ਾਸਕੀ ਕਵਾਇਤਾਂ ਵਿਚੋਂ ਇਕ ਸੰਭਾਵਿਤ ਜਨਗਣਨਾ 2027 ਆ ਰਹੀ ਹੈ। ਚੋਣਾਂ, ਪੇਪਰਾਂ ਤੇ ਜਨਗਣਨਾ ਵਿਚ ਵੀ ਅਧਿਆਪਕਾਂ ਦੀਆਂ ਡਿਊਟੀਆਂ ਲੱਗਣ ਕਰਕੇ ਸਕੂਲਾਂ ਦੀ ਪੜਾਈ ਜੋ ਕਿ ਪਹਿਲਾ ਹੀ ਠੱਪ ਹੈ ਫੇਰ ਬੰਦ ਰਹੇਗੀ। ਯੰਗ ਸਵਰਨਕਾਰ ਸੰਘ ਭਾਰਤ ਦੇ ਕੌਮੀ ਆਗੂਆਂ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ 'ਤੇ ਪਾਇਆ ਜਾ ਰਿਹਾ ਡਿਊਟੀਆਂ ਦਾ ਵਾਧੂ ਬੋਝ ਬੰਦ ਕੀਤਾ ਜਾਵੇ। ਜੋ ਪਿਛਲੇ ਸਮੇਂ ਤੋਂ ਲੈ ਕੇ ਪ੍ਰਾਇਮਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਪੜਾਈ ਦਾ ਨੁਕਸਾਨ ਹੋ ਰਿਹਾ ਹੈ। ਵਿਦਿਆਰਥੀਆਂ ਦੀ ਪੜਾਈ ਦਾ ਪ੍ਰਬੰਧ ਕੀਤਾ ਜਾਵੇ। ਕਿਉਕਿ ਸਰਕਾਰੀ ਸਕੂਲਾਂ ਵਿਚ ਬਹੁ ਗਿਣਤੀ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਹੈ। ਸਿੱਖਿਆ ਵਿਭਾਗ ਵਾਰ ਵਾਰ ਫੈਸਲੇ ਬਦਲਣ ਦੀ ਬਜਾਏ ਪਹਿਲਾ ਹੀ ਯੋਗ ਅਧਿਕਾਰੀਆਂ ਦੀ ਅਗਵਾਈ ਵਿਚ ਸਮੀਖਿਆ ਉਪਰੰਤ ਫੈਸਲੇ ਕਰੇ। ਜਾਣਕਾਰੀ ਦਿੰਦੇ ਹੋਏ ਯੰਗ ਸਵਰਨਕਾਰ ਸੰਘ ਭਾਰਤ ਦੇ ਕੌਮੀ ਪ੍ਰਧਾਨ ਰਵਿੰਦਰਜੀਤ ਸਿੰਘ ਬਿੰਦੀ ਪੱਖੋ ਕਲਾਂ।



# ਪਟਿਆਲਾ-ਆਸ/ਪਾਸ



## ਪੀ.ਆਰ.ਟੀ.ਸੀ. ਦੇ ਬੇੜੇ 'ਚ ਜਲਦ ਸ਼ਾਮਲ ਹੋਣਗੀਆਂ 659 ਨਵੀਆਂ ਬੱਸਾਂ: ਹਰਪਾਲ ਜੁਨੇਜਾ



ਪਟਿਆਲਾ, 17 ਮਾਰਚ (ਰੁਪਾਣਾ) : ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪੰਜਾਬ ਵਾਸੀਆਂ ਲਈ ਇੱਕ ਵੱਡੀ ਖੁਸ਼ਖਬਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਸੂਬੇ ਦੇ ਲੋਕਾਂ ਨੂੰ ਆਧੁਨਿਕ ਅਤੇ ਸੁਰੱਖਿਅਤ ਸਫ਼ਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਜਲਦ ਹੀ 659 ਨਵੀਆਂ ਬੱਸਾਂ ਸ਼ਾਮਿਲ ਕੀਤੀਆਂ ਜਾ ਰਹੀਆਂ ਹਨ।ਚੇਅਰਮੈਨ ਜੁਨੇਜਾ ਨੇ ਕਿਹਾ ਕਿ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਆਪ ਸਰਕਾਰ ਦਾ ਮੁੱਖ ਮਕਸਦ 'ਆਮ ਆਦਮੀ' ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਮੁਤਾਬਕ ਕਿ ਹਰ ਆਮ ਵਿਅਕਤੀ ਨੂੰ ਹਰੇਕ ਸਰਕਾਰੀ ਸਹੂਲਤ ਪਹਿਲ ਦੇ ਅਧਾਰ 'ਤੇ ਮਿਲਣੀ ਚਾਹੀਦੀ ਹੈ। ਇਸੇ ਤਹਿਤ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਇਹ ਵਾਧਾ ਪੰਜਾਬ ਦੇ ਲੋਕਾਂ ਨੂੰ ਸਸਤੀ ਅਤੇ ਮਿਆਰੀ ਆਵਾਜਾਈ ਸਹੂਲਤ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੋਵੇਗਾ। ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸੇ ਲੜੀ ਤਹਿਤ ਪਹਿਲੇ ਪੜਾਅ ਵਿੱਚ ਬਹੁਤ ਹੀ ਜਲਦ ਨਵੀਆਂ ਬੱਸਾਂ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਨੂੰ ਸਮਰਪਿਤ ਕਰਦੇ ਹੋਏ ਵੱਖ-ਵੱਖ ਰੂਟਾਂ 'ਤੇ ਰਵਾਨਾ ਕੀਤਾ ਜਾਵੇਗਾ। ਇਨ੍ਹਾਂ ਬੱਸਾਂ ਦੇ ਆਉਣ ਨਾਲ ਪੰਜਾਬ ਦੇ ਹਰੇਕ ਕਸਬੇ ਨੂੰ ਸਰਕਾਰੀ ਬੱਸ ਸਰਵਿਸ ਨਾਲ ਜੋੜਿਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਸੂਬੇ ਵਿੱਚ ਸਰਕਾਰੀ ਆਵਾਜਾਈ ਸੇਵਾਵਾਂ ਨੂੰ ਇੰਨਾ ਮਜ਼ਬੂਤ ਕੀਤਾ ਜਾ ਰਿਹਾ ਹੈ ਕਿ ਰੋਜ਼ਾਨਾ ਸਫ਼ਰ ਕਰਨ ਵਾਲੇ ਯਾਤਰੀਆਂ, ਖਾਸ ਕਰਕੇ ਔਰਤਾਂ ਅਤੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਮਿਲੇਗੀ।

## ਪੰਜਾਬ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਤੋਂ ਲੋਕ ਬਹੁਤ ਖੁਸ਼ : ਬਰਸਟ

### ➢ਨੌਜਵਾਨਾਂ ਨੂੰ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ

ਸਮਾਣਾ, 17 ਮਾਰਚ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ 4 ਸਾਲ ਪੂਰੇ ਹੋ ਗਏ ਹਨ ਅਤੇ ਇਹਨਾਂ 4 ਸਾਲਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਰੇ ਵਾਅਦੇ ਪੂਰੇ ਕੀਤੇ ਹਨ, ਜੋ ਆਪ ਸਰਕਾਰ ਦੀ ਸੂਬੇ ਦੇ ਚਹੁੰਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੱਤਾ ਵਿੱਚ ਆਉਂਦਿਆਂ ਹੀ ਆਪ ਸਰਕਾਰ ਨੇ ਸਿਹਤ, ਸਿੱਖਿਆ, ਬਿਜਲੀ, ਰੁਜ਼ਗਾਰ, ਕਿਸਾਨੀ ਸਮੇਤ ਹਰ ਖੇਤਰ ਵਿੱਚ ਮਿਸਾਲੀ ਕਾਰਜ ਕਰਕੇ ਦਿਖਾਏ ਹਨ। ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਨੁਹਾਰ ਬਦਲ ਕੇ ਲੋਕਾਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਤੋਂ ਲੋਕ ਬਹੁਤ ਖੁਸ਼ ਹਨ। ਸ. ਬਰਸਟ ਨੇ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉੱਥੇ ਹੀ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। 4 ਸਾਲਾਂ ਵਿੱਚ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, ਜਿਸ ਨਾਲ ਨੌਜਵਾਨਾਂ ਵਿੱਚ ਵਿਸ਼ਵਾਸ ਵਧਿਆ ਹੈ ਅਤੇ ਸਰਕਾਰ ਪ੍ਰਤੀ ਭਰੋਸਾ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਆਮ



ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਤੋਹਫ਼ਾ ਦਿੱਤਾ ਗਿਆ ਹੈ, ਜਿਸਦੇ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ। ਇਸ ਤੋਂ ਇਲਾਵਾ ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਚੇਅਰਮੈਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾ ਪ੍ਰਦਾਨ ਕਰਨ ਲਈ ਮਿਸਾਲੀ ਕਾਰਜ ਕੀਤੇ ਗਏ ਹਨ। ਇਸ ਲਈ ਜਿੱਥੇ 881 ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦੇ 65 ਲੱਖ ਪਰਿਵਾਰਾਂ ਲਈ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁੱਫ਼ਤ ਅਤੇ ਕੈਸ਼ਲੈਸ ਇਲਾਜ ਦੀ ਸਹੂਲਤ ਹੈ। ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਨਾਲ ਕਰੀਬ 90 ਫੀਸਦੀ ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆਉਂਦੇ ਹਨ। ਇਸ ਤੋਂ ਇਲਾਵਾ ਕਿਸਾਨਾਂ ਨੂੰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਖੇਤਾਂ ਨੂੰ ਨਹਿਰਾਂ ਦਾ ਪਾਣੀ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਮੁਫ਼ਤ ਕਰਵਾਏ ਜਾ ਰਹੇ ਹਨ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ ਜਿੱਥੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ, ਉੱਥੇ ਹੀ ਰਾਜ ਭਰ ਵਿੱਚ ਕਰੀਬ 3000 ਆਧੁਨਿਕ ਖੇਡ ਮੈਦਾਨ ਬਣਾਏ ਜਾ ਰਹੇ ਹਨ। ਸੂਬੇ ਦੀਆਂ ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਸੜਕ ਸੁਰੱਖਿਆ ਫੋਰਸ ਸਥਾਪਿਤ ਕੀਤੀ ਗਈ ਹੈ, ਜਿਸ ਕਾਰਨ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ ਲਗਭਗ 50 ਫੀਸਦ ਦੀ ਕਮੀ ਆਈ ਹੈ ਅਤੇ ਸੜਕ ਹਾਦਸਿਆਂ ਦੌਰਾਨ ਜ਼ਖਮੀ ਹੋਣ ਵਾਲੇ 47 ਹਜ਼ਾਰ ਤੋਂ ਵੱਧ ਲੋਕਾਂ ਦੀ ਜਾਨ ਬਚਾਈ ਗਈ ਹੈ। ਸ. ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦਾ ਮੁੱਖ ਉਦੇਸ਼ ਸਿਰਫ਼ ਤੇ ਸਿਰਫ਼ ਵਿਕਾਸ ਹੈ ਅਤੇ ਇਸਦੇ ਤਹਿਤ ਹੀ ਸੂਬੇ ਵਿੱਚ ਜੰਗੀ ਪੱਧਰ 'ਤੇ ਵਿਕਾਸ ਕਾਰਜਾਂ ਨੂੰ ਅਮਲੀ-ਜਾਮ੍ਹਾ ਪਹਿਨਾਇਆ ਜਾ ਰਿਹਾ ਹੈ।

## ਵਪਾਰੀਆਂ ਵੱਲੋਂ ਡੀ.ਐਸ.ਪੀ. ਨਾਲ ਮੀਟਿੰਗ ਕਰਕੇ ਰਸਤਾ ਖੁਲ੍ਹਵਾਉਣ ਦੀ ਮੰਗ



ਸਮਾਣਾ, 17 ਮਾਰਚ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ) : ਸਮਾਣਾ ਵਪਾਰ ਮੰਡਲ ਦੇ ਸਮੂਹ ਵਪਾਰੀਆਂ ਦੀ ਇਕ ਵਿਸ਼ੇਸ਼ ਮੀਟਿੰਗ ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ ਹੋਈ। ਮੀਟਿੰਗ ਵਿਚ 24 ਫਰਵਰੀ ਤੋਂ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿਚ ਧਰਮ ਯੁੱਧ ਮੋਰਚੇ ਤਹਿਤ ਧਰਨਾ ਲਗਾ ਕੇ ਕੀਤੀ ਸੜਕ ਜਾਮ ਨਾਲ ਹੁੰਦੇ ਵਪਾਰਕ ਨੁਕਸਾਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਪ੍ਰਸ਼ਾਸ਼ਨ ਤੋਂ ਰਸਤਾ ਖੁਲਵਾਉਣ ਦੀ ਮੰਗ ਕੀਤੀ। ਇਸ ਮੌਕੇ ਬੁਲਾਰਿਆਂ ਨੇ ਦੱਸਿਆ ਕਿ ਸ਼ਹਿਰ ਵਿਚ ਲੋਕਾਂ ਦੇ ਨਾ ਆਉਣ-ਜਾਣ ਕਾਰਨ ਵਪਾਰ ਬਿਲਕੁਲ ਠੱਪ ਹੋ ਕੇ ਰਹਿ ਗਏ ਹਨ। ਲੋਕਾਂ ਨੂੰ ਚੀਕਾ, ਪਾਤੜਾਂ, ਭਵਾਨੀਗੜ੍ਹ, ਪਟਿਆਲਾ ਆਉਣ ਜਾਣ ਲਈ ਪਿੰਡਾਂ ਦੀਆਂ ਲਿੰਕ ਸੜਕਾਂ ਰਾਹੀ ਲੰਮਾ ਪੈਂਡਾ ਤਹਿ ਕਰਨਾ ਪੈ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਕੂਲੀ ਬੱਚਿਆਂ ਦੇ ਪੇਪਰ ਚੱਲ ਰਹੇ ਹਨ ਅਤੇ ਨਵਰਾਤਰੇ ਸ਼ੁਰੂ ਹੋਣ ਵਾਲੇ ਹਨ।ਇਸ ਮੌਕੇ ਵਪਾਰੀਆਂ ਨੇ ਥਾਨਾ ਸਿਟੀ ਵਿਖੇ ਪੰਹੁਚ ਕੇ ਡੀ.ਐਸ.ਪੀ ਫਤਿਹ ਸਿੰਘ ਬਰਾੜ ਨੂੰ ਉਕਤ ਮਸਲੇ ਸੰਬਧੀ ਜਾਣੂ ਕਰਵਾ ਕੇ ਚੌਂਕ 'ਚੋਂ ਧਰਨਾ ਹਟਵਾਉਣ ਦੀ ਮੰਗ ਕੀਤੀ। ਸ. ਬਰਾੜ ਨੇ ਵਪਾਰੀਆਂ ਨੂੰ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹੱਲ ਕੱਢਣ ਦਾ ਭਰੋਸਾ ਦਿੱਤਾ।

## 23 ਨੂੰ ਸਾਮਰਾਜਵਾਦ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਐਲਾਨ, ਪਟਿਆਲਾ ਜ਼ਿਲ੍ਹੇ 'ਚ ਹੋਣਗੇ ਵੱਡੇ ਪ੍ਰਦਰਸ਼ਨ

ਪਟਿਆਲਾ, 17 ਮਾਰਚ (ਰੁਪਾਣਾ) : ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਬਿਜਲੀ ਮੁਲਾਜ਼ਮ ਜਥੇਬੰਦੀਆਂ ਅਤੇ ਮਜ਼ਦੂਰ ਜਥੇਬੰਦੀਆਂ ਦੀ ਇੱਕ ਅਹਿਮ ਸਾਂਝੀ ਮੀਟਿੰਗ ਅੱਜ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਦਰਸ਼ਨ ਸਿੰਘ ਬੇਲੂਮਾਜਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਆਗੂਆਂ ਨੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਇਸ ਦਿਨ ਨੂੰ 'ਸਾਮਰਾਜਵਾਦ ਵਿਰੋਧੀ ਦਿਵਸ' ਵਜੋਂ ਮਨਾਉਣ ਦਾ ਫੈਸਲਾ ਕੀਤਾ। ਆਗੂਆਂ ਨੇ ਕਿਹਾ ਕਿ ਸ਼ਹੀਦਾਂ ਨੇ ਜਿਸ ਆਜ਼ਾਦ ਅਤੇ ਬਰਾਬਰੀ ਵਾਲੇ ਦੇਸ਼ ਦਾ ਸੁਪਨਾ ਦੇਖਿਆ ਸੀ, ਅੱਜ ਦੀਆਂ ਹਕੂਮਤਾਂ ਉਸ ਦੇ ਉਲਟ ਚੱਲ ਰਹੀਆਂ ਹਨ। ਕੇਂਦਰ ਸਰਕਾਰ ਸਾਮਰਾਜੀ ਮੁਲਕਾਂ ਦੇ ਦਬਾਅ ਹੇਠ ਦੇਸ਼ ਦੇ ਕਿਰਤੀ ਲੋਕਾਂ ਦੇ ਹਿੱਤ ਵੇਚ ਕੇ ਕਾਰਪੋਰੇਟ ਘਰਾਣਿਆਂ ਅਤੇ ਵਿਦੇਸ਼ੀ ਤਾਕਤਾਂ ਨੂੰ ਲਾਹਾ ਦੇਣ



ਵਾਲੇ ਲੋਕ-ਵਿਰੋਧੀ ਕਾਨੂੰਨ ਬਣਾ ਰਹੀ ਹੈ।ਤਹਿਸੀਲ ਪੱਧਰ 'ਤੇ ਕੀਤੇ ਜਾਣ ਵਾਲੇ ਇਹਨਾਂ ਰੋਸ ਪ੍ਰਦਰਸ਼ਨਾਂ ਵਿੱਚ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤੇ ਦਾ ਵਿਰੋਧ, ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ ਨੂੰ ਰੱਦ ਕਰਵਾਉਣ, 1 ਅਪ੍ਰੈਲ ਤੋਂ ਲਾਗੂ ਕੀਤੇ ਜਾ ਰਹੇ ਚਾਰ ਲੇਬਰ ਕੋਡਾਂ ਅਤੇ 'ਜੀ ਰਾਮ ਜੀ' ਵਰਗੀਆਂ ਕਿਰਤ ਵਿਰੋਧੀ ਸਕੀਮਾਂ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਆਗੂਆਂ ਨੇ ਅਮਰੀਕਾ ਵੱਲੋਂ ਵਿਸ਼ਵ ਪੱਧਰ 'ਤੇ ਆਪਣੀ ਚੌਧਰ ਕਾਇਮ ਰੱਖਣ ਲਈ ਜੰਗਾਂ ਰਾਹੀਂ ਕੀਤੇ ਜਾ ਰਹੇ ਨਿਰਦੋਸ਼ ਲੋਕਾਂ ਦੇ ਘਾਣ ਦੀ ਸਖ਼ਤ ਨਿਖੇਧੀ ਕੀਤੀ। ਇਸ ਦੇ ਰੋਸ ਵਜੋਂ 23 ਮਾਰਚ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਪੁਤਲੇ ਫੂਕੇ ਜਾਣਗੇ।ਇਹਨਾਂ ਐਕਸ਼ਨਾਂ ਦੀ ਸਫਲਤਾ ਲਈ 18 ਮਾਰਚ ਨੂੰ ਬਲਾਕ ਪੱਧਰੀ ਸਾਂਝੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ। ਪਟਿਆਲਾ ਜ਼ਿਲ੍ਹੇ ਵਿੱਚ ਇਹ ਮੁੱਖ ਪ੍ਰਦਰਸ਼ਨ ਪਾਤੜਾਂ, ਸਮਾਣਾ, ਨਾਭਾ, ਰਾਜਪੁਰਾ, ਘਨੌਰ ਅਤੇ ਪਟਿਆਲਾ ਵਿਖੇ ਕੀਤੇ ਜਾਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਧਰਮਪਾਲ ਸੀਲ, ਰਮਿੰਦਰ ਸਿੰਘ ਪਟਿਆਲਾ, ਕੁਲਵੰਤ ਸਿੰਘ ਮੌਲਵੀਵਾਲਾ, ਬਲਰਾਜ ਜੋਸ਼ੀ, ਹਰਭਜਨ ਸਿੰਘ ਧੂਹੜ, ਅਵਤਾਰ ਸਿੰਘ ਕੌਰਜੀਵਾਲਾ,ਪਵਨ ਸ਼ੋਗਲ ਪੁਰ, ਹਰਬੰਸ ਸਿੰਘ ਦਦਹੇੜਾ, ਦਵਿੰਦਰ ਸਿੰਘ ਪੂਨੀਆ, ਉੱਤਮ ਬਾਗੜੀ, ਗੁਰਚਰਨ ਸਿੰਘ, ਸੁਖਦੇਵ ਰਾਮ ਸੁਖੀ, ਧਰਮਪਾਲ ਲੋਟ, ਦੀਪਕ ਕੁਮਾਰ,ਮੰਗਤ ਸਿੰਘ ਅਤੇ ਬਲਜਿੰਦਰ ਖੇੜੀ ਆਦਿ ਸ਼ਾਮਿਲ ਸਨ।

## ਡਾ. ਧਰਮਵੀਰ ਗਾਂਧੀ ਵੱਲੋਂ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ

### ਪਟਿਆਲਾ-ਪਾਤੜਾਂ ਸੜਕ ਦੀ ਫੌਰਲੇਨਿੰਗ ਮਾਮਲੇ 'ਤੇ ਚਰਚਾ

ਪਟਿਆਲਾ, 17 ਮਾਰਚ (ਚ.ਨ.ਸ.): ਪਟਿਆਲਾ ਦੇ ਐਮ.ਪੀ. ਡਾ. ਧਰਮਵੀਰ ਗਾਂਧੀ ਨੇ ਨਵੀਂ ਦਿੱਲੀ ਵਿਚ ਕੇਂਦਰੀ ਸੜਕ ਆਵਾਜਾਈ ਅਤੇ ਰਾਜ ਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਅਤੇ ਪਟਿਆਲਾ-ਪਾਤੜਾਂ ਸਟੇਟ ਹਾਈਵ ਦੀ ਫੌਰਲੇਨਿੰਗ ਦੇ ਲੰਬੇ ਸਮੇਂ ਤੋਂ ਲਟਕ ਰਹੇ ਮਸਲੇ 'ਤੇ ਚਰਚਾ ਕੀਤੀ।



ਮੀਟਿੰਗ ਦੌਰਾਨ ਡਾ. ਗਾਂਧੀ ਨੇ ਦੱਸਿਆ ਕਿ ਪਟਿਆਲਾ-ਪਾਤੜਾਂ ਸੜਕ 'ਤੇ ਬਹੁਤ ਜ਼ਿਆਦਾ ਹਾਦਸੇ ਹੁੰਦੇ ਹਨ, ਜਿੱਥੇ ਭਾਰੀ ਟਰੈਫਿਕ ਰਹਿੰਦਾ ਹੈ ਅਤੇ ਇਹ ਇਲਾਕੇ ਦੇ ਕਈ ਕਸਬਿਆਂ ਅਤੇ ਪਿੰਡਾਂ ਲਈ ਇਕ, ਮਹੱਤਵਪੂਰਨ ਜੋੜ ਮਾਰਗ ਹੈ। ਕੇਂਦਰੀ ਮੰਤਰੀ ਨੇ ਦੱਸਿਆ ਕਿ ਇਸ ਪ੍ਰਾਜੈਕਟ ਸਬੰਧੀ ਫੈਸਲਾ ਇਸ ਸਮੇਂ ਪੀ. ਐੱਮ. ਓ. ਕੋਲ ਵਿਚਾਰਧੀਨ ਹੈ। ਉਨ੍ਹਾਂ ਇਹ ਵੀ ਸੰਕੇਤ ਦਿੱਤਾ ਕਿ ਅਗਲਾ ਕਦਮ ਇਹ ਹੋਵੇਗਾ ਕਿ ਪੰਜਾਬ ਸਰਕਾਰ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਐਮ. ਪੀ. ਡਾ. ਧਰਮਵੀਰ ਗਾਂਧੀ। (ਸੁੰਦਰ) ਇਸ ਪ੍ਰਾਜੈਕਟ ਨੂੰ ਗੱਡੀ ਸਕੀਮ ਹੇਠ ਲੈਣ ਲਈ ਸਰਕਾਰੀ ਤੌਰ 'ਤੇ ਬੇਨਤੀ ਕਰੇ । ਡਾ. ਗਾਂਧੀ ਨੇ ਆਸ ਜਤਾਈ ਕਿ ਪੰਜਾਬ ਸਰਕਾਰ ਜਲਦੀ ਹੀ ਇਸ ਮਾਮਲੇ ਨੂੰ ਕੇਂਦਰ ਸਰਕਾਰ ਕੋਲ ਉਠਾਏਗੀ, ਤਾਂ ਜੋ ਲੋਕਾਂ ਦੀ ਸੁਰੱਖਿਆ ਅਤੇ ਖੇਤਰੀ ਵਿਕਾਸ ਦੇ ਹਿੱਤ ਵਿਚ ਪਟਿਆਲਾ-ਪਾਤੜਾਂ ਸੜਕ ਦੀ ਫੌਰਲੇਨਿੰਗ ਦਾ ਕੰਮ ਜਲਦੀ ਅੱਗੇ ਵਧ ਸਕੇ।

## ਘੇਰ ਕੇ ਕੁੱਟਮਾਰ ਤੇ ਚਾਕੂ ਨਾਲ ਵਾਰ ਕਰਨ 'ਤੇ ਮਾਮਲਾ ਦਰਜ

ਪਟਿਆਲਾ, 17 ਮਾਰਚ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਮੁਹੰਮਦ ਉਬੈਸ ਪੁੱਤਰ ਇਸਲਾਮ ਵਾਸੀ ਪਿੰਡ ਬਰੇਟਾ ਯੂ.ਪੀ ਹਾਲ ਗਲੀ ਨੰ. 5 ਰਿਸ਼ੀ ਕਲੋਨੀ ਪਟਿਆਲਾ ਨੇ ਕਥਿਤ ਦੋਸ਼ੀ ਫਰੀਦ ਖਾਨ ਵਾਸੀ ਗਲੀ ਨੰ. 9 ਰਿਸ਼ੀ ਕਲੋਨੀ ਪਟ, ਨਵਾਬ ਖਾਨ ਵਾਸੀ ਗਲੀ ਨੰ. 8 ਰਿਸ਼ੀ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਘਰ ਤੋਂ ਰਿਸ਼ੀ ਕਲੋਨੀ ਨਮਾਜ਼ ਪੜ੍ਹਨ ਜਾ ਰਿਹਾ ਸੀ ਤਾਂ ਕਥਿਤ ਦੋਸ਼ੀ ਸਕੂਟਰੀ 'ਤੇ ਸਵਾਰ ਹੋ ਕੇ ਆਏ ਅਤੇ ਸਕੂਟਰੀ ਲਿਆ ਕੇ ਉਸ ਵਿੱਚ ਮਾਰੀ ਤੇ ਉਹ ਨੂੰ ਘੇਰ ਕੇ ਕੁੱਟਮਾਰ ਕੀਤੀ ਅਤੇ ਕਥਿਤ ਦੋਸ਼ੀ ਫਰੀਦ ਖਾਨ ਨੇ ਆਪਣੇ ਡੱਬ ਵਿੱਚੋਂ ਚਾਕੂ ਕੱਢ ਕੇ ਉਸ ਦੀ ਪਿੱਠ 'ਤੇ ਵਾਰ ਕੀਤੇ ਤੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 118(1), 115(2),126(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸਮਾਜ ਸੇਵਾ 'ਚ ਨਵੀਂ ਮਿਸਾਲ ਕੰਵਲਜੀਤ ਸਿੰਘ ਜੋਸਨ

ਸਨੌਰ, 17 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਦੇ ਪਿੰਡ ਫਤਿਹਪੁਰ ਰਾਜਪੂਤਾਂ ਵਿੱਚ ਸਮਾਜ ਸੇਵਾ ਦੇ ਖੇਤਰ ਵਿੱਚ ਕਾਬਿਲੇ-ਤਾਰੀਫ਼ ਉਪਰਾਲੇ ਕੀਤੇ ਜਾ ਰਹੇ ਹਨ। ਪਿੰਡ ਦੇ ਨਿਵਾਸੀ ਕੰਵਲਜੀਤ ਸਿੰਘ ਜੋਸਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲ 2013 ਵਿੱਚ ਦਲਵਿੰਦਰ ਸਿੰਘ ਧੰਜੂ ਦੀ ਸਰਪ੍ਰਸਤੀ ਹੇਠ ਪਿੰਡ ਦੇ ਸਰਵ ਪੱਖੀ ਵਿਕਾਸ ਲਈ ਬਣਾਈ ਗਈ ਸੰਸਥਾ 'ਫਤਿਹ ਵੈਲਫੇਅਰ ਐਸੋਸੀਏਸ਼ਨ' (ਰਜਿਸਟਰਡ) ਦੇ ਬੈਨਰ ਹੇਠ ਪਿੰਡ ਵਿੱਚ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਕੰਮ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ ਪਿੰਡ ਦੀ ਸੰਗਤ ਦੇ ਸਹਿਯੋਗ ਅਤੇ ਧੰਜੂ ਪਰਿਵਾਰ ਦੇ ਵਿਸ਼ੇਸ਼ ਯੋਗਦਾਨ



ਨਾਲ ਕਰੀਬ ਇੱਕ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਪਿੰਡ ਦੇ ਦੋਵੇਂ ਸਰਕਾਰੀ ਸਕੂਲਾਂ-ਹਾਈ ਸਕੂਲ ਅਤੇ ਐਲੀਮੈਂਟਰੀ ਸਕੂਲ- ਦੀ ਨਵੀ ਦੋ ਮੰਜ਼ਿਲਾ ਇਮਾਰਤ ਅਤੇ ਕਈ ਵਿਕਾਸ ਕੰਮ ਕਰਵਾਏ ਗਏ ਹਨ। ਇਸ ਤੋਂ ਇਲਾਵਾ ਪਿੰਡ ਵਿੱਚ ਆਧੁਨਿਕ ਸਹੂਲਤਾਂ ਨਾਲ ਸਜਿਆ ਹੈਲਥ ਐਂਡ ਵੇਲਨੈਸ ਸੈਂਟਰ ਵੀ ਤਿਆਰ ਕਰਵਾਇਆ ਗਿਆ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਾਪਤ ਕਰਨ ਵਿੱਚ ਵੱਡੀ ਸੁਵਿਧਾ ਮਿਲ ਰਹੀ ਹੈ। ਕੰਵਲਜੀਤ ਸਿੰਘ ਜੋਸਨ ਨੇ ਕਿਹਾ ਕਿ ਪਿੰਡ ਫਤਿਹਪੁਰ ਰਾਜਪੂਤਾਂ ਵਿੱਚ ਇਸ ਸੰਸਥਾ ਵੱਲੋਂ ਸੈਂਕੜੇ ਦਰਖ਼ਤ ਹਰ ਸਾਲ ਲਗਾਏ ਜਾਂਦੇ ਹਨ । ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਵਿੱਚ ਦਲਵਿੰਦਰ ਸਿੰਘ ਧੰਜੂ ਨੂੰ ਕਾਂਗਰਸ ਪਾਰਟੀ ਵੱਲੋਂ ਟਿਕਟ ਦਿੱਤੀ ਜਾਂਦੀ ਹੈ ਅਤੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਦਾ ਹੈ, ਤਾਂ ਜਿੱਤ ਪ੍ਰਾਪਤ ਕਰਨ ਤੋਂ ਬਾਅਦ ਇਸ ਤਰ੍ਹਾਂ ਦੀਆਂ ਸਿੱਖਿਆ ਅਤੇ ਸਿਹਤ ਸੰਬੰਧੀ ਸਹੂਲਤਾਂ ਪੂਰੇ ਹਲਕਾ ਸਨੌਰ ਵਿੱਚ ਮੁਹੱਈਆ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਲੋੜਵੰਦ ਅਤੇ ਗਰੀਬ ਪਰਿਵਾਰਾਂ ਦੀ ਮਦਦ ਵੀ ਕੀਤੀ ਜਾਂਦੀ ਹੈ ਅਤੇ ਭਵਿੱਖ ਵਿੱਚ ਵੀ ਪਿੰਡ ਦੇ ਵਿਕਾਸ ਲਈ ਇਸ ਤਰ੍ਹਾਂ ਦੇ ਉਪਰਾਲੇ ਜਾਰੀ ਰਹਿਣਗੇ।

## ਮੁੱਖ ਮੰਤਰੀ ਰੈਲੀ ਲਈ ਪਟਿਆਲਾ ਦੀਆਂ ਸਮੁੱਚੀਆਂ ਵਾਰਡਾਂ ਤੋਂ ਬੱਸਾਂ ਰਵਾਨਾ



ਪਟਿਆਲਾ, 17 ਮਾਰਚ (ਰੁਪਾਣਾ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਖੇ ਕਰਵਾਈ ਗਈ ਰੈਲੀ ਦੇ ਲਈ ਅੱਜ ਪਟਿਆਲਾ ਸ਼ਹਿਰ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੇ ਵੱਖ ਵੱਖ ਵਾਰਡਾਂ ਤੋਂ ਵੱਡੀ ਗਿਣਤੀ ਚ ਵੱਸਾਂ ਦਾ ਕਾਫਲਾ ਰਵਾਨਾ ਕੀਤਾ ਗਿਆ। ਇਸ ਮੌਕੇ ਅੰਮ੍ਰਿਤਪਾਲ ਸਿੰਘ ਪਾਲੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦੇ ਲੋਕਾਂ ਨਾਲ ਕੀਤੇ ਸੀ ਉਹ ਵਾਅਦੇ ਪੂਰੇ ਕਰ ਦਿੱਤੇ ਹਨ। ਅਤੇ ਸਮੁੱਚੇ ਸੂਬੇ ਦੇ ਲੋਕ ਖੁਸ਼ ਹਨ ਉਹਨਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਵਿੱਚ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਜੋ ਲੋਕਾਂ ਲਈ ਕਾਰਜ ਕੀਤੇ ਜਾ ਰਹੇ ਹਨ। ਵਿਕਾਸ ਕਾਰਜ ਕੀਤੇ ਜਾ ਰਹੇ ਹਨ ਉਹ ਆਪਣੇ ਆਪ ਵਿੱਚ ਲਾ-ਮਿਸਾਲ ਹਨ। ਇਸ ਮੌਕੇ ਕੌਂਸਲਰ ਅੰਮ੍ਰਿਤਪਾਲ ਸਿੰਘ ਪਾਲੀ, ਸਾਗਰ ਵਾਰਡ ਨੰਬਰ 52, ਰਿੱਕੀ ਸੂਲਰ ਵਾਰਡ ਨੰਬਰ 37, ਹਰਮਨ ਸੰਧੂ ਵਾਰਡ ਨੰਬਰ 50, ਗੁਰਪ੍ਰੀਤ ਗੁਰੀ ਵਾਰਡ ਨੰਬਰ 40 ਇੰਚਾਰਜ ਵੀ ਮੌਜੂਦ ਸਨ।

## ਸਮਾਣਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਬਚਾਓ ਰੈਲੀ ਲਈ ਤਿਆਰੀਆਂ ਜ਼ੋਰਾਂ 'ਤੇ

### ਜਥੇਦਾਰ ਹਰਿਆਊ ਵੱਲੋਂ ਪਾਰਟੀ ਆਗੂਆਂ, ਵਰਕਰਾਂ ਅਤੇ ਹਲਕੇ ਦੇ ਲੋਕਾਂ ਨੂੰ ਰੈਲੀ 'ਚ ਪਹੁੰਚਣ ਦੀ ਅਪੀਲ

ਸਮਾਣਾ, 17 ਮਾਰਚ (ਜਵੰਦਾ) : ਸ਼੍ਰੋਮਣੀ ਅਕਾਲੀ ਦਲ ਵੱਲੋਂ ਸਮਾਣਾ ਵਿਖੇ ਕਰਵਾਈ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਇਲਾਕੇ ਵਿੱਚ ਤਿਆਰੀਆਂ ਜ਼ੋਰਾਂ 'ਤੇ ਹਨ। ਰੈਲੀ ਨੂੰ ਸਫਲ ਬਣਾਉਣ ਲਈ ਹਲਕਾ ਇੰਚਾਰਜ ਸ. ਜਗਮੀਤ ਸਿੰਘ ਹਰਿਆਊ ਆਪਣੀ ਸਮੁੱਚੀ ਟੀਮ ਸਮੇਤ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ। ਇਸ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ, ਜਿਸ ਕਾਰਨ ਆਗੂਆਂ ਅਤੇ ਵਰਕਰਾਂ ਵਿੱਚ ਖਾਸ ਉਤਸ਼ਾਹ ਦੇਖਿਆ ਜਾ ਰਿਹਾ ਹੈ। ਇਸ ਸਬੰਧੀ ਹਲਕਾ ਇੰਚਾਰਜ ਜਥੇਦਾਰ ਹਰਿਆਊ ਨੇ ਅਕਾਲੀ ਆਗੂਆਂ, ਵਰਕਰਾਂ ਅਤੇ ਹਲਕੇ ਦੇ ਲੋਕਾਂ ਨੂੰ



ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਪਹੁੰਚ ਕੇ ਇਸਨੂੰ ਕਾਮਯਾਬ ਬਣਾਉਣ। ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਮੁੱਦਿਆਂ ਨੂੰ ਉਭਾਰਨ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਮਹੱਤਵਪੂਰਨ ਸਾਬਤ ਹੋਵੇਗੀ। ਇਸ ਮੌਕੇ ਜਥੇਦਾਰ ਭਪਿੰਦਰ ਸਿੰਘ ਘਿਓਰਾ, ਕੁਲਦੀਪ ਸਿੰਘ ਨੱਸੂਪੁਰ, ਅਮਰਜੀਤ ਸਿੰਘ ਗਰਾਇਆ, ਕਸ਼ਮੀਰ ਸਿੰਘ, ਸਰਪੰਚ ਸੋਨੂ ਰੰਧਾਵਾ, ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ, ਮਲਕੀਤ ਸਿੰਘ ਚੀਮਾ, ਬਲਜਿੰਦਰ ਸਿੰਘ ਬੱਲੀ ਸਰਪੰਚ, ਚਰਨਜੀਤ ਸਿੰਘ, ਗੁਰਜੰਟ ਸਿੰਘ ਮਵੀ, ਗੁਰਵਿੰਦਰ ਸਿੰਘ, ਰਾਜਵਿੰਦਰ ਸਿੰਘ ਰਾਜੂ, ਗੁਰਸੇਵਕ ਸਿੰਘ, ਹਰਮਨ ਬੱਲ, ਗੁਰਤੇਜ ਘੁਮਾਣ, ਵਰਿੰਦਰ ਖੇੜਕੀ, ਹੁਸ਼ਿਆਰ ਸਿੰਘ ਚੀਮਾ, ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ ਸਮਾਣਾ ਅਤੇ ਸਰਬਜੀਤ ਸਿੰਘ ਕਕਰਾਲਾ ਆਦਿ ਵੀ ਮੌਜੂਦ ਰਹੇ।

## ਕਵਲਜੀਤ ਸਿੰਘ ਬਾਗੀ ਬਣੇ ਲਾਇਨਜ਼ ਕਲੱਬ ਪਟਿਆਲਾ ਕਲਾਸਿਕ ਦੇ ਪ੍ਰਧਾਨ



ਪਟਿਆਲਾ, 17 ਮਾਰਚ (ਚ.ਨ.ਸ.) : ਲਾਇਨਜ ਕਲੱਬ ਪਟਿਆਲਾ ਕਲਾਸਿਕ ਦੇ ਬੋਰਡ ਆਫ ਡਾਇਰੈਕਟਰਜ਼ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਕਲੱਬ ਦੇ ਮੈਂਬਰ ਕਵਲਜੀਤ ਸਿੰਘ ਬਾਗੀ ਨੂੰ 2026 - 27 ਲਈ ਲੋਇਨ ਕਲੱਬ ਪਟਿਆਲਾ ਕਲਾਸਿਕ ਦਾ ਨਵਾਂ ਪ੍ਰਧਾਨ ਚੁਣ ਲਿਆ ਗਿਆ। ਇਸ ਦੇ ਨਾਲ ਹੀ ਹਰਪ੍ਰੀਤ ਸਿੰਘ ਮੀਤ ਪ੍ਰਧਾਨ, ਜਗਦੀਸ਼ ਗੁਪਤਾ ਸਕੱਤਰ, ਬੀਰ ਬਿਕਰਮਜੀਤ ਸਿੰਘ ਖਜਾਨਚੀ ਅਤੇ ਨੀਰਜ ਸ਼ਰਮਾ ਨੂੰ ਪੀ.ਆਰ.ਓ ਚੁਣ ਲਿਆ ਗਿਆ। ਇਸ ਮੌਕੇ ਨਵੇਂ ਬਣੇ ਪ੍ਰਧਾਨ ਕਵਲਜੀਤ ਬਾਗੀ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਰੇ ਹੀ ਲੋਇਨ ਮੈਂਬਰ ਜਿਵੇਂ ਕਿ ਅਨਿਲ ਜੈਨ, ਰੁਪਿੰਦਰ ਸਿੰਘ ਬੇਦੀ, ਦਰਸ਼ਨ ਕੁਮਾਰ, ਅਨਿਲ ਮਹਿਤਾ, ਸਵਰਨ ਸਿੰਘ, ਤ੍ਰਿਲੋਕੀ ਨਾਥ, ਦਵਿੰਦਰ ਸਿੰਘ, ਸੰਜੀਵ ਕੁਮਾਰ, ਹੇਮਰਾਜ ਤੋਂ ਇਲਾਵਾ ਹੋਰ ਵੀ ਮੈਂਬਰ ਮੌਕੇ ਤੇ ਹਾਜ਼ਰ ਸਨ।

## ਕਰਮਚਾਰੀਆਂ ਨੂੰ ਸੇਫਟੀ, ਸਿਹਤ, ਵਾਤਾਵਰਨ ਤੇ ਫਸਟ ਏਡ ਟ੍ਰੇਨਿੰਗ ਕਰਵਾਈ : ਕਮਲ ਮਾਧੂਰ

ਪਟਿਆਲਾ, 17 ਮਾਰਚ (ਚ.ਨ.ਸ.) : ਰਾਸ਼ਟਰੀ ਇੰਡਸਟਰੀ ਸੇਫਟੀ ਮਹੀਨੇ ਅਤੇ ਸਰਕਾਰਾਂ ਦੀਆਂ ਹਦਾਇਤਾਂ ਨੂੰ ਅਤਿ ਮਹੱਤਵਪੂਰਨ ਸਮਝਦੇ ਹੋਏ, ਨੈਸਲੇ ਇੰਡੀਆ ਪ੍ਰਾਈਵੇਟ ਲਿਮਟਿਡ ਵੱਲੋਂ ਡਿਪਟੀ ਡਾਇਰੈਕਟਰ ਆਫ਼ ਫੈਕਟਰੀ ਸ਼੍ਰੀ ਮੱਖਣ ਸਿੰਘ ਦੇ ਸਹਿਯੋਗ ਨਾਲ ਕਰਮਚਾਰੀਆਂ ਨੂੰ ਚੰਗੀ ਸਿਹਤ, ਕੰਮ ਵਾਲੀਆਂ ਥਾਵਾਂ ਅਤੇ ਸੜਕਾਂ ਵਿਖੇ ਸੁਰੱਖਿਆ, ਖੁਸ਼ਹਾਲ ਰਹਿਣ, ਸਵੱਛ ਸੁਰੱਖਿਅਤ ਵਾਤਾਵਰਨ ਅਤੇ ਫਸਟ ਏਡ, ਸੀ.ਪੀ.ਆਰ., ਜ਼ਖਮੀਆਂ ਦੀ ਸੇਵਾ ਸੰਭਾਲ ਦੀ ਟ੍ਰੇਨਿੰਗ ਕਰਵਾਈਆਂ ਗਈਆਂ, ਤਾਂ ਜ਼ੋ ਹਰੇਕ ਕਰਮਚਾਰੀ ਅਤੇ ਪਰਿਵਾਰਕ ਮੈਂਬਰ ਆਪਣੀ ਸੁਰੱਖਿਆ, ਖੁਸ਼ਹਾਲੀ ਭਾਈਚਾਰੇ ਲਈ ਮਦਦਗਾਰ ਹੋਣ। ਇਹ ਵਿਚਾਰ ਫੈਕਟਰੀ ਮੈਨੇਜਰ ਸ੍ਰੀ ਕਮਲ ਮਾਧੂਰ ਅਤੇ ਸੇਫਟੀ ਮੈਨੇਜਰ ਸ੍ਰੀ



ਲੋਕੇਸ਼ ਠਾਕੁਰ ਨੇ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਇਸ ਮੌਕੇ ਸ੍ਰੀ ਮੱਖਣ ਸਿੰਘ ਡਿਪਟੀ ਡਾਇਰੈਕਟਰ ਵੱਲੋਂ ਸਟ੍ਰੈੱਸ ਮੈਨੇਜਮੈਂਟ ਬਾਰੇ ਜਾਣਕਾਰੀ ਦਿੱਤੀ ਕਿ ਤਣਾਅ ਰਹਿਤ ਜ਼ਿੰਦਗੀ ਲਈ ਇਮਾਨਦਾਰੀ, ਵਫ਼ਾਦਾਰੀ, ਸਬਰ ਸ਼ਾਂਤੀ, ਨਿਮਰਤਾ, ਅਨੁਸ਼ਾਸਨ, ਫਰਜ਼ਾਂ ਅਤੇ ਧੰਨਵਾਦ ਦੀਆਂ ਭਾਵਨਾਵਾਂ ਆਦਤਾਂ ਦੀ ਮਹੱਤਤਾ ਦੱਸੀ। ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਅਤੇ ਆਫ਼ਤ ਪ੍ਰਬੰਧਨ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਹਿੱਤ 10 ਪ੍ਰਕਾਰ ਦੀਆਂ ਟੀਮਾਂ ਬਣਾਕੇ, ਟ੍ਰੇਨਿੰਗਾਂ ਮੌਕ ਡਰਿੱਲਾਂ ਕਰਵਾਕੇ, ਪੀੜਤਾਂ ਦੀ ਮਦਦ ਕਰਨ, ਬੇਹੋਸ਼ੀ, ਸਦਮੇ, ਦਿਲ ਜਾਂ ਮਿਰਗੀ ਦੇ ਦੌਰੇ, ਕਾਰਡੀਅਕ ਅਰੈਸਟ, ਸਿਰ ਅਤੇ ਅੰਗਾਂ ਦੀਆਂ ਸੱਟਾਂ, ਵੈਂਟੀਲੈਟਰ ਬਣਾਉਟੀ ਸਾਹ ਕਿਰਿਆ ਦੀ ਪ੍ਰੈਕਟਿਕਲ ਟ੍ਰੇਨਿੰਗਾਂ ਦਿੱਤੀਆਂ। ਕਾਰਪੋਰੇਟ ਮਾਮਲੇ ਮੈਨੇਜਰ ਸ੍ਰੀ ਹਰਵਿੰਦਰ ਸਿੰਘ, ਪੰਜਾਬ ਇੰਡਸਟਰੀ ਸੇਫਟੀ ਕਾਉਂਸਲ ਲੇਬਰ ਵਿਭਾਗ ਮੋਹਾਲੀ ਤੋਂ ਆਏ ਸੰਜੀਵ ਕੁਮਾਰ ਵੱਲੋਂ ਸਰਟੀਫਿਕੇਟ ਦੇ ਕੇ ਧੰਨਵਾਦ ਕੀਤਾ।

## ਤੇਜ਼ ਰਫ਼ਤਾਰ ਕਾਰ ਦੀ ਟੱਕਰ ਨਾਲ ਮੌਤ

ਨਾਭਾ, 17 ਮਾਰਚ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਕੋਲ ਹਰਜਿੰਦਰ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਵਰ੍ਹੇ ਨੇ ਕਾਰ ਡਰਾਇਵਰ ਗੁਰਜੀਤ ਸਿੰਘ ਵਾਸੀ ਮੋਤੀ ਬਾਗ ਕਲੋਨੀ ਨਾਭਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਪਿਤਾ ਟਰੈਕਟਰ 'ਤੇ ਸਵਾਰ ਹੋ ਕੇ ਵਿਸ਼ਕਰਮਾ ਭਵਨ ਨਾਭਾ ਪਾਸ ਜਾ ਰਿਹਾ ਸੀ, ਜੋ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ ਰਫਤਾਰ ਤੇ ਲਾਪ੍ਰਾਵਹੀ ਨਾਲ ਲਿਆ ਕੇ ਉਸ ਦੇ ਪਿਤਾ ਵਿੱਚ ਮਾਰੀ, ਜਿਸ ਕਾਰਨ ਉਸ ਦਾ ਪਿਤਾ ਟਰੈਕਟਰ ਤੋਂ ਹੇਠਾਂ ਡਿੱਗ ਪਿਆ ਅਤੇ ਉਸ ਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 281,106, 324(4) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ

ਪਟਿਆਲਾ, 17 ਮਾਰਚ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਜਗਤਾਰ ਸਿੰਘ ਪੁੱਤਰ ਚਰੰਜੀ ਰਾਮ ਵਾਸੀ ਪਿੰਡ ਸੁਨਿਆਰਹੇੜੀ ਥਾਣਾ ਸਦਰ ਪਟਿਆਲਾ ਨੇ ਕਥਿਤ ਦੋਸ਼ੀ ਕਾਰ ਦੇ ਅਣਪਛਾਤੇ ਡਰਾਇਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਭਤੀਜੀ ਜੈਸਮੀਨ ਕੌਰ, ਜੋ ਕਿ ਬੱਸ ਅੱਡਾ ਸੁਨਿਆਰਹੇੜੀ ਪਾਸ ਬੱਸ ਵਿੱਚੋਂ ਉਤਰ ਕੇ ਸੜ੍ਹਕ ਕਰਾਸ ਕਰਨ ਲੱਗੀ ਤਾਂ ਅਣਪਛਾਤੇ ਡਰਾਇਵਰ ਨੇ ਆਪਣੀ ਕਾਰ ਤੇਜ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੀ ਭਤੀਜੀ ਵਿੱਚ ਮਾਰੀ, ਜਿਸ ਕਾਰਨ ਉਸਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 281,106(1) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਸਨੌਰ ਪੁਲਿਸ ਕੋਲ ਬਲਜੀਤ ਸਰਮਾ ਪੁੱਤਰ ਲਖਵਿੰਦਰ ਸਿੰਘ ਵਾਸੀ ਮੇਹਰਗੜ੍ਹ ਬੱਤੀ ਥਾਣਾ ਸਨੌਰ ਨੇ ਕਥਿਤ ਦੋਸ਼ੀ ਮੋਟਰਸਾਈਕਲ ਦਾ ਡਰਾਇਵਰ ਗੁਰਵਿੰਦਰ ਸਿੰਘ ਵਾਸੀ ਕੋਟਲਾ ਗਹਿਰੂ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਬੋਲੜ ਦੇ ਗੁਰਦੁਆਰਾ ਸਾਹਿਬ ਪਾਸ ਜਾ ਰਿਹਾ ਸੀ, ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣਾ ਮੋਟਰਸਾਈਕਲ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੇ ਕਾਫੀ ਸੱਟਾਂ ਲੱਗੀਆਂ। ਪੁਲਿਸ ਨੇ ਧਾਰਾ 281,106(1) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਖਨੌੜਾ ਤੋਂ ਦੂਜੀ ਬੱਸ ਸ੍ਰੀ ਹਰਿਮੰਦਰ ਸਾਹਿਬ ਲਈ ਰਵਾਨਾ

ਭਾਦਸੋਂ, 17 ਮਾਰਚ ਭਰਪੂਰ ਸਿੰਘ ਮੱਟਰਾਂ) : ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਹਲਕਾ ਨਾਭਾ ਦੇ ਪਿੰਡ ਖਨੌੜਾ ਤੋਂ ਸੰਗਤ ਨੂੰ ਪਵਿੱਤਰ ਧਰਤੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹਰਿਮੰਦਰ ਸਾਹਿਬ ਅਤੇ ਹੋਰ ਸਥਾਨਾਂ ਦੇ ਦਰਸ਼ਨ ਕਰਨ ਲਈ ਦੂਸਰੀ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਪਵਿੱਤਰ ਯਾਤਰਾ ਦੇ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸੰਗਤ ਨਾਲ ਮਿਲ ਕੇ ਉਹਨਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਉਹਨਾਂ ਦੀ ਸੁਖਮਈ ਸੁਰੱਖਿਆ ਅਤੇ ਆਤਮਿਕ ਅਨੰਦ ਭਰੀ ਯਾਤਰਾ ਲਈ ਅਰਦਾਸ ਕੀਤੀ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਵੱਡੀ ਉਮਰ ਦੇ ਨਾਗਰਕਾਂ ਅਤੇ ਧਰਮ ਕਾ ਅਸਥਾ ਰੱਖਣ ਵਾਲੇ ਲੋਕਾਂ



ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਯੋਜਨਾ ਤਹਿਤ ਰਾਜ ਦੇ ਵੱਖ-ਵੱਖ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਮੁਫਤ ਕਰਵਾਏ ਜਾ ਰਹੇ ਹਨ, ਜਿਸ ਨਾਲ ਸੰਗਤ ਵਿੱਚ ਖੁਸ਼ੀ ਅਤੇ ਉਤਸ਼ਾਹ ਦੀ ਲਹਿਰ ਹੈ।ਦੇਵ ਸਿੰਘ ਮਾਨ ਨੇ ਕਿਹਾ ਭਰੋਸਾ ਦਵਾਇਆ ਤੇ ਭਵਿੱਖ ਵਿੱਚ ਇਸ ਯੋਜਨਾ ਤਹਿਤ ਹੋਰ ਬੱਸਾਂ ਭੀ ਭੇਜਿਆ ਜਾਣਗੀਆਂ, ਤਾਂ ਜੋ ਵੱਧ ਤੋਂ ਵੱਧ ਲੋਕ ਇਸ ਪਵਿੱਤਰ ਯਾਤਰਾ ਦਾ ਲਾਭ ਲੈ ਸਕਨ। ਇਹ ਪਵਿੱਤਰ ਇਸ ਦੀ ਅਗਵਾਈ ਡਾ. ਗਿਆਨ ਸਿੰਘ ਖਨੌੜਾ ਰਾਮਗੜੀਆ ਬੀਸੀ ਵਿੰਗ ਹਲਕਾ ਨਾਭਾ ਕੁਆਡੀਨੇਟਰ ਨੇ ਕੀਤੀ ਇਸ ਮੌਕੇ ਤਰਨਵੀਰ ਸਿੰਘ ਬਲਾਕ ਪ੍ਰਧਾਨ ਭਾਦਸੋਂ , ਬਿਕਰ ਸਿੰਘ ਖਨੌੜਾ ਜਿਲਾ ਮੀਤ ਪ੍ਰਧਾਨ ,ਸਦੀਕ ਖਾਂ ਯੁੱਧ ਨਸਿਆਂ ਵਿਰੁੱਧ ਬਲਾਕ ਪ੍ਰਧਾਨ, ਮਾਤਾ ਸਵਰਨ ਕੌਰ, ਡਾਕਟਰ ਅਮਦੀਪ ਕੌਰ ਖਰੌੜ, ਜਗਦੀਪ ਕੌਰ, ਡਾਕਟਰ ਨਿਰਭੈ ਸਿੰਘ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ ਬਲਾਕ ਸੰਮਤੀ ਨਾਭਾ, ਵਿਸਾਖ ਸਿੰਘ, ਵਿਰਾਸਤ ਸੇਵਾ ਸੰਗਠਨ ਦੇ ਸੈਕਟਰੀ ਤੇਜਿੰਦਰ ਸਿੰਘ ਨਿਰਵਾਣਾ, ਜਤਿੰਦਰ ਸਿੰਘ ਰਾਮਗੜੀਆ, ਸਰਬਤ ਸਿੰਘ ਰਾਮਗੜੀਆ, ਸੁਰਜੀਤ ਕੌਰ, ਅਤੇ ਨਗਰ ਖਨੌੜਾ ਨਿਵਾਸੀ ਮੌਜੂਦ ਸਨ।

## ਸਰਦਾਰਾ ਸਿੰਘ ਲਾਛੜੂ ਨੂੰ ਸਦਮਾ, ਵੱਡੇ ਭਰਾ ਦਰਸ਼ਨ ਸਿੰਘ ਦਾ ਦੇਹਾਂਤ

ਘਨੌਰ, 17 ਮਾਰਚ ( ਰਾਜਿੰਦਰ ਸਿੰਘ ਕੰਬੋਜ) : ਪੱਤਰਕਾਰ ਸਰਦਾਰਾ ਸਿੰਘ ਲਾਛੜੂ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਵੱਡੇ ਭਰਾ ਦਰਸ਼ਨ ਸਿੰਘ ਬੀਤੀ ਰਾਤ ਅਕਾਲ ਚਲਾਣਾ ਕਰ ਗਏ। ਦੱਸਣਯੋਗ ਹੈ ਕਿ ਦਰਸ਼ਨ ਸਿੰਘ ਪਿਛਲੇ ਕਾਫੀ ਲੰਮੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ ਅਤੇ ਇਲਾਜ ਅਧੀਨ ਸਨ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਮਰਹੂਮ ਦਰਸ਼ਨ ਸਿੰਘ ਦਾ ਅੰਤਿਮ ਸਸਕਾਰ ਬੀਤੇ ਦਿਨੀਂ ਹਲਕਾ ਘਨੌਰ ਦੇ ਪਿੰਡ ਲਾਛੜੂ ਵਿਖੇ ਕੀਤਾ ਗਿਆ। ਅੰਤਿਮ ਸੰਸਕਾਰ ਦੌਰਾਨ ਇਲਾਕੇ ਦੇ ਵੱਡੀ ਗਿਣਤੀ ਵਿੱਚ ਸਿਆਸੀ, ਸਮਾਜਿਕ ਤੇ ਪੱਤਰਕਾਰ ਭਾਈਚਾਰੇ ਦੇ ਲੋਕਾਂ ਨੇ ਹਾਜ਼ਰੀ ਭਰੀ ਅਤੇ ਦੁਖੀ ਪਰਿਵਾਰ ਨਾਲ ਗਹਿਰਾ ਦੁੱਖ ਸਾਂਝਾ ਕੀਤਾ। ਹਾਜ਼ਰ ਲੋਕਾਂ ਨੇ ਮਰਹੂਮ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਪਰਿਵਾਰ ਨੂੰ ਇਹ ਦੁੱਖ ਸਹਿਣ ਦੀ ਤਾਕਤ ਬਖ਼ਸ਼ਣ ਦੀ ਕਾਮਨਾ ਕੀਤੀ। ਇਸ ਮੌਕੇ ਪੱਤਰਕਾਰਾਂ ਭਾਈਚਾਰੇ ਵਿਚੋਂ ਧਰਮਿੰਦਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਬੱਲ , ਭਾਗ ਸਿੰਘ ਅੰਟਾਲ ਰਾਜਿੰਦਰ ਸਿੰਘ ਮੋਹੀ, ਗੁਰਪ੍ਰੀਤ ਧੀਮਾਨ, ਸੁਖਦੇਵ ਸਿੰਘ ਵਿਰਕ ਖੁੱਡਾ ਇਸ ਮੌਕੇ ਵਿਧਾਇਕ ਗੁਰਲਾਲ ਘਨੌਰ,ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ, ਸਾਬਕਾ ਵਿਧਾਇਕ ਮਦਨ ਲਾਲ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਹਰਪ੍ਰੀਤ ਕੌਰ ਮੁਖਮੇਲਪੁਰਾ, ਜਸਪਾਲ ਸਿੰਘ ਗੰਗਰੋਲੀ, ਜਸਮੇਰ ਸਿੰਘ ਲਾਛੜੂ, ਵਿਕਾਸ ਸ਼ਰਮਾ (ਹਲਕਾ ਘਨੌਰ ਇੰਚਾਰਜ), ਪਾਖਰ ਸਿੰਘ ਕਾਮੀ, ਰਵਿੰਦਰ ਪਾਖਰ, ਸਰਬਜੀਤ ਸਿੰਘ ਝਿੰਜਰ, ਵਿੱਕੀ ਘਨੌਰ, ਗੁਰਸੇਵਕ ਅੰਟਾਲ, ਲਾਲ ਸਿੰਘ, ਅਵਤਾਰ ਸਿੰਘ ਸ਼ੇਰਾ, ਜਸਵਿੰਦਰ ਸਿੰਘ ਮੋਨੀ ਭਾਖਰ, ਸੁਖਦੇਵ ਸ਼ਰਮਾ, ਵਰਿੰਦਰ ਬਿੱਟੂ, ਜਰਨੈਲ ਸਿੰਘ ਹੈਪੀ ਕੰਬੋਜ ਅਤੇ ਸਤਿੰਦਰ ਕੌਰ ਸਮੇਤ ਕਈ ਹੋਰ ਪ੍ਰਮੁੱਖ ਹਸਤੀਆਂ ਮੌਜੂਦ ਰਹੀਆਂ।

## ਪਬਲਿਕ ਕਾਲਜ 'ਚ ਐਨ.ਸੀ.ਸੀ. ਰੈਂਕ ਸੈਰੇਮਨੀ ਸਮਾਗਮ

ਸਮਾਣਾ, 17 ਮਾਰਚ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਵਿੱਚ 5 ਪੰਜਾਬ ਬਟਾਲੀਅਨ ਐਨ.ਸੀ.ਸੀ. ਪਟਿਆਲਾ ਕੈਡਿਟਸ ਲਈ ਰੈਂਕ ਸੈਰੇਮਨੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਅਤੇ ਐਨ.ਸੀ.ਸੀ. ਅਫਸਰ ਲੈਫਟੀਨੈਂਟ (ਡਾ.) ਅਨਿਲ ਕੁਮਾਰ ਦੁਆਰਾ ਐਨ.ਸੀ.ਸੀ. ਕੈਡਿਟਸ ਨੂੰ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਲੀਡਰਸਿਪ ਸਮਰੱਥਾ ਦੇ ਅਧਾਰ ਤੇ ਵੱਖ-ਵੱਖ ਰੈਂਕ ਪ੍ਰਦਾਨ ਕੀਤੇ ਗਏ।ਸਮਾਗਮ ਦੀ ਸ਼ੁਰੂਆਤ ਐਨ.ਸੀ.ਸੀ. ਕੈਡਿਟਸ ਦੀ ਸ਼ਾਨਦਾਰ ਪਰੇਡ ਨਾਲ ਹੋਈ, ਜਿਸ ਦੌਰਾਨ ਕੈਡਿਟਸ ਨੇ ਪੂਰੇ ਉਤਸ਼ਾਹ ਅਤੇ ਅਨੁਸ਼ਾਸਨ ਨਾਲ ਪ੍ਰਦਰਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਕੈਡਿਟਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨ.ਸੀ.ਸੀ., ਕੈਡਿਟਸ ਵਿੱਚ ਦੇਸ਼



ਭਗਤੀ, ਅਨੁਸ਼ਾਸ਼ਨ ਅਤੇ ਲੀਡਰਸਿਪ ਦੇ ਗੁਣ ਵਿਕਸਿਤ ਕਰਦੀ ਹੈ। ਉਨ੍ਹਾਂ ਨੇ ਕੈਡਿਟਸ ਨੂੰ ਭਵਿੱਖ ਵਿੱਚ ਦੇਸ਼ ਸੇਵਾ ਲਈ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ। ਏ.ਐਨ.ਓ. ਡਾ. ਅਨਿਲ ਕੁਮਾਰ ਨੇ ਕਿਹਾ ਕਿ ਐਨ.ਸੀ.ਸੀ. ਟ੍ਰੇਨਿੰਗ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਫਿਜੀਕਲ ਫਿਟਨੈਸੱ ਅਤੇ ਜਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਮੌਕੇ 5 ਪੰਜਾਬ ਬਟਾਲੀਅਨ ਐਨ.ਸੀ.ਸੀ. ਪਟਿਆਲਾ ਤੋ ਉਚੇਚੇ ਤੌਰ ਤੇ ਪਹੁੰਚੇ ਪੀ.ਆਈ. ਸਟਾਫ ਹਵਲਦਾਰ ਹਰਦੀਪ ਸਿੰਘ ਨੇ ਕੈਡਿਟਸ ਨੂੰ ਐਨ.ਸੀ.ਸੀ. ਰੈਂਕਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਇਸ ਮੌਕੇ ਡਾ. ਮੋਨਿਟਾ ਸਲੂਜਾ, ਪ੍ਰੋ. ਹਰਪ੍ਰੀਤ ਕੌਰ (ਪੋਲੀਟੀਕਲ ਸਾਇੰਸ) ਡਾ. ਗੁਰਜਿੰਦਰ ਸਿੰਘ, ਪ੍ਰੋ. ਨਛੱਤਰ ਸਿੰਘ, ਡਾ. ਇਕਬਾਲ ਸਿੰਘ, ਡਾ.ਬਲਕਾਰ ਸਿੰਘ, ਡਾ. ਸ਼ੇਰ ਸਿੰਘ ਅਤੇ ਡਾ. ਸੋਹਣ ਕੁਮਾਰ ਮੌਜੂਦ ਰਹੇ। ਅੰਤ ਵਿੱਚ ਏ.ਐਨ.ਓ. ਲੈਫਟੀਨੈਂਟ ਡਾ. ਅਨਿਲ ਕੁਮਾਰ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਸਭ ਦਾ ਧੰਨਵਾਦ ਕੀਤਾ।



# ਪਟਿਆਲਾ-ਆਸ/ਪਾਸ



## ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਤਮਿਲਨਾਡੂ ਵਿਖੇ ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ 'ਚ ਮਾਰੀਆਂ ਮੱਲਾਂ




ਪਟਿਆਲਾ, 17 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਤਮਿਲਨਾਡੂ ਦੇ ਚੇਨੱਈ ਵਿਖੇ ਹੋਏ '39ਵੇਂ ਏ.ਆਈ.ਯੂ. ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ' ਦੌਰਾਨ ਨੌਂ ਕਲਾਤਮਿਕ ਵੰਨਗੀਆਂ ਵਿੱਚ ਭਾਗ ਲਿਆ ਅਤੇ ਇਨ੍ਹਾਂ ਸਾਰੀਆਂ ਹੀ ਵੰਨਗੀਆਂ ਵਿੱਚ ਜਿੱਤ ਪ੍ਰਾਪਤ ਕੀਤੀ। ਸਤਿਆਬਾਮਾਂ ਯੂਨੀਵਰਸਿਟੀ,ਚੇਨੱਈ ਵਿੱਚ ਹੋਏ ਇਸ ਯੁਵਕ ਮੇਲੇ ਦੌਰਾਨ ਪੰਜਾਬੀ ਯੂਨੀਵਰਸਿਟੀ ਨੇ ਇੰਡੀਅਨ ਗਰੁੱਪ ਸੌਂਗ, ਕਲਾਸੀਕਲ ਡਾਂਸ ਅਤੇ ਮਿਮਿਕਰੀ ਵਿੱਚ ਪਹਿਲਾ ਸਥਾਨ, ਕਲਾਸੀਕਲ ਵੋਕਲ, ਫੋਕ ਆਰਕੈਸਟਰਾ ਅਤੇ ਰੰਗੋਲੀ ਵਿੱਚ ਦੂਜਾ ਸਥਾਨ, ਕਾਰਟੂਨਿੰਗ ਵਿੱਚ ਤੀਜਾ ਸਥਾਨ ਅਤੇ ਕੋਲਾਜ ਅਤੇ ਪੋਸਟਰ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬੀ ਯੂਨੀਵਰਸਿਟੀ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੇ ਵਿਦਿਆਰਥੀਆਂ ਨੇ ਕੌਮੀ ਪੱਧਰ 'ਤੇ ਆਪਣੀ ਕਲਾ ਦਾ ਲੋਹਾ ਮਨਵਾਇਆ ਹੈ। ਇਹ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦਾ ਮਕਸਦ ਸਿਰਫ਼ ਅਕਾਦਮਿਕ ਸਿੱਖਿਆ ਦੇਣਾ ਹੀ ਨਹੀਂ, ਸਗੋਂ ਵਿਦਿਆਰਥੀਆਂ ਦੀਆਂ ਅੰਦਰੂਨੀ ਕਲਾਤਮਿਕ ਰੁਚੀਆਂ ਨੂੰ ਨਿਖਾਰਨਾ ਵੀ ਹੈ। ਅਜਿਹੀਆਂ ਪ੍ਰਾਪਤੀਆਂ ਨੇ ਸਾਬਤ ਕਰਦੀਆਂ ਹਨ ਕਿ ਸਾਡੇ ਨੌਜਵਾਨ ਆਪਣੀ ਵਿਰਾਸਤ ਅਤੇ ਕਲਾ ਨਾਲ ਡੂੰਘੀ ਤਰ੍ਹਾਂ ਜੁੜੇ ਹੋਏ ਹਨ।ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮ ਇੰਦਰ ਸਿੰਘ ਨੇ ਦੱਸਿਆ ਕਿ ਭਾਰਤ ਦੀਆਂ ਲਗਭਗ 150 ਯੂਨੀਵਰਸਿਟੀਆਂ ਤੋਂ ਲਗਭਗ 2500 ਵਿਦਿਆਰਥੀਆਂ ਨੇ ਆਪੋ ਆਪਣੇ ਜ਼ੋਨ ਵਿੱਚੋਂ ਜੇਤੂ ਹੋ ਕੇ ਇਸ ਕੌਮੀ ਪੱਧਰ ਦੇ ਯੁਵਕ ਮੇਲੇ ਵਿੱਚ ਹਿੱਸਾ ਲਿਆ ਸੀ।ਜ਼ਿਕਰਯੋਗ ਹੈ ਕਿ ਇਨ੍ਹਾਂ ਕਲਾਤਮਿਕ ਵੰਨਗੀਆਂ ਦੀ ਤਿਆਰੀ ਪ੍ਰੋ ਨਿਵੇਦਿਤਾ ਸਿੰਘ ਉੱਪਲ, ਡਾ. ਡੈਨੀ ਸ਼ਰਮਾ, ਵਿਜੇ ਯਮਲਾ, ਡਾ ਅਰਸ਼ ਕੌਰ ਭੱਟੀ, ਡਾ ਰਾਜਿੰਦਰ ਸੋਹਲ, ਡਾ. ਹਰਿੰਦਰ ਹੁੰਦਲ ਨੇ ਕਰਵਾਈ ਸੀ।ਇਨ੍ਹਾਂ ਟੀਮਾਂ ਨਾਲ਼ ਯੂਨੀਵਰਸਿਟੀ ਤੋਂ ਜਾਣ ਵਾਲੇ ਕਰਮਚਾਰੀਆਂ ਵਿੱਚ ਡਾ. ਜੇ.ਪੀ. ਸਿੰਘ, ਰੂਬਲ ਪ੍ਰੋ. ਅਦਲ ਅਤੇ ਰਮਨ ਵੜੈਚ ਸ਼ਾਮਿਲ ਸਨ।

## ਗਊਚਰਾਂਦ ਦੀ ਜ਼ਮੀਨ ਖਾਲੀ ਕਰਵਾ ਕੇ ਲਾਵਾਰਿਸ ਗਊਆਂ ਨੂੰ ਰੱਖਿਆ ਜਾਵੇਗਾ : ਚੇਅਰਮੈਨ ਕੀਮਤੀ ਭਗਤ

### ਗਊ ਸੁਰੱਖਿਆ ਲਈ ਟੋਲ-ਫ੍ਰੀ ਨੰਬਰ ਹੋਣਗੇ ਜਾਰੀ

ਪਟਿਆਲਾ, 17 ਮਾਰਚ (ਰੁਪਾਣਾ/ ਵਿਨੋਦ ਸ਼ਰਮਾ/ਦੀਪਕ ਜੈਦਕਾ) : ਗਊਚਰਾਂਦ ਦੀ ਜ਼ਮੀਨ ਨੂੰ ਤੁਰੰਤ ਕਬਜ਼ਾ ਮੁਕਤ ਕਰਵਾ ਕੇ ਉੱਥੇ ਲਾਵਾਰਿਸ ਗਊਧਨ ਦੀ ਸੰਭਾਲ ਯਕੀਨੀ ਬਣਾਈ ਜਾਵੇ । ਇਸ ਗੱਲ ਦਾ ਪ੍ਰਗਟਾਵਾ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ੍ਰੀ ਕੀਮਤੀ ਭਗਤ ਨੇ ਅੱਜ ਜ਼ਿਲ੍ਹਾ ਪੱਧਰ ਦੀ ਮਹੱਤਵਪੂਰਨ ਮੀਟਿੰਗ ਦੌਰਾਨ ਕੀਤਾ।ਉਨ੍ਹਾਂ ਇਹ ਵੀ ਕਿਹਾ ਕਿ ਲਾਵਾਰਿਸ ਗੋਧਨ ਸੰਬੰਧੀ ਸ਼ਿਕਾਇਤਾਂ ਅਤੇ ਜਾਣਕਾਰੀ ਲਈ ਜਲਦ ਹੀ ਟੋਲ ਫ੍ਰੀ ਨੰਬਰ ਜਾਰੀ ਕੀਤੇ ਜਾਣਗੇ, ਤਾਂ ਜੋ ਆਮ ਲੋਕ ਸਿੱਧੇ ਤੌਰ 'ਤੇ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਣ। ਇਸ ਮੀਟਿੰਗ ਵਿੱਚ ਗਊਸ਼ਾਲਾਵਾਂ ਦੇ ਪ੍ਰਧਾਨਾਂ ਦੇ ਨਾਲ-ਨਾਲ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਭਾਗ ਲਿਆ। ਇਸ ਮੌਕੇ ਸ੍ਰੀ ਤੇਜਿੰਦਰ ਮਹਿਤਾ (ਚੇਅਰਮੈਨ ਪਲੇਨਿੰਗ ਬੋਰਡ ਅਤੇ ਪ੍ਰਧਾਨ ਆਮ ਆਦਮੀ ਪਾਰਟੀ), ਮਹੰਤ ਰਵੀਕਾਂਤ ਮੁਨੀ ਜੀ ਸ੍ਰੀ ਰਵਿੰਦਰ ਸਿੰਗਲਾ , ਐਡਵੋਕੇਟ ਦੇਵਿੰਦਰ ਰਾਣਾ, ਸ੍ਰੀ ਸ਼ਾਮ ਲਾਲ, ਸ੍ਰੀ ਹਰੀਸ਼ ਮਲਹੋਤਰਾ, ਅਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਦਮਨਜੀਤ ਸਿੰਘ ਮਾਨ ਅਤੇ ਜੁਆਇੰਟ ਕਮਿਸ਼ਨਰ ਮਨਰੀਤ ਰਾਣਾ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਸ੍ਰੀ ਕੀਮਤੀ ਭਗਤ ਨੇ ਸਖ਼ਤ ਰੁੱਖ ਅਪਣਾਉਂਦਿਆਂ ਕਿਹਾ ਕਿ ਪੰਜਾਬ ਦੀਆਂ ਸੜਕਾਂ 'ਤੇ ਇਕ ਵੀ ਲਾਵਾਰਿਸ ਜਾਂ ਬੇਸਹਾਰਾ ਗਊ ਨਹੀਂ ਦਿਖਣੀ ਚਾਹੀਦੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗਊਧਨ ਦੀ ਸੁਰੱਖਿਆ ਸਿਰਫ ਧਾਰਮਿਕ ਨਹੀਂ, ਸਗੋਂ ਸਮਾਜਕ ਅਤੇ ਆਰਥਿਕ ਜ਼ਿੰਮੇਵਾਰੀ ਵੀ ਹੈ। ਸੜਕਾਂ 'ਤੇ ਫਿਰਦੀਆਂ ਲਾਵਾਰਿਸ ਗਊਆਂ ਕਾਰਨ ਹੋਣ ਵਾਲੇ ਹਾਦਸਿਆਂ ਵਿੱਚ ਕੀਮਤੀ ਜਾਨਾਂ ਜਾਂਦੀਆਂ ਹਨ, ਕਿਸਾਨਾਂ ਦੀਆਂ



ਫ਼ਸਲਾਂ ਨੂੰ ਨੁਕਸਾਨ ਪਹੁੰਚਦਾ ਹੈ ਅਤੇ ਟ੍ਰੈਫਿਕ ਦੀਆਂ ਸਮੱਸਿਆਵਾਂ ਵੀ ਵਧਦੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਸਾਰੇ ਪੰਜਾਬ ਵਿੱਚ ਚਲਾਈ ਜਾ ਰਹੀ ਹੈ ਅਤੇ ਹਰ ਜ਼ਿਲ੍ਹੇ ਵਿੱਚ ਇਸ ਤਰ੍ਹਾਂ ਦੀਆਂ ਮੀਟਿੰਗਾਂ ਕਰਕੇ ਹਾਲਾਤਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਪਟਿਆਲਾ ਵਿੱਚ ਗੋਚਰ ਅਤੇ ਗਊਸ਼ਾਲਾ ਦੀਆਂ ਜ਼ਮੀਨਾਂ 'ਤੇ ਜਿਨ੍ਹਾਂ ਦਬੰਗ ਵਿਅਕਤੀਆਂ ਨੇ ਗੈਰਕਾਨੂੰਨੀ ਕਬਜ਼ੇ ਕੀਤੇ ਹੋਏ ਹਨ, ਉਹਨਾਂ ਨੂੰ ਤੁਰੰਤ ਹਟਾਇਆ ਜਾਵੇ। ਓਹਨਾਂ ਨਗਰ ਨਿਗਮ ਨੂੰ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਸ਼ਹਿਰ ਵਿੱਚ ਲਾਵਾਰਿਸ ਪਸ਼ੂਆਂ ਦੀ ਸੰਭਾਲ ਲਈ ਤੁਰੰਤ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਐਸਐਸਪੀ ਨੂੰ ਹੁਕਮ ਦਿੱਤਾ ਕਿ ਗਊ ਸੁਰੱਖਿਆ ਸੈੱਲ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਇਸ ਸੰਬੰਧੀ ਸਟੇਟਸ ਰਿਪੋਰਟਾਂ ਨਿਯਮਿਤ ਤੌਰ 'ਤੇ ਭੇਜੀਆਂ ਜਾਣ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਗਊਆਂ ਦੀ ਵੈਕਸੀਨੇਸ਼ਨ ਯਕੀਨੀ ਬਣਾਈ ਜਾਵੇ ਅਤੇ ਗਊਸ਼ਾਲਾਵਾਂ ਵਿੱਚ ਦਵਾਈਆਂ ਦਾ ਪੂਰਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਗਊਸ਼ਾਲਾ ਸੇਵਕਾਂ ਵੱਲੋਂ ਦਿੱਤੇ ਵਿਸ਼ਵਾਸ ਦਾ ਸਵਾਗਤ ਕਰਦਿਆਂ ਕਿਹਾ ਕਿ ਸਰਕਾਰ ਅਤੇ ਸਮਾਜ ਦੇ ਸਾਂਝੇ ਯਤਨਾਂ ਨਾਲ ਹੀ ਇਸ ਮੁਹਿੰਮ ਨੂੰ ਸਫਲ ਬਣਾਇਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪਟਿਆਲਾ ਵਿਚ 39 ਗਊਸ਼ਾਲਾਵਾਂ ਹਨ ਜਿਹਨਾਂ ਦੇ ਬਿੱਲ ਮਾਫ਼ ਕੀਤੇ ਗਏ ਸਨ । ਜਿਹਨਾਂ 9 ਗਊਸ਼ਾਲਾਵਾਂ ਰਹਿ ਗਈਆਂ ਹਨ ਉਹਨਾਂ ਦੇ ਬਿਜਲੀ ਦੇ ਬਿੱਲ ਵੀ ਮਾਫ਼ ਕੀਤੇ ਜਾਣਗੇ , ਤਾਂ ਜੋ ਇਹ ਸੰਸਥਾਵਾਂ ਆਰਥਿਕ ਬੋਝ ਤੋਂ ਬਚ ਸਕਣ। ਅਖੀਰ ਵਿੱਚ ਵਧੀਕ ਡਿਪਟੀ ਕਮਿਸ਼ਨਰ ਨੂੰ ਨਿਰਦੇਸ਼ ਦਿੱਤੇ ਗਏ ਕਿ ਇਸ ਮਾਮਲੇ ਦੀ ਪ੍ਰਗਤੀ ਦੀ ਸਮੀਖਿਆ ਲਈ ਹਰ ਮਹੀਨੇ ਮੀਟਿੰਗ ਕਰਵਾਈ ਜਾਵੇ। ਉਨ੍ਹਾਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਗਊਧਨ ਦੀ ਸੁਰੱਖਿਆ ਲਈ ਸਰਕਾਰ ਦਾ ਸਾਥ ਦੇਣ ਅਤੇ ਇਸ ਪਵਿੱਤਰ ਕੰਮ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਡਿਪਟੀ ਡਾਇਰੈਕਟਰ ਪਸ਼ੂਪਾਲਣ ਵਿਭਾਗ ਡਾ.ਬਿਕਰਮਜੀਤ ਸਿੰਘ , ਸਹਾਇਕ ਡਾਇਰੈਕਟਰ ਸੋਨਿੰਦਰ ਕੌਰ, ਸਹਾਇਕ ਡਾਇਰੈਕਟਰ ਰਾਜਨੀਕ ਭੌਰਾ, ਜਤਿੰਦਰ ਸਿੰਘ, ਅਮਨਦੀਪ ਸਿੰਘ, ਜਗਪ੍ਰੀਤ ਸਿੰਘ ਮੌਜੂਦ ਸਨ।

## ਸਮਾਣਾ 'ਚ ਗੁਟਕਾ ਸਾਹਿਬ ਦੀ ਬੇਅਦਬੀ

ਸਮਾਣਾ, 17 ਮਾਰਚ (ਵਿਜੇ ਕੁਮਾਰ) : ਪਿਛਲੇ 17 ਮਹੀਨਿਆਂ ਤੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ



ਲੈ ਕੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਪਰ ਦੂਜੇ ਪਾਸੇ ਸਮਾਣਾ ਵਿੱਚ ਗੁਟਕਾ ਸਾਹਿਬ ਦੀ ਬੇਅਦਬੀ ਹੋਣ ਦੀ ਘਟਨਾ ਵਾਪਰ ਗਈ ਹੈ। ਇਹ ਘਟਨਾ ਬਾਬਾ ਬੰਦਾ ਸਿੰਘ ਬਹਾਦਰ ਚੌਕ, ਜਿੱਥੇ ਬੇਅਦਬੀ ਖ਼ਿਲਾਫ਼ ਪਹਿਲਾਂ ਹੀ ਧਰਨਾ ਚੱਲ ਰਿਹਾ ਹੈ, ਦੇ ਬਿਲਕੁਲ ਨਜ਼ਦੀਕ ਵਾਪਰੀ ਹੈ। ਇਸ ਘਟਨਾ ਕਾਰਨ ਸਿੱਖ ਭਾਈਚਾਰੇ ਅਤੇ ਚੌਕ ਵਿੱਚ ਧਰਨੇ 'ਤੇ ਬੈਠੀ ਸੰਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਮੰਗਲਵਾਰ ਸਵੇਰੇ ਕਰੀਬ 9 ਵਜੇ ਭਵਾਨੀਗੜ੍ਹ ਰੋਡ 'ਤੇ ਸ੍ਰੀ ਗੁਟਕਾ ਸਾਹਿਬ ਜੀ ਦੇ ਅੰਗ ਖਿਲਰੇ ਹੋਏ ਮਿਲੇ। ਇਨ੍ਹਾਂ 'ਤੇ ਸਭ ਤੋਂ ਪਹਿਲੀ ਨਜ਼ਰ ਭਵਾਨੀਗੜ੍ਹ ਰੋਡ ਦੇ ਦੁਕਾਨਦਾਰਾਂ ਦੀ ਪਈ, ਜਿਸ ਤੋਂ ਬਾਅਦ ਘਟਨਾ ਵਾਲੀ ਥਾਂ 'ਤੇ ਸ਼ਹਿਰ ਦੇ ਲੋਕ ਇਕੱਠੇ ਹੋਣੇ ਸ਼ੁਰੂ ਹੋ ਗਏ। ਇਸ ਘਟਨਾ ਦੀ ਸੂਚਨਾ ਤੁਰੰਤ ਸਿਟੀ ਪੁਲਿਸ ਥਾਣਾ ਸਮਾਣਾ ਨੂੰ ਦਿੱਤੀ ਗਈ। ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ, ਪਰ ਫਿਲਹਾਲ ਕੋਈ ਸੁਰਾਗ ਹੱਥ ਨਹੀਂ ਲੱਗ ਸਕਿਆ। ਡੀਐਸਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਦੱਸਿਆ ਕਿ ਘਟਨਾ ਦੀ ਬਾਰੀਕੀ ਨਾਲ ਜਾਂਚ ਲਈ ਫੋਰੈਂਸਿਕ/ ਪ੍ਰੋਸੈਸਿੰਗ ਟੀਮ ਜਲਦੀ ਹੀ ਮੌਕੇ 'ਤੇ ਪਹੁੰਚ ਰਹੀ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਇਸ ਮੰਦਭਾਗੀ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਿਸ ਹਰ ਪਹਿਲੂ 'ਤੇ ਕੰਮ ਕਰ ਰਹੀ ਹੈ।

## ਚੌਥਾ ਦਰਜਾ ਮੁਲਾਜ਼ਮਾਂ ਨੇ ਰੈਲੀਆਂ ਕਰਕੇ ਫੂਕਿਆ ਸਰਕਾਰ ਦਾ ਬਜਟ



ਪਟਿਆਲਾ, 17 ਮਾਰਚ (ਰੁਪਾਣਾ) : ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵਲੋਂ ਦਿੱਤੇ ਸੱਦੇ 'ਤੇ ਸੂਬੇ ਭਰਦੇ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜ਼ਮਾਂ ਨੇ ਜਿਲਾ ਖਜ਼ਾਨਾ ਦਫਤਰਾਂ ਅੱਗੇ ਵਿਸ਼ਾਲ ਰੈਲੀਆਂ ਕਰਕੇ ਪੰਜਾਬ ਸਰਕਾਰ ਦਾ ਖੋਖਲਾ ਬੱਜਟ ਸਾੜ ਦਿੱਤਾ। ਯੂਨੀਅਨ ਦੇ ਸੂਬਾਈ ਪ੍ਰਮੁੱਖ ਆਗੂਆਂ ਦਰਸ਼ਨ ਸਿੰਘ ਲੁਬਾਣਾ, ਸੁਖਦੇਵ ਸਿੰਘ ਸੁਰਤਾਪੁਰੀ, ਰਣਜੀਤ ਸਿੰਘ ਰਾਣਵਾਂ, ਜ਼ਸਵਿੰਦਰ ਪਾਲ ਉਂਘੀ, ਦੀਪ ਚੰਦ ਹੰਸ, ਮਲਾ ਸਿੰਘ ਪੁਨਾਵਾਲ, ਵੇਦ ਪ੍ਰਕਾਸ਼ ਜਲੰਧਰ, ਡਿੰਪਲ ਰਹੇਲਾ, ਰਾਮ ਲਾਲ ਰਾਮਾ, ਗੁਰਮੇਲ ਸਿੰਘ ਮੈਡਲੇ, ਸੁਭਾਸ਼ ਮੱਟੂ ਜਲੰਧਰ, ਚੰਦਨ ਸਿੰਘ, ਕ੍ਰਿਸ਼ਨ ਪ੍ਰਸਾਦ ਚੰਡੀਗੜ੍ਹ, ਪਵਨ ਮੋਡੀਆਲ ਮੁਹਾਲੀ, ਆਰ.ਪੀ. ਭੱਟੀ ਕਪੂਰਥਲਾ, ਸੀਤਾ ਰਾਮ ਸ਼ਰਮਾ, ਕ੍ਰਿਸ਼ਨ ਬਠਿੰਡਾ, ਜਗਤਾਰ ਲਾਲ ਸਮਾਣਾ ਆਦਿ ਆਗੂਆਂ ਨੇ ਵੱਖ—ਵੱਖ ਥਾਵਾਂ ਤੇ ਬਜਟ ਫੂਕ ਰੈਲੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿੱਤ ਮੰਤਰੀ ਭਾਵੇਂ ਕਿ ਦਲਿਤ ਸਮਾਜ ਨਾਲ ਸਬੰਧਤ ਹਨ, ਪਰੰਤੂ 85 ਫੀਸਦੀ ਦਲੀਤ ਸਮਾਜ ਨਾਲ ਸਬੰਧਤ ਚੌਥਾ ਦਰਜਾ ਮੁਲਾਜ਼ਮਾਂ ਨੂੰ ਜਿਸ ਵਿੱਚ ਨਗਰ ਨਿਗਮ, ਨਗਰ ਕੌਂਸਲਾ ਅਤੇ ਨਗਰ ਪ੍ਰੀਸ਼ਦਾਂ ਆਦਿ ਅਦਾਰਿਆਂ ਵਿੱਚ ਕੰਮ ਕਰਦੇ ਸਫਾਈ ਸੇਵਕਾਂ, ਸਿਵਰਮੈਨਾਂ ਨੂੰ ਬਜਟ ਵਿੱਚ ਕੋਈ ਰਾਹਤ ਦੀ ਵਿਵਸਥਾ ਨਹੀਂ ਕੀਤੀ ਅਤੇ ਨਾ ਹੀ ਵਰਕਚਾਰਜ, ਦਿਹਾੜੀਦਾਰ, ਟੈਂਪਰੇਰੀ, ਅਡਹਾਕ, ਕੰਟਰੈਕਟ, ਆਊਟਸੋਰਸ, ਮਸਟਰੋਲਾ, ਪਾਰਟ ਟਾਇਮ, ਸਕੀਮ ਕਰਮੀਆਂ ਨੂੰ ਪੱਕੇ ਕਰਨ ਦਾ ਐਲਾਨ ਕੀਤਾ ਹੈ। ਇੱਥੋਂ ਤੱਕ ਕਿ ਮਾਨਯੋਗ ਉੱਚ ਅਦਾਲਤਾਂ ਦੇ ਵਾਰ—ਵਾਰ ਆਏ ਫੈਸਲਿਆਂ ਦੇ ਬਾਵਜੂਦ ਬਰਾਬਰ ਕੰਮ ਬਰਾਬਰ ਤਨਖਾਹ ਦੇਣ ਦੇ ਫੈਸਲੇ ਲਾਗੂ ਕਰਨ ਤੇ ਸੇਵਾਵਾਂ ਦੀਆਂ ਨਿਯਮਤ ਨਿਯੁਕਤੀਆਂ ਕਰਨ ਅਤੇ ਠੇਕੇਦਾਰੀ ਪ੍ਰਥਾ ਦਾ ਖਾਤਮਾ ਕਰਨ ਵਰਗੇ ਇਸ਼ੂਆਂ ਦਾ ਜਿਕਰ ਕੀਤਾ ਹੈ, ਤਾਂ ਇਹ ਮੁਲਾਜਮ ਮਜ਼ਦੂਰ, ਦਲਿਤ ਵਿਰੋਧੀ ਬਜਟ ਦੀ ਸਾੜ ਫੂਕ ਰੈਲੀ ਕਰਨੀ ਬਨਦੀ ਸੀ। ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਨੇ ਕਿਹਾ ਕਿ ਪੰਜਾਬ ਦੇ ਖਜਾਨਾ ਮੰਤਰੀ ਜੀ ਵੱਲੋਂ ਜੋ 8 ਮਾਰਚ ਨੂੰ ਸਾਲ 2026—27 ਲਈ ਵਿਧਾਨ ਸਭਾ ਵਿੱਚ ਬਜਟ ਪੇਸ਼ ਕੀਤਾ ਹੈ ਉਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਡਿਊ 16 ਫੀਸਦੀ ਡੀ.ਏ ਅਤੇ ਏਰੀਅਰ ਬਾਰੇ ਕਾਣੀ ਕੌਡੀ ਵੀ ਨਹੀਂ ਰੱਖੀ ਗਈ, ਪੁਰਾਣੀ ਪੈਨਸ਼ਨ ਸਕੀਮ, 15—01—2015 ਰਾਹੀਂ ਪਰਖ ਕਾਲ ਸਮੇਂ ਵਿੱਚ ਸਿਰਫ ਬੇਸਿਕ ਪੇਅ ਦੇਣ ਅਤੇ 17 ਜੁਲਾਈ 2020 ਤੋਂ ਭਰਤੀ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਦੀ ਬਜਾਏ ਪੰਜਾਬ ਦੇ ਸਕੇਲ ਲਾਗੂ ਕਰਨ ਅਤੇ ਕੱਟੇ 37 ਕਿਸਮ ਦੇ ਭੱਤਿਆਂ ਦੀ ਬਹਾਲੀ, ਕੱਚੇ, ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨਾ, ਸਕੀਮ ਵਰਕਰਾਂ ਨੂੰ ਪੱਕਾ ਕਰਨਾ, ਸਰਕਾਰੀ ਸਕੂਲਾਂ ਵਿਚਲਿਆਂ ਮਿਡ—ਡੇ—ਮਿਲ ਵਰਕਰਾਂ ਅਤੇ ਸਫਾਈ ਸੇਵਕ 3000/— ਰੁਪਏ ਤੇ ਚੌਕੀਦਾਰ 5000/— ਰੁਪਏ ਨੂੰ ਘੱਟੋ—ਘੱਟ 35000/— ਰੁਪਏ ਉਜਰਤਾ ਦੇਣ ਤੇ ਪੱਕਾ ਕਰਨਾ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ ਅਤੇ 01—01—2026 ਤੋਂ ਸੱਤਵੇਂ ਪੇਅ ਕਮਿਸ਼ਨ ਦੀ ਸਥਾਪਨਾ ਆਦਿ ਬਾਰੇ ਬਜਟ ਵਿੱਚ ਕੋਈ ਜਿਕਰ ਤੱਕ ਨਹੀਂ ਕੀਤਾ ਗਿਆ। ਇਸ ਮੌਕੇ ਤੇ ਜੋ ਆਗੂ ਸ਼ਾਮਲ ਸਨ ਉਹਨਾਂ ਵਿੱਚ ਰਾਮ ਲਾਲ ਰਾਮਾ, ਸ਼ਿਵ ਚਰਨ, ਸੂਰਜ ਪਾਲ ਯਾਦਵ, ਦੀਪ ਚੰਦ ਹੰਸ, ਗੁਰਦਰਸ਼ਨ ਸਿੰਘ, ਸੰਦੀਪ ਬਾਲੀ, ਇੰਦਰਪਾਲ ਵਾਲਿਆ, ਸਤਿਨਰਾਇਣ ਗੋਨੀ, ਮੋਹਨ ਲਾਲ, ਨੀਸ਼ਾ ਰਾਣੀ, ਰਾਜੇਸ਼ ਗੋਲੂ, ਸਵਰਨ ਸਿੰਘ ਬੰਗਾ, ਮੱਖਣ ਸਿੰਘ ਆਬਕਾਰੀ, ਮੇਘੂ ਰਾਮ, ਵੇਦ ਪ੍ਰਕਾਸ਼, ਪ੍ਰਕਾਸ਼ ਸਿੰਘ ਲੁਬਾਣਾ, ਜ਼ਸਪਾਲ ਸਿੰਘ ਮਹਿਮਾ, ਉਂਕਾਰ ਸਿੰਘ ਦਮਨ, ਰਾਜੇਸ਼ ਕੁਮਾਰ, ਸੁਭਾਸ਼, ਰਾਮ ਜ਼ੋਧਾ, ਕਰਮਜੀਤ ਸਿੰਘ ਟਿੱਕਾ, ਹਰਬੰਸ ਵਰਮਾ, ਰਤਨਜੀਤ, ਸੰਜੀਵ ਕੁਮਾਰ, ਬਲਜੀਤ ਸਿੰਘ ਬੱਲੀ, ਤਰਲੋਚਨ ਮੰਡੋਲੀ, ਤਰਲੋਚਨ ਮਾੜੂ, ਸੋਮ ਨਾਥ, ਦਯਾ ਸ਼ੰਕਰ, ਜ਼ਸਪਾਲ ਸਿੰਘ, ਰਾਜ ਕੁਮਾਰ ਸਨੌਰ, ਹੈਪੀ ਸਨੌਰ, ਅਮਰਨਾਥ, ਹਰਨਾਮ ਸਿੰਘ, ਸਤਨਾਮ ਸਿੰਘ, ਰਾਮ ਦਾਸ, ਹਰਦੀਪ ਸਿੰਘ, ਸੁਨਿਲ ਦੱਤ, ਰਾਮ ਜ਼ੋਧਾ, ਮੋਨਿਕਾ, ਕਮਲੇਸ਼ ਗੋਨੀ ਹਾਜ਼ਰ ਸਨ।

## ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ

ਪਟਿਆਲਾ, 17 ਮਾਰਚ (ਚ.ਨ.ਸ.) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਸਾਹਿਬ ਕੌਰ ਖ਼ਾਲਸਾ ਗਰਲਜ਼ ਕਾਲਜ ਆਫ਼ ਐਜੂਕੇਸ਼ਨ ਧਾਮੋ ਮਾਜਰਾ, ਪਟਿਆਲਾ ਵਿਖੇ ਗੁਰਮਤਿ ਚੇਤਨਾ ਸਭਾ ਵੱਲੋਂ ਸ੍ਰੀ ਗੁਰੂ ਹਰਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸਿੱਖ ਵਾਤਾਵਰਣ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਸਟਾਫ਼ ਵੱਲੋਂ ਸ੍ਰੀ ਜਪੁਜੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕਰਨ ਉਪਰੰਤ ਸਰਬਤ ਦੇ ਭਲੇ ਲਈ ਅਰਦਾਸ ਕੀਤੀ ਗਈ। ਕਾਲਜ ਪ੍ਰਿੰਸੀਪਲ, ਡਾ. ਹਰਮੀਤ ਕੌਰ ਆਨੰਦ ਨੇ ਸ੍ਰੀ ਗੁਰੂ ਹਰਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸ੍ਰੀ ਅੰਮ੍ਰਿਤਸਰ ਸਾਹਿਬ ਦੇ ਉਦਮ ਵੱਜੋਂ ਇਹ ਸਿੱਖ ਵਾਤਾਵਰਨ ਦਿਵਸ ਮਨਾਇਆ ਜਾ ਰਿਹਾ ਹੈ । ਉਨ੍ਹਾਂ ਨੇ ਕਿਹਾ ਕਿ ਅਸੀਂ ਪਰਮਾਤਮਾ ਵੱਲੋਂ ਮਿਲੇ ਵਡਮੁੱਲੇ ਤੋਹਫ਼ੇ ਹਵਾ, ਪਾਣੀ ਅਤੇ ਧਰਤੀ ਨੂੰ ਰੁੱਖ ਲਗਾ ਕੇ ਸੁਰੱਖਿਅਤ ਰੱਖ ਸਕਦੇ ਹਾਂ ਪਰ ਇਸਦੇ ਲਈ ਜ਼ਰੂਰਤ ਹੈ ਹਰ ਇੱਕ ਮਨੁੱਖ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਹੋਣ ਦੀ। ਉਨ੍ਹਾਂ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬਾਨ ਦੀ ਸਿੱਖਿਆਵਾਂ ਅਤੇ ਸਿਧਾਤਾਂ ਨੂੰ ਆਪਣੇ ਜੀਵਨ ਵਿੱਚ ਉਤਾਰਨ ਦੀ ਲੋੜ ਹੈ, ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਸਹੀ ਦਿਸ਼ਾ ਪ੍ਰਦਾਨ ਕੀਤੀ ਜਾ ਸਕੇ ਅਤੇ ਉਹ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾ ਸਕਣ। ਸ. ਤੇਜਪਾਲ ਸਿੰਘ (ਧਾਰਮਿਕ ਅਧਿਆਪਕ) ਨੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ ਬਾਰੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਵੱਲੋਂ ਕਾਲਜ ਕੈਂਪਸ ਵਿੱਚ ਫ਼ਲਦਾਰ ਪੌਦੇ ਲਗਾਏ ਗਏ।

## ਮਲੇਰਕੋਟਲਾ ਪੁਲਿਸ ਵੱਲੋਂ ਰੋਜ਼ਾ ਇਫ਼ਤਾਰ ਪਾਰਟੀ ਰਾਹੀਂ ਭਾਈਚਾਰਕ ਸਾਂਝ ਅਤੇ ਧਾਰਮਿਕ ਸਹਿਯੋਗ ਦਾ ਦਿੱਤਾ ਸੰਦੇਸ਼



ਮਲੇਰਕੋਟਲਾ, 17 ਮਾਰਚ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮਾਲੇਰਕੋਟਲਾ ਪੁਲਿਸ ਵੱਲੋਂ ਪਵਿੱਤਰ ਰਮਜ਼ਾਨ ਮਹੀਨੇ ਦੇ ਮੌਕੇ 'ਤੇ ਰੋਜ਼ਾ ਇਫ਼ਤਾਰ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਸ਼ਿਰਕਤ ਕਰਕੇ ਭਾਈਚਾਰਕ ਸਾਂਝ ਅਤੇ ਧਾਰਮਿਕ ਏਕਤਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਖ਼ਾਸ ਤੌਰ 'ਤੇ ਹਾਜ਼ਰੀ ਭਰਦੇ ਹੋਏ ਸਭ ਨੂੰ ਰਮਜ਼ਾਨ ਦੀਆਂ ਮੁਬਾਰਕਾਂ ਦਿੱਤੀਆਂ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮਾਲੇਰਕੋਟਲਾ ਹਮੇਸ਼ਾਂ ਤੋਂ ਭਾਈਚਾਰੇ, ਆਪਸੀ ਪਿਆਰ ਅਤੇ ਧਾਰਮਿਕ ਸਹਿਯੋਗ ਦੀ ਮਿਸਾਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿੱਚ ਆਪਸੀ ਸਤਿਕਾਰ, ਸਹਿਣਸ਼ੀਲਤਾ ਅਤੇ ਇਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਪੁਲਿਸ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਲੋਕਾਂ ਅਤੇ ਪੁਲਿਸ ਦਰਮਿਆਨ ਭਰੋਸੇ ਅਤੇ ਸਹਿਯੋਗ ਦੀ ਭਾਵਨਾ ਹੋਰ ਮਜ਼ਬੂਤ ਹੁੰਦੀ ਹੈ। ਐੱਸ.ਐੱਸ.ਪੀ ਗਗਨ ਅਜੀਤ ਸਿੰਘ ਨੇ ਕਿਹਾ ਕਿ ਅਜਿਹੇ ਸਮਾਗਮਾਂ ਦਾ ਮਕਸਦ ਸਮਾਜ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਕ ਇਕਤਾ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਦੀ ਗੰਗਾ-ਜਮਨੀ ਤਹਜ਼ੀਬ ਨੂੰ ਕਾਇਮ ਰੱਖਣ ਲਈ ਸਾਰੇ ਵਰਗਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਫ਼ਤਾਰ ਪਾਰਟੀ ਦੌਰਾਨ ਅਮਨ, ਭਾਈਚਾਰੇ ਅਤੇ ਆਪਸੀ ਸਹਿਯੋਗ ਦਾ ਸੁਨੇਹਾ ਦਿੱਤਾ ਗਿਆ। ਰੋਜ਼ਾ ਇਫ਼ਤਾਰ ਪਾਰਟੀ ਦੌਰਾਨ ਖ਼ਾਸ ਤੌਰ ਤੇ ਮੁਸਲਿਮ ਵਰਗ ਨਾਲ ਸਬੰਧਿਤ ਪੱਤਰਕਾਰ ਭਾਈਚਾਰੇ ਦੇ ਮੈਂਬਰਾਂ ਨੇ ਵੀ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸਭ ਨੇ ਇਕੱਠੇ ਬੈਠ ਕੇ ਰੋਜ਼ਾ ਖੋਲ੍ਹਿਆ ਅਤੇ ਅਦਬ ਅਤੇ ਸਤਿਕਾਰ ਨਾਲ ਨਮਾਜ਼ ਅਦਾ ਕਰਕੇ ਆਪਸੀ ਭਾਈਚਾਰੇ ਅਤੇ ਸਾਂਝ ਦੀ ਭਾਵਨਾ ਨੂੰ ਪ੍ਰਗਟਾਇਆ।

## ਆਜ਼ਾਦੀ ਘੁਲਾਟੀਆਂ ਦੇ ਵਫ਼ਦ ਨੇ ਡੀ.ਸੀ. ਵਰਜੀਤ ਵਾਲੀਆ ਨੂੰ ਦਿੱਤਾ ਮੈਮੋਰੰਡਮ



ਪਟਿਆਲਾ, 17 ਮਾਰਚ (ਚ.ਨ.ਸ.): ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆ ਅਤੇ ਉਹਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ. 234 ਦੇ ਜ਼ਿਲ੍ਹਾ ਇਕਾਈ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਇਕੱਤਰਤਾ ਮਿੰਨੀ ਸਕੱਤਰੇਤ ਪਟਿਆਲਾ ਵਿਖੇ ਹੋਈ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ ਅਤੇ ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਜ਼ਿਲ੍ਹਾ ਪਟਿਆਲਾ ਦੇ ਦੇਸ਼ ਭਗਤ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸ਼ਾਮਲ ਹੋਏ। ਜ਼ਿਲ੍ਹਾ ਜਥੇਬੰਦੀ ਨੇ ਪਿਛਲੇ ਲੰਮੇ ਸਮੇਂ ਤੋਂ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀਆਂ ਨਜ਼ਰ ਅੰਦਾਜ ਕੀਤੀਆਂ ਜਾ ਰਹੀਆਂ ਸਨਮਾਨ ਸਹੂਲਤਾਂ ਸਬੰਧੀ ਆਵਾਜ਼ ਬੁਲੰਦ ਕਰਦਿਆਂ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨਾਲ ਮੁਲਾਕਾਤ ਕੀਤੀ ਗਈ। ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੁਲਾਕਾਤ ਦੌਰਾਨ ਜ਼ਿਲ੍ਹਾ ਪਟਿਆਲਾ ਦੇ ਸੁਤੰਤਰਤਾ ਸੰਗਰਾਮੀ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਜਾਣੂੰ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਭਲਾਈ ਲਈ ਮਹੀਨੇਵਾਰ ਮੀਟਿੰਗ ਕਰਵਾਉਣ ਦਾ ਪੱਤਰ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਸਕੂਲਾਂ ਦੇ ਨਾਮ ਸੁਤੰਤਰਤਾ ਸੰਗਰਾਮੀਆ ਦੇ ਨਾਮ ਤੇ ਰੱਖਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨੂੰ ਅਪੀਲ ਕੀਤੀ ਗਈ। ਇਕੱਤਰਤਾ ਦੌਰਾਨ ਦੇਸ਼ ਭਗਤ ਪਰਿਵਾਰਾਂ ਨੇ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਦਿਨਾਂ ਵਿੱਚ ਹੋਣ ਵਾਲੀ ਮਹੀਨੇਵਾਰ ਮੀਟਿੰਗ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਪਟਿਆਲਾ ਵੱਲੋਂ ਕੀਤੀ ਜਾਵੇ, ਤਾਂ ਜੋ ਲੰਮੇ ਸਮੇਂ ਤੋਂ ਨਜ਼ਰਅੰਦਾਜ਼ ਕੀਤੀਆਂ ਸਮੱਸਿਆਵਾਂ ਦੇ ਹੱਲ ਸਬੰਧੀ ਯਤਨ ਕੀਤੇ ਜਾ ਸਕਣ। ਇਕੱਤਰਤਾ ਦੌਰਾਨ ਇੰਦਰਪਾਲ ਸਿੰਘ ਧਾਲੀਵਾਲ ਸੂਬਾ ਜਰਨਲ ਸਕੱਤਰ, ਅਮਰਪ੍ਰੀਤ ਸਿੰਘ ਬੋਬੀ ਪ੍ਰਧਾਨ ਜ਼ਿਲ੍ਹਾ ਪਟਿਆਲਾ, ਰਾਜ ਕੁਮਾਰ ਡਕਾਲਾ, ਗੁਰਇਕਬਾਲ ਸਿੰਘ ਸੰਧੂ, ਕਮਲਦੀਪ ਸਿੰਘ ਗਿੱਲ ਦਫ਼ਤਰ ਇੰਚਾਰਜ, ਬਲਵਿੰਦਰ ਸਿੰਘ, ਸੁਖਵਿੰਦਰ ਕੌਰ, ਰਜਿੰਦਰ ਵਢੇਰਾ, ਪ੍ਰਵੀਨ ਕੁਮਾਰੀ, ਪਰਮ ਗੁਰਤੇਜ ਸਿੰਘ, ਰਘੂਵੀਰ ਸਿੰਘ, ਹਰਦੀਪ ਸਿੰਘ ਕੌਲੀ, ਇੰਦਰਪਾਲ ਸਿੰਘ ਵਿਰਕ, ਨਰਿੰਦਰ ਸਿੰਘ ਨੰਬਰਦਾਰ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।

## ਜੇਲ੍ਹ 'ਚੋਂ ਮੋਬਾਇਲ ਫ਼ੋਨ ਤੇ ਹੋਰ ਸਮਾਨ ਬ੍ਰਾਮਦ

ਪਟਿਆਲਾ, 17 ਮਾਰਚ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਕਰਨੈਲ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀ ਹਵਾਲਾਤੀ ਗਗਨਦੀਪ ਸਿੰਘ ਵਾਸੀ ਪਿੰਡ ਸੂਰਤ ਮਨੋਲੀ ਥਾਣਾ ਬਨੂੰੜ, ਹਵਾਲਾਤੀ ਰੋਹਿਤ ਵਾਸੀ ਖਾਪਰ ਥਾਣਾ ਉਚਾਨਾ ਹਰਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿਮੁਰਗੀ ਹਾਤਾ ਦੀ ਬੈਰਕ ਨੰ. 4 ਵਿੱਚ ਬੰਦ ਹਵਾਲਾਤੀ ਗਗਨਦੀਪ ਸਿੰਘ ਦੀ ਜਿਸਮਾਨੀ ਤਲਾਸ਼ੀ ਕਰਨ ਪਰ 1 ਮੋਬਾਇਲ ਮਾਰਕਾ ਕੈਚਡਾ ਸਮੇਤ ਬੈਟਰੀ ਬਿਨ੍ਹਾ ਸਿਮ ਕਾਰਡ ਬ੍ਰਾਮਦ ਹੋਇਆ ਅਤੇ ਬੈਰਕ ਨੰ. 3 ਵਿੱਚ ਬੰਦ ਹਵਾਲਾਤੀ ਰੋਹਿਤ ਪਾਸੋ ਵੀ 1 ਮੋਬਾਇਲ ਮਾਰਕਾ ਗਾਮਾ ਸਮੇਤ ਬੈਟਰੀ ਬਿਨ੍ਹਾ ਸਿਮ ਕਾਰਡ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਰਾਜੀਵ ਕੁਮਾਰ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀ ਕੈਦੀ ਹਨੀ ਕੁਮਾਰ ਵਾਸੀ ਪਿੰਡ ਨੰਦਾ ਚੋਰ ਥਾਣਾ ਬਲਾਚੋਰ ਜਿਲਾ ਹੁਸ਼ਿਆਰਪੁਰ, ਕੈਦੀ ਹਰਦੀਪ ਸਿੰਘ ਵਾਸੀ ਵਾਰਡ ਨੰ. 5 ਨਰਵਾਣਾ ਰੋਡ ਪਾਤੜਾ ਥਾਣਾ ਪਾਤੜਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਗੁਪਤ ਸੂਚਨਾ ਦੇ ਅਧਾਰ ਪਰ ਦੋਰਾਨੇ ਚੈਕਿੰਗ ਕੈਦੀ ਹਨੀ ਕੁਮਾਰ ਦੇ ਕੱਪੜਿਆ ਵਾਲੇ ਬੈਗ ਵਿੱਚੋਂ 5 ਪੂੜੀਆ ਜਰਦਾ ਬ੍ਰਾਮਦ ਹੋਇਆ ਅਤੇ ਕੈਦੀ ਹਰਦੀਪ ਸਿੰਘ ਦੇ ਕੱਪੜਿਆ ਵਾਲੇ ਬੈਗ ਵਿੱਚੋ ਵੀ 5 ਪੂੜੀਆਂ ਜਰਦਾ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਪੰਜਾਬ 'ਚ ਪੰਜਾਬੀ ਭਾਸ਼ਾ ਪੂਰੀ ਤਰ੍ਹਾਂ ਲਾਗੂ ਕਰਨ 'ਚ ਸਰਕਾਰ ਨਾਕਾਮ : ਪ੍ਰੋ. ਬਡੂੰਗਰ

### ਸਰਕਾਰੀ ਵਿਭਾਗਾਂ ਅੰਦਰ ਪੰਜਾਬੀ ਭਾਸ਼ਾ ਪ੍ਰਤੀ ਅੱਜ ਵੀ ਵੱਡੀ ਅਣਦੇਖੀ

ਪਟਿਆਲਾ, 17 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਅੰਦਰ ਪੰਜਾਬੀ ਭਾਸ਼ਾ ਨੂੰ ਪੂਰੀ ਤਰ੍ਹਾਂ ਲਾਗੂ ਨਾ ਕੀਤੇ ਜਾਣ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਅੰਦਰ ਸਰਕਾਰੀ ਵਿਭਾਗਾਂ ਅੰਦਰ ਪੰਜਾਬੀ ਭਾਸ਼ਾ ਪ੍ਰਤੀ ਅੱਜ ਵੀ ਵੱਡੀ ਅਣਦੇਖੀ ਹੋ ਰਹੀ ਹੈ, ਜਦਕਿ ਸਰਕਾਰ ਦੀ ਕਹਿਣੀ ਤੇ ਕਥਨੀ ਵਿਚ ਵੱਡਾ ਫ਼ਰਕ ਹੈ, ਜਿਸ ਕਾਰਨ ਉੱਚ ਅਧਿਕਾਰੀ ਸਾਹਿਬਾਨ ਵੀ ਆਪਣਾ ਕੰਮਕਾਜ ਪੂਰੀ ਤਰ੍ਹਾਂ ਪੰਜਾਬੀ ਵਿਚ ਕਰਨ ਤੋਂ ਅਸਮਰਥ ਵਿਖਾਈ ਦਿੰਦੇ ਹਨ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬੀ ਮਾਂ ਭਾਸ਼ਾ ਦਾ ਵਿਦੇਸ਼ਾਂ ਵਿਚ ਨਾਮ ਸਥਾਪਿਤ ਹੋਣ ਲੱਗ ਪਿਆ ਹੈ । ਉਨ੍ਹਾਂ ਕਿਹਾ ਕਿ ਚੀਨ ਦੇ ਬੀਜਿੰਗ ਸ਼ਹਿਰ ਦੀ ਯੂਨੀਵਰਸਿਟੀ ਵਿਚ ਪੰਜਾਬੀ ਭਾਸ਼ਾ ਨੂੰ ਲਾਗੂ ਕੀਤਾ ਜਾਣਾ ਮਾਣ ਵਾਲੀ ਗੱਲ ਤਾਂ ਹੈ, ਪ੍ਰੰਤੂ



ਚਿੰਤਾ ਹੈ ਕਿ ਪੰਜਾਬੀ ਭਾਸ਼ਾ ਨੂੰ ਪੰਜਾਬ ਅੰਦਰ ਕੰਮਕਾਜ ਦੌਰਾਨ ਪੂਰੀ ਤਰ੍ਹਾਂ ਨੂੰ ਅਣਦੇਖਾ ਕੀਤਾ ਜਾ ਰਿਹਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਜੇ ਰਾਜਾਂ 'ਤੇ ਕੁੰਡਾ ਹੈ, ਤਾਂ ਉਨ੍ਹਾਂ ਨੂੰ ਰਾਜਾਂ ਦੀਆਂ ਭਾਸ਼ਾਵਾਂ ਪ੍ਰਤੀ ਵਰਤੀ ਜਾ ਰਹੀ ਅਣਦੇਖੀ ਦਾ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ ਅਤੇ ਰਾਜਾਂ ਤੋਂ ਆਪੋ ਆਪਣੀਆਂ ਭਾਸ਼ਾਵਾਂ ਪ੍ਰਤੀ ਅਣਦੇਖੀ ਦਾ ਜਵਾਬ ਲੈਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਦਾ ਅਹਿਮ ਕਰਤੱਵ ਹੈ ਕਿ ਉਹ ਰਾਜਾਂ ਨੂੰ ਚਿੱਠੀ ਪੱਤਰ ਕਰਕੇ ਪੰਜਾਬੀ ਭਾਸ਼ਾ ਨੂੰ ਲਾਗੂ ਕਰਨ ਲਈ ਸਖ਼ਤ ਨਿਰਦੇਸ਼ ਜਾਰੀ ਕਰੇ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਵੀ ਕਈ ਵਾਰ ਚਿੱਠੀ ਪੱਤਰ ਕਰਕੇ ਦੱਸ ਚੁੱਕੇ ਹਨ ਕਿ ਅਫ਼ਸਰਸ਼ਾਹੀ ਪੰਜਾਬੀ ਭਾਸ਼ਾ ਵਿਚ ਕਾਰਜਸ਼ੀਲ ਨਹੀਂ ਹੈ ਅਤੇ ਪੰਜਾਬੀ ਭਾਸ਼ਾ ਪ੍ਰਤੀ ਅਣਦੇਖੀ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਪੰਜਾਬੀ ਭਾਸ਼ਾ ਨੂੰ ਲਾਗੂ ਕਰਨ ਵਿਚ ਨਾਕਾਮ ਰਹੀ ਹੈ।

## ਵਾਹਨ ਦੀ ਭੰਨ ਤੋੜ ਕਰਨ ਦੇ ਮਾਮਲੇ 'ਚੋਂ ਇੱਕ ਬਰੀ

ਪਟਿਆਲਾ, 17 ਮਾਰਚ (ਵਿਨੋਦ ਸ਼ਰਮਾ) : ਵਾਹਨ ਦੀ ਭੰਨ-ਤੋੜ ਕਰਨ ਦੇ ਮਾਮਲੇ 'ਚੋਂ ਅਦਾਲਤ ਨੇ ਇੱਕ ਵਿਅਕਤੀ ਸਰਬਜੀਤ ਸਿੰਘ ਨੂੰ ਬਰੀ ਕਰ ਦਿੱਤਾ ਹੈ। ਪੁਲਿਸ ਕੋਲ ਸ਼ਿਕਾਇਤਕਰਤਾ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਕਤ ਵਿਅਕਤੀ ਨੇ ਉਸ ਨੂੰ ਵਾਹਨ ਵਿਚੋਂ ਉਤਾਰ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਵਾਹਨ ਦਾ ਸ਼ੀਸ਼ਾ ਵੀ ਤੋੜ ਦਿੱਤਾ ਅਤੇ ਉਸ ਨੂੰ ਆਪਣੇ ਵਾਹਨ ਵਿਚ ਬਿਠਾ ਕੇ ਆਪਣੇ ਰਸਤੇ ਵੱਲ ਲਿਜਾਣ ਲੱਗਾ। ਉਸ ਨੂੰ ਸੜਕ ਕਿਨਾਰੇ ਉਤਾਰ ਦਿੱਤਾ ਅਤੇ ਉਹ ਕਿਸੇ ਤਰ੍ਹਾਂ ਆਪਣੀ ਜਾਨ ਬਚਾਅ ਕੇ ਕਿਸੇ ਹੋਰ ਗੱਡੀ ਵਿਚ ਵਾਪਸ ਆਇਆ। ਪੁਲਿਸ ਨੇ ਥਾਣਾ ਬਨੂੰੜ ਵਿਖੇ ਮਾਮਲਾ ਦਰਜ ਕੀਤਾ ਸੀ।

## ਮੋਹਨ ਸ਼ਰਮਾ ਨੇ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਫੜਿਆ ਕਾਂਗਰਸ ਦਾ ਪੱਲਾ



ਪਟਿਆਲਾ, 17 ਮਾਰਚ (ਚ.ਨ.ਸ.): ਪਟਿਆਲਾ ਦੀ ਰਾਜਨੀਤੀ ਵਿੱਚ ਅੱਜ ਉਸ ਸਮੇਂ ਭਾਰਤੀ ਜਨਤਾ ਪਾਰਟੀ ਨੂੰ ਵੱਡਾ ਝਟਕਾ ਲੱਗਾ, ਜਦੋਂ ਬੀਜੇਪੀ ਦੇ ਸੀਨੀਅਰ ਆਗੂ ਮੋਹਨ ਸ਼ਰਮਾ ਨੇ ਆਪਣੇ ਸਾਥੀਆਂ ਸਮੇਤ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼੍ਰੀ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ। ਮੋਹਿਤ ਮੋਹਿੰਦਰਾ ਨੇ ਮੋਹਨ ਸ਼ਰਮਾ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕਰਦਿਆਂ ਮੋਹਿਤ ਮੋਹਿੰਦਰਾ ਨੇ ਕਿਹਾ ਕਿ ਮੋਹਨ ਸ਼ਰਮਾ ਵਰਗੇ ਤਜ਼ਰਬੇਕਾਰ ਆਗੂਆਂ ਦੇ ਆਉਣ ਨਾਲ ਪਾਰਟੀ ਦਾ ਅਧਾਰ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਅਤੇ ਯੂਥ ਆਗੂ ਹਾਜ਼ਰ ਸਨ, ਜਿਨ੍ਹਾਂ ਨੇ ਮੋਹਨ ਸ਼ਰਮਾ ਦਾ ਨਿੱਘਾ ਸਵਾਗਤ ਕੀਤਾ।

## ਸਪੈਸ਼ਲ ਟੀਕਾਕਰਨ ਹਫਤੇ ਦੌਰਾਨ ਗਰਭਵਤੀ ਮਾਵਾਂ ਤੇ ਬੱਚਿਆਂ ਨੂੰ ਲਗਾਏ ਜਾ ਰਹੇ ਨੇ ਟੀਕੇ

ਪਟਿਆਲਾ, 17 ਮਾਰਚ (ਰੁਪਾਣਾ/ ਦੀਪਕ ਜੈਦਕਾ) : ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਦੇ ਹੁਕਮਾਂ ਅਨੁਸਾਰ ਅਤੇ ਕਾਰਜਕਾਰੀ ਸਿਵਲ ਸਰਜਨ ਪਟਿਆਲਾ ਡਾ. ਰਚਨਾ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਨਾ ਕਰਦੇ ਹੋਏ ਸਿਹਤ ਵਿਭਾਗ ਪਟਿਆਲਾ ਵੱਲੋਂ ਜਿਲ੍ਹੇ ਦੀਆਂ ਸਮੂਹ ਸੰਸਥਾਵਾਂ ਦੇ ਏਰੀਏ ਵਿੱਚ 16 ਤੋਂ 20 ਮਾਰਚ ਤੱਕ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ



ਜਾ ਰਿਹਾ ਹੈ। ਜਿਸ ਤਹਿਤ ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਕਵਰ ਕੀਤਾ ਜਾ ਰਿਹਾ ਹੈ। ਟੀਕਾਕਰਨ ਹਫਤੇ ਦੇ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਡਾ.ਰਚਨਾ ਕੌਰ ਨੇ ਕਿਹਾ ਕਿ ਹਫਤਾ ਭਰ ਚੱਲਣ ਵਾਲੀ ਇਸ ਕੰਪੇਨ ਦੀ ਅਗਵਾਈ ਜਿਲ੍ਹਾ ਬੀ.ਸੀ.ਜੀ ਮੈਡੀਕਲ ਅਫਸਰ ਡਾ. ਜਤਿੰਦਰ ਕੌਰ ਅਤੇ ਜਿਲਾ ਸੁਪਰਵਾਈਜਰਾਂ ਵੱਲੋਂ ਕੀਤੀ ਜਾ ਰਹੀ ਹੈ ਜੋ ਕਿ ਜਿਲ੍ਹੇ ਭਰ ਵਿੱਚ ਗਠਿਤ ਕੀਤੀਆਂ ਗਈਆਂ ਸਿਹਤ ਵਿਭਾਗ ਦੀਆਂ ਟੀਮਾਂ ਦੀ ਚੈਕਿੰਗ ਵੀ ਕਰ ਰਹੇ ਹਨ । ਇਸ ਸਬੰਧੀ ਬਕਾਇਦਾ ਐਕਸ਼ਨ ਪਲਾਨ ਬਣਾ ਕੇ ਟੀਕਾਕਰਨ ਕੀਤਾ ਜਾ ਰਿਹਾ ਹੈ ਤਾਂ ਕਿ ਕੋਈ ਵੀ ਬੱਚਾ ਜਾਂ ਗਰਭਵਤੀ ਔਰਤ ਟੀਕਾਕਰਨ ਤੋਂ ਵਾਂਝਾ ਨਾ ਰਹਿ ਜਾਵੇ। ਜਿਲ੍ਹਾ ਟੀਕਾਕਰਨ ਅਧਿਕਾਰੀ ਡਾ.ਜਤਿੰਦਰ ਕੌਰ ਨੇ ਦੱਸਿਆ ਕਿ ਇਸ ਕੰਪੇਨ ਦੌਰਾਨ ਉੱਚ ਜੋਖਮ ਵਾਲੇ ਖੇਤਰਾਂ ਅਤੇ ਮਾਈਗਰੇਟਰੀ ਆਬਾਦੀ ਦੇ ਘਰਾਂ ਵਿੱਚ ਪੈਦਾ ਹੋਏ ਨਵਜੰਮੇ ਬੱਚੇ, ਝੁਗੀਆਂ ਝੋਪੜੀਆਂ ,ਅਨਾਥ ਆਸ਼ਰਮਾਂ ਤੇ ਅਨਾਜ ਮੰਡੀਆਂ ਵਿੱਚ ਕੰਮ ਕਰਦੀ ਲੇਬਰ ਕੰਪੇਨ ਦੌਰਾਨ ਬੱਚਿਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਨ ਜਰੂਰ ਕਰਵਾਉਣ ਅਤੇ ਇਸ ਮੁਹਿੰਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਸਮਾਜ ਦੇ ਸਾਰਥੀ ਟਰੱਸਟ ਨੂੰ ਰਾਸ਼ਟਰੀ ਸਨਮਾਨ

ਪਟਿਆਲਾ, 17 ਮਾਰਚ (ਚ.ਨ.ਸ.) : 'ਖੂਨ ਦਾਨ ਮਹਾਂਦਾਨ ਨੈਸ਼ਨਲ ਅਵਾਰਡ ਸਮਾਰੋਹ' ਦੌਰਾਨ ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਯੋਗਦਾਨ ਨੂੰ ਦੇਖਦੇ ਹੋਏ ਸਮਾਜ ਦੇ ਸਾਰਥੀ ਟਰੱਸਟ ਦੇ ਰਾਸ਼ਟਰੀ ਪ੍ਰਧਾਨ ਹੈਪੀ ਸੁਖੀਜਾ ਨੂੰ ਨੈਸ਼ਨਲ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸ਼ਹੀਦ ਭਗਤ ਸਿੰਘ ਯੂਥ ਬ੍ਰਿਗੇਡ, ਗਯਾ ਜੀ (ਬਿਹਾਰ) ਵੱਲੋਂ ਆਯੋਜਿਤ ਸਮਾਰੋਹ ਵਿੱਚ ਦਿੱਤਾ ਗਿਆ, ਜਿਸ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸਮਾਜ ਸੇਵਕ ਅਤੇ ਖੂਨ ਦਾਨੀ ਸ਼ਾਮਲ ਹੋਏ। ਇਸ ਮੌਕੇ 'ਤੇ ਹੈਪੀ ਸੁਖੀਜਾ ਨੇ ਸਮਾਰੋਹ ਦੇ ਆਯੋਜਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਸਿਰਫ ਉਨ੍ਹਾਂ ਲਈ ਹੀ ਨਹੀਂ ਸਗੋਂ ਉਹਨਾਂ ਸਭ ਸਮਾਜ ਸੇਵਕਾਂ ਲਈ ਪ੍ਰੇਰਨਾ ਹੈ, ਜੋ ਮਨੁੱਖਤਾ ਦੀ ਸੇਵਾ ਲਈ ਨਿਰੰਤਰ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਮਾਜ ਦੀ ਭਲਾਈ ਅਤੇ ਲੋਕਾਂ ਦੀ ਸੇਵਾ ਲਈ ਉਹ ਅੱਗੇ ਵੀ ਆਪਣਾ ਯੋਗਦਾਨ ਦਿੰਦੇ ਰਹਿਣਗੇ। ਇਸ ਉਪਲੱਬਧੀ 'ਤੇ ਸਮਾਜ ਦੇ ਕਈ ਪ੍ਰਮੁੱਖ ਵਿਅਕਤੀਆਂ ਨੇ ਖੁਸ਼ੀ ਜਤਾਈ ਅਤੇ ਕਿਹਾ ਕਿ ਇਹ ਸਨਮਾਨ ਪੂਰੇ ਸਮਾਜ ਲਈ ਮਾਣ ਦੀ ਗੱਲ ਹੈ।

## ਪੰਜਾਬੀ ਯੂਨੀਵਰਸਿਟੀ ਦੇ ਸੰਗੀਤ ਵਿਭਾਗ ਵਿਖੇ ਸੰਗੀਤਕ ਵਰਕਸ਼ਾਪ ਆਰੰਭ




ਪਟਿਆਲਾ, 17 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਸੰਗੀਤ ਵਿਭਾਗ ਵੱਲੋਂ ਕਰਵਾਈ ਜਾ ਰਹੀ ਸੰਗੀਤਕ ਵਰਕਸ਼ਾਪ ਅਰੰਭ ਹੋ ਗਈ ਹੈ। ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਵਿਖੇ ਲੰਬਾ ਸਮਾਂ ਸੰਗੀਤ ਅਧਿਆਪਕ ਰਹੇ ਪ੍ਰੋ. ਚਮਨ ਲਾਲ ਵਰਮਾ ਇਸ ਵਰਕਸ਼ਾਪ ਵਿੱਚ ਵਿਦਿਆਰਥੀਆਂ ਨੂੰ ਸੰਗੀਤ ਦੀ ਸਿੱਖਿਆ ਦੇਣਗੇ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਸੰਗੀਤ ਦਾ ਅਧਿਆਪਨ ਕਰ ਰਹੇ ਪੰ. ਸੌਮੇਨ ਭੱਟਾਚਾਰੀਯਾ ਇਸ ਵਰਕਸ਼ਾਪ ਦੌਰਾਨ ਵਾਦਨ ਸੇਵਾਵਾਂ ਦੇਣ ਹਿਤ ਪੁੱਜੇ ਹਨ। ਵਰਕਸ਼ਾਪ ਦਾ ਉਦਘਾਟਨ ਆਰਟਸ ਐਂਡ ਕਲਚਰ ਫ਼ੈਕਲਟੀ ਦੇ ਡੀਨ ਪ੍ਰੋ. ਜਸਪਾਲ ਦਿਉਲ ਨੇ ਕੀਤਾ। ਉਨ੍ਹਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਇਹ ਵਰਕਸ਼ਾਪ ਵੱਖ-ਵੱਖ ਖੇਤਰਾਂ ਤੋਂ ਆਏ ਵਿਦਿਆਰਥੀਆਂ ਲਈ ਇਕ ਅਹਿਮ ਉਪਰਾਲਾ ਹੈ। ਵਿਭਾਗ ਮੁਖੀ ਡਾ. ਜਯੋਤੀ ਸ਼ਰਮਾ ਨੇ ਆਪਣੇ ਸਵਾਗਤੀ ਸ਼ਬਦਾਂ ਦੌਰਾਨ ਦੱਸਿਆ ਕਿ ਵਿਭਾਗ ਦੀ ਸਾਲਾਨਾ ਸੰਗੀਤਕ ਵਰਕਸ਼ਾਪ ਦੀ ਲੜੀ ਵਿਚ ਇਹ 20ਵੀਂ ਵਰਕਸ਼ਾਪ ਹੈ, ਜੋ ਕਿ ਸੰਗੀਤ ਵਿਭਾਗ ਦੀ ਗਤੀਵਿਧੀਆਂ ਵਿਚੋਂ ਪ੍ਰਮੁੱਖ ਅਤੇ ਸਾਰਥਕ ਗਤੀਵਿਧੀ ਹੈ, ਜਿਸ ਅਧੀਨ ਵਿਦਿਆਰਥੀ ਘਰਾਣੇਦਾਰ ਕਲਾਕਾਰਾਂ ਤੋਂ ਰਾਗ ਅਤੇ ਰਿਆਜ਼ ਦੇ ਗੁਰ ਸਿੱਖ ਸਕਦੇ ਹਨ। ਉਦਘਾਟਨੀ ਸੈਸ਼ਨ ਮੌਕੇ ਮੰਚ ਸੰਚਾਲਨ ਦਾ ਕਾਰਜ ਡਾ. ਅਲੰਕਾਰ ਸਿੰਘ ਨੇ ਕੀਤਾ। ਵਰਕਸ਼ਾਪ ਦੇ ਕੋਆਰਡੀਨੇਟਰ ਦੀ ਭੂਮਿਕਾ ਡਾ. ਵਨੀਤਾ ਨੇ ਨਿਭਾਈ। ਵਰਕਸ਼ਾਪ ਵਿਚ ਸੀਨੀਅਰ ਅਧਿਆਪਕ ਡਾ. ਮਨਮੋਹਨ ਸ਼ਰਮਾ , ਪ੍ਰੋ. ਨਿਵੇਦਿਤਾ ਉੱਪਲ ਹਾਜ਼ਰ ਰਹੇ।